ਸ਼ਨੀਵਾਰ, 8 ਅਗਸਤ, 2026
24 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 68

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 8 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨਹੁੰ-ਮਾਸ ਜੁੜਨ ਲੱਗੇ

## ਸੁਖਬੀਰ ਦੀ ਮੋਦੀ ਨਾਲ ਮੁਲਾਕਾਤ



**ਚੰਡੀਗੜ੍ਹ (ਨ ਜ਼ ਸ)**-ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਸੁਖਬੀਰ ਸਿੰਘ ਬਾਦਲ ਨੇ ਸ਼ੁੱਕਰਵਾਰ ਨੂੰ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਮਿਲਣੀ ਬਾਰੇ ਅਜੇ ਤੱਕ ਕਿਸੇ ਵੀ ਪੱਖ ਤੋਂ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਸੁਖਬੀਰ ਸਿੰਘ ਬਾਦਲ ਦੇ ਨਜ਼ਦੀਕੀਆਂ ਦਾ ਕਹਿਣਾ ਹੈ ਕਿ ਇਹ ਇੱਕ ਗ਼ੈਰ-ਰਸਮੀ ਮੀਟਿੰਗ ਸੀ। ਦੋਵੇਂ ਪਾਰਟੀਆਂ ਨੇ ਲੰਮਾ ਸਮਾਂ ਗਠਜੋੜ ਤਹਿਤ ਸੂਬੇ ਵਿੱਚ ਤਿੰਨ ਵਾਰ (1997 ਤੋਂ 2002, 2007 ਤੋਂ 2012, ਅਤੇ 2012 ਤੋਂ 2017 ਤੱਕ) ਸਰਕਾਰ ਚਲਾਈ ਹੈ। 2020 ਦੇ ਕਿਸਾਨ ਅੰਦੋਲਨ ਦੌਰਾਨ ਦੋਵਾਂ ਪਾਰਟੀਆਂ ਵਿੱਚ ਵਿਵਾਦ ਪੈਦਾ ਹੋ ਗਿਆ ਸੀ ਜਦੋਂ ਅਕਾਲੀ ਦਲ ਨੇ ਪਹਿਲਾਂ ਤਿੰਨ ਵਿਵਾਦਤ ਖੇਤੀ ਕਾਨੂੰਨਾਂ ਦਾ ਸਮਰਥਨ ਕੀਤਾ ਅਤੇ ਬਾਅਦ ਵਿੱਚ ਕਿਸਾਨੀ ਅੰਦੋਲਨ ਦੇ ਦਬਾਅ ਹੇਠ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਵਿਰੋਧ ਕੀਤਾ। ਭਾਜਪਾ ਨਾਲ ਗਠਜੋੜ ਵੀ ਖਤਮ ਕਰ ਦਿੱਤਾ ਸੀ।

ਵੱਖ-ਵੱਖ ਵਿਧਾਨ ਸਭਾ ਚੋਣਾਂ ਲੜੀਆਂ ਸਨ, ਪਰ ਦੋਵਾਂ ਪਾਰਟੀਆਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਇਹ ਮੀਟਿੰਗ ਉਸ ਸਮੇਂ ਹੋਈ ਹੈ, ਜਦੋਂ ਭਾਜਪਾ ਦੀ ਸੂਬਾਈ ਇਕਾਈ ਦੇ ਨੇਤਾਵਾਂ ਵਿੱਚ ਮਤਭੇਦ ਸਾਹਮਣੇ ਆਏ ਹਨ, ਜਿਸ ਵਿੱਚ ਤੀਕਸ਼ਣ ਸੂਦ ਵਰਗੇ ਸੀਨੀਅਰ ਨੇਤਾ ਭਾਜਪਾ ਸੂਬਾ ਇਕਾਈ ਵਿੱਚ ਮੌਜੂਦਾ ਪ੍ਰਬੰਧਾਂ ਦਾ ਵਿਰੋਧ ਕਰ ਰਹੇ ਹਨ। ਅਕਾਲੀ ਦਲ ਵੀ ਅੰਦਰੂਨੀ ਕਲੇਸ਼ ਅਤੇ ਧੜੇਬੰਦੀ ਤੋਂ ਪੀੜਤ ਹੈ। ਸੀਨੀਅਰ ਨੇਤਾਵਾਂ ਨੇ ਵੱਖ ਅਕਾਲੀ ਦਲ ਪੁਨਰ ਸੁਰਜੀਤ ਬਣਾ ਲਿਆ ਹੈ ਅਤੇ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ, ਸੂਬੇ ਦੇ ਪੇਂਡੂ ਵੋਟਰਾਂ ਨੂੰ ਲਾਮਬੰਦ ਕਰ ਰਿਹਾ ਹੈ। ਇਸ ਮੁਲਾਕਾਤ ਨੇ ਸੰਕੇਤ ਦਿੱਤਾ ਹੈ ਕਿ ਦੋਵੇਂ ਪਾਰਟੀਆਂ ਅਗਲੇ ਸਾਲ ਹੋਣ ਵਾਲੀਆਂ ਚੋਣਾਂ ਲਈ ਗਠਜੋੜ ਕਰ ਸਕਦੀਆਂ ਹਨ। ਇਸੇ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਸਪੱਸ਼ਟ ਕੀਤਾ ਹੈ ਕਿ ਭਾਜਪਾ ਅਕਾਲੀ ਦਲ ਨਾਲ ਕੋਈ ਚੋਣ ਸਮਝੌਤਾ ਨਹੀਂ ਕਰੇਗੀ ਅਤੇ ਪਾਰਟੀ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਆਪਣੇ ਬਲਬੂਤੇ ਲੜਨ ਦੀ ਤਿਆਰੀ ਕਰ ਰਹੀ ਹੈ। ਸੁਖਬੀਰ ਸਿੰਘ ਬਾਦਲ ਤੇ ਮੋਦੀ ਦੀ ਮੁਲਾਕਾਤ 'ਤੇ 'ਆਪ' ਸੁਪਰੀਮੋ ਕੇਜਰੀਵਾਲ ਨੇ ਤਨਜ਼ ਕੱਸਿਆ ਹੈ। ਉਨ੍ਹਾ ਇਕ ਟਵੀਟ ਸਾਂਝਾ ਕਰਕੇ ਕਿਹਾ, "ਨਾ ਨਾ ਕਰਤੇ ਪਿਆਰ ਤੁਮਹੀਂ ਸੇ ਕਰ ਬੈਠੇ"। ਉਨ੍ਹਾ ਅੱਗੇ ਕਿਹਾ ਕਿ ਕੀ ਚੰਦਾ ਚੋਰ ਪਾਰਟੀ ਅਤੇ ਬੇਅਦਬੀ ਪਾਰਟੀ ਦਾ ਗਠਬੰਧਨ ਹੋ ਰਿਹਾ ਹੈ?

# ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪ੍ਰਚੰਡ ਰੋਹ ਨੂੰ ਦੇਖਦਿਆਂ ਸਰਕਾਰ ਨੇ 27 ਨੂੰ ਮੀਟਿੰਗ ਸੱਦੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਸ਼ੁੱਕਰਵਾਰ ਆਪਣੀਆਂ ਲਟਕਦੀਆਂ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਦੇ ਸੈਕਟਰ 39 ਸਥਿਤ ਅਨਾਜ ਮੰਡੀ ਵਿੱਚ ਵਿਸ਼ਾਲ ਰੋਸ ਰੈਲੀ ਕਰਕੇ ਵਿਧਾਨ ਸਭਾ ਵੱਲ ਚਾਲੇ ਪਾਏ ਤਾਂ ਉਨ੍ਹਾਂ ਨੂੰ ਤਿੰਨ ਥਾਵਾਂ 'ਤੇ ਪਾਣੀ ਦੀਆਂ ਬੁਛਾੜਾਂ ਦੀ ਮਾਰ ਝੱਲਣੀ ਪਈ। ਰੋਹ ਨੂੰ ਦੇਖਦਿਆਂ ਆਖਰ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ 27 ਅਗਸਤ ਨੂੰ ਗੱਲਬਾਤ ਕਰਕੇ ਮਾਮਲੇ ਨਿਬੇੜਨ ਦਾ ਸੱਦਾ ਦੇ ਦਿੱਤਾ।

ਪਾਣੀ ਦੀਆਂ ਬੁਛਾੜਾਂ ਦੀ ਪਰਵਾਹ ਨਾ ਕਰਦਿਆਂ ਪ੍ਰਦਰਸ਼ਨਕਾਰੀ ਆਪਣੀਆਂ ਮੰਗਾਂ ਦੇ ਸਮਰਥਨ ਵਿੱਚ ਨਾਅਰੇਬਾਜ਼ੀ ਕਰਦੇ ਹੋਏ ਅੱਗੇ ਵਧਦੇ ਗਏ। ਇਹ ਸਾਰੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਸੂਬੇ ਦੇ ਕੋਨੇ-ਕੋਨੇ ਤੋਂ ਪੁੱਜੇ ਸਨ। ਰੈਲੀ ਵਿੱਚ ਆਗੂਆਂ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰ ਗਈ ਹੈ, ਜਿਸ ਕਾਰਨ ਉਨ੍ਹਾਂ ਨੂੰ ਇਹ ਮੈਗਾ ਰੈਲੀ ਕਰਨ ਲਈ ਮਜਬੂਰ ਹੋਣਾ ਪਿਆ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਇਹ ਮੈਗਾ ਰੈਲੀ ਸਿਰਫ ਇੱਕ ਇਕੱਠ ਨਹੀਂ ਸੀ ਸਗੋਂ ਆਪਣੇ ਅਧਿਕਾਰਾਂ, ਸਵੈ-ਮਾਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦੀ ਰੱਖਿਆ ਲਈ ਉਨ੍ਹਾਂ ਦੀ ਸਮੂਹਕ ਵਚਨਬੱਧਤਾ ਦਾ ਪ੍ਰਤੀਕ ਸੀ। ਆਗੂਆਂ ਕਰਮ ਸਿੰਘ ਧਨੋਆ, ਸਤੀਸ਼ ਰਾਣਾ, ਗੁਰਨਾਮ ਸਿੰਘ ਵਿਰਕ, ਰਣਜੀਤ ਸਿੰਘ ਰਾਣਵਾ, ਜਰਮਨਜੀਤ ਸਿੰਘ, ਤਰਸੇਮ ਸਿੰਘ ਭੱਠਲ, ਭਜਨ ਸਿੰਘ ਗਿੱਲ, ਰਘਵੀਰ ਸਿੰਘ ਬਡਵਾਲ, ਹਰਜਿੰਦਰ ਪਾਲ ਸਿੰਘ ਪਨੂੰ, ਸੁਖਚੈਨ ਸਿੰਘ ਖਹਿਰਾ, ਸੁਸ਼ੀਲ ਕੁਮਾਰ ਫੌਜੀ, ਮਨਜੀਤ ਸਿੰਘ ਰੰਧਾਵਾ, ਸਾਹਿਲ ਸ਼ਰਮਾ, ਅਲਕਾ ਚੋਪੜਾ, ਦਵਿੰਦਰ ਸਿੰਘ ਬੈਨੀਪਾਲ, ਦਿਗਵਿਜੇਪਾਲ ਸ਼ਰਮਾ, ਐਨ ਕੇ ਸੈਣੀ, ਵਿਕਰਮਦੇਵ ਸਿੰਘ, ਰਘਵੀਰ ਸਿੰਘ ਬੈਨੀਪਾਲ, ਅਮਿਤ ਕਟੋਚ, ਮਨਪ੍ਰੀਤ ਸਿੰਘ, ਹਰਨੇਕ ਸਿੰਘ, ਹਰਚਰਨ ਸਿੰਘ, ਤੇਜਿੰਦਰ ਸਿੰਘ, ਪਰਗਟਜੀਤ ਸਿੰਘ ਕਿਸ਼ਨਪੁਰਾ, ਸੁਖਵਿੰਦਰ ਸਿੰਘ ਚਾਹਲ, ਰਾਧੇ ਸ਼ਾਮ, ਜਸਵੀਰ ਤਲਵਾੜਾ, ਸੁਰਜੀਤ ਸਿੰਘ ਗਗੜਾ, ਜਗਦੀਸ਼ ਚਾਹਲ, ਦਿਗਵਿਜੇ ਪਾਲ ਸ਼ਰਮਾ, ਅਵਤਾਰ ਕੈਂਥ ਕੁਲਵੰਤ ਸਿੰਘ, ਸਿਕੰਦਰ ਸਿੰਘ, ਕਮਲਪ੍ਰੀਤ ਸਿੰਘ ਤੇ ਰਾਜਿੰਦਰ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਪ੍ਰਤੀ ਨੀਤੀ ਅਤੇ ਨੀਅਤ ਸਾਫ ਨਹੀਂ ਹੈ। ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਵਾਅਦਿਆਂ ਤੋਂ • ਬਾਕੀ ਸਫਾ 2 'ਤੇ










# ਅਮਰਿੰਦਰ ਅੰਕਲ ਪਸੰਦੀਦਾ ਭਾਜਪਾ ਆਗੂ : ਰਾਹੁਲ



**ਚੰਡੀਗੜ੍ਹ (ਨ ਜ਼ ਸ)**-ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਇੰਸਟਾਗ੍ਰਾਮ 'ਤੇ ਜੈੱਨ-ਜ਼ੀ ਅਤੇ ਵਿਦਿਆਰਥੀਆਂ ਨਾਲ 'ਆਸਕ ਮੀ ਐਨਿਥਿੰਗ' ਸੈਸ਼ਨ ਦੌਰਾਨ ਆਪਣੇ ਪਸੰਦੀਦਾ ਭਾਜਪਾ ਨੇਤਾ ਦੇ ਨਾਂਅ ਦਾ ਖੁਲਾਸਾ ਕੀਤਾ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਉਨ੍ਹਾਂ ਦਾ ਪਸੰਦੀਦਾ ਭਾਜਪਾ ਨੇਤਾ ਕੌਣ ਹੈ ਤਾਂ ਰਾਹੁਲ ਗਾਂਧੀ ਨੇ ਬਿਨਾਂ ਝਿਜਕ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਨਾਂਅ ਲਿਆ ਅਤੇ ਉਨ੍ਹਾਂ ਨੂੰ 'ਅੰਕਲ ਅਮਰਿੰਦਰ' ਕਹਿ ਕੇ ਸੰਬੋਧਨ ਕੀਤਾ। ਉਨ੍ਹਾ ਕਿਹਾ, "ਉਹ ਕੂਲ ਹਨ। ਉਹ ਫੌਜੀ ਇਤਿਹਾਸ ਦੇ ਮਾਹਰ ਹਨ... ਨਮਸਤੇ ਅੰਕਲ ਅਮਰਿੰਦਰ।" ਰਾਹੁਲ ਗਾਂਧੀ ਦਾ ਇਹ ਜਵਾਬ ਸਿਆਸੀ ਗਲਿਆਰਿਆਂ ਵਿੱਚ ਚਰਚਾ ਦਾ ਵਿਸ਼ਾ ਬਣ ਗਿਆ ਹੈ। ਕੈਪਟਨ ਪੰਜਾਬ ਵਿੱਚ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਮੁੱਖ ਮੰਤਰੀ ਰਹੇ ਹਨ। ਕਾਂਗਰਸ ਨਾਲ ਲੰਬੇ ਸਿਆਸੀ ਸਫ਼ਰ ਤੋਂ ਬਾਅਦ ਉਨ੍ਹਾਂ ਨੇ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਕਾਂਗਰਸ ਛੱਡ ਕੇ ਆਪਣੀ ਪਾਰਟੀ ਬਣਾਈ ਅਤੇ ਬਾਅਦ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ। ਕੈਪਟਨ ਨੇ ਹਾਲ ਹੀ ਵਿੱਚ ਇੱਕ ਇੰਟਰਵਿਊ ਵਿੱਚ ਰਾਹੁਲ ਗਾਂਧੀ ਨਾਲ ਆਪਣੇ ਨਿੱਜੀ ਸੰਬੰਧਾਂ ਦਾ ਜ਼ਿਕਰ ਕੀਤਾ ਸੀ। ਉਨ੍ਹਾ ਦੱਸਿਆ ਸੀ ਕਿ ਇਸ ਸਾਲ ਉਨ੍ਹਾਂ ਦੇ ਜਨਮ ਦਿਨ • ਬਾਕੀ ਸਫਾ 2 'ਤੇ

## ਗੁਰਪ੍ਰੀਤ ਭੁੱਲਰ ਦਾ ਤਬਾਦਲਾ



**ਅੰਮ੍ਰਿਤਸਰ** : ਸਥਾਨਕ ਕਮਿਸ਼ਨਰੇਟ ਪੁਲਸ ਵੱਲੋਂ ਫੜੇ ਗਏ ਪਾਕਿਸਤਾਨੀ ਆਈ ਐੱਸ ਆਈ ਸਮਰਥਿਤ ਅਤਿਵਾਦੀ ਮਾਡਿਊਲ ਨੂੰ ਨਵੀਂ ਦਿੱਲੀ ਦੇ ਜੰਤਰ-ਮੰਤਰ 'ਤੇ ਕਾਕਰੋਚ ਪ੍ਰਦਰਸ਼ਨਕਾਰੀਆਂ ਨਾਲ ਜੋੜਨ ਵਾਲੀਆਂ ਸੋਸ਼ਲ ਮੀਡੀਆ ਪੋਸਟਾਂ 'ਤੇ ਵੱਡਾ ਵਿਵਾਦ ਖੜ੍ਹਾ ਹੋ ਗਿਆ ਸੀ। ਇਸ ਵਿਵਾਦ ਤੋਂ ਇੱਕ ਦਿਨ ਬਾਅਦ, ਪੰਜਾਬ ਸਰਕਾਰ ਨੇ ਸ਼ੁੱਕਰਵਾਰ ਨੂੰ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਦਾ ਤਬਾਦਲਾ ਕਰ ਦਿੱਤਾ। ਭੁੱਲਰ ਨੂੰ ਡੀ ਜੀ ਪੀ ਦਫ਼ਤਰ ਵਿਖੇ ਰਿਪੋਰਟ ਕਰਨ ਲਈ ਕਿਹਾ ਗਿਆ ਹੈ। ਫਿਲਹਾਲ ਡੀ ਆਈ ਜੀ ਬਾਰਡਰ ਰੇਂਜ ਹਰਮਨਬੀਰ ਸਿੰਘ ਗਿੱਲ ਨੂੰ ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਦਾ ਵਾਧੂ ਚਾਰਜ ਦਿੱਤਾ ਗਿਆ ਹੈ। ਇਹ ਘਟਨਾਕ੍ਰਮ ਉਦੋਂ ਸਾਹਮਣੇ ਆਇਆ ਜਦੋਂ 4 ਅਗਸਤ ਨੂੰ ਭੁੱਲਰ ਵੱਲੋਂ ਕੀਤੀ ਗਈ ਪ੍ਰੈੱਸ ਕਾਨਫਰੰਸ ਦੀਆਂ ਕੁਝ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈਆਂ। ਪੰਜਾਬ ਪੁਲਸ ਦੇ ਅਨੁਸਾਰ ਪੋਸਟਾਂ ਵਿੱਚ ਪ੍ਰੈੱਸ ਕਾਨਫਰੰਸ ਦੇ ਚੋਣਵੇਂ ਹਿੱਸਿਆਂ ਨੂੰ ਐਡਿਟ ਕੀਤਾ ਗਿਆ ਸੀ ਅਤੇ ਨਾਲ ਦਿੱਤੇ ਕੈਪਸ਼ਨਾਂ ਅਤੇ ਵਿਜ਼ੂਅਲਜ਼ ਦੀ ਇਸ ਤਰ੍ਹਾਂ ਵਰਤੋਂ ਕੀਤੀ ਗਈ ਸੀ ਜਿਸ • ਬਾਕੀ ਸਫਾ 2 'ਤੇ

## ਅਰਸ਼ੀ ਵੱਲੋਂ ਦਿੱਲੀ ਰੈਲੀ 'ਚ ਵੱਡੀ ਗਿਣਤੀ 'ਚ ਪੁੱਜਣ ਦਾ ਸੱਦਾ



**ਅੰਮ੍ਰਿਤਸਰ (ਨ ਜ਼ ਸ)**

ਭਾਰਤੀ ਕਮਿਊਨਿਸਟ ਪਾਰਟੀ ਦੀ ਇਕ ਸਤੰਬਰ ਦੀ ਦਿੱਲੀ 'ਚ ਦੇਸ਼ ਪੱਧਰੀ ਰੈਲੀ ਦੀਆਂ ਤਿਆਰੀਆਂ ਲਈ ਅੰਮ੍ਰਿਤਸਰ ਦਿਹਾਤੀ ਪਾਰਟੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਸਾਥੀ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਹੇਠ ਬਾਬਾ ਸੋਹਣ ਸਿੰਘ ਭਕਨਾ ਭਵਨ ਵਿਖੇ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਕਾ. ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ ਨੇ ਅੱਜ ਦੇ ਦੇਸ਼ ਅਤੇ ਪੰਜਾਬ ਦੇ ਹਾਲਾਤ ਬਾਰੇ ਵਿਸਥਾਰ ਸਹਿਤ ਵਿਆਖਿਆ ਕੀਤੀ। ਉਨ੍ਹਾ ਪਾਰਟੀ ਵੱਲੋਂ ਕੀਤੀ ਜਾ ਰਹੀ ਰੈਲੀ 'ਬਦਲਾਅ ਜ਼ਰੂਰੀ ਹੈ' ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾ ਕਿਹਾ ਕਿ ਇਸ ਰੈਲੀ ਦੇ ਮੁੱਖ ਨਾਅਰੇ ਦੇਸ਼ ਬਚਾਓ, ਸੰਵਿਧਾਨ ਬਚਾਓ, ਵਧ ਰਹੀ ਮਹਿੰਗਾਈ, ਐੱਮ.ਐੱਸ.ਪੀ ਤੇ ਖ੍ਰੀਦ ਗਰੰਟੀ ਕਾਨੂੰਨ ਬਣਾਉਣ, ਵਿੱਦਿਆ ਦੇ ਪ੍ਰਬੰਧ ਵਿੱਚ ਸੁਧਾਰ • ਬਾਕੀ ਸਫਾ 2 'ਤੇ

## ਕੰਗਣਾ ਦੀ ਬਦਲੀ ਬੋਲਬਾਣੀ

**ਨਵੀਂ ਦਿੱਲੀ** : ਜੈਨ ਜ਼ੀ ਪ੍ਰਦਰਸ਼ਨਕਾਰੀਆਂ ਨੂੰ 'ਪੀੜ੍ਹੀ ਦਾ ਗਟਰ' ਕਹਿ ਕੇ ਇੱਕ ਵੱਡਾ ਵਿਵਾਦ ਛੇੜਨ ਤੋਂ ਕੁਝ ਦਿਨ ਬਾਅਦ ਅਦਾਕਾਰਾ-ਸੰਸਦ ਮੈਂਬਰ ਕੰਗਣਾ ਰਣੌਤ ਨੇ ਸ਼ੁੱਕਰਵਾਰ ਨੂੰ ਪਲਟੀ ਮਾਰਦਿਆਂ ਉਨ੍ਹਾਂ ਨੂੰ ਭਾਰਤ ਦੀ ਸਭ ਤੋਂ ਵੱਡੀ ਤਾਕਤ ਅਤੇ ਦੇਸ਼ ਦੀ ਸੱਭਿਆਚਾਰਕ ਪਛਾਣ ਦੇ ਰਾਜਦੂਤ ਕਰਾਰ ਦਿੱਤਾ। ਬੀਤੇ ਦਿਨ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਨੇ ਕਿਹਾ ਸੀ ਕਿ ਜੈਨ ਜ਼ੀ ਦੀਆਂ ਮੰਗਾਂ ਨੂੰ ਸੁਣਿਆ ਜਾਣਾ ਚਾਹੀਦਾ ਹੈ ਅਤੇ ਉਹ ਰਾਸ਼ਟਰ ਵਿਰੋਧੀ ਨਹੀਂ ਹਨ।

ਇਸ ਤੋਂ ਬਾਅਦ ਅਚਾਨਕ ਰਣੌਤ ਦੀ ਬੋਲਬਾਣੀ ਵੀ ਬਦਲ ਗਈ। ਰਣੌਤ ਨੇ ਭਾਗਵਤ ਦੀ ਭਾਵਨਾ ਨੂੰ ਦੁਹਰਾਇਆ ਤੇ ਕਿਹਾ ਜੈਨ ਜ਼ੀ ਸਾਡੇ ਦੇਸ਼ ਦੀ ਤਾਕਤ ਹੈ ਅਤੇ ਇੱਕ ਤਰ੍ਹਾਂ ਨਾਲ ਸਾਡੇ ਦੇਸ਼ ਦੀ ਇੱਕ ਵੱਡੀ ਸੰਪਤੀ ਹੈ। ਅਸੀਂ ਬਹੁਤ ਖੁਸ਼ ਹਾਂ ਕਿ ਸਾਡੇ ਨੌਜਵਾਨ ਸਾਡੇ ਸੱਭਿਆਚਾਰ ਅਤੇ ਇਸ ਦੀ ਪਛਾਣ ਦੇ ਰਾਜਦੂਤ ਵਜੋਂ ਵੱਧ ਤੋਂ ਵੱਧ ਉੱਭਰ ਰਹੇ ਹਨ।"

# ਭਾਗਵਤ ਭਾਜਪਾ ਨੂੰ ਵੀ ਮੱਤ ਦੇਣ : ਦੀਪਕੇ

**ਛੱਤਰਪਤੀ ਸੰਭਾਜੀ ਨਗਰ (ਨ ਜ਼ ਸ)** : ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਕਨਵੀਨਰ ਅਭੀਜੀਤ ਦੀਪਕੇ ਨੇ ਸ਼ੁੱਕਰਵਾਰ ਭਾਜਪਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਿਚਾਰਕ ਗੁਰੂ ਅਤੇ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੀ ਸਲਾਹ 'ਤੇ ਅਮਲ ਕਰੇ। ਉਸ ਨੇ ਕਿਹਾ ਕਿ ਭਾਗਵਤ ਨੇ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ ਨੂੰ ਦੇਸ਼-ਵਿਰੋਧੀ ਨਾ ਕਹਿਣ ਦੀ ਗੱਲ ਕਹੀ ਹੈ, ਇਸ ਲਈ ਸੱਤਾਧਾਰੀ ਪਾਰਟੀ ਨੂੰ ਇਸ ਨਾਲ ਆਪਣਾ ਮੇਲ ਬਿਠਾਉਣਾ ਚਾਹੀਦਾ ਹੈ। ਉਸ ਨੇ ਇਹ ਵੀ ਕਿਹਾ, "ਕਿਉਂਕਿ ਮੋਹਨ ਭਾਗਵਤ ਭਾਜਪਾ ਦੇ ਸਲਾਹਕਾਰ ਵਜੋਂ ਕੰਮ ਕਰਦੇ ਹਨ, ਮੈਂ ਚਾਹੁੰਦਾ ਹਾਂ ਕਿ ਉਹ ਭਾਜਪਾ ਅਤੇ ਨਰਿੰਦਰ ਮੋਦੀ ਨੂੰ ਵੀ ਇਹੀ ਸੁਨੇਹਾ ਦੇਣ... ਮੈਨੂੰ ਉਮੀਦ ਹੈ ਕਿ ਉਹ ਹੁਣ ਮੋਹਨ ਭਾਗਵਤ ਦੀ ਗੱਲ ਸੁਣਨਗੇ ਅਤੇ ਉਨ੍ਹਾ ਦੀਆਂ ਗੱਲਾਂ 'ਤੇ ਧਿਆਨ ਦੇਣਗੇ। ਇਹ ਸੰਭਾਵਨਾ ਨਹੀਂ ਹੈ ਕਿ ਭਾਜਪਾ ਆਰ ਐੱਸ ਐੱਸ ਦਾ ਵਿਰੋਧ ਕਰੇਗੀ। ਜੇ ਉਸਨੇ ਅਜਿਹਾ ਕੀਤਾ, ਤਾਂ ਆਰ ਐੱਸ ਐੱਸ ਨੂੰ ਇਸ ਤੱਥ 'ਤੇ ਵਿਚਾਰ ਕਰਨਾ ਪਵੇਗਾ ਕਿ ਭਾਜਪਾ ਮੋਹਨ ਭਾਗਵਤ ਨੂੰ ਵੀ ਨਜ਼ਰਅੰਦਾਜ਼ ਕਰ ਰਹੀ ਹੈ।"

ਮੁੰਬਈ ਵਿੱਚ ਵੀਰਵਾਰ ਨੂੰ ਮੋਹਨ ਭਾਗਵਤ ਨੇ ਜੈੱਨ-ਜ਼ੀ ਨੌਜਵਾਨਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਦਾ ਸਮਰਥਨ ਕਰਦਿਆਂ ਕਿਹਾ ਸੀ ਕਿ ਨੌਜਵਾਨਾਂ ਦੀਆਂ ਮੁਸ਼ਕਲਾਂ ਅਸਲੀ ਹਨ ਅਤੇ ਉਨ੍ਹਾਂ ਦੀ ਇਮਾਨਦਾਰੀ 'ਤੇ ਸ਼ੱਕ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਪੱਸ਼ਟ ਕੀਤਾ ਕਿ ਨੌਜਵਾਨਾਂ ਵੱਲੋਂ ਕੀਤੇ ਜਾ ਰਹੇ ਪ੍ਰਦਰਸ਼ਨ ਉਨ੍ਹਾਂ ਨੂੰ ਦੇਸ਼-ਵਿਰੋਧੀ ਨਹੀਂ ਬਣਾਉਂਦੇ।

ਨੀਟ ਪ੍ਰੀਖਿਆ ਵਿੱਚ ਬੇਨੇਮੀਆਂ ਨੂੰ ਲੈ ਕੇ ਹੋਏ ਪ੍ਰਦਰਸ਼ਨਾਂ ਕਾਰਨ ਪਿਛਲੇ ਮਹੀਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇਣਾ ਪਿਆ ਸੀ। ਦੀਪਕੇ ਨੇ ਦੋਸ਼ ਲਾਇਆ ਕਿ ਪਹਿਲਾਂ ਭਾਜਪਾ ਪ੍ਰਧਾਨ ਨਿਤਿਨ ਨਬੀਨ ਨੇ ਉਨ੍ਹਾਂ ਨੂੰ 'ਵਾਇਰਸ' ਅਤੇ ਸਾਬਕਾ ਸਿੱਖਿਆ ਮੰਤਰੀ ਨੇ 'ਦਹਿਸ਼ਤਗਰਦਾਂ ਦੀ ਬੀ-ਟੀਮ' ਕਿਹਾ ਸੀ, ਪਰ ਹੁਣ ਉਨ੍ਹਾਂ ਨੂੰ ਆਪਣੇ 'ਗੌਡਫਾਦਰ' ਮੋਹਨ ਭਾਗਵਤ ਦੀ ਗੱਲ ਜ਼ਰੂਰ ਸੁਣਨੀ ਚਾਹੀਦੀ ਹੈ।

ਦੀਪਕੇ ਨੇ ਮੰਗ ਕੀਤੀ ਕਿ ਜੰਤਰ-ਮੰਤਰ ਪ੍ਰਦਰਸ਼ਨਾਂ ਦੌਰਾਨ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਵੀਡੀਓਜ਼ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ। ਉਨ੍ਹਾ ਦਾ ਦਾਅਵਾ ਹੈ ਕਿ ਜਾਂਚ ਹੋਣ ਨਾਲ ਭਾਜਪਾ ਆਈ ਟੀ ਸੈੱਲ ਵੱਲੋਂ ਫੈਲਾਈਆਂ ਗਈਆਂ ਫਰਜ਼ੀ ਵੀਡੀਓਜ਼ ਦਾ ਪਰਦਾਫਾਸ਼ ਹੋ • ਬਾਕੀ ਸਫਾ 2 'ਤੇ

# 'ਬਦਲਾਅ ਜ਼ਰੂਰੀ ਹੈ' ਰੈਲੀ ਲਈ ਢੁੱਡੀਕੇ ਤੇ ਭਿੱਖੀਵਿੰਡ ਤੋਂ ਪਦ ਯਾਤਰਾ ਸ਼ੁਰੂ





**ਮੋਗਾ** : ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿਖੇ ਕੀਤੀ ਜਾ ਰਹੀ 'ਬਦਲਾਅ ਜ਼ਰੂਰੀ ਹੈ' ਰੈਲੀ ਦੀ ਤਿਆਰੀ ਵਜੋਂ ਜ਼ਿਲ੍ਹਾ ਮੋਗਾ ਵਿੱਚ ਪਦ ਯਾਤਰਾ ਦੀ ਸ਼ੁਰੂਆਤ ਗ਼ਦਰੀ ਬਾਬਿਆਂ ਦੀ ਇਤਿਹਾਸਕ ਧਰਤੀ ਪਿੰਡ ਢੁੱਡੀਕੇ ਤੋਂ ਕੀਤੀ ਗਈ।ਪਦ ਯਾਤਰਾ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਰੈਲੀ ਵਿੱਚ ਸ਼ਾਮਲ ਹੋਣ ਲਈ ਲਾਮਬੰਦ ਕੀਤਾ ਜਾਵੇਗਾ।ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਪਾਰਟੀ ਆਗੂ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਦੇਸ਼ ਅੱਜ ਗੰਭੀਰ ਬੇਰੁਜ਼ਗਾਰੀ, ਮਹਿੰਗਾਈ ਅਤੇ ਆਰਥਿਕ ਅਸਮਾਨਤਾ ਦਾ ਸਾਹਮਣਾ ਕਰ ਰਿਹਾ ਹੈ।ਬੇਰੁਜ਼ਗਾਰੀ ਦੇਸ਼ ਦੀਆਂ ਸਭ ਤੋਂ ਵੱਡੀਆਂ ਸਮੱਸਿਆਵਾਂ 'ਚੋਂ ਇੱਕ ਹੈ।ਤਕਨਾਲੋਜੀ ਅਤੇ ਆਟੋਮੇਸ਼ਨ ਦੇ ਵਧ ਰਹੇ ਇਸਤੇਮਾਲ ਕਾਰਨ ਆਉਣ ਵਾਲੇ ਸਮੇਂ ਵਿੱਚ ਰੁਜ਼ਗਾਰ ਦੇ ਮੌਕੇ ਹੋਰ ਪ੍ਰਭਾਵਤ ਹੋਣ ਦਾ ਖ਼ਤਰਾ ਹੈ।ਇਸ ਲਈ ਹਰ ਵਿਅਕਤੀ ਨੂੰ ਰੁਜ਼ਗਾਰ ਦੀ ਗਾਰੰਟੀ ਦੇਣ ਵਾਲਾ ਪ੍ਰਬੰਧ ਸਿਰਜਣਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮੌਜੂਦਾ ਕਿਰਤ ਕਾਨੂੰਨਾਂ ਨੂੰ ਤੋੜ-ਮਰੋੜ ਕੇ ਬਣਾਏ ਗਏ ਕਿਰਤ ਕੋਡ ਮਜ਼ਦੂਰਾਂ ਦੇ ਹੱਕਾਂ ਅਤੇ ਸਮਾਜਿਕ ਸੁਰੱਖਿਆ ਲਈ ਵੱਡੀ ਚੁਣੌਤੀ ਹਨ।ਇਨ੍ਹਾਂ ਕਿਰਤ ਕੋਡਾਂ ਨੂੰ ਰੱਦ ਕਰਵਾਉਣ ਅਤੇ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਲੋੜ ਹੈ।ਕੁਲਦੀਪ ਸਿੰਘ ਭੋਲਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿਖੇ ਹੋ ਰਹੀ 'ਬਦਲਾਅ ਜ਼ਰੂਰੀ ਹੈ' ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚ ਕੇ ਆਪਣੀ ਆਵਾਜ਼ ਬੁਲੰਦ ਕਰਨ। ਉਨ੍ਹਾਂ ਕਿਹਾ ਕਿ ਗ਼ਦਰੀ ਬਾਬਿਆਂ ਦੀ ਇਨਕਲਾਬੀ ਵਿਰਾਸਤ ਵਾਲੀ ਧਰਤੀ ਢੁੱਡੀਕੇ ਤੋਂ ਸ਼ੁਰੂ ਹੋਈ ਪਦ ਯਾਤਰਾ ਲੋਕਾਂ ਨੂੰ ਆਪਣੇ ਹੱਕਾਂ ਲਈ ਜਾਗਰੂਕ ਅਤੇ ਲਾਮਬੰਦ ਕਰਨ ਦਾ ਮਹੱਤਵਪੂਰਨ ਸਾਧਨ ਬਣੇਗੀ। ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਸਟੇਟ ਕੌਂਸਲ ਮੈਂਬਰ ਡਾ. ਇੰਦਰਵੀਰ ਸਿੰਘ ਗਿੱਲ, ਬਲਾਕ ਸਕੱਤਰ ਸਵਰਾਜ ਸਿੰਘ ਢੁੱਡੀਕੇ ਤੋਂ ਇਲਾਵਾ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

**ਭਿੱਖੀਵਿੰਡ** : ਸੀ ਪੀ ਆਈ ਵੱਲੋਂ ਭਿੱਖੀਵਿੰਡ, ਸਿੱਧਵਾਂ, ਖਾਲੜਾ ਮੰਡੀ, ਮਾੜੀਮੇਘਾ, ਮਾੜੀ ਕੰਬੋਕੀ, ਅਲਗੋਂ ਖੁਰਦ ਅਤੇ ਅਲਗੋਂ ਕੋਠੀ ਵਿਖੇ ਜਥੇ ਮਾਰਚ ਦੌਰਾਨ ਮੀਟਿੰਗਾਂ ਕੀਤੀਆਂ ਗਈਆਂ। ਸੰਬੋਧਨ ਦੌਰਾਨ • ਬਾਕੀ ਸਫਾ 2 'ਤੇ




## ਅੱਜ-ਨਾਮਾ

ਲੁੱਟਾਂ-ਖੋਹਾਂ ਨੂੰ ਲੱਗਦੀ ਨਹੀਂ ਰੋਕ ਡਿੱਠੀ,
ਖਿਝੇ ਲੱਗ ਪਏ ਲੋਕ ਫਿਰ ਲੜਨ ਮੀਆਂ।
ਫਸਿਆ ਜਿੱਥੇ ਲੁਟੇਰਾ ਫਿਰ ਪਕੜ ਹੁੰਦਾ,
ਲੱਗਦੇ ਆਪ ਹੀ ਲੋਕ ਹਨ ਘੜਨ ਮੀਆਂ।
ਬੰਨ੍ਹ ਲੈਣ ਰੁਖ ਜਾਂ ਖੰਭੇ ਦੇ ਨਾਲ ਕਿਧਰੇ,
ਜੋ ਵੀ ਹੱਥ ਆਵੇ, ਲੱਗਦੇ ਜੜਨ ਮੀਆਂ।
ਬੰਦਾ ਕੁੱਟੀਦਾ ਵੇਖ ਆ ਪੁਲਸ ਆਉਂਦੀ,
ਦਿੰਦੇ ਲੋਕ ਨਾ ਭੀੜ ਵਿੱਚ ਵੜਨ ਮੀਆਂ।
ਬਣੀ ਸਮਾਜ ਦੀ ਹਾਲਤ ਤਾਂ ਠੀਕ ਨਾਹੀਂ,
ਇੰਨੀ ਲੋਕਾਂ ਨੂੰ ਚੜ੍ਹੀ ਕਿਉਂ ਕੌੜ ਮੀਆਂ।
ਅਮਨ-ਕਾਨੂੰਨ ਦੇ ਪਾਹਰੂ ਨੇ ਹੋਏ ਢਿੱਲੇ,
ਲੱਗਦਾ ਹੋ ਗਿਆ ਝੁੱਗਾ ਹੀ ਚੌੜ ਮੀਆਂ।

-ਤੀਸ ਮਾਰ ਖਾਂ

# ਹੀਲਿਆਂ ਨੂੰ ਹਾਂ ਕਰੋਂਗੇ ਤਾਂ ਵਸੀਲੇ ਹੋਣਗੇ...




**ਜਲੰਧਰ (ਗਿਆਨ ਸੈਦਪੁਰੀ)**-ਪੰਜਾਬ ਵਿੱਚ ਏ ਕੇ 47 ਨਾਲ ਸੰਬੰਧਤ ਅੱਤਵਾਦ 1980 ਤੋਂ 1990 ਦੇ ਦਹਾਕੇ ਦੌਰਾਨ ਆਪਣੇ ਸਿਖਰ 'ਤੇ ਰਿਹਾ। ਇੱਥੇ ਨਸ਼ਿਆਂ ਦੀ ਸਮੱਸਿਆ ਅਤੇ ਇਸ ਨਾਲ ਜੁੜੇ ਨਾਰਕੋ ਟੈਰੋਰਿਜ਼ਮ ਯਾਨੀ ਨਸ਼ਾ ਅੱਤਵਾਦ ਦੀ ਵੀ ਚੁਣੌਤੀ ਬੇਹੱਦ ਗੰਭੀਰ ਬਣੀ ਹੋਈ ਹੈ। ਕਿਹਾ ਜਾ ਸਕਦਾ ਹੈ ਕਿ ਨਸ਼ਾ ਅੱਤਵਾਦ ਆਪਣੇ ਸਿਖਰ 'ਤੇ ਹੈ। 80ਵਿਆਂ ਵਿੱਚ ਖੱਬੇ-ਪੱਖੀ ਧਿਰਾਂ ਆਪਣੀਆਂ ਰੈਲੀਆਂ ਜਾਂ ਕਾਨਫ਼ਰੰਸਾਂ ਵਿੱਚ ਨਾਹਰਾ ਬੁਲੰਦ ਕਰਿਆ ਕਰਦੀਆਂ, 'ਸਰਕਾਰਾਂ 'ਤੇ ਨਾ ਝਾਕ ਰੱਖੋ, ਆਪਣੀ ਰਾਖੀ ਆਪ ਕਰੋ'। ਅਜੋਕੇ ਦੌਰ ਦੇ ਨਸ਼ਾ ਅੱਤਵਾਦ ਦੇ ਵਿਰੋਧ ਵਿੱਚ ਵੀ ਆਵਾਜ਼ ਬੁਲੰਦ ਕਰਨ ਦੀ ਵੱਡੀ ਜ਼ਰੂਰਤ ਬਣੀ ਹੋਈ ਹੈ। ਅਜਿਹੀ ਆਵਾਜ਼ ਬੁਲੰਦ ਹੋਣ ਦੀ ਆਸ ਬੰਨ੍ਹਾਈ ਹੈ ਤਰਨ ਤਾਰਨ ਜ਼ਿਲ੍ਹੇ ਦੇ ਸਰਹਾਲੀ ਕਲਾਂ ਕਸਬੇ ਪਿੰਡ ਦੀਆਂ ਕਿਰਤੀ ਵਰਗ ਦੀਆਂ ਔਰਤਾਂ ਨੇ।

ਦੱਸ ਦੇਈਏ ਕਿ ਪੰਜਾਬ ਦੇ ਹੋਰ ਬਹੁਤ ਸਾਰੇ ਪਿੰਡਾਂ/ਕਸਬਿਆਂ ਵਾਂਗ ਸਰਹਾਲੀ ਕਲਾਂ ਵੀ ਨਸ਼ਾ ਅੱਤਵਾਦ ਤੋਂ ਬੇਹੱਦ ਪੀੜਤ ਹੈ। ਪਿਛਲੇ ਸਮੇਂ ਇਸ ਪਿੰਡ ਦੇ ਕੁਝ ਨੌਜਵਾਨ ਨਸ਼ੇ ਦੀ ਓਵਰ ਡੋਜ਼ ਕਾਰਨ ਮਾਪਿਆਂ ਦੇ ਮੋਢਿਆਂ ਦਾ ਸਭ ਤੋਂ ਵੱਡਾ ਬੋਝ ਬਣ ਚੁੱਕੇ ਹਨ। ਇੱਥੇ ਪੁਲਸ 'ਗੇੜੇ' ਤਾਂ ਮਾਰਦੀ ਰਹਿੰਦੀ ਹੈ, ਪਰ ਲੋਕਾਂ ਦੀ ਆਸ ਮੁਤਾਬਕ ਨਤੀਜੇ ਨਹੀਂ ਨਿਕਲ ਸਕੇ। ਕਈ ਵਾਰ ਤਾਂ ਲੱਗਦਾ ਹੈ ਕਿ ਨਸ਼ਿਆਂ ਦੀ ਦਰਿੰਦਗੀ ਤੋਂ ਕੋਈ ਘਰ ਵੀ ਬਚ ਨਹੀਂ ਸਕੇਗਾ। ਅਜਿਹੀ ਨਿਰਾਸ਼ਾਜਨਕ ਸਥਿਤੀ ਨੂੰ ਬਦਲਣ ਲਈ ਸ਼ੁੱਕਰਵਾਰ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੀਆਂ ਔਰਤਾਂ ਸਾਹਮਣੇ ਆਈਆਂ। ਕਿਰਤੀ ਔਰਤਾਂ ਨੇ ਹੱਥਾਂ ਵਿੱਚ ਡਾਂਗਾਂ ਫੜ ਕੇ ਮੁਹੱਲਿਆਂ ਦੀ ਨਸ਼ੇ ਦੇ ਸੁਦਾਗਰਾਂ ਤੋਂ ਸੁਰੱਖਿਆ ਕਰਨ ਲਈ ਨਾਕਾਬੰਦੀ ਕਰ ਦਿੱਤੀ। ਇਸ ਦੌਰਾਨ ਨਸ਼ੇ ਵੇਚਣ ਅਤੇ ਮੁੱਲ ਲੈਣ ਵਾਲਿਆਂ ਦੀ ਗਿੱਦੜਕੁੱਟ ਵੀ ਹੋਈ। ਪਿੰਡ ਵਿੱਚ ਨਸ਼ੇੜੀਆਂ ਤੇ ਨਸ਼ੇੜੀ ਬਣਾਉਣ ਵਾਲਿਆਂ ਦੀ 'ਲਾਲਾ ਲਾਲਾ' ਹੋਈ ਤਾਂ ਨਾਕਾਬੰਦੀ ਵਾਲੀਆਂ ਥਾਵਾਂ 'ਤੇ ਸਰਹਾਲੀ ਕਲਾਂ ਦੀ ਪੁਲਸ ਵੀ ਪਹੁੰਚ ਗਈ। ਗਿੱਦੜਕੁੱਟ ਅਤੇ ਫੜੋ-ਫੜਾਈ ਦੇ ਸਿਲਸਲੇ ਵਿੱਚ ਪੁਲਸ ਵੀ • ਬਾਕੀ ਸਫਾ 2 'ਤੇ

## ਐੱਸ ਕੇ ਐੱਮ 10 ਨੂੰ ਕਰੇਗਾ ਵਿਸ਼ਾਲ ਰੈਲੀਆਂ



**ਪਟਿਆਲਾ/ਸਮਾਣਾ (ਭੁਪਿੰਦਰਜੀਤ ਮੌਲਵੀਵਾਲਾ/ਗੁਰਪਿਆਰ ਸਿੰਘ ਬੱਲ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਪਟਿਆਲਾ ਦੀ ਮੀਟਿੰਗ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਵਿਖੇ ਬਿਗ਼ਜ ਲਾਲ ਬਠੋਈਆਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ, ਮੁਲਾਜ਼ਮ ਸ਼ਾਮਲ ਹੋਏ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰ੍ਹੇਗੰਢ ਮੌਕੇ ਕਾਰਪੋਰੇਟ ਦੇ ਵਿਰੋਧ ਵਿੱਚ ਤੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਹੱਲ ਕਰਵਾਉਣ ਲਈ ਫੈਸਲਾ ਕੀਤਾ ਗਿਆ ਕਿ ਜ਼ਿਲ੍ਹੇ ਪਟਿਆਲਾ ਦੀਆਂ ਤਹਿਸੀਲਾਂ ਪਾਤੜਾਂ, ਸਮਾਣਾ ਤੇ ਪਟਿਆਲਾ ਵਿਖੇ ਵਿਸ਼ਾਲ ਟਰੈਕਟਰ ਮਾਰਚ ਕਰਕੇ ਧਰਨੇ ਦਿੱਤੇ ਜਾਣਗੇ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਤੋਂ ਇਲਾਵਾ ਵੱਖ ਵੱਖ ਟਰੇਡ ਯੂਨੀਅਨਾਂ ਵੀ ਸ਼ਮੂਲੀਅਤ ਕਰਨਗੀਆਂ। ਇਸ ਮੀਟਿੰਗ ਵਿੱਚ ਬਲਰਾਜ ਜੋਸ਼ੀ, ਦਰਸ਼ਨ ਬੇਲੂ ਮਾਜਰਾ, ਧਰਮਪਾਲ ਸੀਲ, ਕੁਲਵੰਤ ਸਿੰਘ ਮੌਲਵੀਵਾਲਾ, ਹਰਬੰਸ ਦਦਹੇੜਾ, ਸੁਖਵਿੰਦਰ ਸਿੰਘ ਲਾਲੀ, ਅਵਤਾਰ ਸਿੰਘ ਕੌਜਲੀਵਾਲਾ, ਦਿਲਬਾਗ ਸਿੰਘ ਮਡੌਲੀ, ਉੱਤਮ ਸਿੰਘ ਬਾਗੜੀ ਤੇ ਹਰਜੀਤ ਸਿੰਘ ਆਦਿ ਆਗੂ ਸ਼ਾਮਲ ਹੋਏ। ਉਕਤ ਆਗੂਆਂ ਨੇ ਮੀਟਿੰਗ ਵਿੱਚ ਇਹ ਭਰੋਸਾ ਦਿੱਤਾ ਕਿ ਉਹ ਵੱਡੀ ਗਿਣਤੀ ਵਿੱਚ ਆਪਣੇ ਸਾਥੀ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ ਲੈ ਕੇ ਇਸ ਇਕੱਤਰਤਾ ਵਿੱਚ ਸ਼ਮੂਲੀਅਤ ਕਰਨਗੇ ਅਤੇ ਸਰਕਾਰ ਨੂੰ ਕਿਰਤੀ ਲੋਕਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕਰਨਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਰਮੇਸ਼ ਆਜ਼ਾਦ, ਕਰਮ ਸਿੰਘ, ਸੁਖਵਿੰਦਰ ਸਿੰਘ ਬਰਾੜ, ਗੁਰਮੀਤ ਸਿੰਘ ਛੱਜੂ ਭੱਟ, ਸਦੀਪ ਕੁਮਾਰ ਤੇ ਬਿੱਕਰ ਖਾਨ, ਚਰਨਜੀਤ ਸਿੰਘ ਲਾਡਜ਼ੂ ਤੇ ਕੁਲਵੰਤ ਸਿੰਘ ਸਵੇਰਾ ਆਦਿ ਆਗੂ ਸ਼ਾਮਲ ਹੋਏ।

## ਕੱਚੇ ਕਾਮੇ ਪੱਕੇ ਕਰਨ ਦੀ ਮੰਗ ਨੂੰ ਲੈ ਕੇ ਵਿਧਾਇਕ ਦੇ ਨਾਂਅ ਸੌਂਪਿਆ ਮੰਗ ਪੱਤਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਾਵਰਕਾਮ ਐਂਡ ਟ੍ਰਾਂਸਕੋ ਤਾਲਮੇਲ ਕਮੇਟੀ ਪੰਜਾਬ ਦੇ ਸੱਦੇ ਤੇ ਪਾਵਰਕਾਮ ਸਟੋਰਾਂ 'ਚ ਕੰਮ ਕਰਦੇ ਕੱਚੇ ਕਾਮਿਆਂ ਨੂੰ ਮਹਿਕਮੇ ਅਧੀਨ ਪੱਕੇ ਤੌਰ 'ਤੇ ਅਡਜਸਟ ਕਰਨ ਲਈ ਆਊਟਲੈੱਟ ਸਟੋਰ ਬਰਨਾਲਾ ਦੇ ਕੱਚੇ ਕਾਮਿਆਂ ਵੱਲੋਂ ਹਲਕਾ ਵਿਧਾਇਕ ਕੁਲਦੀਪ ਸਿੰਘ ਪੰਡੋਰੀ ਦੇ ਨਾਂਅ ਮੰਗ ਪੱਤਰ ਨਿੱਜੀ ਸਹਾਇਕ ਬਿੰਦਰ ਸਿੰਘ ਕਾਂਝਲਾ ਨੂੰ ਦਿੱਤਾ ਗਿਆ।ਇਸ ਸਮੇਂ ਪ੍ਰਧਾਨ ਮਨਦੀਪ ਸਿੰਘ ਸੰਧੂ ਚੁਹਾਣਕੇ ਖੁਰਦ, ਹਰਪ੍ਰੀਤ ਸਿੰਘ, ਰਮਨਦੀਪ ਸਿੰਘ, ਸਤਨਾਮ ਸਿੰਘ, ਮਨਦੀਪ ਸਿੰਘ ਨੇ ਕਿਹਾ ਕਿ ਜੋ ਸਟੋਰਾਂ ਵਿੱਚ ਕਾਮੇ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਮਹਿਕਮੇ 'ਚ ਪੱਕੇ ਕਰਨ ਲਈ ਪਹਿਲਾਂ ਹੀ ਨੋਟੀਫਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ, ਪਰ ਪਾਵਰਕਾਮ ਦੀ ਮੈਨੇਜਮੈਂਟ ਉਸ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਲਈ ਪਾਸਾ ਵੱਟ ਰਹੀ ਹੈ, ਜਿਸ ਕਾਰਨ ਕਾਮਿਆਂ ਵਿੱਚ ਬਹੁਤ ਜ਼ਿਆਦਾ ਰੋਸ ਪਾਇਆ ਜਾ ਰਿਹਾ ਹੈ।ਸਰਕਲ ਆਗੂ ਮਨਦੀਪ ਸਿੰਘ ਸੰਧੂ ਨੇ ਪਾਵਰਕਾਮ ਦੀ ਮੈਨੇਜਮੈਂਟ ਨੂੰ ਤਾੜਨਾ ਕਰਦੇ ਹੋਏ ਕਿਹਾ ਕਿ ਜੇਕਰ ਨੋਟੀਫਿਕੇਸ਼ਨ ਜਲਦੀ ਲਾਗੂ ਨਾ ਕੀਤਾ ਗਿਆ ਤਾਂ ਸਟੋਰਾਂ ਦੇ ਕਾਮੇ ਸੰਘਰਸ਼ ਨੂੰ ਤੇਜ਼ ਕਰਦੇ ਹੋਏ ਸਮੁੱਚੇ ਪੰਜਾਬ 'ਚ ਸਟੋਰਾਂ ਦਾ ਮੁਕੰਮਲ ਕੰਮ ਜਾਮ ਕਰਕੇ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੀ ਸਾਰੀ ਜ਼ੁੰਮੇਵਾਰੀ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।

## ਡੀ ਏ ਵੀ ਸਕੂਲ 'ਚ ਇਨਵੈਸਟੀਚਰ ਸੈਰੇਮਨੀ ਸ਼ਾਨੋ-ਸ਼ੌਕਤ ਨਾਲ ਮਨਾਈ



**ਕੋਟ ਈਸੇ ਖਾਂ (ਅਰੋੜਾ)**-ਡੀਏਵੀ ਕੇ ਆਰ ਬੀ ਪਬਲਿਕ ਸਕੂਲ ਵਿੱਚ ਪ੍ਰਿੰਸੀਪਲ ਮੈਡਮ ਰਿਤੂ ਅਹੂਜਾ ਤੇ ਸਕੂਲ ਦੇ ਚੇਅਰਮੈਨ ਵਿਜੈ ਕੁਮਾਰ ਧੀਰ ਦੀ ਰਹਿਨੁਮਾਈ ਹੇਠ ਇਨਵੈਸਟਿਚਰ ਸੈਰੇਮਨੀ ਬੜੀ ਸ਼ਾਨੋ-ਸ਼ੌਕਤ ਨਾਲ ਮਨਾਈ ਗਈ।ਇਸ ਮੌਕੇ ਵਿਦਿਆਰਥੀਆਂ ਨੂੰ ਚਾਰ ਹਾਊਸਾਂ ਸ਼ਿਵਾਜੀ ਹਾਊਸ, ਸੀ. ਵੀ. ਰਮਨ ਹਾਊਸ, ਟੈਗੋਰ ਹਾਊਸ ਤੇ ਆਰੀਆਭੱਟ ਹਾਊਸ ਵਿੱਚ ਵੰਡਿਆ ਗਿਆ।ਹਾਊਸ ਕੈਪਟਨ, ਵਾਈਸ ਕੈਪਟਨ ਤੇ ਹੋਰ ਵਿਦਿਆਰਥੀ ਆਗੂਆਂ ਨੂੰ ਬੈਜ਼ ਤੇ ਸੈਸ਼ ਪਹਿਨਾ ਕੇ ਆਪਣੇ ਫਰਜ਼ਾਂ ਨੂੰ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣ ਦੀ ਸਹੁੰ ਚੁਕਵਾਈ ਗਈ।ਪ੍ਰਿੰਸੀਪਲ ਮੈਡਮ ਰਿਤੂ ਅਹੂਜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੀਡਰਸ਼ਿਪ ਇੱਕ ਜ਼ਿੰਮੇਵਾਰੀ ਹੈ, ਜਿਸ ਨੂੰ ਅਨੁਸ਼ਾਸਨ, ਸੇਵਾ ਭਾਵਨਾ ਤੇ ਟੀਮ ਵਰਕ ਨਾਲ ਨਿਭਾਇਆ ਜਾਂਦਾ ਹੈ। ਚੇਅਰਮੈਨ ਵਿਜੈ ਕੁਮਾਰ ਧੀਰ ਨੇ ਨਵ-ਨਿਯੁਕਤ ਵਿਦਿਆਰਥੀ ਆਗੂਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਸਕੂਲ ਦੀ ਮਰਯਾਦਾ ਨੂੰ ਕਾਇਮ ਰੱਖਣ ਤੇ ਹੋਰਨਾਂ ਲਈ ਪ੍ਰੇਰਨਾ ਬਣਨ ਦਾ ਸੰਦੇਸ਼ ਦਿੱਤਾ।ਸਮਾਗਮ ਦਾ ਸਮਾਪਨ ਰਾਸ਼ਟਰੀ ਗਾਨ ਨਾਲ ਹੋਇਆ।

## ਚੇਅਰਮੈਨ ਜੀਦਾ ਨੇ ਗਰੀਨ ਮਿਸ਼ਨ ਸੁਸਾਇਟੀ ਦੇ ਸਹਿਯੋਗ ਨਾਲ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸ਼ੂਗਰਫੈੱਡ ਪੰਜਾਬ ਦੇ ਚੇਅਰਮੈਨ ਐਡਵੋਕੇਟ ਨਵਦੀਪ ਸਿੰਘ ਜੀਦਾ (ਹਲਕਾ ਇੰਚਾਰਜ 'ਆਪ' ਬਠਿੰਡਾ) ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੇ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਜੇਠੂਕੇ (ਬਠਿੰਡਾ) ਵਿਖੇ ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ (ਰਜਿ.) ਰਾਮਪੁਰਾ ਫੂਲ ਦੇ ਸਹਿਯੋਗ ਤੇ ਸਕੂਲ ਪ੍ਰਿੰਸੀਪਲ ਤੇ ਸਮੂਹ ਸਟਾਫ਼ ਦੀ ਮਦਦ ਨਾਲ ਲੋੜਵੰਦ ਬੱਚਿਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਵੰਡੀ ਗਈ। ਇਸ ਮੌਕੇ ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਦੇ ਕਨਵੀਨਰ ਧਰਮਪਾਲ ਢੱਡਾ, ਨਾਜ਼ਰ ਸਿੰਘ ਨਾਫਰੀਆ, ਬਲਦੇਵ ਜਿੰਦਲ ਤੇ ਦਕਸ਼ ਗਰਗ ਮੌਜੂਦ ਸਨ। ਸਮਾਜ ਸੇਵੀ ਬਲਜਿੰਦਰ ਸਿੰਘ (ਰਿਟਾ. ਪ੍ਰਿੰਸੀਪਲ) ਨੇ ਸਮੂਹ ਹਾਜ਼ਰੀਨ ਨੂੰ ਜੀ ਆਇਆਂ ਕਹਿੰਦਿਆਂ ਵਿਸ਼ੇਸ਼ ਉਪਰਾਲੇ ਲਈ ਧੰਨਵਾਦ ਕੀਤਾ। ਐਡਵੋਕੇਟ ਨਵਦੀਪ ਸਿੰਘ ਜੀਦਾ ਨੇ ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਸਕੂਲ ਨੂੰ ਸਹਾਇਤਾ ਰਾਸ਼ੀ ਭੇਟ ਕੀਤੀ ਤੇ ਹਰ ਸਾਲ ਅਜਿਹਾ ਸਹਿਯੋਗ ਦੇਣ ਦਾ ਵਾਅਦਾ ਕੀਤਾ। ਸੁਸਾਇਟੀ ਵੱਲੋਂ ਚੇਅਰਮੈਨ ਜੀਦਾ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਕੀਤੇ ਜਾਣ ਵਾਲੇ ਨੇਕ ਕਾਰਜਾਂ ਲਈ ਹਰ ਵਿਅਕਤੀ ਤੋਂ ਸਹਿਯੋਗ ਦੀ ਮੰਗ ਕੀਤੀ।

## ਡਾ. ਹੀਨਾ ਗੋਇਲ ਨੇ ਵਿਦਿਆਰਥੀਆਂ ਨਾਲ ਕੀਤਾ ਐਲੂਮਨਾਈ ਸੰਵਾਦ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਅੰਗਰੇਜ਼ੀ ਵਿਭਾਗ ਵੱਲੋਂ ਐਲੂਮਨਾਈ ਸੰਵਾਦ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਅੰਗਰੇਜ਼ੀ ਵਿਭਾਗ ਦੀ ਸਾਬਕਾ ਵਿਦਿਆਰਥਣ ਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.) ਲੁਧਿਆਣਾ ਦੇ ਅੰਗਰੇਜ਼ੀ ਵਿਭਾਗ ਵਿੱਚ ਸਹਾਇਕ ਪ੍ਰੋਫੈਸਰ ਡਾ. ਹੀਨਾ ਗੋਇਲ ਨੇ ਤਕਨੀਕੀ ਤੇ ਖੋਜ ਲਿਖਤ ਦੀ ਪ੍ਰਕਿਰਿਆ ਵਿਸ਼ੇ ਉੱਤੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ।ਆਪਣੇ ਸੰਬੋਧਨ ਦੌਰਾਨ ਡਾ. ਹੀਨਾ ਗੋਇਲ ਨੇ ਤਕਨੀਕੀ ਅਤੇ ਖੋਜ ਲਿਖਤ ਦੇ ਬੁਨਿਆਦੀ ਸਿਧਾਂਤਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਉਨ੍ਹਾਂ ਖੋਜ ਨੈਤਿਕਤਾ, ਅਕਾਦਮਿਕ ਇਮਾਨਦਾਰੀ, ਸਾਹਿਤ ਸਮੀਖਿਆ, ਹਵਾਲਾ ਸ਼ੈਲੀਆਂ ਤੇ ਖੋਜ ਨਤੀਜਿਆਂ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਦੀ ਮਹੱਤਤਾ ਉੱਤੇ ਚਾਨਣਾ ਪਾਇਆ।ਉਨ੍ਹਾਂ ਗੁਣਵੱਤਾ ਭਰਪੂਰ ਖੋਜ ਲਿਖਤ ਤੇ ਪ੍ਰਕਾਸ਼ਨ ਲਈ ਵਿਹਾਰਕ ਸੁਝਾਅ ਵੀ ਸਾਂਝੇ ਕੀਤੇ।ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਅੰਕਦੀਪ ਕੌਰ ਅਟਵਾਲ ਨੇ ਐਲੂਮਨਾਈ ਸੰਵਾਦ ਦੀ ਮਹੱਤਤਾ ਬਾਰੇ ਵਿਚਾਰ ਪ੍ਰਗਟ ਕਰਦਿਆਂ ਵਿਦਿਆਰਥੀਆਂ ਦੀ ਭਰਵੀਂ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਡਾ. ਹੀਨਾ ਗੋਇਲ ਦੀਆਂ ਅਕਾਦਮਿਕ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੰਗਰੇਜ਼ੀ ਵਿਭਾਗ ਨੂੰ ਆਪਣੇ ਸਾਬਕਾ ਵਿਦਿਆਰਥੀਆਂ ਦੀਆਂ ਉਪਲਬਧੀਆਂ 'ਤੇ ਮਾਣ ਹੈ।ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਅੰਗਰੇਜ਼ੀ ਵਿਭਾਗ ਵੱਲੋਂ ਕਰਵਾਏ ਗਏ ਇਸ ਅਰਥਪੂਰਨ ਅਕਾਦਮਿਕ ਸੰਵਾਦ ਦੀ ਸ਼ਲਾਘਾ ਕੀਤੀ।ਸਮਾਗਮ ਦਾ ਸੰਚਾਲਨ ਡਾ. ਬਲਜੀਤ ਕੌਰ ਸਹਾਇਕ ਪ੍ਰੋਫੈਸਰ ਅੰਗਰੇਜ਼ੀ ਵਿਭਾਗ ਨੇ ਕੀਤਾ। ਅੰਤ ਵਿੱਚ ਸ੍ਰੀ ਵਿਨੈ ਕੁਮਾਰ ਸਹਾਇਕ ਪ੍ਰੋਫੈਸਰ ਅੰਗਰੇਜ਼ੀ ਵਿਭਾਗ ਨੇ ਧੰਨਵਾਦੀ ਮਤਾ ਪੇਸ਼ ਕੀਤਾ।

## ਸਹੌਰ ਵਿਖੇ 20ਵੀਂ ਸਟੇਟ ਸਟਾਈਲ ਕਬੱਡੀ ਲੀਗ ਸਫਲਤਾਪੂਰਵਕ ਸੰਪੰਨ, ਜੇਤੂ ਟੀਮਾਂ ਨੂੰ ਕੀਤਾ ਸਨਮਾਨਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਕਬੱਡੀ ਐਸੋਸੀਏਸ਼ਨ ਦੇ ਪ੍ਰਧਾਨ ਗੁਰਲਾਲ ਸਿੰਘ ਘਨੌਰ ਤੇ ਜਨਰਲ ਸਕੱਤਰ ਤੇਜਿੰਦਰ ਸਿੰਘ ਮਿੱਡੂਖੇੜਾ ਦੀ ਦੇਖ-ਰੇਖ ਹੇਠ ਅੰਡਰ 20 ਨੈਸ਼ਨਲ ਸਟਾਈਲ ਕਬੱਡੀ ਲੀਗ ਮੁੰਡੇ ਤੇ ਕੁੜੀਆਂ ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਬਰਨਾਲਾ ਵੱਲੋਂ ਪਿੰਡ ਸਹੌਰ ਵਿਖੇ ਕਰਵਾਈ ਗਈ।ਮੁੰਡਿਆਂ ਦੀ ਪਹਿਲੀ ਲੀਗ 'ਚ ਬਰਨਾਲਾ ਨੇ 3 ਵਿੱਚੋਂ 2 ਮੈਚ ਜਿੱਤੇ, ਬਠਿੰਡਾ ਨੇ 1 ਮੈਚ, ਲੁਧਿਆਣਾ ਨੇ 2 ਮੈਚ ਤੇ ਸੰਗਰੂਰ ਨੇ 1 ਮੈਚ ਜਿੱਤਿਆ। ਦੂਜੇ ਪਾਸੇ, ਕੁੜੀਆਂ ਦੀ ਪੰਜਵੀਂ ਲੀਗ ਵਿੱਚ ਸ੍ਰੀ ਫਤਿਹਗੜ੍ਹ ਸਾਹਿਬ ਨੇ 15 ਵਿੱਚੋਂ 11 ਮੈਚ, ਰੋਪੜ ਨੇ 8 ਮੈਚ, ਫਿਰੋਜ਼ਪੁਰ ਨੇ 7 ਮੈਚ ਤੇ ਪਟਿਆਲਾ ਨੇ 4 ਮੈਚ ਜਿੱਤੇ।ਇਸ ਸਮੇਂ ਪੰਜਾਬ ਕਬੱਡੀ ਐਸੋਸੀਏਸ਼ਨ ਦੇ ਤੇਜਿੰਦਰ ਸਿੰਘ ਮਿੱਡੂਖੇੜਾ, ਚੇਅਰਮੈਨ ਗੁਰਲਾਲ ਸਿੰਘ ਘਨੌਰ ਤੇ ਐੱਮ.ਐੱਲ.ਏ. ਕੁਲਵੰਤ ਸਿੰਘ ਪੰਡੋਰੀ ਵੱਲੋਂ ਜੇਤੂ ਟੀਮਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਕਬੱਡੀ ਲੀਗ ਨੂੰ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਬਰਨਾਲਾ ਦੇ ਪ੍ਰਧਾਨ ਬਲਜੀਤ ਸਿੰਘ, ਸਕੱਤਰ ਹਰਮੇਲ ਸਿੰਘ ਸੰਘੇੜਾ, ਖਜ਼ਾਨਚੀ ਜਗਰਾਜ ਸਿੰਘ ਭੱਠਲ, ਬਹਾਦਰ ਸਿੰਘ ਸੰਧੂ ਸੀਨੀਅਰ ਮੀਤ ਪ੍ਰਧਾਨ, ਓਮ ਪ੍ਰਕਾਸ਼ ਘੰਡਾ ਬੰਨਾ, ਪਰਮਜੀਤ ਸਿੰਘ ਬਡਬਰ, ਤੇਜਿੰਦਰ ਸਿੰਘ ਸੋਨੀ ਮੀਤ ਪ੍ਰਧਾਨ, ਇਕਬਾਲ ਸਿੰਘ ਬਾਲਾ, ਰੁਪਿੰਦਰ ਸਿੰਘ ਕਬੱਡੀ ਕੋਚ, ਗੁਰਦੀਪ ਸਿੰਘ ਚੀਮਾ ਪ੍ਰੈੱਸ ਸਕੱਤਰ ਤੇ ਗੁਰਪ੍ਰੀਤ ਸਿੰਘ ਕਬੱਡੀ ਕੋਚ ਨੇ ਅਹਿਮ ਸਹਿਯੋਗ ਦਿੱਤਾ।ਇਸ ਮੌਕੇ ਬਖਸ਼ੀਸ਼ ਸਿੰਘ ਪ੍ਰਧਾਨ, ਸਕੱਤਰ ਕਰਮਜੀਤ ਸਿੰਘ ਰਾਜਾ ਫਿਰੋਜ਼ਪੁਰ, ਕੁਲਦੀਪ ਸਿੰਘ ਮਾਨਸਾ, ਪੰਜਾਬ ਕਬੱਡੀ ਐਸੋਸੀਏਸ਼ਨ ਦੇ ਚੇਅਰਮੈਨ ਅਮਨਦੀਪ ਸਿੰਘ ਮੱਲ੍ਹੀ, ਸਕੱਤਰ ਗੁਰਮੀਤ ਸਿੰਘ ਸ਼੍ਰੀ ਫਤਿਹਗੜ੍ਹ ਸਾਹਿਬ, ਡਾਕਟਰ ਭੁਪਿੰਦਰ ਸਿੰਘ ਰੋਪੜ, ਪ੍ਰਧਾਨ ਰਣਜੀਤ ਸਿੰਘ ਖਾਲਸਾ ਸ਼੍ਰੀ ਅੰਮ੍ਰਿਤਸਰ ਸਾਹਿਬ, ਪ੍ਰਧਾਨ ਜਲੌਰ ਸਿੰਘ ਸ਼੍ਰੀ ਮੁਕਤਸਰ ਸਾਹਿਬ ਆਦਿ ਹਾਜ਼ਰ ਸਨ।

## ਦੋ ਨੌਜਵਾਨਾਂ ਦੀ ਕੁੱਟਮਾਰ ਦੇ ਮਾਮਲੇ 'ਚ ਛੇ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਫ਼ਤਹਿਗੜ੍ਹ ਸਾਹਿਬ ਦੀ ਇੱਕ ਵਿੱਦਿਅਕ ਸੰਸਥਾ ਵਿੱਚ ਪੜ੍ਹਦੇ ਨੌਜਵਾਨਾਂ ਦੀ ਕਥਿਤ ਕੁੱਟਮਾਰ ਦੇ ਮਾਮਲੇ ਵਿੱਚ ਫ਼ਤਹਿਗੜ੍ਹ ਸਾਹਿਬ ਪੁਲਸ ਵੱਲੋਂ ਛੇ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੁਰਪ੍ਰਤਾਪ ਸਿੰਘ ਵਾਸੀ ਪਿੰਡ ਬਡਾਲਾ (ਮੋਹਾਲੀ) ਨੇ ਦੱਸਿਆ ਕਿ ਉਹ ਫ਼ਤਹਿਗੜ੍ਹ ਸਾਹਿਬ ਦੀ ਇੱਕ ਵਿੱਦਿਅਕ ਸੰਸਥਾ ਵਿੱਚ ਪੜ੍ਹਦਾ ਹੈ ਜਿੱਥੇ ਬੀਤੀ 4 ਅਗਸਤ ਨੂੰ ਦੁਪਹਿਰ ਸਮੇਂ ਨੌਜਵਾਨਾਂ ਦੇ ਇੱਕ ਗਰੁੱਪ ਨੇ ਉਸ ਦੇ ਦੋਸਤ ਫ਼ਤਿਹ ਸਿੰਘ ਚੀਮਾ ਦੀ ਕੁੱਟਮਾਰ ਕੀਤੀ, ਜਿਸ ਤੋਂ ਬਾਅਦ ਜਦੋਂ ਉਹ ਕਾਲਜ ਦੇ ਗੇਟ 'ਤੇ ਪਹੁੰਚਿਆ ਤਾਂ ਉੱਥੇ ਖੜ੍ਹੇ ਉਕਤ ਨੌਜਵਾਨਾਂ ਨੇ ਗਾਲੀ ਗਲੋਚ ਕਰਦਿਆਂ ਕੁੱਟਮਾਰ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਜਸਕਰਨ ਸਿੰਘ, ਜੱਜ ਸਿੰਘ ਜੌਨੀ, ਹਰਮਨ ਬੱਲ, ਗੈਰੀ, ਤੌਸ਼ਤ ਤੇ ਅੰਮ੍ਰਿਤਪਾਲ ਸਿੰਘ ਅਤੇ 8/10 ਨਾਮਾਲੂਮ ਲੜਕਿਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

# ਇੱਕੋ ਟਰਾਂਸਫਾਰਮਰ ਨੂੰ ਤੀਜੀ ਵਾਰ ਚੋਰਾਂ ਨੇ ਬਣਾਇਆ ਨਿਸ਼ਾਨਾ, ਕਿਸਾਨਾਂ 'ਚ ਰੋਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਰਹੱਦੀ ਖੇਤਰ ਵਿੱਚ ਚੋਰੀ ਦੀਆਂ ਵਾਰਦਾਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ। ਹਲਕਾ ਗੁਰੂ ਹਰਸਹਾਏ ਅਧੀਨ ਪੈਂਦੇ ਸਰਹੱਦੀ ਪਿੰਡ ਗੱਟੀ ਮੱਤੜ ਵਿੱਚ ਚੋਰਾਂ ਵੱਲੋਂ ਇੱਕੋ ਬਿਜਲੀ ਟਰਾਂਸਫਾਰਮਰ ਨੂੰ ਤੀਜੀ ਵਾਰ ਨਿਸ਼ਾਨਾ ਬਣਾਉਂਦਿਆਂ ਉਸ ਵਿੱਚੋਂ ਤੇਲ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਵਾਰ-ਵਾਰ ਹੋ ਰਹੀ ਇਸ ਚੋਰੀ ਕਾਰਨ ਇਲਾਕੇ ਦੇ ਕਿਸਾਨਾਂ ਵਿੱਚ ਭਾਰੀ ਰੋਸ ਤੇ ਚਿੰਤਾ ਪਾਈ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਗੱਟੀ ਮੱਤੜ ਦੇ ਖੇਤਾਂ ਵਿੱਚ ਲੱਗੇ ਬਿਜਲੀ ਟਰਾਂਸਫਾਰਮਰ ਵਿੱਚੋਂ ਚੋਰ ਤੇਲ ਕੱਢ ਕੇ ਲੈ ਗਏ। ਕਿਸਾਨਾਂ ਦਾ ਕਹਿਣਾ ਹੈ ਕਿ ਇਸੇ ਟਰਾਂਸਫਾਰਮਰ ਨੂੰ ਇਸ ਤੋਂ ਪਹਿਲਾਂ ਵੀ ਦੋ ਵਾਰ ਚੋਰਾਂ ਵੱਲੋਂ ਨਿਸ਼ਾਨਾ ਬਣਾਇਆ ਜਾ ਚੁੱਕਾ ਹੈ। ਲਗਾਤਾਰ ਤੀਜੀ ਵਾਰ ਵਾਰਦਾਤ ਹੋਣ ਨਾਲ ਜਿੱਥੇ ਕਿਸਾਨਾਂ ਨੂੰ ਬਿਜਲੀ ਸਪਲਾਈ ਸਬੰਧੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਉਨ੍ਹਾਂ 'ਤੇ ਵਾਧੂ ਆਰਥਿਕ ਬੋਝ ਵੀ ਪੈ ਰਿਹਾ ਹੈ। ਕਿਸਾਨਾਂ ਨੇ ਦੱਸਿਆ ਕਿ ਇਲਾਕੇ ਵਿੱਚ ਖੇਤੀਬਾੜੀ ਨਾਲ ਸਬੰਧਤ ਸਾਮਾਨ ਚੋਰੀ ਹੋਣ ਦੀਆਂ ਘਟਨਾਵਾਂ ਵੀ ਵਧ ਰਹੀਆਂ ਹਨ। ਕੁਝ ਦਿਨ ਪਹਿਲਾਂ ਹੀ ਨੇੜਲੇ ਖੇਤਾਂ ਵਿੱਚੋਂ ਕਰੀਬ 10 ਤੋਂ 12 ਕਿਸਾਨਾਂ ਦੀਆਂ ਮੋਟਰਾਂ ਦੀਆਂ ਕੇਬਲਾਂ ਕੱਟ ਕੇ ਚੋਰੀ ਕਰ ਲਈਆਂ ਗਈਆਂ ਸਨ। ਇਨ੍ਹਾਂ ਵਾਰਦਾਤਾਂ ਕਾਰਨ ਕਿਸਾਨ ਆਪਣੇ ਖੇਤਾਂ ਤੇ ਮੋਟਰਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ। ਪ੍ਰਭਾਵਿਤ ਕਿਸਾਨਾਂ ਮਹਿਲ ਸਿੰਘ, ਕਿੱਕਰ ਸਿੰਘ, ਬੋਹੜ ਸਿੰਘ ਵਾਸੀ ਗੱਟੀ ਮੱਤੜ, ਜਗੀਰ ਸਿੰਘ, ਸੁਰਜੀਤ ਸਿੰਘ, ਸ਼ਿੰਗਾਰਾ ਸਿੰਘ ਵਾਸੀ ਫਾਰੂਵਾਲਾ, ਅਵਤਾਰ ਸਿੰਘ, ਕਾਸ਼ੀ ਸਿੰਘ ਤੇ ਬਲਜਿੰਦਰ ਸਿੰਘ ਵਾਸੀ ਰਾਓਕੇ ਹਿਠਾੜ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਵਿੱਚ ਗਸ਼ਤ ਵਧਾਈ ਜਾਵੇ ਤੇ ਚੋਰੀਆਂ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਜਲਦ ਕਾਬੂ ਕੀਤਾ ਜਾਵੇ। ਕਿਸਾਨਾਂ ਨੇ ਕਿਹਾ ਕਿ ਜੇਕਰ ਚੋਰੀ ਦੀਆਂ ਘਟਨਾਵਾਂ 'ਤੇ ਤੁਰੰਤ ਰੋਕ ਨਾ ਲੱਗੀ ਤਾਂ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਨੂੰ ਹੋਰ ਵੱਡੇ ਨੁਕਸਾਨ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਸਬੰਧੀ ਚੋਰੀ ਦੀ ਘਟਨਾ ਦੀ ਸੂਚਨਾ ਸਬੰਧਤ ਥਾਣੇ ਦੀ ਪੁਲਸ ਨੂੰ ਦੇ ਕੇ ਰਿਪੋਰਟ ਦਰਜ ਕਰਵਾਈ ਗਈ ਹੈ। ਕਿਸਾਨਾਂ ਨੇ ਪੁਲਸ ਤੋਂ ਜਲਦ ਕਾਰਵਾਈ ਦੀ ਉਮੀਦ ਜਤਾਈ ਹੈ।

## ਲੱਕੀ ਅੱਬੂਵਾਲ ਦਲਿਤ ਭਲਾਈ ਤੇ ਵਿਕਾਸ ਬੋਰਡ ਦੇ ਚੇਅਰਮੈਨ ਬਣੇ

**ਰਾਏਕੋਟ (ਸੰਤੋਖ ਗਿੱਲ)**-ਆਮ ਆਦਮੀ ਪਾਰਟੀ ਵੱਲੋਂ ਲੱਖਾ ਸਿੰਘ 'ਲੱਕੀ ਅੱਬੂਵਾਲ' ਨੂੰ ਦਲਿਤ ਭਲਾਈ ਤੇ ਵਿਕਾਸ ਬੋਰਡ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਉਸ ਦੇ ਸਮਰਥਕਾਂ ਵਿੱਚ ਖ਼ੁਸ਼ੀ ਦਾ ਮਾਹੌਲ ਹੈ।ਲੱਕੀ ਅੱਬੂਵਾਲ ਨੇ ਪਾਰਟੀ ਪ੍ਰਮੁੱਖ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਾਰੇ ਵੱਡੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।



ਉਨ੍ਹਾਂ ਕਿਹਾ ਕਿ ਦਲਿਤ ਸਮਾਜ ਦੀ ਭਲਾਈ ਤੇ ਵਿਕਾਸ ਲਈ ਠੋਸ ਉਪਰਾਲੇ ਕੀਤੇ ਜਾਣਗੇ।ਸਰਕਾਰੀ ਭਲਾਈ ਸਕੀਮਾਂ ਦਾ ਲਾਭ ਲੈਣ ਵਿੱਚ ਆ ਰਹੀਆਂ ਮੁਸ਼ਕਲਾਂ ਨੂੰ ਦੂਰ ਕਰਨਾ ਤੇ ਹਰ ਯੋਗ ਲਾਭਪਾਤਰੀਆਂ ਤੱਕ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਪਹੁੰਚਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ।ਲੱਖਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਲਿਤ ਸਮਾਜ ਦੀ ਤਰੱਕੀ ਤੇ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ, ਤਾਂ ਜੋ ਕੋਈ ਵੀ ਯੋਗ ਵਿਅਕਤੀ ਸਰਕਾਰੀ ਸਹੂਲਤਾਂ ਤੋਂ ਵਾਂਝਾ ਨਾ ਰਹੇ।

## ਨੌਜਵਾਨਾਂ ਨੂੰ ਰੁਜ਼ਗਾਰਮੁਖੀ ਤੇ ਨਸ਼ਾ ਮੁਕਤ ਬਣਾਉਣ ਲਈ ਵਿਸ਼ੇਸ਼ ਸਿਲੇਬਸ ਇਤਿਹਾਸਕ ਪਹਿਲ : ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਪੰਜਾਬ ਵਿਧਾਨ ਸਭਾ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਸਵੈ-ਰੁਜ਼ਗਾਰ ਨੂੰ ਉਤਸ਼ਾਹਤ ਕਰਨ ਤੇ ਜੀਵਨ ਜਾਚ ਦੇ ਹੁਨਰ ਵਿਕਸਤ ਕਰਨ ਲਈ ਵਿਸ਼ੇਸ਼ ਸਿਲੇਬਸ ਤਿਆਰ ਕਰਨ ਸਬੰਧੀ ਮਤਾ ਸਰਬਸੰਮਤੀ ਨਾਲ ਪਾਸ ਕੀਤੇ ਜਾਣ ਦਾ ਸਵਾਗਤ ਕਰਦਿਆਂ ਇਸ ਨੂੰ ਪੰਜਾਬ ਦੇ ਭਵਿੱਖ ਲਈ ਇਤਿਹਾਸਕ ਫੈਸਲਾ ਕਰਾਰ ਦਿੱਤਾ ਹੈ। ਡਾ. ਜਵੰਧਾ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਤ ਰੱਖਣ ਦੀ ਬਜਾਏ ਵਿਹਾਰਕ ਸਿੱਖਿਆ, ਹੁਨਰ ਵਿਕਾਸ, ਉਦਯੋਗਿਕ ਸੋਚ ਤੇ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦਾ ਸਿਲੇਬਸ ਨੌਜਵਾਨਾਂ 'ਚ ਆਤਮ-ਵਿਸ਼ਵਾਸ ਪੈਦਾ ਕਰੇਗਾ ਤੇ ਉਹ ਨੌਕਰੀਆਂ ਦੀ ਉਡੀਕ ਕਰਨ ਦੀ ਬਜਾਏ ਆਪਣੇ ਲਈ ਰੁਜ਼ਗਾਰ ਦੇ ਮੌਕੇ ਖ਼ੁਦ ਸਿਰਜਣ ਦੇ ਯੋਗ ਬਣ ਸਕਣਗੇ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਦੀ ਸਮੱਸਿਆ ਤੋਂ ਬਾਹਰ ਕੱਢਣ ਲਈ ਸਿੱਖਿਆ ਪ੍ਰਣਾਲੀ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਜੇਕਰ ਸਕੂਲਾਂ ਤੇ ਕਾਲਜਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਗਿਆਨਕ ਤੇ ਵਿਹਾਰਕ ਜਾਣਕਾਰੀ ਦੇਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਖੇਡਾਂ, ਸਮਾਜਿਕ ਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਿਆ ਜਾਵੇ ਤਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ 'ਚ ਵੱਡੀ ਸਫ਼ਲਤਾ ਮਿਲ ਸਕਦੀ ਹੈ।ਡਾ. ਜਵੰਧਾ ਨੇ ਕਿਹਾ ਕਿ ਵਿਦਵਾਨਾਂ, ਸਮਾਜ ਸੇਵਕਾਂ, ਸਫ਼ਲ ਉਦਯੋਗਪਤੀਆਂ ਤੇ ਸਨਅਤਕਾਰਾਂ ਦੇ ਤਜਰਬਿਆਂ ਨੂੰ ਸਿੱਖਿਆ ਨਾਲ ਜੋੜਨਾ ਦੂਰਅੰਦੇਸ਼ੀ ਸੋਚ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਅਸਲ ਜੀਵਨ ਦੇ ਤਜ਼ਰਬਿਆਂ ਤੋਂ ਸਿੱਖਣ ਤੇ ਆਪਣੇ ਕਰੀਅਰ ਦੀ ਸਹੀ ਦਿਸ਼ਾ ਤੈਅ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਡਿਜ਼ੀਟਲ ਯੁੱਗ ਵਿੱਚ ਨੌਜਵਾਨਾਂ ਨੂੰ ਆਧੁਨਿਕ ਤਕਨਾਲੋਜੀ ਤੇ ਡਿਜ਼ੀਟਲ ਹੁਨਰਾਂ ਨਾਲ ਲੈੱਸ ਕਰਨਾ ਬਹੁਤ ਜ਼ਰੂਰੀ ਹੈ।ਪੰਜਾਬ ਇਨਫੋਟੈਕ ਵੀ ਨੌਜਵਾਨਾਂ ਨੂੰ ਡਿਜ਼ੀਟਲ ਸਕਿੱਲ, ਨਵੀਨਤਾ ਤੇ ਸਟਾਰਟਅਪ ਸੱਭਿਆਚਾਰ ਨਾਲ ਜੋੜਨ ਲਈ ਹਰ ਸੰਭਵ ਸਹਿਯੋਗ ਦੇਵੇਗਾ।

## ਪੰਜਾਬ ਤੋਂ 488 ਯਾਤਰੀ ਜਾਣਗੇ ਹੱਜ 'ਤੇ, 10 ਤੋਂ ਪਹਿਲਾਂ ਪਹਿਲੀ ਕਿਸ਼ਤ ਜਮ੍ਹਾਂ ਕਰਵਾਉਣ ਦੇ ਨਿਰਦੇਸ਼

**ਮਾਲੇਰਕੋਟਲਾ (ਅਸਗਰ ਪਰਿਹਾਰ)** : ਹੱਜ ਕਮੇਟੀ ਆਫ਼ ਇੰਡੀਆ ਵੱਲੋਂ ਹੱਜ-2027 ਲਈ ਚੁਣੇ ਗਏ ਹੱਜ ਯਾਤਰੀਆਂ ਲਈ ਪਹਿਲੀ ਕਿਸ਼ਤ ਦੇ ਰੂਪ ਵਿੱਚ 1,52,300 ਰੁਪਏ ਪ੍ਰਤੀ ਹਾਜੀ ਜਮ੍ਹਾਂ ਕਰਵਾਉਣ ਲਈ ਹੁਣ ਸਿਰਫ਼ ਚਾਰ ਦਿਨਾਂ ਦਾ ਸਮਾਂ ਬਾਕੀ ਰਹਿ ਗਿਆ ਹੈ।ਪਹਿਲੀ ਕਿਸ਼ਤ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 10 ਅਗਸਤ 2026 ਨਿਰਧਾਰਤ ਕੀਤੀ ਗਈ ਹੈ।

ਇਸ ਸਬੰਧੀ ਖ਼ਾਦਮੁਲ ਹੁੱਜਾਜ਼ ਵੱਲੋਂ ਸਮੂਹ ਹੱਜ ਯਾਤਰੀਆਂ ਨੂੰ ਸਮੇਂ ਸਿਰ ਭੁਗਤਾਨ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਗਈ ਹੈ।ਹੱਜ ਯਾਤਰੀਆਂ ਦੀ ਨਿਸ਼ਕਾਮ ਸੇਵਾ 'ਚ ਹਮੇਸ਼ਾ ਮੋਹਰੀ ਰਹਿਣ ਵਾਲੇ ਪ੍ਰਸਿੱਧ ਸਮਾਜ ਸੇਵੀ ਮਾਸਟਰ ਅਬਦੁੱਲ ਅਜ਼ੀਜ਼, ਸ਼ਹਿਬਾਜ਼ ਜ਼ਹੂਰ, ਮਾਸਟਰ ਤਨਵੀਰ ਚਿਸ਼ਤੀ ਤੇ ਹਾਫ਼ਿਜ਼ ਮਾਸਟਰ ਮੁਹੰਮਦ ਸ਼ਫ਼ੀਕ ਨੇ ਸਾਂਝੇ ਬਿਆਨ 'ਚ ਕਿਹਾ ਕਿ ਜਿਨ੍ਹਾਂ ਹੱਜ ਯਾਤਰੀਆਂ ਦੇ ਫਾਰਮ ਉਨ੍ਹਾਂ ਦੀ ਸੰਸਥਾ ਰਾਹੀਂ ਭਰੇ ਗਏ ਹਨ, ਉਹ ਬਿਨਾਂ ਕਿਸੇ ਦੇਰੀ ਆਪਣੀ ਪਹਿਲੀ ਕਿਸ਼ਤ ਤੁਰੰਤ ਜਮ੍ਹਾਂ ਕਰਵਾਉਣ, ਤਾਂ ਜੋ ਆਖਰੀ ਸਮੇਂ ਆਨਲਾਈਨ ਜਾਂ ਬੈਂਕਿੰਗ ਸਬੰਧੀ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਤੋਂ ਬਚਿਆ ਜਾ ਸਕੇ।

ਇਸ ਦੌਰਾਨ ਪੰਜਾਬ ਸਟੇਟ ਹੱਜ ਕਮੇਟੀ ਦੇ ਚੇਅਰਮੈਨ ਹਾਸ਼ਿਮ ਸੂਫ਼ੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੱਜ ਕਮੇਟੀ ਆਫ਼ ਇੰਡੀਆ ਦੀ ਸਰਪ੍ਰਸਤੀ ਹੇਠ ਇਸ ਸਾਲ ਪੰਜਾਬ ਨਾਲ ਸਬੰਧਤ 488 ਹੱਜ ਯਾਤਰੀ ਯਾਤਰਾ 'ਤੇ ਜਾਣਗੇ।

# ਕਿਸਾਨ ਮੋਰਚੇ ਵੱਲੋਂ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ 10 ਨੂੰ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਬਠਿੰਡਾ ਦੀ ਮੀਟਿੰਗ ਜਮੂਹਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ 10 ਅਗਸਤ ਨੂੰ ਭਾਰਤ ਛੱਡੋ ਅੰਦੋਲਨ ਦੇ ਪ੍ਰੋਗਰਾਮ ਦੀ ਤਿਆਰੀ ਕੀਤੀ ਗਈ।ਮੀਟਿੰਗ ਵਿੱਚ ਫੈਸਲਾ ਹੋਇਆ ਕਿ 10 ਅਗਸਤ ਨੂੰ ਡੀ ਸੀ ਦਫ਼ਤਰ ਬਠਿੰਡਾ ਸਾਮਣੇ ਵੱਡਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਮੁੱਖ ਮੰਗਾਂ ਮੁਕਤ ਵਪਾਰ ਸਮਝੌਤਾ ਰੱਦ ਕਰੋ, ਬਿਜਲੀ ਸੋਧ ਬਿਲ ਰੱਦ ਕਰੋ, ਬੀਜ ਸੋਧ ਬਿਲ ਰੱਦ ਕਰੋ, ਕਿਸਾਨਾਂ ਦਾ ਕਰਜ਼ਾ ਮਾਫ਼ ਕੀਤਾ ਜਾਵੇ।ਮੀਟਿੰਗ ਵਿੱਚ ਬੀ ਕੇ ਯੂ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ, ਬੀ ਕੇ ਯੂ ਡਕੌਂਦਾ ਧਨੇਰ ਦੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਕਿਰਤੀ ਕਿਸਾਨ ਯੂਨੀਅਨ ਦੇ ਸਵਰਨ ਸਿੰਘ ਪੂਹਲੀ, ਜਮੂਹਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਸਰਬ ਧਾਲੀਵਾਲ, ਬੀ ਕੇ ਯੂ ਏਕਤਾ ਮਾਲਵਾ ਦੇ ਹਰਵਿੰਦਰ ਸਿੰਘ ਬੱਲ੍ਹੋ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਜਸਵੀਰ ਸਿੰਘ ਤੇ ਬਲਕਰਨ ਸਿੰਘ ਬਰਾੜ ਸ਼ਾਮਲ ਸਨ।

## ਸਫਾ 1 ਦੇ ਬਾਕੀ...

### ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ...

ਮੁਕਰ ਚੁੱਕੀ ਹੈ, ਜਿਸ ਤੋਂ ਪ੍ਰੇਸ਼ਾਨ ਹੋ ਕੇ ਇਹ ਮਹਾਂ-ਰੈਲੀ ਕਰਨੀ ਪਈ। ਪੰਜਾਬ ਪੁਲਸ ਨੇ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਮਹਿੰਦਰ ਸਿੰਘ, ਬੋਬਿੰਦਰ ਸਿੰਘ, ਕਰਮਜੀਤ ਬੀਹਲਾ, ਸ਼ੈਲਿੰਦਰ ਕੰਬੋਜ, ਕੁਲਵੰਤ ਸਿੰਘ, ਬਲਰਾਜ ਸਿੰਘ ਅੌਜਲਾ, ਲਖਵਿੰਦਰ ਸਿੰਘ, ਬਲਵੀਰ ਸਿੰਘ ਗਰਚਾ, ਗੁਰਜੀਤ ਗੋਪਾਲਪੁਰੀ, ਸ਼ਾਮ ਲਾਲ ਸ਼ਰਮਾ, ਹਰਵੰਤ ਸਿੰਘ ਮਾਂਗਟ, ਨਿਰਮਲਜੀਤ ਸਿੰਘ ਬਾਜਵਾ ਆਦਿ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਜਲਦੀ ਉਹਨਾਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਪੰਜਾਬ ਸਰਕਾਰ ਨੂੰ ਇਸਦੀ ਸਿਆਸੀ ਕੀਮਤ ਚੁਕਾਉਣੀ ਪਵੇਗੀ।ਇਸ ਮੌਕੇ ਜਗਦੀਸ਼ ਠਾਕਰ, ਤੇਜਿੰਦਰ ਸਿੰਘ ਨੰਗਲ, ਗੁਰਪ੍ਰੀਤ ਸਿੰਘ ਖਟੜਾ, ਖੁਸ਼ਕਰਨ ਜੀਤ ਸਿੰਘ, ਲਖਵੀਰ ਸਿੰਘ ਗਰੇਵਾਲ, ਹਰਵਿੰਦਰ ਸਿੰਘ ਬਿਲਗਾ, ਰਾਜ ਕੁਮਾਰ, ਇੰਜੀ. ਕੁਮਾਰ ਗੌਰਵ, ਮਨਪ੍ਰੀਤ ਸਿੰਘ, ਹਰਵੰਤ ਸਿੰਘ ਵੀ ਮੌਜੂਦ ਸਨ।

### ਭਾਗਵਤ ਭਾਜਪਾ ਨੂੰ ...

ਜਾਵੇਗਾ। ਇਸੇ ਦੌਰਾਨ ਅਪੋਜ਼ੀਸ਼ਨ ਪਾਰਟੀਆਂ ਆਗੂਆਂ ਨੇ ਕਿਹਾ ਕਿ ਉਹ ਭਾਗਵਤ ਦੇ ਨੌਜਵਾਨਾਂ ਨਾਲ ਸੰਵਾਦ ਰਚਾਉਣ ਤੋਂ ਪ੍ਰਭਾਵਤ ਨਹੀਂ ਹਨ। ਉਨ੍ਹਾਂ ਆਰ ਐੱਸ ਐੱਸ 'ਤੇ ਸਰਕਾਰ ਦੇ ਦੋਗਲੇਪਨ ਦੀ ਮਦਦ ਕਰਨ ਦਾ ਦੋਸ਼ ਲਗਾਇਆ ਹੈ। ਭਾਗਵਤ ਵੱਲੋਂ ਜੈੱਨ ਜ਼ੀ ਨੂੰ 'ਸਾਡੇ ਲੋਕ' ਕਹਿਣ 'ਤੇ ਪ੍ਰਿਅੰਕਾ ਗਾਂਧੀ ਨੇ ਕਿਹਾ, "ਨੌਜਵਾਨਾਂ ਨੂੰ ਮੋਹਨ ਭਾਗਵਤ ਜੀ ਦੇ ਸਰਟੀਫਿਕੇਟ ਦੀ ਲੋੜ ਨਹੀਂ ਹੈ।" ਕਾਂਗਰਸ ਦੇ ਜਨਰਲ ਸਕੱਤਰ (ਸੰਗਠਨ) ਕੇ ਸੀ ਵੇਣੂਗੋਪਾਲ ਨੇ ਕਿਹਾ, "ਜੇ ਭਾਗਵਤ ਵਿੱਚ ਜੈੱਨ ਜ਼ੀ ਪ੍ਰਤੀ ਕੋਈ ਵੀ ਇਮਾਨਦਾਰੀ ਹੈ ਤਾਂ ਉਹ ਭਾਰਤ ਦੇ ਗ੍ਰਹਿ ਮੰਤਰੀ ਨੂੰ ਅਸਤੀਫਾ ਦੇਣ ਲਈ ਕਹਿਣ ਜਾਂ ਘੱਟੋ ਘੱਟ ਸੰਸਦ ਵਿੱਚ ਆ ਕੇ ਵਿਦਿਆਰਥੀਆਂ ਤੋਂ ਮੁਆਫੀ ਮੰਗਣ ਲਈ ਕਹਿਣ। ਆਰ ਐੱਸ ਐੱਸ ਸਰਕਾਰ ਨੂੰ ਕੰਟਰੋਲ ਕਰ ਰਿਹਾ ਹੈ। ਜੇ ਉਸ ਕੋਲ ਵਿਦਿਆਰਥੀਆਂ ਪ੍ਰਤੀ ਥੋੜ੍ਹੀ ਵੀ ਇਮਾਨਦਾਰੀ ਹੈ ਤਾਂ ਉਸਨੂੰ ਵਿਦਿਆਰਥੀਆਂ 'ਤੇ ਪੈਲੇਟ ਗੰਨ ਚਲਾਉਣ ਤੇ ਲਾਠੀਚਾਰਜ ਕਰਨ ਦੀ ਨਿੰਦਾ ਕਰਨੀ ਪਵੇਗੀ। ਵਿਦਿਆਰਥੀ ਸਿਰਫ ਇਹੀ ਮੰਗ ਰਹੇ ਹਨ। ਉਹ ਇਸ 'ਤੇ ਚੁੱਪ ਕਿਉਂ ਹੈ?" ਆਜ਼ਾਦ ਸਮਾਜ ਪਾਰਟੀ ਦੇ ਪ੍ਰਧਾਨ ਚੰਦਰਸ਼ੇਖਰ ਆਜ਼ਾਦ ਨੇ ਕਿਹਾ ਕਿ ਭਾਜਪਾ ਦੀ ਭਾਸ਼ਾ ਆਰ ਐੱਸ ਐੱਸ ਤੋਂ ਵੱਖਰੀ ਸੀ। ਕੁਝ ਦਿਨ ਪਹਿਲਾਂ ਇੱਕ ਆਰ ਐੱਸ ਐੱਸ ਅਹੁਦੇਦਾਰ ਕਹਿ ਰਿਹਾ ਸੀ ਕਿ ਉਹ ਪ੍ਰਦਰਸ਼ਨਕਾਰੀ ਨਹੀਂ ਸਨ, ਉਹ ਦੇਸ਼-ਵਿਰੋਧੀ ਤੱਤ ਸਨ। ਕਈ ਭਾਜਪਾ ਨੇਤਾਵਾਂ ਨੇ ਪ੍ਰਦਰਸ਼ਨਕਾਰੀਆਂ 'ਤੇ ਸਵਾਲ ਉਠਾਏ ਸਨ। ਮੋਹਨ ਭਾਗਵਤ ਨੇ ਜਿਨ੍ਹਾਂ ਨੌਜਵਾਨਾਂ ਨਾਲ ਗੱਲਬਾਤ ਕੀਤੀ... ਉਹ ਜ਼ਰੂਰ ਉਨ੍ਹਾਂ ਦੇ ਸਮਾਜਕ ਜਾਂ ਸਿਆਸੀ ਸੰਗਠਨ ਦੇ ਮੈਂਬਰ ਹੋਣਗੇ। ਸੱਚਾਈ ਇਹ ਹੈ ਕਿ ਨੌਜਵਾਨ ਗੁੱਸੇ ਵਿੱਚ ਹਨ ਅਤੇ ਸਭ ਤੋਂ ਵੱਡਾ ਕਾਰਨ ਬੇਰੁਜ਼ਗਾਰੀ ਹੈ।

### ਅਰਸ਼ੀ ਵੱਲੋਂ ਦਿੱਲੀ ਰੈਲੀ ...

ਅਤੇ ਉੱਚ ਵਿੱਦਿਆ ਅੰਦਰ ਪਾਰਦਰਸ਼ੀ ਟੈਸਟ ਪ੍ਰਣਾਲੀ, ਦਰਿਆਈ ਪਾਣੀਆਂ ਦੀ ਰਿਪੇਰੀਅਨ ਸਿਧਾਂਤ ਅਨੁਸਾਰ ਵੰਡ ਤੋਂ ਇਲਾਵਾ ਦੇਸ਼ ਅੰਦਰ ਵਧ ਰਹੇ ਫਿਰਕੂ ਫਾਸ਼ੀਵਾਦ ਦੇ ਰੁਝਾਨ ਨੂੰ ਨੱਥ ਪਾਉਣਾ ਹਨ। ਇਸ ਤੋਂ ਇਲਾਵਾ ਨੌਜਵਾਨਾਂ ਦੇ ਰੁਜ਼ਗਾਰ ਅਤੇ ਮਨਰੇਗਾ ਕਾਨੂੰਨ ਨੂੰ ਬਹਾਲ ਕਰਨਾ ਅਤੇ ਚਾਰ ਲੇਬਰ ਕਾਨੂੰਨ ਵਾਪਸ ਕਰਵਾਉਣਾ ਇਸ ਰੈਲੀ ਦਾ ਮੁੱਖ ਨਿਸ਼ਾਨਾ ਹੋਵੇਗਾ। ਉਨ੍ਹਾ ਸਮੂਹ ਪਾਰਟੀ ਵਰਕਰਾਂ, ਹਮਦਰਦਾਂ ਅਤੇ ਦੇਸ਼ ਭਗਤ ਲੋਕਾਂ ਨੂੰ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ। ਜ਼ਿਲ੍ਹਾ ਸਕੱਤਰ ਲੱਖਬੀਰ ਸਿੰਘ ਨਿਜਾਮਪੁਰ ਨੇ ਇਸ ਰੈਲੀ ਦੀ ਵਿਆਪਕ ਲਾਮਬੰਦੀ ਵਾਸਤੇ ਜ਼ਿਲ੍ਹੇ ਅੰਦਰ 12 ਅਗਸਤ ਤੋਂ ਜਥਾ ਮਾਰਚ ਸ਼ੁਰੂ ਕਰਨ ਅਤੇ ਆਮ ਲੋਕਾਂ ਤੱਕ ਇਸ ਰੈਲੀ ਦੀ ਕਾਮਯਾਬੀ ਵਾਸਤੇ ਪ੍ਰਚਾਰ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ। ਇਸ ਤੋਂ ਇਲਾਵਾ ਜ਼ਿਲ੍ਹਾ ਪਾਰਟੀ ਨੇ 10 ਅਗਸਤ ਨੂੰ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦੇਸ਼ ਵਿਆਪੀ ਸੱਦੇ ਦੀ ਪੁਰਜ਼ੋਰ ਹਮਾਇਤ ਕਰਦਿਆਂ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਮੀਟਿੰਗ ਨੂੰ ਸਾਥੀ ਨਰਿੰਦਰ ਬੱਲ, ਮੰਗਲ ਸਿੰਘ ਖਜਾਲਾ, ਗੁਰਮੁਖ ਸਿੰਘ ਸ਼ੇਰਗਿੱਲ, ਜੋਗਿੰਦਰ ਸਿੰਘ ਗੋਪਾਲਪੁਰਾ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਭੈਣਜੀ ਸ਼ਰਨਜੀਤ ਕੌਰ, ਬਰਜਿੰਦਰ ਸਿੰਘ ਜੋਸਨ, ਕਰਨੈਲ ਸਿੰਘ ਨਵਾਂ ਪਿੰਡ, ਹਰਜੀਤ ਸਿੰਘ, ਅਮਰਜੀਤ ਸਿੰਘ ਨਿਜਾਮਪੁਰ, ਨਿੰਦਰ ਸਿੰਘ ਸੈਦੋਲੇਲ, ਮਾਸਟਰ ਅਜਾਦ ਸਿੰਘ ਮਹਿਤਾ, ਪਰਕਾਸ਼ ਸਿੰਘ ਕੈਰੋਨੰਗਲ, ਸਲੱਖਣ ਸਿੰਘ ਐਡਵੋਕੇਟ, ਪਲਵਿੰਦਰ ਬੱਲ, ਅਜਮਤ ਮਸੀਹ ਅਟਾਰੀ, ਮੰਗਲ ਸਿੰਘ ਬਾਸਰਕੇ, ਗੁਰਵਿੰਦਰ ਸਿੰਘ ਖਾਲਸਾ ਨਗਰ ਤੇ ਸੁਖਦੇਵ ਸਿੰਘ ਜਗਦੇਵ ਕਲਾਂ ਆਦਿ ਹਾਜ਼ਰ ਸਨ।

### ਗੁਰਪ੍ਰੀਤ ਭੁੱਲਰ ਦਾ...

ਨਾਲ ਇਹ ਪ੍ਰਭਾਵ ਪਿਆ ਕਿ ਜੰਤਰ-ਮੰਤਰ ਦੇ ਪ੍ਰਦਰਸ਼ਨਕਾਰੀ ਅਤਿਵਾਦੀ ਮਾਡਿਊਲਾਂ ਨਾਲ ਜੁੜੇ ਹੋਏ ਸਨ। ਇੱਕ ਸਪਸ਼ਟੀਕਰਨ ਵਿੱਚ ਪੁਲੀਸ ਨੇ ਕਿਹਾ ਸੀ ਕਿ ਪ੍ਰਦਰਸ਼ਨਕਾਰੀਆਂ ਅਤੇ ਅਤਿਵਾਦੀ ਮਾਡਿਊਲ ਵਿਚਕਾਰ ਕੋਈ ਸਬੰਧ ਨਹੀਂ ਸੀ। ਪੁਲੀਸ ਬੁਲਾਰੇ ਅਨੁਸਾਰ ਭੁੱਲਰ ਨੇ ਦੱਸਿਆ ਸੀ ਕਿ ਗ੍ਰਿਫ਼ਤਾਰ ਕੀਤੇ ਗਏ ਕੁਝ ਵਿਅਕਤੀ ਜੰਤਰ-ਮੰਤਰ ਗਏ ਸਨ, ਰੇਕੀ ਕੀਤੀ ਸੀ ਅਤੇ ਕਥਿਤ ਤੌਰ 'ਤੇ ਪੈਟਰੋਲ ਬੰਬਾਂ ਨਾਲ ਪ੍ਰਦਰਸ਼ਨਕਾਰੀਆਂ ਨੂੰ ਨਿਸ਼ਾਨਾ ਬਣਾਉਣ ਦੀ ਯੋਜਨਾ ਬਣਾਈ ਸੀ।

### ਅਮਰਿੰਦਰ ਅੰਕਲ...

'ਤੇ ਰਾਹੁਲ ਗਾਂਧੀ ਨੇ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ ਸਨ। ਅਮਰਿੰਦਰ ਸਿੰਘ ਮੁਤਾਬਕ, ਉਨ੍ਹਾਂ ਦੇ ਭਰਾ ਰਾਜਾ ਰਣਧੀਰ ਸਿੰਘ ਦੇ ਅਕਾਲ ਚਲਾਣੇ 'ਤੇ ਵੀ ਰਾਹੁਲ ਗਾਂਧੀ ਨੇ ਉਨ੍ਹਾਂ ਨੂੰ ਖ਼ੁਦ ਸੁਨੇਹਾ ਭੇਜ ਕੇ ਹਮਦਰਦੀ ਪ੍ਰਗਟ ਕੀਤੀ ਸੀ। ਉਨ੍ਹਾਂ ਇਹ ਵੀ ਕਿਹਾ ਸੀ ਕਿ ਭਾਜਪਾ ਦੇ ਕਿਸੇ ਵੱਡੇ ਨੇਤਾ ਵੱਲੋਂ ਉਨ੍ਹਾਂ ਨੂੰ ਹਮਦਰਦੀ ਦਾ ਸੁਨੇਹਾ ਨਹੀਂ ਮਿਲਿਆ।

ਰਾਹੁਲ ਗਾਂਧੀ ਦਾ ਕੈਪਟਨ ਨੂੰ 'ਅੰਕਲ' ਕਹਿਣਾ ਕੇਵਲ ਸਿਆਸੀ ਸ਼ਿਸ਼ਟਾਚਾਰ ਨਹੀਂ ਮੰਨਿਆ ਜਾ ਰਿਹਾ ਹੈ। ਇਸ ਦੇ ਪਿੱਛੇ ਗਾਂਧੀ ਪਰਵਾਰ ਅਤੇ ਪਟਿਆਲਾ ਸ਼ਾਹੀ ਘਰਾਣੇ ਵਿਚਕਾਰ ਦਹਾਕਿਆਂ ਪੁਰਾਣਾ ਨਿੱਜੀ ਸੰਬੰਧ ਵੀ ਹੈ।

### 'ਬਦਲਾਅ ਜ਼ਰੂਰੀ ਹੈ' ਰੈਲੀ...

ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਬਲਾਕ ਸਕੱਤਰ ਨਰਿੰਦਰ ਸਿੰਘ ਅਲਗੋਂ ਕੋਠੀ ਨੇ ਕਿਹਾ ਕਿ ਬੀ ਜੇ ਪੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਜਮਹੂਰੀਅਤ ਦਾ ਖਾਤਮਾ ਕੀਤਾ ਹੋਇਆ ਹੈ। ਜਿਹੜਾ ਵੀ ਬੁੱਧੀਜੀਵੀ ਤੇ ਲਿਖਾਰੀ ਕੇਂਦਰ ਸਰਕਾਰ ਖ਼ਿਲਾਫ਼ ਲਿਖਦਾ ਅਤੇ ਬੋਲਦਾ ਹੈ, ਉਸ ਨੂੰ ਜੇਲ੍ਹ ਵਿੱਚ ਬੰਦ ਕਰ ਦਿੱਤਾ ਜਾਂਦਾ ਹੈ। ਕਈ ਲੇਖਕਾਂ ਨੂੰ ਸਰਕਾਰ ਨੇ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਡੱਕਿਆ ਹੋਇਆ ਹੈ। ਆਗੂਆਂ ਨੇ ਮੰਗ ਕੀਤੀ ਕਿ ਉਨ੍ਹਾਂ ਨੂੰ ਫੌਰੀ ਤੌਰ 'ਤੇ ਰਿਹਾਅ ਕੀਤਾ ਜਾਵੇ। ਕੇਂਦਰੀ ਹਕੂਮਤ ਨੇ ਨਰੇਗਾ ਕਾਨੂੰਨ ਲੱਗਭੱਗ ਖਤਮ ਕਰ ਦਿੱਤਾ ਹੈ। ਨਵੇਂ ਕਾਨੂੰਨ ਅਨੁਸਾਰ ਨਰੇਗਾ ਕਾਮੇ ਕੰਮ ਲੈਣ ਲਈ ਸ਼ਰਤਾਂ ਹੀ ਪੂਰੀਆਂ ਨਹੀਂ ਕਰ ਸਕਦੇ ਤਾਂ ਕੰਮ ਕਿਸ ਤਰ੍ਹਾਂ ਮਿਲੇਗਾ। ਦੂਜੇ ਪਾਸੇ ਨਰੇਗਾ ਮੁਲਾਜ਼ਮਾਂ ਨੇ ਆਪਣੇ ਹੱਕਾਂ ਲਈ ਹੜਤਾਲ ਕੀਤੀ ਹੋਈ ਹੈ ਤੇ ਸਰਕਾਰ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨ ਰਹੀ। ਆਗੂਆਂ ਨੇ ਕਿਹਾ ਕਿ ਨਰੇਗਾ ਕਾਮਿਆਂ ਨੂੰ ਹਰ ਹਾਲਤ ਵਿੱਚ ਕੰਮ ਦਿੱਤਾ ਜਾਵੇ। ਕੇਂਦਰੀ ਸਰਕਾਰ ਨੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਤੋਂ ਵੀ ਕੰਨੀ ਵੱਟੀ ਹੋਈ ਹੈ ਅਤੇ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਇਸ਼ਾਰੇ 'ਤੇ ਚੱਲ ਰਹੀ ਹੈ। ਕਿਸਾਨਾਂ ਦੀਆਂ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਲਾਗੂ ਨਾ ਕਰਕੇ ਕਿਸਾਨਾਂ ਨੂੰ ਲੁੱਟਿਆ ਜਾ ਰਿਹਾ ਹੈ। ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਪੰਜਾਬ ਇਸਤਰੀ ਸਭਾ ਦੀ ਆਗੂ ਰੁਪਿੰਦਰ ਕੌਰ ਮਾੜੀਮੇਘਾ ਅਤੇ ਸੁਖਦੇਵ ਸਿੰਘ ਕਾਲੇ ਨੇ ਕਿਹਾ ਕਿ ਚੰਡੀਗੜ੍ਹ ਪੰਜਾਬ ਨੂੰ ਮਿਲਣਾ ਚਾਹੀਦਾ ਹੈ ਕਿਉਂਕਿ ਚੰਡੀਗੜ੍ਹ ਪੰਜਾਬ ਦੀ ਧਰਤੀ 'ਤੇ ਬਣਿਆ ਹੈ ਤੇ ਇਸ 'ਤੇ ਪੰਜਾਬ ਵਾਸੀਆਂ ਦਾ ਹੀ ਹੱਕ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਔਰਤਾਂ 'ਤੇ ਹੋ ਰਹੇ ਜਬਰ-ਜ਼ੁਲਮ ਬੰਦ ਹੋਣ ਅਤੇ ਔਰਤਾਂ ਨੂੰ ਮਰਦਾਂ ਦੇ ਬਰਾਬਰ ਹੱਕ ਮਿਲਣੇ ਚਾਹੀਦੇ ਹਨ। ਜਥੇ ਦੀ ਅਗਵਾਈ ਕਰਤਿਆਂ ਵਿੱਚ ਟਹਿਲ ਸਿੰਘ ਲੱਧੂ, ਜਸਵੰਤ ਸਿੰਘ ਸੁਰਵਿੰਡ, ਰਛਪਾਲ ਸਿੰਘ ਬਾਠ, ਡਾ. ਰਸਾਲ ਸਿੰਘ ਪਹੂਵਿੰਡ, ਅਸ਼ਵਨੀ ਕੁਮਾਰ ਸਿੱਧਵਾਂ ਅਤੇ ਕਾਬਲ ਸਿੰਘ ਖਾਲੜਾ ਵੀ ਸਨ।

### ਹੀਲਿਆਂ ਨੂੰ ਹਾਂ ਕਰੋਂਗੇ ...

ਸਰਗਰਮ ਨਜ਼ਰ ਆਈ। ਇਸ ਸੰਬੰਧ ਵਿੱਚ ਇਸ ਪੱਤਰਕਾਰ ਨੇ ਐੱਸ ਐੱਚ ਓ ਦਲਬੀਰ ਸਿੰਘ ਨਾਲ ਫੋਨ 'ਤੇ ਸੰਪਰਕ ਕੀਤਾ। ਉਨ੍ਹਾਂ ਮੁਤਾਬਕ ਪੁਲਸ ਨੇ ਕਸਬੇ ਵਿੱਚ ਅਪਰੇਸ਼ਨ ਕਾਸੋ ਕੀਤਾ ਹੈ। ਥਾਣਾ ਮੁਖੀ ਨੇ ਦੱਸਿਆ ਕਿ ਅਪਰੇਸ਼ਨ ਦੌਰਾਨ ਕੁਝ 'ਬੰਦੇ' ਕਾਬੂ ਕੀਤੇ ਹਨ। ਕਸਬੇ ਦੇ ਹਾਲਾਤ ਬਾਰੇ ਕੁਝ ਵਿਸਥਾਰ ਨਾਲ ਗੱਲ ਕਰਨ ਦੀ ਥਾਂ ਉਨ੍ਹਾਂ ਸਿਰਫ਼ ਏਨਾ ਹੀ ਕਿਹਾ ਕਿ ਫੜੇ ਗਏ ਵਿਅਕਤੀਆਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਦੂਸਰੇ ਪਾਸੇ ਕਿਰਤੀ ਔਰਤਾਂ ਖ਼ਬਰ ਲਿਖੇ ਜਾਣ ਤੱਕ ਵੀ ਆਪਣੇ ਨਾਕਿਆਂ 'ਤੇ ਡਟੀਆਂ ਹੋਈਆਂ ਸਨ। ਉਨ੍ਹਾਂ ਦੀ ਹਿੰਮਤ ਦੇਖ ਕੇ ਡਾ. ਸਤਿੰਦਰ ਸਰਤਾਜ ਇਹ ਗਾਉਂਦਿਆਂ ਜ਼ਿਹਨ ਦਾ ਹਿੱਸਾ ਬਣ ਗਿਆ, 'ਬੇਖੁਦੀ ਆਪਣੀ ਜਗ੍ਹਾ ਤੇ ਜੁਸਤਜੂ ਆਪਣੀ ਜਗ੍ਹਾ...ਹੀਲਿਆਂ ਨੂੰ ਹਾਂ ਕਰੋਂਗੇ ਤਾਂ ਵਸੀਲੇ ਹੋਣਗੇ...'। ਇਸ ਦੌਰਾਨ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਸਰਹਾਲੀ ਕਲਾਂ ਨੇ ਪੁਲਸ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਕਸਬੇ ਵਿੱਚ ਦਿਨੋ-ਦਿਨ ਵਧ ਰਹੇ ਨਸ਼ੇ ਦੇ ਕੋਹੜ ਨੂੰ ਰੋਕਿਆ ਜਾਵੇ।



ਕੋਟਕਪੂਰਾ ਤੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਕਾਫ਼ਲਾ ਚੰਡੀਗੜ੍ਹ ਰੈਲੀ 'ਚ ਸ਼ਾਮਲ ਹੋਣ ਲਈ ਰਵਾਨਾ ਹੋਣ ਸਮੇਂ। ਇਹ ਕਾਫਲਾ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ,ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਢੁੱਡੀ ਤੇ ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ ਦੀ ਅਗਵਾਈ ਹੇਠ ਬੱਸ ਸਟੈਂਡ ਕੋਟਕਪੂਰਾ ਤੋਂ ਕਾਫ਼ਲਾ ਰਵਾਨਾ ਹੋਇਆ। (ਫੋਟੋ ਤੇ ਵੇਰਵਾ : ਰਛਪਾਲ ਭੁੱਲਰ, ਕੋਟਕਪੂਰਾ)

## ਕਾਂਗਰਸ ਆਗੂ ਗੌਰਵ ਸੰਧੂ ਨੇ ਜਨ ਸੰਪਰਕ ਮੁਹਿੰਮ ਕੀਤੀ ਤੇਜ਼



**ਸਨੌਰ (ਰਾਜਿੰਦਰ ਸਿੰਘ ਥਿੰਦ)**-ਰਾਜੀਵ ਗਾਂਧੀ ਪੰਚਾਇਤੀ ਰਾਜ ਦੇ ਸੂਬਾ ਮੀਤ ਪ੍ਰਧਾਨ ਤੇ ਯੂਥ ਕਾਂਗਰਸ ਦੇ ਆਗੂ ਗੌਰਵ ਸੰਧੂ ਨੇ 2027 ਮਿਸ਼ਨ ਨੂੰ ਲੈ ਕੇ ਸਨੌਰ ਹਲਕੇ ਅੰਦਰ ਜਨ-ਸੰਪਰਕ ਮੁਹਿੰਮ ਤੇਜ਼ ਕਰ ਦਿੱਤੀ ਹੈ। ਗੌਰਵ ਸੰਧੂ ਨੇ ਕਿਹਾ ਕਿ ਹਲਕਾ ਸਨੌਰ ਦਾ ਹਰ ਕਾਂਗਰਸੀ ਵਰਕਰ ਅੱਜ ਵੀ ਕਾਂਗਰਸ ਪਾਰਟੀ ਨਾਲ ਡਟ ਕੇ ਖੜ੍ਹਾ ਹੈ।ਉਨ੍ਹਾਂ ਕਿਹਾ ਕਿ 2027 ਵਿਚ ਕਾਂਗਰਸ ਪਾਰਟੀ ਇਸ ਹਲਕੇ ਤੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਸਰਵਉੱਚ ਹੈ।ਕੋਈ ਵੀ ਲੀਡਰ ਇਸ ਗਲਤਫਹਿਮੀ 'ਚ ਨਾ ਰਹੇ ਕਿ ਵਰਕਰ ਉਸ ਦੇ ਨਾਲ ਹਨ।ਸਨੌਰ ਤੋਂ ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ਕਿਹਾ ਕਿ ਪਾਰਟੀ ਤੇ ਲੋਕ ਹੀ ਕਿਸੇ ਲੀਡਰ ਦਾ ਕਾਂਗਰਸੀ ਆਗੂ ਉਨ੍ਹਾਂ ਦਾ ਕੱਦ ਵਧਾਉਂਦੇ ਹਨ।ਉਨ੍ਹਾਂ ਕਿਹਾ ਕਿ ਉਹ ਲਗਾਤਾਰ ਹਲਕਾ ਸਨੌਰ ਵਿੱਚ ਜਾ ਰਹੇ ਹਨ ਅਤੇ ਇਕ ਇਕ ਪਿੰਡ ਵਿੱਚ 4 ਚਾਰ ਵਾਰ ਜਾ ਚੁੱਕੇ ਹਨ।ਲੋਕਾਂ ਦਾ ਬਹੁਤ ਵੱਡਾ ਉਤਸ਼ਾਹ ਕਾਂਗਰਸ ਪਾਰਟੀ ਦੇ ਨਾਲ ਹੈ।

## ਫੀਲਡ ਕਾਨਵੈਂਟ ਸਕੂਲ 'ਚ ਸਨਮਾਨ ਸਮਾਰੋਹ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਦੇ ਨਰਸਰੀ ਕਲਾਸ ਤੋਂ ਗਿਆਰ੍ਹਵੀਂ ਕਲਾਸ ਤੱਕ ਦੇ ਜਿਨ੍ਹਾਂ ਬੱਚਿਆਂ ਨੇ ਆਪਣੀ ਕਲਾਸ ਵਿਚੋਂ ਸਭ ਤੋਂ ਵੱਧ ਨੰਬਰ ਲੈ ਕੇ ਸਾਲਾਨਾ ਇਮਤਿਹਾਨ ਵਿੱਚ ਪਹਿਲੇ ਨੰਬਰ ਉੱਪਰ ਆ ਕੇ ਵਧੀਆ ਪੁਜ਼ੀਸ਼ਨਾਂ ਹਾਸਲ ਕੀਤੀਆਂ, ਉਨ੍ਹਾਂ ਬੱਚਿਆਂ ਨੂੰ ਸਕੂਲ ਚੇਅਰਮੈਨ ਨਰ ਸਿੰਘ ਬਰਾੜ, ਪ੍ਰਿੰਸੀਪਲ ਬਾਇਜੂ ਵਿਜੇ ਤੇ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਨੇ ਕਲਾਸ ਇੰਚਾਰਜ ਟੀਚਰਾਂ ਦੇ ਸਹਿਯੋਗ ਨਾਲ ਬੱਚਿਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ। ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਫਸਟ ਪੁਜ਼ੀਸ਼ਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਤ ਕਰਨ ਨਾਲ ਜਿੱਥੇ ਇਨ੍ਹਾਂ ਬੱਚਿਆਂ ਦਾ ਪੜ੍ਹਾਈ ਪ੍ਰਤੀ ਹੌਂਸਲਾ ਵਧਦਾ ਹੈ, ਉੱਥੇ ਦੂਜੇ ਬੱਚਿਆਂ ਨੂੰ ਵੀ ਪ੍ਰੇਰਨਾ ਮਿਲਦੀ ਹੈ ਅਤੇ ਉਨ੍ਹਾਂ ਦਾ ਪੜ੍ਹਾਈ ਪ੍ਰਤੀ ਉਤਸ਼ਾਹ ਉਤਪੰਨ ਹੁੰਦਾ ਹੈ।ਇਹ ਸਨਮਾਨ ਹਰ ਸਾਲ ਬੱਚਿਆਂ ਨੂੰ ਸਕੂਲ ਵੱਲੋਂ ਦਿੱਤਾ ਜਾਂਦਾ ਹੈ, ਇਸੇ ਕਰਕੇ ਸਕੂਲ ਦੇ ਹਰ ਸਾਲ ਵਧੀਆ ਰਿਜ਼ਲਟ ਆਉਂਦੇ ਹਨ।ਇਸ ਮੌਕੇ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਸਖ਼ਤ ਮਿਹਨਤ ਕਰਕੇ ਬੱਚਿਆਂ ਨੂੰ ਇਹ ਪੁਜ਼ੀਸ਼ਨਾਂ ਲੈਣ ਯੋਗ ਬਣਾਇਆ, ਜਿਸ ਨਾਲ ਸਕੂਲ ਦਾ ਨਾਂਅ ਰੌਸ਼ਨ ਹੋਇਆ ਤੇ ਬੱਚਿਆਂ ਅਤੇ ਮਾਪਿਆਂ ਦਾ ਸਕੂਲ ਪ੍ਰਤੀ ਵਿਸ਼ਵਾਸ ਵਿਚ ਵਾਧਾ ਹੋਇਆ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਹੋਈ



**ਮੱਖੂ (ਰਛਪਾਲ ਸਿੰਘ ਸੰਧੂ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਮੱਖੂ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਡਾ. ਲਵਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਡਾ. ਹਰਭਜਨ ਲਾਲ ਕੰਬੋਜ, ਡਾ. ਆਤਮਾ ਸਿੰਘ ਬਲਾਕ ਪ੍ਰਧਾਨ ਜੀਰਾ ਅਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਹੋਰ ਸਾਥੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਬਲਾਕ ਦੇ ਮੈਂਬਰਾਂ ਨੂੰ ਕੰਮ ਕਰਨ ਦੌਰਾਨ ਆ ਰਹੀਆਂ ਮੁਸਕਲਾਂ ਤੇ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਪ੍ਰਧਾਨ ਲਵਪ੍ਰੀਤ ਸਿੰਘ, ਸਕੱਤਰ ਕੁਲਬੀਰ ਸਿੰਘ, ਜ਼ਿਲ੍ਹਾ ਕਮੇਟੀ ਮੈਂਬਰ ਪਰਮਜੀਤ ਸਿੰਘ ਤੇ ਉਪਰੋਕਤ ਜ਼ਿਲ੍ਹਾ ਸੀਨੀਅਰ ਆਗੂਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਮੱਖੂ ਤੇ ਆਸ-ਪਾਸ ਦੇ ਪਿੰਡਾਂ ਵਿੱਚ ਕੰਮ ਕਰਦੇ ਪ੍ਰੈਕਟੀਸ਼ਨਰਾਂ ਨੂੰ ਸਾਫ ਸੁਥਰਾ ਕੰਮ ਕਰਨ ਲਈ ਕਿਹਾ ਅਤੇ ਕਿਹਾ ਕਿ ਕੋਈ ਵੀ ਅਜਿਹਾ ਕੰਮ ਨਾ ਕਰੋ, ਜੋ ਸਰਕਾਰ ਦੀਆਂ ਨਜ਼ਰਾਂ ਵਿੱਚ ਗ਼ਲਤ ਹੋਵੇ। ਚੇਅਰਮੈਨ ਡਾਕਟਰ ਗੁਲਾਬ, ਮੀਤ ਸਕੱਤਰ ਤਰਸੇਮ ਸਿੰਘ ਤੇ ਸਟੇਜ ਸਕੱਤਰ ਜਸਵੀਰ ਸਿੰਘ, ਖ਼ਜ਼ਾਨਚੀ ਰਾਜਵਿੰਦਰ ਸਿੰਘ ਨੇ ਸਰਕਾਰ ਕੋਲੋਂ ਲੰਮੇ ਸਮੇਂ ਤੋਂ ਮੰਗੀ ਜਾ ਰਹੀ ਰਜਿਸਟ੍ਰੇਸ਼ਨ ਦੀ ਮੰਗ ਕਰਦਿਆਂ ਕਿਹਾ ਕਿ ਇਹ ਉਹ ਪ੍ਰੈਕਟੀਸ਼ਨਰ ਹਨ ਜਿਨ੍ਹਾਂ ਨੇ ਕੋਰੋਨਾ ਕਾਲ ਵੇਲੇ ਜਦੋਂ ਵੱਡੇ ਹਸਪਤਾਲ ਬੰਦ ਪਏ ਸਨ ਤਾਂ ਗਰੀਬ ਵਰਗ ਦੇ ਲੋਕਾਂ ਨੂੰ ਪਿੰਡਾਂ ਜਾਂ ਸ਼ਹਿਰ ਦੇ ਸਲੱਮ ਏਰੀਏ ਵਿੱਚ ਰਹਿੰਦੇ ਲੋਕਾਂ ਲਈ ਮਸੀਹਾ ਬਣ ਕੇ ਬਹੁੜੇ ਸਨ ਅਤੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਲੋਕਾਂ ਨੂੰ ਮੁੱਢਲੀਆਂ ਸਿਹਤ ਸਹੂਲਤਾਂ ਦੇ ਕੇ ਬਚਾਇਆ।ਮੀਟਿੰਗ ਵਿੱਚ ਜੋਤ ਹਸਪਤਾਲ ਜੀਰਾ ਤੇ ਨਿਰਮਾਣ ਸਕੈਨ ਸੈਂਟਰ ਮੱਖੂ ਦੇ ਐਮਡੀ ਐਡਵੋਕੇਟ ਪਰਮਿੰਦਰ ਦੇਵਗਣ, ਕਸ਼ੀਸ਼ ਦੁੱਗਲ, ਮੈਡਮ ਡਾ. ਹਰਲੀਨ, ਮੈਡਮ ਡਾ. ਬੁਸ਼ਰਾ ਭੱਟ ਨੇ ਪਹੁੰਚ ਕੇ ਆਪਣੇ ਹਸਪਤਾਲ ਤੇ ਸਕੈਨ ਸੈਂਟਰ ਵਿੱਚ ਚੱਲ ਰਹੀਆਂ ਇਲਾਜ਼ ਪ੍ਰਣਾਲੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

## ਅਤਾਲਾਂ 'ਚ ਡਾ. ਗੁਰਚਰਨ ਦੇ ਹੱਕ ਚ ਮੀਟਿੰਗ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸ਼ੁਤਰਾਣਾ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦਾ ਐਲਾਨ ਕਰ ਚੁੱਕੇ ਡਾਕਟਰ ਗੁਰਚਰਨ ਵੱਲੋਂ ਚੋਣ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ।ਇਸ ਦੌਰਾਨ ਉਨ੍ਹਾਂ ਕਸਬਾ ਘੱਗਾ ਨੇੜਲੇ ਪਿੰਡ ਅਤਾਲਾਂ ਵਿਖੇ ਮੀਟਿੰਗ ਕੀਤੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਕੇ ਸਾਥ ਦੇਣ ਦਾ ਭਰੋਸਾ ਦਿੱਤਾ।ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਡਾਕਟਰ ਗੁਰਚਰਨ ਨੇ ਕਿਹਾ ਕਿ ਜੇਕਰ ਹਲਕੇ ਦੀ ਕਮਾਨ ਉਨ੍ਹਾਂ ਦੇ ਹੱਥ ਆਉਂਦੀ ਹੈ, ਤਾਂ ਉਹ ਹਰ ਵਿਅਕਤੀ ਦੇ ਹੱਕ ਦੀ ਲੜਾਈ ਲੜਨਗੇ।ਉਨ੍ਹਾਂ ਵਾਅਦਾ ਕੀਤਾ ਕਿ ਹਲਕੇ ਦੀਆਂ ਧੀਆਂ-ਭੈਣਾਂ ਦੀ ਇੱਜ਼ਤ ਨੂੰ ਆਪਣੀ ਇੱਜ਼ਤ ਸਮਝ ਕੇ ਉਨ੍ਹਾਂ ਦੀ ਰਾਖੀ ਕਰਨਗੇ ਤੇ ਹਰ ਮਜ਼ਲੂਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਨਗੇ। ਪਿਛਲੀਆਂ ਸਰਕਾਰਾਂ 'ਤੇ ਤਿੱਖੇ ਨਿਸ਼ਾਨੇ ਵਿੰਨ੍ਹਦਿਆਂ ਡਾਕਟਰ ਗੁਰਚਰਨ ਨੇ ਕਿਹਾ, 'ਪਿਛਲੀਆਂ ਸਰਕਾਰਾਂ ਨੇ ਅਵਾਮ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਹੈ।ਜਦੋਂ ਲੋਕ ਆਪਣੇ ਹੱਕ ਮੰਗਦੇ ਹਨ, ਤਾਂ ਇਹ ਸਰਕਾਰਾਂ ਉਨ੍ਹਾਂ 'ਤੇ ਝੂਠੇ ਪਰਚੇ ਦਰਜ ਕਰਕੇ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰਦੀਆਂ ਹਨ।

## ਹੇਮਕੁੰਟ ਸਕੂਲ ਦੀ ਕ੍ਰਿਕਟ ਟੀਮ ਨੇ ਜ਼ੋਨਲ ਪੱਧਰ 'ਤੇ ਜਿੱਤਿਆ ਪਹਿਲਾ ਸਥਾਨ



**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਸ਼ਾਨਦਾਰ ਪ੍ਰਾਪਤੀ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੀ ਅੰਡਰ-14 ਲੜਕਿਆਂ ਦੀ ਕ੍ਰਿਕਟ ਟੀਮ ਨੇ 69ਵੀਆਂ ਜ਼ੋਨਲ ਸਕੂਲ ਖੇਡਾਂ 2025-26 ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੱਲੋਟੀ ਵਿਖੇ ਕਰਵਾਏ ਗਏ ਕ੍ਰਿਕਟ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ੋਨ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਮੁਕਾਬਲਿਆਂ ਦੌਰਾਨ ਹੇਮਕੁੰਟ ਸਕੂਲ ਦੇ ਖਿਡਾਰੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਟੀਮ ਭਾਵਨਾ ਨਾਲ ਖੇਡਦਿਆਂ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕੋਚ ਹਰਸ਼ਦੀਪ ਸਿੰਘ, ਜਿੰਦਰਪਾਲ ਸਿੰਘ, ਸੁਰਿੰਦਰਪਾਲ ਸਿੰਘ, ਮਹੇਸ਼ ਕੁਮਾਰ ਤੇ ਜਗਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ੋਨ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਸ਼ਾਨਦਾਰ ਜਿੱਤ 'ਤੇ ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ. ਡੀ. ਰਣਜੀਤ ਕੌਰ ਸੰਧੂ ਨੇ ਜੇਤੂ ਟੀਮ, ਕੋਚ ਸਾਹਿਬਾਨ ਤੇ ਖਿਡਾਰੀਆਂ ਨੂੰ ਦਿਲੋਂ ਵਧਾਈ ਦਿੱਤੀ।ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਜੇਤੂ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਸਫਲਤਾ ਖਿਡਾਰੀਆਂ ਦੀ ਮਿਹਨਤ, ਲਗਨ, ਅਨੁਸ਼ਾਸਨ ਤੇ ਕੋਚ ਸਾਹਿਬਾਨ ਦੀ ਯੋਗ ਅਗਵਾਈ ਦਾ ਨਤੀਜਾ ਹੈ।ਉਨ੍ਹਾਂ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਹੋਰ ਮਿਹਨਤ ਕਰਕੇ ਉੱਚ ਪੱਧਰ 'ਤੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਦੇ ਸਮੂਹ ਸਟਾਫ਼ ਵੱਲੋਂ ਵੀ ਜੇਤੂ ਖਿਡਾਰੀਆਂ ਤੇ ਕੋਚ ਸਾਹਿਬਾਨ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਮੁਬਾਰਕਬਾਦ ਦਿੱਤੀ ਗਈ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਧਰਤੀ ਮਾਤਾ ਜੰਗਾਂ ਨਹੀਂ, ਅਮਨ-ਸ਼ਾਂਤੀ ਚਾਹੁੰਦੀ ਹੈ : ਐੱਸ ਕੇ ਐੱਮ

**ਸੋਗ ਮੌਕੇ ਖੰਡ ਮਿੱਲ ਮੋਰਚੇ ਤੇ ਹੀਰੋਸ਼ੀਮਾ ਤੇ ਨਾਗਾਸਾਕੀ ਦੇ ਐਟਮੀ ਸਾਕੇ ਦੀ 81 ਵਰ੍ਹੇਗੰਢ 'ਤੇ ਸ਼ਰਧਾਂਜਲੀ**

ਵਲਟੋਹਾ (ਗੁਰਜੀਤ ਸਿੰਘ ਵਲਟੋਹਾ) - ਦੂਜੀ ਸੰਸਾਰ ਜੰਗ ਵਿੱਚ 6 ਅਗਸਤ 1945 ਨੂੰ ਅਮਰੀਕਾ ਵੱਲੋਂ ਜਪਾਨ ਦੇ ਸ਼ਹਿਰ ਨਾਗਾਸਾਕੀ ਤੇ ਹੀਰੋਸ਼ੀਮਾ ਉੱਤੇ ਸੁੱਟੇ ਗਏ ਐਟਮ ਬੰਬਾਂ ਨਾਲ ਮਾਰੇ ਗਏ ਬੇਕਸੂਰ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਖੰਡ ਮਿੱਲ ਮੋਰਚੇ ਦੇ 78ਵੇਂ ਦਿਨ ਸੰਯੁਕਤ ਕਿਸਾਨ ਮੋਰਚਾ ਦੇ ਬੈਨਰ ਹੇਠ ਲਗਾਤਾਰ ਧਰਨੇ ਤੇ ਆਗੂਆਂ ਦਲਜੀਤ ਸਿੰਘ ਟਾਂਡਾ, ਨਛੱਤਰ ਸਿੰਘ ਪੱਤੂ, ਦਲਜੀਤ ਸਿੰਘ ਦਿਆਲਪੁਰਾ, ਸਤਨਾਮ ਸਿੰਘ ਲੁਹਾਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਾਬਾ ਸੁਖਦੇਵ ਸਿੰਘ ਮੁੱਗਲਾ, ਦਿਲਬਾਗ ਸਿੰਘ ਮਰਹਾਣਾ ਨੇ ਕਿਹਾ ਕਿ ਇਹ ਧਰਤੀ ਮਾਤਾ ਮਨੁੱਖਤਾ ਦੇ ਸੁਖ ਨਾਲ ਵੱਸਣ ਲਈ ਬਣੀ ਹੈ ਪਰ ਹਾਕਮ ਸਰਮਾਏਦਾਰ ਜਮਾਤ ਕੁੱਝ ਹੱਥਾਂ ਵਿੱਚ ਸਰਮਾਇਆ ਇਕੱਠਾ ਕਰਨ ਲਈ ਜੰਗਾਂ ਦਾ ਮਾਹੌਲ ਸਿਰਜ ਰਹੀ ਹੈ। ...




ਲਾਲਚ ਪੂਰੀ ਕਰਦੀ ਹੈ। ਇਸ ਕਰਕੇ ਅੱਜ ਲੋੜ ਹੈ ਕਿ ਸਮੁੱਚੀ ਮਿਹਨਤਕਸ਼ ਜਨਤਾ ਇਸ ਧਰਤੀ ਤੋਂ ਕਾਰਪੋਰੇਟ ਜਗਤ ਦਾ ਲੁਟੇਰਾ ਰਾਜ ਖ਼ਤਮ ਕਰਨ ਲਈ ਇੱਕਜੁੱਟ ਹੋਵੇ ... ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਰਾਜ ਸਿੰਘ ਸਿੱਧੂ, ... ਆਦਿ ਹਾਜ਼ਰ ਸਨ।

# ਸ਼ਮਸ਼ੇਰ ਸਿੰਘ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੀਨਾਨਗਰ ਹਲਕੇ ਅੰਦਰ ਮਜ਼ਬੂਤ ਹੋਈ : ਸਮੂਹ ਸਰਪੰਚ



ਦੀਨਾਨਗਰ (ਬਲਵਿੰਦਰ ਸਿੰਘ ਢਿੱਲੋਂ) - ਦੀਨਾਨਗਰ ਵਿਧਾਨ ਸਭਾ ਹਲਕੇ ਦੇ ਦੀਨਾਨਗਰ ਬਲਾਕ ਦੇ 100 ਤੋਂ ਵੱਧ ਸਰਪੰਚਾਂ, ਬਲਾਕ ਸੰਮਤੀ ਮੈਂਬਰਾਂ ਅਤੇ ਪਾਰਟੀ ਦੇ ਹੋਰ ਅਹੁਦੇਦਾਰਾਂ ਨੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ 'ਚ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਦੀਨਾਨਗਰ ਹਲਕੇ ਅੰਦਰ ਪਾਰਟੀ ਮਜ਼ਬੂਤ ਹੋਈ ਹੈ। ... ਇਸ ਮੌਕੇ ... ਆਦਿ ਹਾਜ਼ਰ ਸਨ।

# ਇਹ ਟੋਆ ਰੁੱਖ ਕਿਸੇ ਦੀ ਵੀ ਜਾਨ ਲਈ ਬਣ ਸਕਦੇ ਖਤਰਾ



ਗੁਰਦਾਸਪੁਰ (ਜਨਕ ਮਹਾਜਨ) - ਗੁਰਦਾਸਪੁਰ-ਬਹਿਰਾਮਪੁਰ ਸੜਕ 'ਤੇ ਪਿੰਡ ਮਿਆਣੀ ਝਮੇਲਾ ਨਜ਼ਦੀਕ ਸੜਕ ਕੰਢੇ ਲੱਗਾ ਸਫੈਦੇ ਦਾ ਰੁੱਖ ਅਤੇ ਸੜਕ ਵਿੱਚ ਪਏ ਟੋਏ ਕਿਸੇ ਵੀ ਸਮੇਂ ਵੱਡੇ ਹਾਦਸੇ ਦਾ ਕਾਰਨ ਬਣ ਸਕਦੇ ਹਨ। ... ਉਨ੍ਹਾਂ ਕਿਹਾ ਕਿ ਜੇਕਰ ਸਮਾਂ ਰਹਿੰਦੇ ਪ੍ਰਸ਼ਾਸਨ ਨੇ ਇਸ ਪਾਸੇ ਧਿਆਨ ਨਾ ਦਿੱਤਾ ਤਾਂ ਕਿਸੇ ਵੀ ਸਮੇਂ ਜਾਨੀ ਨੁਕਸਾਨ ਹੋ ਸਕਦਾ ਹੈ।

## ਕਾਤਲਾਂ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਝਬਾਲ 'ਚ ਲੱਗਾ ਧਰਨਾ

ਸਰਾਏ ਅਮਾਨਤ ਖਾਂ (ਅੰਮ੍ਰਿਤ ਮਨੌਲ) : ਬੀਤੇ ਦਿਨੀਂ ਝਬਾਲ ਵਿਖੇ ਮਾਮੂਲੀ ਤਕਰਾਰ ਦੌਰਾਨ ਹੋਏ ਕਤਲ ਦੇ ਮਾਮਲੇ ਵਿੱਚ ਕਾਤਲਾਂ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਪਰਵਾਰ ਅਤੇ ਇਲਾਕਾ ਵਾਸੀਆਂ ਵੱਲੋਂ ਧਰਨਾ ਲਗਾਇਆ ਗਿਆ। ...



... ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਪਰਵਾਰ ਨੂੰ ਪੂਰਾ ਇਨਸਾਫ਼ ਦਿੱਤਾ ਜਾਵੇਗਾ।

# 20 ਨੂੰ ਮੰਗਾਂ ਨਾ ਮੰਨਣ 'ਤੇ ਘੋਲ ਨੂੰ ਹੋਰ ਤੇਜ਼ ਕਰਾਂਗੇ : ਸਰੋਜ ਬਾਲਾ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) - ਸੀਟੂ ਦਫਤਰ ਪੁਤਲੀਘਰ ਅੰਮ੍ਰਿਤਸਰ ਵਿਚ ਆਸ਼ਾ ਵਰਕਰ ਫੈਸਿਲੀਟੇਟਰ ਯੂਨੀਅਨ (ਸੀਟੂ) ਦੇ ਸੱਦੇ 'ਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਇਸ ਮੀਟਿੰਗ ਨੂੰ ਸੂਬਾਈ ਪ੍ਰਧਾਨ ਸਰੋਜ ਬਾਲਾ ਅਤੇ ... ਸੰਘਰਸ਼ ਹੋਰ ਵੀ ਤੇਜ਼ ਕੀਤਾ ਜਾਵੇਗਾ। ... ਇਸ ਕਰਕੇ 10 ਅਗਸਤ ਨੂੰ 'ਮੋਦੀ ਹਟਾਓ, ਦੇਸ਼ ਬਚਾਓ' ਦਾ ਨਾਅਰਾ ਦੇ ਕੇ ... ਸੰਯੁਕਤ ਕਿਸਾਨ ਮੋਰਚੇ ਵੱਲੋਂ ਸਾਂਝੇ ਤੌਰ 'ਤੇ ...



... ਹਾਜ਼ਰ ਸਨ।

# ਯੁਵਕ ਸੇਵਾਵਾਂ ਵਿਭਾਗ ਨੇ ਕਰਵਾਈ ਰੈੱਡ ਰਿਬਨ ਕਲੱਬਾਂ ਦੀ ਐਡਵੋਕੇਸੀ ਮੀਟਿੰਗ

ਅੰਮ੍ਰਿਤਸਰ (ਜਗਦੀਸ਼ ਕਮਲੇਸ਼) - ਯੁਵਕ ਸੇਵਾਵਾਂ ਵਿਭਾਗ ਅੰਮ੍ਰਿਤਸਰ ਦੇ ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਨੇ ਜ਼ਿਲ੍ਹੇ ਦੇ ਰੈੱਡ ਰਿਬਨ ਕਲੱਬਾਂ ਦਾ ਸਮੂਹ ਪ੍ਰੋਗਰਾਮ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ... ਸੈਸ਼ਨ 2025-26 ... 2026-27 ਦੌਰਾਨ ...



... ਵੀ ਮੌਜੂਦ ਸਨ।

# ਸ੍ਰੀ ਦੇਵੀ ਤਲਾਬ ਮੰਦਰ ਵਿਖੇ ਬੇਅਦਬੀ ਦੀ ਘਟਨਾ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਸ਼ੁਰੂ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ) - ਜਲੰਧਰ ਸਥਿਤ ਸ੍ਰੀ ਦੇਵੀ ਤਲਾਬ ਮੰਦਰ ਵਿਖੇ ਹੋਈ ਬੇਅਦਬੀ ਦੀ ਘਟਨਾ ਦੀ ਰਾਸ਼ਟਰੀ ਭਗਵਾ ਸੈਨਾ ਸੰਗਠਨ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ... 8 ਅਗਸਤ ਨੂੰ ਪੰਜਾਬ ਬੰਦ ਦੇ ... ਸੱਦੇ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ...

## ਹਿੰਦੁਸਤਾਨ ਸਕਾਊਟਸ ਐਂਡ ਗਾਈਡਜ਼ ਪੰਜਾਬ ਵੱਲੋਂ ਰੋਪ ਨੌਟਿੰਗ ਟਰੇਨਿੰਗ ਕੈਂਪ

ਗੁਰਦਾਸਪੁਰ (ਜਨਕ ਮਹਾਜਨ) - ਹਿੰਦੁਸਤਾਨ ਸਕਾਊਟਸ ਐਂਡ ਗਾਈਡਜ਼ ਪੰਜਾਬ ਸਟੇਟ ਵੱਲੋਂ ਗੁਰਦਾਸਪੁਰ ਵਿਖੇ ਰੋਪ ਨੌਟਿੰਗ ਟਰੇਨਿੰਗ ਕੈਂਪ ਲਗਾਇਆ ਗਿਆ। ... ਕੈਂਪ ਵਿਚ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ, ਸਰਕਾਰੀ ਹਾਈ ਸਕੂਲਾਂ ਅਤੇ ਸਰਕਾਰੀ ਮਿਡਲ ਸਕੂਲਾਂ ਤੋਂ ਵੱਡੀ ਗਿਣਤੀ ਵਿੱਚ ...



## ਆਰ. ਡੀ. ਖੋਸਲਾ ਸਕੂਲ ਦੇ ਵਿਦਿਆਰਥੀਆਂ ਨੇ ਯੋਗਾ ਮੁਕਾਬਲਿਆਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਬਟਾਲਾ (ਡਾ. ਮਨਵਿੰਦਰ ਸਿੰਘ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਯੋਗਾ ਮੁਕਾਬਲਿਆਂ ਵਿੱਚ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ... ਅੰਡਰ-19 ... ਅੰਡਰ-17 ... ਅੰਡਰ-14 ...



# ਡਿਪਟੀ ਕਮਿਸ਼ਨਰ ਵੱਲੋਂ ਟਰੇਡਰਜ਼ ਕਮਿਸ਼ਨ ਨਾਲ ਸੰਬੰਧਤ ਸਮੱਸਿਆਵਾਂ ਸੰਬੰਧੀ ਮੀਟਿੰਗ



ਗੁਰਦਾਸਪੁਰ (ਜਨਕ ਮਹਾਜਨ) - ਆਦਿਤਿਆ ਉੱਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਟਰੇਡਰਜ਼ ਕਮਿਸ਼ਨ ਨਾਲ ਸੰਬੰਧਤ ਮੁਸ਼ਕਿਲਾਂ ਦੇ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ... ਅਧਿਕਾਰੀ ਹਾਜ਼ਰ ਸਨ।

# ਤਲਵੰਡੀ ਖੁੰਮਣ ਨੂੰ ਸਾਫ-ਸੁਥਰਾ ਰੱਖਣ ਲਈ ਘਰਾਂ 'ਚ ਡਸਟਬਿਨ ਵੰਡੇ

ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ) - ਕਸਬੇ ਤੋਂ ਥੋੜ੍ਹੀ ਦੂਰ ਪੈਂਦੇ ਪਿੰਡ ਤਲਵੰਡੀ ਖੁੰਮਣ ਦੇ ਸਰਪੰਚ ਰਘਬੀਰ ਸਿੰਘ ਸੰਧੂ ਨੇ ਸਮੂਹ ਗ੍ਰਾਮ ਪੰਚਾਇਤ ਤਲਵੰਡੀ ਖੁੰਮਣ ਵੱਲੋਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਸਮੂਹ ਨਗਰ ਨਿਵਾਸੀਆਂ ਨੂੰ ਗੰਦਗੀ ਅਤੇ ਬਿਮਾਰੀਆਂ ਤੋਂ ਬਚਾਉਣ ਲਈ ... ਘਰ-ਘਰ ਜਾ ਕੇ ਡਸਟਬਿਨ ਵੰਡੇ ਗਏ। ...



... ਆਦਿ ਹਾਜ਼ਰ ਸਨ।

# ਅੰਮ੍ਰਿਤਸਰੀ ਕੁਲਚੇ ਨੂੰ ਜੀ ਆਈ ਟੈਗ ਦਿਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਗਰੂਕਤਾ ਮੁਹਿੰਮ

ਅੰਮ੍ਰਿਤਸਰ (ਜਗਦੀਸ਼ ਕਮਲੇਸ਼) - ਅੰਮ੍ਰਿਤਸਰੀ ਕੁਲਚੇ ਨੂੰ ਭੂਗੋਲਿਕ ਸੰਕੇਤ (ਜੀ.ਆਈ.) ਟੈਗ ਦਿਵਾਉਣ ਦੀ ਪ੍ਰਕਿਰਿਆ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ, ਅੰਮ੍ਰਿਤਸਰ ਵੱਲੋਂ ਕੁਲਚਾ ਨਿਰਮਾਤਾਵਾਂ, ਰੈਸਟੋਰੈਂਟ ਸੰਚਾਲਕਾਂ ਅਤੇ ਹੋਰ ਸੰਬੰਧਤ ਹਿੱਸੇਦਾਰਾਂ ਨਾਲ ਲਗਾਤਾਰ ਜਾਗਰੂਕਤਾ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ... ਨਿਭਾਉਣਗੇ।

## ਜੋਸ਼ ਭਰਪੂਰ ਰਿਹਾ ਸੀਬੀਐੱਸਈ ਕਲੱਸਟਰ ਐਥਲੈਟਿਕਸ ਮੀਟ ਦਾ ਦੂਜਾ ਦਿਨ

ਪਠਾਨਕੋਟ, (ਦਵਿੰਦਰ ਸਿੰਘ) - ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿਖੇ ਆਯੋਜਿਤ ਸੀਬੀਐੱਸਈ ਕਲੱਸਟਰ ਐਥਲੈਟਿਕਸ ਮੀਟ 2026 ਦੇ ਦੂਜੇ ਦਿਨ ... ਪੰਜਾਬ ਅਤੇ ਜੰਮੂ-ਕਸ਼ਮੀਰ ਦੇ ਵੱਖ-ਵੱਖ ਸੀਬੀਐੱਸਈ ਨਾਲ ਸੰਬੰਧਿਤ ਸਕੂਲਾਂ ਤੋਂ ਆਏ 1,500 ਤੋਂ ਵੱਧ ਵਿਦਿਆਰਥੀ-ਖਿਡਾਰੀਆਂ ਨੇ ...



## ਸੜਕ ਹਾਦਸੇ 'ਚ ਮਾਂ ਦੀ ਮੌਤ, ਪੁੱਤਰ ਗੰਭੀਰ ਜ਼ਖ਼ਮੀ

ਗੁਰਦਾਸਪੁਰ, (ਜਨਕ ਮਹਾਜਨ) - ਗੁਰਦਾਸਪੁਰ ਅਧੀਨ ਪੈਂਦੇ ਪਿੰਡ ... ਵਿਖੇ ਵਾਪਰੇ ਸੜਕ ਹਾਦਸੇ ਵਿੱਚ ਮਾਂ ਦੀ ਮੌਤ ਹੋ ਗਈ ਜਦਕਿ ਪੁੱਤਰ ਗੰਭੀਰ ਜ਼ਖ਼ਮੀ ਹੋ ਗਿਆ। ...

# ਸੀਨੀਅਰ ਸਿਟੀਜ਼ਨ ਸੈੱਲ ਨੇ ਸਲਿਲ ਕਪੂਰ ਨੂੰ ਕੀਤਾ ਸਨਮਾਨਤ

ਛੇਹਰਟਾ, (ਮਨੋਜ ਕੁਮਾਰ) - ਭਾਜਪਾ ਸੀਨੀਅਰ ਸਿਟੀਜ਼ਨ ਸੈੱਲ ਅੰਮ੍ਰਿਤਸਰ ਨੇ ਭਾਜਪਾ ਦੇ ਨਵੇਂ ਬਣੇ ਜ਼ਿਲ੍ਹਾ ਪ੍ਰਧਾਨ ਸਲਿਲ ਕਪੂਰ ਦੇ ਸਵਾਗਤ ਲਈ ਸਮਾਗਮ ਕੀਤਾ। ... 



... ਮੌਜੂਦ ਸਨ।

# ਅਣ-ਅਧਿਕਾਰਤ ਤੌਰ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦਾ ਪ੍ਰਸਾਰਣ ਨਹੀਂ ਚਲਾਇਆ ਜਾ ਸਕਦਾ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਣ ਸੰਬੰਧੀ ਸਾਰੇ ਅਧਿਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹਨ ਅਤੇ ਕੋਈ ਵੀ ਚੈਨਲ ਬਿਨਾਂ ਪ੍ਰਵਾਨਗੀ ... ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ... 2023 ... 12 ਲੱਖ ਰੁਪਏ ... 21 ਜੁਲਾਈ 2023 ...



... ਮੌਜੂਦ ਸਨ।

# ਸੀਟੂ ਵੱਲੋਂ 10 ਦੇ ਜੇਲ ਭਰੋ ਅੰਦੋਲਨ ਦੀਆਂ ਤਿਆਰੀਆਂ ਮੁਕੰਮਲ : ਗੁਰਮਿੰਦਰ ਕੌਰ ਹਰੀਆਂ

ਮਜੀਠਾ (ਸੋਨਿਮ ਆਨੰਦ) - ਸੀਟੂ ਦੀ ਸੂਬਾ ਕਮੇਟੀ ਦੀ ਕਾਲ 'ਤੇ ਪੰਜਾਬ ਭਰ ਵਿੱਚ 10 ਅਗਸਤ ਨੂੰ ਹੋਣ ਵਾਲੇ ਜੇਲ ਭਰੋ ਅੰਦੋਲਨ ਦੇ ਸਬੰਧ ਵਿੱਚ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ... ਮੀਟਿੰਗ ਕੀਤੀ ਗਈ ...



... ਜਿਵੇਂ ਕਿ ਮਜ਼ਦੂਰ, ਕਿਸਾਨ ਅਤੇ ਆਮ ਲੋਕ ... ਹਾਜ਼ਰ ਸਨ।

# 10 ਨੂੰ ਐੱਸ ਕੇ ਐੱਮ ਵੱਲੋਂ ਪੁਰਾਣੇ ਬੱਸ ਸਟੈਂਡ ਇਕੱਤਰ ਹੋ ਕੇ ਕੀਤਾ ਜਾਵੇਗਾ ਵਿਸ਼ਾਲ ਪ੍ਰਦਰਸ਼ਨ

ਧਾਰੀਵਾਲ (ਮਨਜੀਤ ਵਿੱਕੀ) - ਸੰਯੁਕਤ ਕਿਸਾਨ ਮੋਰਚੇ ਦੀ ਇੱਕ ਭਰਵੀਂ ਮੀਟਿੰਗ ਸਥਾਨਕ ... ਗੁਰਦਾਸਪੁਰ ਵਿਖੇ ... ਮੀਟਿੰਗ ਵਿੱਚ 10 ਅਗਸਤ ਨੂੰ 9 ਅਗਸਤ 1942 ਦੇ ਅੰਗਰੇਜ਼ੋ ਭਾਰਤ ਛੱਡੋ ... 20 ਜੁਲਾਈ ਨੂੰ ... 10 ਅਗਸਤ ਨੂੰ 11 ਵਜੇ ਪੁਰਾਣੇ ਬੱਸ ਸਟੈਂਡ ਗੁਰਦਾਸਪੁਰ ਵਿਖੇ ਰੈਲੀ ਕਰਨ ਉਪਰੰਤ ਸ਼ਹਿਰ ਵਿੱਚ ਮਾਰਚ ਕੀਤਾ ਜਾਵੇਗਾ। ...




... ਆਦਿ ਵੀ ਹਾਜ਼ਰ ਸਨ।

# ਮਾਨ ਸਰਕਾਰ ਨੇ ਮਾਵਾਂ ਧੀਆਂ ਸਤਿਕਾਰ ਯੋਜਨਾ ਰਾਹੀਂ ਔਰਤਾਂ ਨੂੰ ਵੱਡਾ ਸਨਮਾਨ ਦਿੱਤਾ : ਸ਼ਮਸ਼ੇਰ ਸਿੰਘ

ਦੀਨਾਨਗਰ-(ਬਲਵਿੰਦਰ ਸਿੰਘ ਢਿੱਲੋਂ) - ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ... ਮਾਵਾਂ ਧੀਆਂ ਸਤਿਕਾਰ ਯੋਜਨਾ ... 



... ਆਦਿ ਮੌਜੂਦ ਸਨ।

ਨਵਾਂ ਜ਼ਮਾਨਾ

ਸ਼ਨੀਵਾਰ, 8 ਅਗਸਤ 2026

# ਕੋਈ ਹਿਸਾਬ-ਕਿਤਾਬ ਨਹੀਂ

*ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ (ਕੈਗ) ਨੇ ਸਾਲ 2024-25 ਲਈ ਭਾਰਤ ਸਰਕਾਰ ਦੇ ਖਾਤਿਆਂ 'ਤੇ ਆਪਣੀ ਰਿਪੋਰਟ ਵਿੱਚ ਕਿਹਾ ਹੈ ਕਿ 15 ਕੇਂਦਰੀ ਸਰਕਾਰ ਦੇ ਮੰਤਰਾਲਿਆਂ ਅਤੇ ਵਿਭਾਗਾਂ ਵੱਲੋਂ 54,282.32 ਕਰੋੜ ਦੇ 33,973 ਉਪਯੋਗਤਾ ਸਰਟੀਫਿਕੇਟ (ਯੂ ਸੀ) ਅਜੇ ਤੱਕ ਜਮ੍ਹਾਂ ਨਹੀਂ ਕਰਵਾਏ ਗਏ। ਇਹ ਜਨਤਕ ਵਿੱਤ ਨਿਯਮਾਂ ਦੀ ਉਲੰਘਣਾ ਹੈ ਅਤੇ ਇਸ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ ਕਿ ਕੀ ਫੰਡਾਂ ਦੀ ਵਰਤੋਂ ਉਨ੍ਹਾਂ ਦੇ ਉਦੇਸ਼ ਲਈ ਕੀਤੀ ਗਈ। ਰਿਪੋਰਟ ਮੁਤਾਬਕ 38,287.52 ਕਰੋੜ ਵਾਲੇ 13,926 ਉਪਯੋਗਤਾ ਸਰਟੀਫਿਕੇਟ ਪਿਛਲੇ ਤਿੰਨ ਵਿੱਤੀ ਸਾਲਾਂ (2021-22 ਤੋਂ 2023-24) ਦੇ ਹਨ। ਗ੍ਰਾਂਟਾਂ ਲਈ ਉਪਯੋਗਤਾ ਸਰਟੀਫਿਕੇਟ ਦੇ ਸਭ ਤੋਂ ਪੁਰਾਣੇ ਕੇਸ, ਜੋ ਅਜੇ ਤੱਕ ਪ੍ਰਾਪਤ ਨਹੀਂ ਹੋਏ ਹਨ, ਵਿੱਤੀ ਸਾਲ 1985-86 ਦੇ ਹਨ।*

*ਕੈਗ ਰਿਪੋਰਟ ਵਿੱਚ ਉਨ੍ਹਾਂ ਖਰਚਿਆਂ ਦੇ ਮੰਤਰਾਲੇ-ਵਾਰ ਵੇਰਵੇ ਦਿੱਤੇ ਗਏ ਹਨ, ਜਿਨ੍ਹਾਂ ਦੇ ਵਰਤੋਂ ਸਰਟੀਫਿਕੇਟ ਅਜੇ ਵੀ ਪੈਂਡਿੰਗ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਹ ਜਨਰਲ ਫਾਈਨੈਂਸ਼ੀਅਲ ਰੂਲਜ਼ (ਜੀ ਐੱਫ ਆਰ) 2017 ਦੇ ਨਿਯਮ 238(1) ਅਤੇ 238(2) ਦੀ ਉਲੰਘਣਾ ਹੈ। ਇਨ੍ਹਾਂ ਨਿਯਮਾਂ ਮੁਤਾਬਕ ਜਦੋਂ ਕਿਸੇ ਸੰਸਥਾ ਜਾਂ ਸੰਗਠਨ ਨੂੰ ਗ੍ਰਾਂਟਾਂ ਦਿੱਤੀਆਂ ਜਾਂਦੀਆਂ ਹਨ, ਤਾਂ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਗ੍ਰਾਂਟ ਉਸੇ ਉਦੇਸ਼ ਲਈ ਵਰਤੀ ਜਾਵੇ, ਜਿਸ ਲਈ ਇਹ ਦਿੱਤੀ ਗਈ ਸੀ। ਇਸ ਲਈ ਸੰਸਥਾ ਨੂੰ ਇੱਕ ਉਪਯੋਗਤਾ ਸਰਟੀਫਿਕੇਟ ਜਮ੍ਹਾ ਕਰਨਾ ਪੈਂਦਾ ਹੈ। ਨਿਯਮਾਂ ਮੁਤਾਬਕ ਇਹ ਸਰਟੀਫਿਕੇਟ ਸੰਬੰਧਤ ਵਿੱਤੀ ਸਾਲ ਦੇ ਅੰਤ ਤੋਂ 12 ਮਹੀਨਿਆਂ ਦੇ ਅੰਦਰ ਜਮ੍ਹਾਂ ਕਰਨਾ ਲਾਜ਼ਮੀ ਹੈ। ਜੇ ਨਿਰਧਾਰਤ ਸਮੇਂ ਦੇ ਅੰਦਰ ਯੂ ਸੀ ਜਮ੍ਹਾਂ ਨਹੀਂ ਕੀਤਾ ਜਾਂਦਾ, ਤਾਂ ਸੰਬੰਧਤ ਮੰਤਰਾਲਾ ਜਾਂ ਵਿਭਾਗ ਸੰਸਥਾ ਜਾਂ ਸੰਗਠਨ ਨੂੰ ਸਰਕਾਰ ਤੋਂ ਭਵਿੱਖ ਦੀਆਂ ਗ੍ਰਾਂਟਾਂ, ਸਬਸਿਡੀਆਂ ਜਾਂ ਹੋਰ ਵਿੱਤੀ ਸਹਾਇਤਾ ਪ੍ਰਾਪਤ ਕਰਨ ਤੋਂ ਬਲੈਕਲਿਸਟ ਕਰ ਸਕਦਾ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਮੰਤਰਾਲੇ ਅਤੇ ਵਿਭਾਗ ਪੈਂਡਿੰਗ ਉਪਯੋਗਤਾ ਸਰਟੀਫਿਕੇਟਾਂ ਦੀ ਸਮੱਸਿਆ ਨੂੰ ਹੱਲ ਕਰਨ ਲਈ ਢੁਕਵੇਂ ਯਤਨ ਨਹੀਂ ਕਰ ਰਹੇ। ਕੈਗ ਨੇ ਕਿਹਾ ਹੈ ਕਿ ਵਰਤੋਂ ਸਰਟੀਫਿਕੇਟ ਹੀ ਇਹ ਯਕੀਨੀ ਬਣਾਉਣ ਦਾ ਇੱਕੋ-ਇੱਕ ਸਾਧਨ ਹਨ ਕਿ ਸਰਕਾਰੀ ਫੰਡ ਉਸੇ ਉਦੇਸ਼ ਲਈ ਵਰਤੇ ਗਏ, ਜਿਸ ਲਈ ਉਹ ਜਾਰੀ ਕੀਤੇ ਗਏ ਸਨ। ਇਸ ਲਈ ਮੰਤਰਾਲਿਆਂ ਅਤੇ ਵਿਭਾਗਾਂ ਨੂੰ ਇਹ ਯਕੀਨੀ ਬਣਾਉਣ ਲਈ ਮਜ਼ਬੂਤ ਪ੍ਰਣਾਲੀਆਂ ਵਿਕਸਤ ਕਰਨੀਆਂ ਚਾਹੀਦੀਆਂ ਹਨ ਕਿ ਗ੍ਰਾਂਟ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ ਸਮੇਂ ਸਿਰ ਵਰਤੋਂ ਸਰਟੀਫਿਕੇਟ ਜਮ੍ਹਾਂ ਕਰਾਉਣ।*

*ਰਿਪੋਰਟ ਮੁਤਾਬਕ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਦੇ 18,272.91 ਕਰੋੜ ਦੇ ਉਪਯੋਗਤਾ ਸਰਟੀਫਿਕੇਟ ਬਕਾਇਆ ਹਨ। ਇਸ ਤੋਂ ਬਾਅਦ ਉੱਚ ਸਿੱਖਿਆ ਵਿਭਾਗ ਦਾ ਨੰਬਰ ਆਉਂਦਾ ਹੈ, ਜਿੱਥੇ 14,359.76 ਕਰੋੜ ਦੇ ਉਪਯੋਗਤਾ ਸਰਟੀਫਿਕੇਟ ਬਕਾਇਆ ਹਨ। ਜਿਨ੍ਹਾਂ 15 ਮੰਤਰਾਲਿਆਂ ਅਤੇ ਵਿਭਾਗਾਂ ਦੇ ਉਪਯੋਗਤਾ ਸਰਟੀਫਿਕੇਟ ਪੈਂਡਿੰਗ ਹਨ, ਉਨ੍ਹਾਂ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਆਯੂਸ਼ ਮੰਤਰਾਲਾ, ਫਾਰਮਾਸਿਊਟੀਕਲ ਵਿਭਾਗ, ਸੱਭਿਆਚਾਰ ਮੰਤਰਾਲਾ, ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ, ਉੱਚ ਸਿੱਖਿਆ ਵਿਭਾਗ, ਮਾਲ ਵਿਭਾਗ, ਸਿਹਤ ਅਤੇ ਪਰਵਾਰ ਭਲਾਈ ਵਿਭਾਗ, ਰਿਹਾਇਸ਼ ਤੇ ਸ਼ਹਿਰੀ ਮਾਮਲਿਆਂ ਦਾ ਮੰਤਰਾਲਾ, ਯੋਜਨਾਬੰਦੀ ਮੰਤਰਾਲਾ, ਜਹਾਜ਼ਰਾਨੀ, ਬੰਦਰਗਾਹਾਂ ਅਤੇ ਜਲ ਮਾਰਗ ਮੰਤਰਾਲਾ, ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲਾ, ਸਮਾਜਕ ਨਿਆਂ ਅਤੇ ਸਸ਼ਕਤੀਕਰਨ ਵਿਭਾਗ, ਆਦਿਵਾਸੀ ਮਾਮਲਿਆਂ ਦਾ ਮੰਤਰਾਲਾ ਅਤੇ ਮਹਿਲਾ ਤੇ ਬਾਲ ਵਿਕਾਸ ਮੰਤਰਾਲਾ ਸ਼ਾਮਲ ਹਨ। ਇਨ੍ਹਾਂ ਵਿੱਚੋਂ ਕੁਝ ਨੇ ਜਵਾਬ ਦਿੱਤੇ ਹਨ ਕਿ ਉਹ ਸਿਸਟਮ ਠੀਕ ਕਰ ਰਹੇ ਹਨ, ਪਰ ਬਹੁਤੇ ਮੰਤਰਾਲਿਆਂ ਅਤੇ ਵਿਭਾਗਾਂ ਤੋਂ ਕੋਈ ਜਵਾਬ ਨਹੀਂ ਮਿਲਿਆ। ਇਹ ਸਥਿਤੀ ਉਸ ਸਰਕਾਰ ਦੀ ਹੈ, ਜਿਸ ਦੀ ਅਗਵਾਈ ਕਰਨ ਵਾਲੇ ਨਰਿੰਦਰ ਮੋਦੀ ਇਮਾਨਦਾਰੀ ਤੇ ਪਾਰਦਰਸ਼ਤਾ ਦੇ ਅਕਸਰ ਦਾਅਵੇ ਕਰਦੇ ਹਨ।*

ਬਰਸੀ 'ਤੇ ਵਿਸ਼ੇਸ਼

# ਚੇਤਿਆਂ 'ਚ ਹਮੇਸ਼ਾ ਰਹਿਣਗੇ ਕਾਮਰੇਡ ਮਨਜੀਤ ਸਿੰਘ ਲਾਲੀ

**ਅਵਤਾਰ ਲੰਗੇਰੀ**

ਕਾਮਰੇਡ ਮਨਜੀਤ ਸਿੰਘ ਲਾਲੀ ਨੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਲੰਗੇਰੀ ਵਿੱਚ ਸੰਨ 1940 ਵਿੱਚ ਮਾਤਾ ਸ੍ਰੀਮਤੀ ਦਲੀਪ ਕੌਰ ਅਤੇ ਪਿਤਾ ਸੁਤੰਤਰਤਾ ਸੈਨਾਨੀ ਗਿਆਨੀ ਮੇਹਰ ਸਿੰਘ ਦੇ ਘਰ ਜਨਮ ਲਿਆ। ਉਮਰ ਦੇ 80 ਵਰ੍ਹੇ ਪੂਰੇ ਕਰਦਿਆਂ ਉਹ ਪਿਛਲੇ ਵਰ੍ਹੇ ਸਾਨੂੰ ਹਮੇਸ਼ਾ ਲਈ ਅਲਵਿਦਾ ਕਹਿ ਗਏ।ਮੌਤ-ਮੌਤ ਵਿੱਚ ਲੱਖਾਂ ਦਾ ਫ਼ਰਕ ਹੁੰਦਾ ਹੈ। ਇਕ ਮੌਤ ਜੋ ਪਰਬਤੋਂ ਭਾਰੀ ਹੁੰਦੀ ਹੈ ਅਤੇ ਇੱਕ ਮੌਤ ਜੋ ਕੱਖਾਂ ਤੋਂ ਹੌਲੀ। ਪਰਬਤੋਂ ਭਾਰੀ ਮੌਤ ਨੂੰ ਗਲੇ ਲਗਾ ਪਿਛਲੇ ਵਰ੍ਹੇ ਮੌਤ ਦੀ ਆਗੋਸ਼ ਵਿੱਚ ਜਾ ਸੁੱਤੇ ਸਨ ਬਹੁਤ ਹੀ ਸਤਿਕਾਰਤ 'ਨਵਾਂ ਜ਼ਮਾਨਾ' ਦੇ ਟਰੱਸਟੀ ਅਤੇ ਲਗਭਗ ਪੌਣੇ ਤਿੰਨ ਦਹਾਕੇ ਪਿੰਡ ਲੰਗੇਰੀ ਦੇ ਸਰਪੰਚ ਰਹੇ ਕਾਮਰੇਡ ਮਨਜੀਤ ਸਿੰਘ ਲਾਲੀ।

ਮਨਜੀਤ ਲਾਲੀ 37 ਸਾਲਾਂ ਦੀ ਉਮਰੇ ਅਮਰ ਸ਼ਹੀਦ ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਜਿਹੜਾ ਖ਼ੁਦ ਕੈਨੇਡਾ ਦੀ ਸਹੂਲਤਾਂ ਭਰੀ ਜ਼ਿੰਦਗੀ ਨੂੰ ਛੱਡ ਕੇ ਆਪਣੇ ਵਤਨ ਪਰਤ ਆਇਆ ਸੀ, ਉਨ੍ਹਾ ਦੇ ਨਕਸ਼ੇ ਕਦਮ ਤੇ ਚੱਲਦਿਆਂ ਉਸ ਸਮੇਂ ਇੰਗਲੈਂਡ ਦੀ ਸਹੂਲਤਾਂ ਭਰੀ ਜ਼ਿੰਦਗੀ ਛੱਡ ਉਦੋਂ ਪੰਜਾਬ ਪਰਤੇ, ਜਦੋਂ ਪੰਜਾਬ ਪੂਰੀ ਤਰ੍ਹਾਂ ਅੱਤਵਾਦ ਦੀ ਭੱਠੀ ਵਿੱਚ ਝੁਲਸ ਰਿਹਾ ਸੀ।

ਮਨਜੀਤ ਲਾਲੀ ਇੰਗਲੈਂਡ ਵਿਚ ਪੌਂਡ ਕਮਾਉਣ ਵਾਲਾ ਹੀ ਨਹੀਂ ਸੀ, ਸਗੋਂ ਉਹ ਉਥੇ ਚਿੰਤਕਾਂ ਪੰਡਤ ਵਿਸ਼ਨੂੰ ਦੱਤ ਸ਼ਰਮਾ ਅਤੇ ਕਾਮਰੇਡ ਹਰਦੀਪ ਦੂਹੜੇ ਵਰਗਿਆਂ ਸੰਗ ਭਾਰਤੀ ਕਾਮਿਆਂ ਦੇ ਹਿੱਤਾਂ ਲਈ ਉਥੇ ਵੀ ਜੂਝ ਰਿਹਾ ਸੀ ਅਤੇ ਉਸ ਵੇਲੇ ਦੀ ਚਰਚਿਤ ਹਸਤੀ ਬਣ ਰਿਹਾ ਸੀ ਕਾਮਰੇਡ ਮਨਜੀਤ ਲਾਲੀ।ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਦੀ ਸ਼ਹੀਦੀ ਉਪਰੰਤ ਜਦੋਂ ਉਨ੍ਹਾ ਵੱਲੋਂ ਦਰਸ਼ਨ ਸਿੰਘ ਕੈਨੇਡੀਅਨ ਦੀ ਯਾਦ ਵਿੱਚ ਸਟੇਡੀਅਮ ਅਤੇ ਸਕੂਲ ਕੰਪਲੈਕਸ ਦੀ ਉਸਾਰੀ ਚੱਲ ਰਹੀ ਸੀ ਤਾਂ ਉਸ ਸਮੇਂ ਅੱਤਵਾਦੀਆਂ ਵੱਲੋਂ ਕਾਮਰੇਡ ਲਾਲੀ ਨੂੰ ਧਮਕੀਆਂ ਭਰੇ ਪੱਤਰ ਮਿਲਦੇ ਰਹੇ ਕਿ ਕੈਨੇਡੀਅਨ ਦੀ ਯਾਦਗਾਰ ਬਣਾਉਣ ਦੇ ਨਾਲ ਆਪਣੀ ਯਾਦਗਾਰ ਬਣਾਉਣ ਬਾਰੇ ਵੀ ਸੋਚ ਲੈਣਾ ਅਤੇ ਆਪਣੇ ਇਕਲੌਤੇ ਪੁੱਤਰ ਬਾਰੇ ਵੀ ਸੋਚ ਲੈ ,ਪਰ ਲਾਲੀ ਜੀ ਦੀ ਦੂਰਅੰਦੇਸ਼ੀ ਅਤੇ ਇਨਕਲਾਬੀ ਸੂਝ-ਬੂਝ ਸਦਕਾ ਯਾਦਗਾਰ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਅਤੇ ਲਗਾਤਾਰ ਉਸੇ ਯਾਦਗਰ ਉੱਤੇ ਸਾਥੀ ਕੈਨੇਡੀਅਨ ਦੀ ਬਰਸੀ ਮਨਾਈ ਜਾਂਦੀ ਰਹੀ।

ਆਪਣੇ ਪਿੰਡ, ਪਿਤਾ ਅਤੇ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਦੀ ਵਿਰਾਸਤ ਨੂੰ ਅੱਗੇ ਵਧਾਉਣ ਲਈ ਲਾਲੀ ਜੀ ਨੇ ਇਨਕਲਾਬੀਆਂ ਸੰਗ ਮੈਦਾਨ ਮੱਲ ਲਿਆ।ਦੋ ਸਾਲਾਂ ਉਪਰੰਤ ਹੀ ਉਹ 39 ਸਾਲਾਂ ਦੀ ਉਮਰੇ ਪਿੰਡ ਦੇ ਸਰਪੰਚ ਬਣੇ ਅਤੇ ਲਾਮਿਸਾਲ ਵਿਕਾਸ ਕਾਰਜ ਕੀਤੇ। ਪਿੰਡ ਦੀ ਸਰਪੰਚੀ ਤੋਂ ਲੈ ਬਲਾਕ ਸੰਮਤੀ ਮੈਂਬਰ, ਜ਼ਿਲ੍ਹਾ ਪਲਾਨਿੰਗ ਬੋਰਡ ਦੇ ਮੈਂਬਰ ਅਤੇ ਇੱਥੋਂ ਤੱਕ ਕਿ ਸਟੇਟ ਪਲਾਨਿੰਗ ਬੋਰਡ ਦੇ ਮੈਂਬਰ ਬਣ ਲੋਕਾਂ ਦੇ ਹਰਮਨ-ਪਿਆਰੇ ਆਗੂ ਬਣੇ।ਉਹ ਇੱਕੋ ਸਮੇਂ ਬਹੁਤ ਸਾਰੀਆਂ ਸੰਸਥਾਵਾਂ ਦੇ ਮੈਂਬਰ ਸਨ।ਵਿਲੇਜ ਲਾਈਫ਼ ਇੰਪਰੂਵਮੈਂਟ ਫਾਊਂਡੇਸ਼ਨ ਲੰਗੇਰੀ, ਪ੍ਰਿੰਸੀਪਲ ਹਰਭਜਨ ਸਿੰਘ ਮੈਮੋਰੀਅਲ ਫੁੱਟਬਾਲ ਕਲੱਬ ਮਾਹਿਲਪੁਰ, ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੀ ਮੈਨੇਜਮੈਂਟ ਕਮੇਟੀ, ਕੈਪਟਨ ਹਜ਼ੂਰਾ ਸਿੰਘ ਟਰੱਸਟ ਦੇ ਪ੍ਰਬੰਧਕ ਹੀ ਨਹੀਂ ਸਨ, ਸਗੋਂ ਉਨ੍ਹਾਂ ਲਗਾਤਾਰ ਪਿੰਡ ਸੁਧਾਰ, ਸਮਾਜ ਸੁਧਾਰ, ਵਿੱਦਿਅਕ ਦਾਨੀ ਅਤੇ ਖੇਡ ਪ੍ਰਮੋਟਰ ਵਜੋਂ ਵੀ ਉੱਘਾ ਹਿੱਸਾ ਪਾਇਆ।ਦੇਸ਼



ਭਗਤ ਯਾਦਗਾਰ ਹਾਲ ਜਲੰਧਰ ਨਾਲ ਉਹ ਲਗਾਤਾਰ ਜੁੜੇ ਰਹੇ। ਗ਼ਦਰੀ ਬਾਬਿਆਂ ਦੇ ਮੇਲੇ ਵਿੱਚ ਆਪਣੇ ਸਮੇਤ ਹੋਰ ਇਨਕਲਾਬੀ ਸਾਥੀਆਂ ਨੂੰ ਨਾਲ ਲੈ ਕੇ ਜਾਣਾ ਅਤੇ ਦਿਲ ਖੋਲ੍ਹ ਕੇ ਮੇਲੇ ਦੀ ਸਹਾਇਤਾ ਕਰਨਾ ਉਹ ਆਪਣਾ ਫ਼ਰਜ਼ ਸਮਝਦੇ ਸਨ ਪਿੰਡ ਵਿੱਚ ਵੀ ਉਹ ਗਾਹੇ-ਬਗਾਹੇ ਤਰਕਸ਼ੀਲ ਅਤੇ ਇਨਕਲਾਬੀ ਗਤੀਵਿਧੀਆਂ ਅਤੇ ਚਿੰਤਨ ਦੀ ਜੋਤ ਜਗਾਈ ਰੱਖਦੇ।ਪਿੰਡ ਲੰਗੇਰੀ ਲਈ ਉਨ੍ਹਾ ਦੀ ਬਹੁਤ ਵੱਡੀ ਘਾਲਣਾ ਸੀ। ਪਿੰਡ ਵਿੱਚ ਜ਼ਮੀਨਦੋਜ਼ ਸੀਵਰੇਜ, ਸੋਲਰ ਲਾਈਟਾਂ, ਕੰਕਰੀਟ ਗਲੀਆਂ, ਭਾਈ ਪਿਆਰਾ ਸਿੰਘ ਗ਼ਦਰੀ ਯਾਦਗਾਰੀ ਪੇਂਡੂ ਡਿਸਪੈਂਸਰੀ ਪੰਚਾਇਤ ਘਰ ਵਿੱਚ ਦੇਸ਼ ਭਗਤਾਂ ਦੀਆਂ ਤਸਵੀਰਾਂ, ਅੱਠ ਏਕੜ ਵਿੱਚ ਮਿਆਰੀ ਸਰਕਾਰੀ ਐਲੀਮੈਂਟਰੀ ਸਕੂਲ ਅਤੇ ਆਧੁਨਿਕ ਖੇਡ ਸਟੇਡੀਅਮ ,ਪਿੰਡ ਦੇ ਸ਼ਾਮਲਾਟੀ ਸਾਂਝੇ ਰਕਬੇ ਵਿਚ ਬਗੀਚੇ ਅਤੇ ਜੰਗਲ, ਪਿੰਡ ਨੂੰ ਤਿੰਨ ਪਾਸਿਉਂ ਘੇਰਦੇ ਬਰਸਾਤੀ ਚੋਅ 'ਤੇ ਦੋ ਪੁਲ, ਇਕ ਕਾਜਵੇ, ਸ਼ਹੀਦ ਭਗਤ ਸਿੰਘ ਦਾ ਚਾਨਣ ਬਿਖੇਰਦਾ ਬੁੱਤ ਅਤੇ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਨੂੰ ਸਮਰਪਤ ਪਾਰਕ ਅਤੇ ਪਿੰਡ ਭਾਰਟਾ ਤੋਂ ਗੜ੍ਹਸ਼ੰਕਰ, ਹੁਸ਼ਿਆਰਪੁਰ ਲਿੰਕ ਰੋਡ ਦੀ ਉਸਾਰੀ ਕਰਵਾ ਕੇ ਇਤਿਹਾਸਕ ਸਿਰਜਣਾ ਕੀਤੀ। ਉਹ ਆਪਣੇ ਕਾਰਜਕਾਲ ਵਿਚ ਬਤੌਰ ਪ੍ਰਧਾਨ ਸਪੋਰਟਸ ਕਲੱਬ ਲੰਗੇਰੀ ਲਗਾਤਾਰ ਬੱਤੀ ਵਰ੍ਹੇ ਸਾਲਾਨਾ ਫੁੱਟਬਾਲ ਟੂਰਨਾਮੈਂਟ ਅਤੇ ਕਦੇ-ਕਦੇ ਪੇਂਡੂ ਖੇਡ ਮੇਲੇ ਰਚਾਉਂਦੇ ਰਹੇ।ਉਨ੍ਹਾਂ ਕਈ ਨਵੀਂਆਂ ਪਿਰਤਾਂ ਵੀ ਪਾਈਆਂ, ਜਿਨ੍ਹਾਂ ਵਿੱਚੋਂ ਮੁੱਖ ਤੌਰ 'ਤੇ ਜਨਰਲ ਅਤੇ ਦਲਿਤ ਬਰਾਦਰੀ ਦੇ ਸ਼ਮਸ਼ਾਨਘਾਟ ਨੂੰ ਸਾਂਝਾ ਕਰਨਾ ਅਤੇ ਮਰਨ ਉਪਰੰਤ ਆਪਣਾ ਸਰੀਰ ਮੈਡੀਕਲ ਖੋਜਾਂ ਲਈ ਦਾਨ ਦੇਣਾ ਅਤੇ ਹੋਰਨਾਂ ਨੂੰ ਪ੍ਰੇਰਨਾ ਦੇ ਕੇ ਸਮਾਜਿਕ ਭਲੇ ਲਈ ਤਿਆਰ ਕਰਨਾ ਗਿਣਨਯੋਗ ਹਨ।ਉਨ੍ਹਾ ਦੁਆਰਾ ਕੀਤੇ ਗਏ ਕੰਮਾਂ ਦੀ ਲੜੀ ਬਹੁਤ ਲੰਬੀ ਹੈ। ਉਨ੍ਹਾਂ ਦੇ ਕੀਤੇ ਅਨੇਕ ਕਾਰਜਾਂ ਮੂਹਰੇ ਨਤਮਸਤਕ ਹੁੰਦਿਆਂ ਅਖੀਰ ਵਿੱਚ ਮੈਂ ਤਾਂ ਇਹੀ ਕਹਾਂਗਾ ਕਿ ਨੇਕ ਕਾਰਜਾਂ ਕਰਕੇ ਸਦਾ ਚੇਤਿਆਂ ਵਿੱਚ ਰਹੇਗਾ ਲੰਗੇਰੀ ਲਈ ਜ਼ਿੰਦਗੀ ਲੇਖੇ ਲਾਉਣ ਵਾਲਾ, ਲੰਗੇਰੀ ਦੀ ਮਿੱਟੀ ਜਾਇਆ, ਮਾਣਮੱਤਾ ਪੁੱਤ 'ਮਨਜੀਤ ਲਾਲੀ'।

# ਸੰਪਰਕ : 94632-60181

# ਝੁਕਾਨੇ ਵਾਲੇ ਚਾਹੀਏ

**(ਅੱਗੇ ਲੜੀ ਜੋੜਨ ਲਈ ਪੜ੍ਹੋ)**

ਜੇ ਅਜੋਕੇ ਜੈੱਨ ਜ਼ੀ ਅਤੇ ਅਲਫਾ ਅੰਦੋਲਨ ਦਾ ਲੇਖਾ-ਜੋਖਾ ਕਰੀਏ ਤਦ ਮਾਲੂਮ ਹੁੰਦਾ ਹੈ ਕਿ ਤਜਰਬਾ ਰਹਿਤ ਅਤੇ ਲੈਰੇ ਲੀਡਰਾਂ ਨੂੰ ਕੇਂਦਰ ਸਰਕਾਰ ਦੇ ਦੋ ਘੈਂਟ ਮੰਤਰੀਆਂ ਨੇ ਵਿਸ਼ਵਾਸ ਵਿੱਚ ਲੈ ਕੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਉਪਰੰਤ ਹੀ ਅੰਦੋਲਨ ਬੰਦ ਕਰਾ ਦਿੱਤਾ ਵਾਅਦਾ ਕਰਕੇ ਕਿ ਤਿੰਨ-ਚਾਰ ਦਿਨਾਂ ਵਿੱਚ ਦੂਜੀਆਂ ਦੋ ਮੰਗਾਂ ਦਾ ਲਿਖਤੀ ਪੂਰਤੀ ਪੱਤਰ ਵੀ ਤੁਹਾਨੂੰ ਮਿਲ ਜਾਵੇਗਾ, ਪਰ ਇਨ੍ਹਾਂ ਨਵੇਂ-ਨਵੇਂ ਲੀਡਰਾਂ ਨਾਲ ਆਨਾ-ਕਾਨੀ ਕਰਨੀ ਠੀਕ ਨਹੀਂ, ਜੇ ਉਨ੍ਹਾਂ ਲਿਖਤੀ ਪੱਤਰ ਲੈਣ ਬਿਨਾਂ ਹੀ ਤੁਹਾਡੇ ਉੱਤੇ ਵੱਡਾ ਵਿਸ਼ਵਾਸ ਕਰਕੇ ਅੰਦੋਲਨ ਝਟ-ਪਟ ਵਾਪਸ ਲੈ ਲਿਆ।

ਸਟੂਡੈਂਟਸ ਮੂਵਮੈਂਟਸ ਦੌਰਾਨ ਆਪਣੇ ਸਾਥੀਆਂ ਦੇ ਦਾਅ ਪੇਚਾਂ ਦੀਆਂ ਦੋ ਉਦਾਹਰਨਾਂ ਦੇਣੀਆਂ ਹੀ ਕਾਫ਼ੀ ਹੋਣਗੀਆਂ। ਸੰਨ 1969 ਦੇ ਅਗਸਤ ਅਰੰਭ ਵਿੱਚ ਮੋਗਾ ਦੇ ਡੀ ਐੱਮ ਕਾਲਜ ਆਫ਼ ਐਜੂਕੇਸ਼ਨ ਦੀ ਪ੍ਰਬੰਧਕ ਕਮੇਟੀ ਨੇ ਕਈ ਕਥਿਤ ਧਾਂਦਲੀਆਂ ਕਰਕੇ ਅਤੇ ਚਰਚਿੱਤ ਵੱਡੀ ਵੱਢੀ ਲੈ ਕੇ ਬੀ ਐੱਡ ਕੋਰਸ ਦੀਆਂ ਦੋ ਸੌ ਸੀਟਾਂ ਵਿੱਚੋਂ 100 ਅਯੋਗ ਉਮੀਦਵਾਰਾਂ ਨਾਲ ਭਰ ਲਈਆਂ। ਕੁਦਰਤੀ ਤੌਰ 'ਤੇ ਪੀੜਤ ਚਾਹਵਾਨਾਂ ਨੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਸਾਥੀ ਬੰਤ ਸਿੰਘ ਬਰਾੜ ਦੀ ਅਗਵਾਈ ਵਿੱਚ ਕਾਲਜ ਕੈਂਪਸ ਅੰਦਰ ਕੈਂਪ ਲਾ ਕੇ ਧਰਨਾ ਸ਼ੁਰੂ ਕਰ ਦਿੱਤਾ। ਅਸੀਂ ਇਹ ਸਮਾਚਾਰ ਪ੍ਰਾਪਤ ਕਰਕੇ ਬਤੌਰ ਸੂਬਾ ਜਨਰਲ ਸਕੱਤਰ ਸਹਾਇਤਾ ਵਾਸਤੇ ਛਤਾਬੀ ਉੱਥੇ ਜਾ ਬਹੁੜੇ। ਜਦ 10 ਦਿਨਾਂ ਪਿੱਛੋਂ ਵੀ ਸ਼ਾਂਤਮਈ ਧਰਨਾਕਾਰੀਆਂ ਅਤੇ ਮੁਜ਼ਾਹਰਾਕਾਰੀਆਂ ਦੀ ਮੰਗ ਵੱਲ ਕਿਸੇ ਨੇ ਕੰਨ ਨਾ ਕੀਤੇ, ਤਦ ਅਸੀਂ ਸਟੂਡੈਂਟਸ ਐਕਸ਼ਨ ਕਮੇਟੀ ਨਾਲ ਸਲਾਹ-ਮਸ਼ਵਰਾ ਕਰਕੇ ਫੈਸਲਾ ਕੀਤਾ ਕਿ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸ੍ਰੀ ਸੂਰਜ ਭਾਨ ਤੱਕ ਪਹੁੰਚ ਕੀਤੀ ਜਾਵੇ ਅਤੇ ਸਟੂਡੈਂਟਸ ਡੈਪੂਟੇਸ਼ਨ ਲਈ ਮੁਲਾਕਾਤ ਦਾ ਸਮਾਂ ਟੈਲੀਗ੍ਰਾਮ ਰਾਹੀਂ ਮੰਗ ਲਿਆ। ਜਦ ਅਸੀਂ ਨੱਕੋ-ਨੱਕ ਭਰੇ ਪਾਰਕ ਵਿੱਚੀਂ ਪੈਂਟਾਂ ਉੱਚੀਆਂ ਚੁੱਕ ਕੇ ਅਤੇ ਜੁੱਤੀਆਂ ਹੱਥਾਂ ਵਿੱਚ ਫੜ ਕੇ ਵੀ ਸੀ ਸਾਹਿਬ ਦੇ ਦਫ਼ਤਰ ਦਾ ਦਰਵਾਜ਼ਾ ਖੜਕਾਇਆ, ਤਦ ਹੈਰਾਨੀ ਭਰੀ ਪ੍ਰੇਸ਼ਾਨੀ ਹੋਈ ਕਿ ਵੀ ਸੀ ਸਾਹਿਬ ਤਾਂ ਪਹਿਲਾਂ ਹੀ ਪੱਤਰਾ ਵਾਚ ਗਏ ਹਨ, ਪਰ ਸਾਨੂੰ ਪੀ ਏ ਸਾਹਿਬ ਨੇ ਉਹ ਪੱਤਰ ਦਿਖਾਇਆ, ਜੋ ਵੀ ਸੀ ਸਾਹਿਬ ਸਾਨੂੰ ਦਿਖਾਉਣ ਲਈ ਛੱਡ ਗਏ ਸਨ। ਸਾਨੂੰ ਖੁਸ਼ੀ ਭਰੀ ਹੈਰਾਨੀ ਮਹਿਸੂਸ ਹੋਈ ਵੀ ਸੀ ਸਾਹਿਬ ਨੇ ਚਰਚਿੱਤ ਕਾਲਜ ਵਿੱਚ ਹੋਰ 100 ਸੀਟਾਂ ਦਾ ਵਾਧਾ ਕਰ ਦਿੱਤਾ ਹੈ ਅਤੇ ਉਥੋਂ ਦੀ ਕਮੇਟੀ ਨੂੰ ਤਾੜਨਾ ਕੀਤੀ ਹੈ ਕਿ ਕਥਿਤ ਧਾਂਦਲੀ ਬੰਦ ਕਰੋ ਅਤੇ ਇੱਥੋਂ ਤੱਕ ਕਿ ਡੋਨੇਸ਼ਨ ਦੇ ਨਾਂਅ ਹੇਠ ਲਈ ਰਕਮ ਵਾਪਸ ਕਰੋ, ਨਹੀਂ ਤਾਂ ਕਾਲਜ ਦੀ ਮਾਨਤਾ ਖਤਮ ਸਮਝੋ।



ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ

ਜਨਵਰੀ ਦੇ ਆਰੰਭ, 1970 ਵਿੱਚ ਸਮਾਚਾਰ ਪੱਤਰਾਂ ਵਿੱਚ ਸਮਾਚਾਰ ਛਾਇਆ ਹੋਇਆ ਕਿ ਡੀ ਏ ਵੀ ਕਾਲਜ ਮਲੋਟ ਦੇ ਹੈਂਕੜਬਾਜ਼ ਪ੍ਰਿੰਸੀਪਲ ਨੇ ਘਬਰਾਏ ਵਿਦਿਆਰਥੀਆਂ ਦੇ ਤਿੱਖੇ ਸਵਾਲਾਂ ਦੇ ਜਵਾਬ ਨਾ ਦੇ ਕੇ ਉਨ੍ਹਾਂ ਦੇ ਥੱਪੜ ਜੜ ਦਿੱਤੇ ਹਨ ਅਤੇ ਜਵਾਬੀ ਪ੍ਰਤੀਕ੍ਰਮ ਵਿੱਚ ਵਿਦਿਆਰਥੀਆਂ ਨੇ ਹੜਤਾਲ ਕਰ ਦਿੱਤੀ ਹੈ ਕਿ ਦੇਵਤੇ ਦੀ ਥਾਂ ਦੈਂਤ ਬਣੇ ਪ੍ਰਿੰਸੀਪਲ ਤੋਂ ਸਾਡਾ ਪਿੱਛਾ ਛੁਡਾਇਆ ਜਾਵੇ। ਬਿਲਕੁੱਲ ਪੁਰਅਮਨ ਸੰਘਰਸ਼ਸ਼ੀਲ ਵਿਦਿਆਰਥੀਆਂ ਦੀ ਛੋਟੀ ਜਿਹੀ ਪਰ ਲੋੜੀਂਦੀ ਮੰਗ ਪ੍ਰਿੰਸੀਪਲ ਨੂੰ ਝਟਪਟ ਟਰਾਂਸਫਰ ਕਰਕੇ ਕੋਈ ਵਿਦਿਆਰਥੀਆਂ ਪ੍ਰਤੀ ਹਮਦਰਦੀ ਰੱਖਣ ਵਾਲਾ ਪ੍ਰਿੰਸੀਪਲ ਲਾਇਆ ਜਾਵੇ, ਵੀ ਨਾ ਮੰਨੀ ਗਈ। ਸਾਨੂੰ ਪਤਾ ਲੱਗਾ ਕਿ ਇੱਥੇ ਕਾਲਜ ਦੀ ਲੋਕਲ ਪ੍ਰਬੰਧਕ ਕਮੇਟੀ ਵੀ ਹੈ। ਜਦ ਕਈ ਦਿਨਾਂ ਤੱਕ ਉਸ ਦੇ ਮੈਂਬਰ ਵੀ ਨਾ ਕੁਸਕੇ ਅਤੇ ਪਤਾ ਲੱਗਾ ਕਿ ਉਹ ਕਾਲਜ ਗੇਟ ਅੱਗੇ ਪੁਲਸ ਚੌਂਕੀ ਬਿਠਾ ਕੇ ਸਾਡਾ ਕੈਂਪ ਉਖਾੜ ਸੁੱਟਣਗੇ, ਤਦ ਅਸੀਂ ਕਾਲਜ ਦੁਆਲੇ ਰਾਤ ਨੂੰ ਵੀ ਵਲੰਟੀਅਰਾਂ ਦਾ ਪਹਿਰਾ ਲਾ ਦਿੱਤਾ ਕਿ ਕੋਈ ਕਾਲਜ ਨੂੰ ਨੁਕਸਾਨ ਕਰਕੇ ਸਾਡੇ ਸਿਰ ਨਾ ਪਾ ਦੇਵੇ। ਨਿੱਤ ਦੇ ਮੁਜ਼ਾਹਰਿਆਂ ਅਤੇ ਜਲਸਿਆਂ ਨੂੰ ਲੋੜੀਂਦਾ ਫਲ ਨਾ ਪੈਂਦਾ ਦੇਖ ਕੇ ਅਸੀਂ ਲੋਕਲ ਕਮੇਟੀ ਵਾਲਿਆਂ ਤੋਂ ਸਮਾਂ ਮੰਗਿਆ ਕਿ ਟੇਬਲ ਟਾਕ ਕਰਕੇ ਮਸਲਾ ਸੁਲਝਾਇਆ ਜਾਵੇ। ਉਨ੍ਹਾਂ ਸਾਡੇ ਡੈਪੂਟੇਸ਼ਨ ਨੂੰ ਬੁਲਾ ਲਿਆ, ਪਰ ਸਾਨੂੰ ਸੂਹ ਮਿਲ ਗਈ ਕਿ ਕਮੇਟੀ ਨੇ ਲਾਠੀਆਂ ਅਤੇ ਬੰਦੂਕਾਂ ਨਾਲ ਲੈਸ 'ਗੁੰਡੇ' ਦਫ਼ਤਰ ਵਿੱਚ ਬਿਠਾ ਲਏ ਹਨ। ਅਸੀਂ ਕੈਂਪ ਦੀ ਰਾਖੀ ਦਾ ਪ੍ਰਬੰਧ ਕਰਕੇ ਬਾਕੀ ਵੀਹ ਵਿਦਿਆਰਥੀ ਸਵੈ ਰੱਖਿਆ ਵਾਸਤੇ ਲਾਠੀਆਂ ਲੈ ਕੇ ਕਤਾਰਾਂ ਵਿੱਚ ਲੈਫ਼ਟ, ਰਾਈਟ ਕਰਦੇ ਸਹੀ ਨਾਅਰੇ ਲਾਉਂਦੇ ਹੋਏ ਮਲੋਟ ਮੰਡੀ ਵਿੱਚ ਪੁੱਜ ਗਏ ਅਤੇ ਜਲਸਾ ਸ਼ੁਰੂ ਕਰ ਦਿੱਤਾ: "ਸਾਡੀ ਮੰਗ ਪੂਰੀ ਕਰੋ।" ਅਚਾਨਕ ਗੁੰਡਿਆਂ ਨੇ ਹਮਲਾ ਕਰਕੇ ਸਾਡੇ ਵਿਦਿਆਰਥੀਆਂ ਉਪਰ ਲਾਠੀਚਾਰਜ ਕਰ ਦਿੱਤਾ। ਜਦ ਲਾਠੀ ਦਾ ਜਵਾਬ ਲਾਠੀ ਨਾ ਮਿਲਿਆ ਤਦ ਗੋਲੀਆਂ ਦਾ ਮੀਂਹ ਵਰਸਾ ਦਿੱਤਾ। ਅਸੀਂ ਪਹਿਲਾਂ ਹੀ ਸੁਚੇਤ ਸੀ ਅਤੇ ਕੋਡੇ ਹੋ ਕੇ ਤੁਰੰਤ ਮੰਡੀ ਵਿੱਚ ਆਪਣੇ ਕੈਂਪ ਵੱਲ ਤੇਜ਼ੀ ਨਾਲ ਚੱਲ ਪਏ ਅਤੇ 'ਗੁੰਡੇ' ਸਾਡੇ ਪਿੱਛੇ ਲਲਕਾਰੇ ਮਾਰਦੇ ਲੱਗ ਗਏ।

ਅਸੀਂ ਮੌਕਾ ਸੰਭਾਲਣ ਲਈ ਪੁਲਸ ਚੌਂਕੀ ਦੇ ਨੌਜਵਾਨ ਸਿਪਾਹੀਆਂ ਨੂੰ ਕਿਹਾ ਕਿ ਜੇ ਗੁੰਡਿਆਂ ਨੂੰ ਰੋਕ ਸਕਦੇ ਹੋ, ਤਦ ਰੋਕੋ ਨਹੀਂ ਤਾਂ ਸ਼ਹੀਦੀਆਂ ਹੋ ਜਾਣਗੀਆਂ, ਪਰ ਕੈਂਪ ਉਖਾੜਨ ਨਹੀਂ ਦੇਣਾ। ਉਹ ਨੌਜਵਾਨ ਸਾਡੇ 20 ਕੁ ਦਿਨਾਂ ਦੇ ਸ਼ਾਂਤਮਈ ਅੰਦੋਲਨ ਅਤੇ ਸਬਰ ਤੋਂ ਬਹੁਤ ਪ੍ਰਭਾਵਿਤ ਸਨ। ਸੋ, ਉਨ੍ਹਾਂ ਨੇ ਗੁੰਡਿਆਂ ਵੱਲ ਬੰਦੂਕਾਂ ਤਾਣ ਕੇ ਚਿਤਾਵਨੀ ਦਿੱਤੀ ਕਿ ਤਿੱਤਰ-ਬਿੱਤਰ ਹੋ ਜਾਓ, ਨਹੀਂ ਤਾਂ ਨਤੀਜੇ ਭੁਗਤਣ ਲਈ ਤਿਆਰ ਹੋ ਜਾਓ। 'ਗੁੰਡੇ' ਭੱਜ ਗਏ। ਗੋਲੀਆਂ ਨਾਲ ਸਾਡੇ ਦੋ ਸਥਾਨਕ ਲੀਡਰ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਸਨ। ਅਸੀਂ ਉਨ੍ਹਾਂ ਨੂੰ ਤੁਰੰਤ ਸਿਵਲ ਹਸਪਤਾਲ ਦਾਖਲ ਕਰਾਇਆ ਅਤੇ ਦੋਸ਼ੀਆਂ ਖਿਲਾਫ਼ ਥਾਣੇ ਵਿੱਚ ਐੱਫ ਆਈ ਆਰ ਦਰਜ ਕਰਕੇ ਉਨ੍ਹਾਂ ਉਤੇ ਇਰਾਦਾ-ਏ-ਕਤਲ ਧਾਰਾ ਲਾਉਣ ਲਈ ਅਰਜ਼ੀ ਦੇ ਦਿੱਤੀ।

ਕਹਾਣੀ ਮੁਕਾਈਏ, ਦੂਜੇ ਦਿਨ ਪ੍ਰਬੰਧਕ ਕਮੇਟੀ ਨੇ ਡੀ ਸੀ ਸੱਦ ਕੇ ਸਮਝੌਤੇ ਦਾ ਰਾਹ ਫੜ ਲਿਆ। ਅਸੀਂ ਮੰਗ ਕੀਤੀ ਕਿ ਪਹਿਲਾਂ ਇਨ੍ਹਾਂ ਨੂੰ ਗ੍ਰਿਫ਼ਤਾਰ ਕਰੋ ਅਤੇ ਫਿਰ ਪ੍ਰਿੰਸੀਪਲ ਟਰਾਂਸਫਰ ਕਰ ਦਿਓ। ਪ੍ਰਬੰਧਕ ਕਮੇਟੀ ਵਾਲੇ ਕਹਿਣ ਲੱਗੇ ਕਿ ਤੁਹਾਨੂੰ ਨਵੀਂ ਦਿੱਲੀ ਵੱਡੀ ਕਮੇਟੀ ਤੱਕ ਲਿਜਾ ਕੇ ਟਰਾਂਸਫਰ ਦਾ ਆਰਡਰ ਲਿਆ ਦਿੰਦੇ ਹਾਂ ਅਤੇ ਤੁਸੀਂ ਸਾਨੂੰ ਜੇਲ੍ਹ ਨਾ ਭਿਜਵਾਓ। ਲਿਖਤੀ ਸਮਝੌਤਾ ਹੋ ਗਿਆ : ਜਦ ਪ੍ਰਿੰਸੀਪਲ ਟਰਾਂਸਫਰ ਹੋ ਜਾਵੇਗਾ, ਜ਼ਖਮੀ ਵਿਦਿਆਰਥੀਆਂ ਦਾ ਜੋ ਜ਼ਿਆਦਾ ਖ਼ਰਚ ਹੋਇਆ ਤਾਂ ਕਮੇਟੀ ਸਹਿਣ ਕਰੇਗੀ ਅਤੇ ਜ਼ਖ਼ਮੀਆਂ ਦੀ ਤੰਦਰੁਸਤੀ ਉਪਰੰਤ ਹੀ ਦਰਜ ਐੱਫ਼ ਆਈ ਆਰ ਵਾਪਸ ਲੈ ਲਈ ਜਾਵੇਗੀ।

ਸਥਾਨਕ ਪ੍ਰਬੰਧਕ ਕਮੇਟੀ ਪ੍ਰਧਾਨ ਅਤੇ ਜਨਰਲ ਸਕੱਤਰ ਸਾਥੀ ਬੰਤ ਸਿੰਘ ਬਰਾੜ ਅਤੇ ਸਾਨੂੰ ਗੱਡੀ ਰਾਹੀਂ ਨਵੀਂ ਦਿੱਲੀ ਲੈ ਗਏ ਅਤੇ 25 ਜਨਵਰੀ, 1970 ਦੀ ਰਾਤ ਨੂੰ ਡੀ ਏ ਵੀ ਕਾਲਜ ਕਮੇਟੀ ਦੇ ਪ੍ਰਧਾਨ ਜਸਟਿਸ ਮਹਾਜਨ ਸਾਹਿਬ ਨਾਲ ਸਾਡੀ ਮੁਲਾਕਾਤ ਕਰਵਾਈ। ਕਮੇਟੀ ਪ੍ਰਤੀਨਿਧਾਂ ਨੇ ਪਹਿਲਾਂ ਹੀ ਟੈਲੀਗਰਾਮ ਦੇ ਕੇ ਪ੍ਰਧਾਨ ਜੀ ਨੂੰ ਲਿਖਤੀ ਸਮਝੌਤੇ ਸੰਬੰਧੀ ਸੂਚਿਤ ਕਰ ਦਿੱਤਾ ਸੀ ਕਿ ਸਾਡੀ ਜਾਨ ਕੁੜਿੱਕੀ ਵਿੱਚ ਅਟਕੀ ਹੈ। ਜਸਟਿਸ ਮਹਾਜਨ ਸਾਹਿਬ ਨੇ ਸਾਨੂੰ ਦੋ ਰਿੱਟਨ ਆਰਡਰ ਤਾਰ ਰਾਹੀਂ ਪਹਿਲਾਂ ਹੀ ਭੇਜੇ ਦਿਖਾਏ ਕਿ ਬੱਚਿਓ, ਮਲੋਟ ਦਾ ਪ੍ਰਿੰਸੀਪਲ ਤ੍ਰਿਕਤੂ ਅਬੋਹਰ ਭੇਜ ਦਿੱਤਾ ਹੈ ਅਤੇ ਅਬੋਹਰ ਦਾ ਪ੍ਰਿੰਸੀਪਲ ਗਰੋਵਰ ਸਾਹਿਬ ਮਲੋਟ। ਅਸੀਂ ਜਾਣ ਲਈ ਉਤਾਵਲੇ ਹੋ ਗਏ, ਪਰ ਜਸਟਿਸ ਸਾਹਿਬ ਨੇ ਕਿਹਾ ਕਿ ਚਾਹ ਆ ਰਹੀ ਹੈ ਅਤੇ ਹੋਰ ਫ਼ਰਮਾਇਆ, "ਸਾਡੀ ਕਮੇਟੀ ਦੇ ਭਾਰਤ ਭਰ ਵਿੱਚ 500 ਕਾਲਜ ਹਨ। ਜਿੰਨੀ ਮਰਜ਼ੀ ਸਟੂਡੈਂਟਸ ਮੂਵਮੈਂਟ ਤੇਜ਼-ਤਰਾਰ ਹੋਵੇ, ਅਸੀਂ ਕਦੇ ਪ੍ਰਿੰਸੀਪਲ ਡਿਸਮਿਸ ਅਤੇ ਸਸਪੈਂਡ ਤਾਂ ਕੀ ਕਰਨਾ, ਟਰਾਂਸਫਰ ਵੀ ਨਹੀਂ ਕੀਤਾ, ਪਰ, ਤੁਸੀਂ ਸ਼ਾਂਤਮਈ ਅੰਦੋਲਨ ਕੁਝ ਇਸ ਤਰ੍ਹਾਂ ਚਲਾਇਆ ਕਿ ਲੋਕਲ ਕਮੇਟੀ ਵੀ ਤੁਹਾਡੀਆਂ ਮੰਗਾਂ ਨਾਲ ਸਹਿਮਤ ਹੋ ਗਈ।"

ਅਸੀਂ ਜਸਟਿਸ ਮਹਾਜਨ ਸਾਹਿਬ ਦਾ ਧੰਨਵਾਦ ਕਰਕੇ ਕਮੇਟੀ ਪ੍ਰਤੀਨਿਧਾਂ ਨੂੰ ਤਾਕੀਦ ਕੀਤੀ ਕਿ ਇਸ ਰਾਤ ਦੀ ਗੱਡੀ ਫੜ ਕੇ ਹੀ ਮਲੋਟ ਚੱਲੀਏ ਅਤੇ ਹੜਤਾਲੀ ਵਿਦਿਆਰਥੀਆਂ ਸਹਿਤ ਜਿੱਤ ਦਾ ਜਸ਼ਨ ਮਨਾਈਏ। ਉਨ੍ਹਾਂ ਨੇ ਜ਼ੋਰ ਪਾਇਆ ਕਿ ਤੁਸੀਂ ਟੈਲੀਗਰਾਮ ਦੇ ਕੇ ਆਪਣੇ ਸਾਥੀਆਂ ਨੂੰ ਖੁਸ਼ਖ਼ਬਰੀ ਭੇਜ ਦਿਓ, ਕੱਲ੍ਹ 26 ਜਨਵਰੀ ਨੂੰ ਗਣਤੰਤਰ ਦਿਵਸ ਦੀ ਪਰੇਡ ਦੇਖਾਂਗੇ ਅਤੇ ਰਾਤ ਨੂੰ ਤੁਹਾਨੂੰ ਦਿਖਾਵਾਂਗੇ ਸਿਨੇਮਾ ਸ਼ੋਅ ਵੀ। ਇਸ ਪਿੱਛੋਂ ਗੱਡੀ ਚੜ੍ਹ ਕੇ ਮਲੋਟ ਪੁੱਜ ਜਾਵਾਂਗੇ। ਅਸੀਂ ਦੋਹਾਂ ਨੇ ਮੁਸਕੜੀਆਂ ਦਾ ਅਦਾਨ, ਪ੍ਰਦਾਨ ਕੀਤਾ।

ਬਾਤ ਲੰਬੀ ਪਾਉਣ ਵਾਸਤੇ ਖਿਮਾ ਦੇ ਜਾਚਕ ਹਾਂ, ਪਰ ਇਹ ਬਾਤ ਦੀ ਉਨ੍ਹਾਂ ਬਜ਼ੁਰਗ ਪਰ ਜਵਾਨ ਦਿਲ ਵਾਲੇ ਸਾਥੀਆਂ ਨੂੰ ਜਿਨ੍ਹਾਂ ਔਖੇ ਵੇਲੇ ਸਾਥ ਦਿੱਤਾ, ਯਾਦ ਕਰਾਉਣ ਲਈ ਅਤੇ ਜੈੱਨ ਜ਼ੀ ਅਤੇ ਅਲਫ਼ਾ ਦੇ ਸਿਖਾਂਦਰੂਆਂ ਨੂੰ ਕੁਝ ਸਮਝਾਉਣ ਲਈ ਹੀ ਖੇਚਲ ਕੀਤੀ ਹੈ। ਕਹਿੰਦੇ ਹਨ, ਲੜੇ ਫੌਜ, ਨਾਂਅ ਜਰਨੈਲਾਂ ਦਾ ਹੁੰਦਾ ਹੈ, ਪਰ ਅਸੀਂ ਕਰੈਡਿਟ ਉਸ ਸਮੇਂ ਦੇ ਬਠਿੰਡਾ ਜ਼ਿਲ੍ਹੇ ਦੇ ਉਨ੍ਹਾਂ ਸਟੂਡੈਂਟਸ ਲੀਡਰਾਂ ਨੂੰ ਦਿੱਤਾ, ਸਾਥੀ ਜਗਰੂਪ ਸਿੰਘ ਬਰਾੜ, ਸਾਥੀ ਗੁਰਨਾਮ ਕੰਵਰ ਅਬੋਹਰ ਅਤੇ ਸਾਥੀ ਦਰਸ਼ਨ ਸਿੰਘ ਢਿੱਲੋਂ ਮੁਰਾਦ ਸਿੰਘ ਵਾਲਾ ਆਦਿ ਅਤੇ ਨੌਜਵਾਨ ਆਗੂਆਂ, ਸਾਥੀ ਜੋਗਿੰਦਰ ਸਿੰਘ ਭਸੀਨ ਬਠਿੰਡਾ (ਹੁਣ ਸਾਡੇ ਵਿੱਚ ਨਹੀਂ) ਅਤੇ ਸਾਥੀ ਹਰਦੇਵ ਸਿੰਘ ਅਰਸ਼ੀ ਦਾਤੇਵਾਸ ਸਮੇਤ ਪੰਜਾਬ ਭਰ ਦੇ ਉਨ੍ਹਾਂ ਸਭ ਸੰਗਰਾਮੀ ਸਾਥੀਆਂ ਨੂੰ ਭੇਟ ਕਰਦੇ ਹੋਏ ਭੁੱਲੇ ਨਹੀਂ, ਜਿਨ੍ਹਾਂ ਨੇ ਡਟ ਕੇ ਸਾਥ ਦਿੱਤਾ ਅਤੇ ਡੋਲੇ ਨਹੀਂ।ਹੁਣ ਵੀ ਨੌਜਵਾਨ ਪੀੜ੍ਹੀ ਅਵਾਜ਼ਾਂ ਮਾਰ ਰਹੀ ਹੈ "ਝੁਕਾਨੇ ਵਾਲੇ ਚਾਹੀਏ।" ਪਰ ਅਸੀਂ ਕਰਮਵਾਰ ਸੁਪਰ ਸੀਨੀਅਰ ਸਿਟੀਜ਼ਨ ਅਤੇ ਸੀਨੀਅਰ ਸਿਟੀਜ਼ਨ ਹੋਣ ਕਰਕੇ ਜੈੱਨ ਜ਼ੀ ਅਤੇ ਅਲਫ਼ਾ ਵਾਲਿਆਂ ਨੂੰ ਸੰਦੇਸ਼ ਹੀ ਭੇਜਦੇ ਹਾਂ:

"ਹੁਣ ਅਸੀਂ ਪੱਤਝੜ ਦੇ ਪੱਤੇ ਹਾਂ, ਰੁੱਤ ਨਵਿਆਂ ਦੀ ਆਈ ਹੋਈ ਹੈ।" **(ਸਮਾਪਤ)**

**ਸੰਪਰਕ : 99152-43184**

# ਗੁਰੂ ਕੇ ਬਾਗ ਦਾ ਮੋਰਚਾ

**ਸੁਖਵੰਤ ਚੇਤਨਪੁਰੀ**

ਗੁਰੂ ਕੇ ਬਾਗ ਦਾ ਇਤਿਹਾਸਿਕ ਸਥਾਨ ਅੰਮ੍ਰਿਤਸਰ ਜ਼ਿਲ੍ਹੇ ਦੀ ਅਜਨਾਲਾ ਤਹਿਸੀਲ ਦੇ ਪਿੰਡ ਘੁੱਕੇਵਾਲੀ ਅਤੇ ਸਹਿੰਸਰਾ ਪਿੰਡ ਦੇ ਵਿਚਕਾਰ ਅੰਮ੍ਰਿਤਸਰ ਤੋਂ ਅਜਨਾਲਾ ਨੂੰ ਜਾਣ ਵਾਲੀ ਸੜਕ ਰਾਹੀਂ ਅੱਡਾ ਕੁੱਕੜਾਂ ਵਾਲਾ ਤੋਂ ਮਹੱਦੀਪੁਰ, ਫਤਹਿਗੜ੍ਹ ਚੂੜੀਆਂ ਸੜਕ 'ਤੇ ਸਥਿਤ ਹੈ। ਗੁਰੂਦੁਆਰਾ ਗੁਰੂ ਕੇ ਬਾਗ ਦੀ ਅੰਮ੍ਰਿਤਸਰ ਤੋਂ ਦੂਰੀ ਤਕਰੀਬਨ 25 ਕਿਲੋਮੀਟਰ ਹੈ। ਇਸ ਸਥਾਨ 'ਤੇ ਪੰਜਵੀਂ ਅਤੇ ਨੌਵੀਂ ਪਾਤਸ਼ਾਹੀ ਨਾਲ ਸੰਬੰਧਿਤ ਦੋ ਗੁਰੂਦੁਆਰੇ ਹਨ।ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇੱਹ ਅਸਥਾਨ ਗੁਰੂ ਕੀ ਰੌੜ ਵਜੋਂ ਜਾਣਿਆ ਜਾਂਦਾ ਸੀ, ਪਰ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਇਥੇ ਬਾਗ ਲਗਵਾਉਣ ਕਰਕੇ ਇਸ ਅਸਥਾਨ ਦਾ ਨਾਂਅ ਗੁਰੂ ਕਾ ਬਾਗ ਪੈ ਗਿਆ। ਅੰਗਰੇਜ਼ਾਂ ਦੇ ਰਾਜ ਸਮੇਂ ਗੁਰਦੁਆਰਿਆਂ ਦਾ ਪ੍ਰਬੰਧ ਭ੍ਰਿਸ਼ਟ ਮਹੰਤਾਂ, ਜਿਨ੍ਹਾਂ ਨੂੰ ਅੰਗਰੇਜ਼ ਸਰਕਾਰ ਦੀ ਸ਼ਹਿ ਪ੍ਰਾਪਤ ਸੀ, ਦੇ ਅਧੀਨ ਸੀ। ਉਨ੍ਹਾਂ ਗੁਰਦੁਆਰਿਆਂ ਨੂੰ ਜੂਏਬਾਜ਼ਾਂ ਅਤੇ ਤੀਵੀਂਬਾਜ਼ਾਂ ਦੇ ਅੱਡੇ ਬਣਾ ਛੱਡਿਆ ਸੀ ਅਤੇ ਹੋਰ ਕਈ ਤਰਾਂ ਦੇ ਭੈੜੇ ਕੰਮ ਸਰਕਾਰ ਦੀ ਸ਼ਹਿ 'ਤੇ ਮਹੰਤਾਂ ਦੀ ਸਰਪ੍ਰਸਤੀ ਹੇਠ ਗੁਰਦੁਆਰਿਆਂ ਵਿੱਚ ਹੋਣ ਲੱਗ ਪਏ, ਜਿਸ ਨਾਲ ਗੁਰ-ਮਰਿਆਦਾ ਅਤੇ ਰਹਿਤ ਮਰਿਆਦਾ ਨੂੰ ਢਾਹ ਲੱਗ ਰਹੀ ਸੀ। ਗੁਰਦੁਆਰਿਆਂ ਵਿੱਚ ਮਹੰਤਾਂ ਵੱਲੋਂ ਕੀਤੇ ਜਾ ਰਹੇ ਅਜਿਹੇ ਪੁੱਠੇ ਕਾਰਿਆਂ ਕਰਕੇ ਲੋਕਾਂ ਵਿੱਚ ਗੁੱਸਾ ਵਧਣਾ ਸ਼ੁਰੂ ਹੋ ਗਿਆ। ਬਦਚਲਣ, ਵਿਭਚਾਰੀ ਅਤੇ ਬਦਕਾਰ ਮਹੰਤਾਂ ਤੋਂ ਗੁਰਦੁਆਰੇ ਆਜ਼ਾਦ ਕਰਵਾਉਣ ਲਈ ਸਿੰਘਾਂ ਨੂੰ 1919 ਤੋਂ 1926 ਤੱਕ ਮੋਰਚੇ ਲਗਾਉਣੇ ਪਏ। 21 ਮਈ 1920 ਨੂੰ ਲਾਹੌਰ ਤੋਂ ਛਪਣਾ ਸ਼ੁਰੂ ਹੋਏ 'ਅਕਾਲੀ' ਅਖ਼ਬਾਰ ਨੇ ਆਰੰਭ ਵਿੱਚ ਹੀ ਗੁਰਦੁਆਰਿਆਂ 'ਤੇ ਮਹੰਤਾਂ ਦੇ ਕਬਜ਼ੇ ਅਤੇ ਉਹਨਾਂ ਨੂੰ ਆਜ਼ਾਦ ਕਰਾਉਣ ਦੀ ਗੱਲ ਕਰਨੀ ਸ਼ੁਰੂ ਕਰ ਦਿੱਤੀ, ਜਿਸ ਨਾਲ ਵੀ ਲੋਕਾਂ ਵਿੱਚ ਜਾਗਰੂਕਤਾ ਆਈ।1857 ਦੀ ਆਜ਼ਾਦੀ ਦੀ ਪਹਿਲੀ ਲੜਾਈ ਪਿੱਛੋਂ ਭਾਵੇਂ ਮਹਾਰਾਣੀ ਵਿਕਟੋਰੀਆ ਨੇ ਇਹ ਐਲਾਨ ਕਰ ਦਿੱਤਾ ਸੀ ਕਿ ਉਹਨਾ ਦੀ ਸਰਕਾਰ ਹਿੰਦੋਸਤਾਨੀ ਲੋਕਾਂ ਦੇ ਧਾਰਮਿਕ ਮਾਮਲਿਆਂ ਵਿੱਚ ਦਖਲ ਨਹੀਂ ਦੇਵੇਗੀ, ਪਰ ਇਹ ਸਭ ਕਹਿਣ ਦੀਆਂ ਹੀ ਗੱਲਾਂ ਸਨ, ਅਸਲ ਹਕੀਕਤ ਹੋਰ ਸੀ ਅਤੇ ਵਾਪਰ ਸਭ ਕੁਝ ਇਸ ਦੇ ਉਲਟ ਰਿਹਾ ਸੀ।1881 ਵਿੱਚ ਪੰਜਾਬ ਦੇ ਲੈਫਟੀਨੈਂਟ ਗਵਰਨਰ ਇਜਰਟਨ ਨੇ ਲਾਟ ਰਿਪਨ ਨੂੰ ਇਕ ਚਿੱਠੀ ਲਿਖ ਕੇ ਆਖਿਆ ਕਿ ਗੁਰਦੁਆਰਿਆਂ ਦੇ ਪ੍ਰਬੰਧ ਨੂੰ ਕਿਸੇ ਕਮੇਟੀ ਦੇ ਹੱਥਾਂ ਵਿਚ ਜਾਣ ਦੇਣਾ ਖਤਰਨਾਕ ਹੋਵੇਗਾ। ਲਾਰਡ ਰਿਪਨ ਦੀ ਚਿੱਠੀ ਤੋਂ ਅੰਗਰੇਜ਼ ਹਾਕਮਾਂ ਦੇ ਸਾਰੇ ਮਨਸੂਬਿਆਂ ਦੀ ਸਥਿਤੀ ਸਪੱਸ਼ਟ ਹੋ ਜਾਂਦੀ ਹੈ। ਪੰਜਾਬ 'ਤੇ ਕਬਜ਼ਾ ਕਰਨ ਪਿੱਛੋਂ ਉਨ੍ਹਾਂ ਨੇ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਉਸ ਨਾਲ ਸੰਬੰਧਤ ਤਕਰੀਬਨ ਸਾਰਿਆਂ ਗੁਰਦੁਆਰਿਆਂ ਨੂੰ ਆਪਣੇ ਅਧੀਨ ਕਰ ਲਿਆ ਸੀ। ਅੰਗਰੇਜ਼ ਹਕੂਮਤ ਗੁਰਦੁਆਰਿਆਂ ਤੋਂ ਆਪਣਾ ਕਬਜ਼ਾ ਛੱਡਣਾ ਹੀ ਨਹੀਂ ਚਾਹੁੰਦੀ ਸੀ। ਮਹੰਤਾਂ ਦੀ ਪਿੱਠ 'ਤੇ ਸਰਕਾਰ ਦਾ ਹੱਥ ਹੋਣ ਕਾਰਨ ਗੁਰਦੁਆਰਿਆਂ 'ਤੇ ਕਾਬਜ਼ ਮਹੰਤ ਸਿੱਖਾਂ ਤੋਂ ਆਕੀ ਹੋ ਗਏ। ਮਹੰਤਾਂ ਅਤੇ ਪੁਜਾਰੀਆਂ ਨੇ ਗੁਰਦੁਆਰਿਆਂ ਵਿੱਚ ਕਈ ਤਰ੍ਹਾਂ ਦੀਆਂ ਮਨਮਾਨੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਹਰੇਕ ਜਾਇਜ਼-ਨਜਾਇਜ਼ ਕੰਮ ਗੁਰਦੁਆਰਿਆਂ ਵਿਚ ਹੋਣ ਲਗ ਪਏ। ਇੱਸ ਦੌਰਾਨ ਕਾਮਾਗਾਟਾ ਮਾਰੂ ਦੇ ਸ਼ਹੀਦਾਂ ਵਿਰੁੱਧ ਪਤਿਤ ਹੁਕਮਨਾਮਾ ਜਾਰੀ ਕੀਤਾ ਗਿਆ, ਜਲ੍ਹਿਆਂ ਵਾਲੇ ਬਾਗ ਦੇ ਖ਼ੂਨੀ ਸਾਕੇ ਦੇ ਦੋਸ਼ੀਆਂ ਨੂੰ ਸਰਬਰਾਹ ਅਰੂੜ ਸਿੰਘ ਵੱਲੋਂ ਅਕਾਲ ਤਖਤ ਤੋਂ ਸਨਮਾਨਤ ਕੀਤਾ ਗਿਆ। ਵਿਰੋਧ ਵਿੱਚ ਨਵੀਂ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਟਿੰਗ ਕਰਕੇ ਭ੍ਰਿਸ਼ਟ ਮਹੰਤਾਂ ਤੋਂ ਗੁਰਦੁਆਰੇ ਅਜ਼ਾਦ ਕਰਾਉਣ ਲਈ ਮੁਹਿੰਮ ਸ਼ੁਰੂ ਕਰਨ ਦਾ ਫੈਸਲਾ ਕੀਤਾ। ਗੁਰਦੁਆਰਾ ਗੁਰੂ ਕੇ ਬਾਗ ਦੇ ਮਹੰਤ ਸੁੰਦਰ ਦਾਸ ਦਾ ਸਮਝੌਤਾ ਭਾਵੇਂ ਸ਼੍ਰੋਮਣੀ ਕਮੇਟੀ ਨਾਲ ਹੋ ਚੁੱਕਾ ਸੀ, ਪਰ ਉਹ ਆਪਣੇ ਇਕਰਾਰ ਤੋਂ ਮੁੱਕਰ ਗਿਆ। ਮਿਸਟਰ ਡੰਨਿਟ ਨੇ ਮਹੰਤ ਸੁੰਦਰ ਦਾਸ ਨੂੰ ਵਰਗਲਾ ਕੇ ਸ਼੍ਰੋਮਣੀ ਕਮੇਟੀ ਨਾਲ ਕੀਤਾ ਸਮਝੌਤਾ ਤੁੜਵਾਇਆ। ਉਸ ਨੇ ਸਥਾਨਕ ਕਮੇਟੀ ਨੂੰ ਅਣਗੌਲਿਆਂ ਕਰਦਿਆਂ ਮੈਨੇਜਰ ਨੂੰ ਬਾਹਰ ਕੱਢ ਕੇ ਕਾਗਜ਼ ਪੱਤਰਾਂ ਨੂੰ ਅੱਗ ਲਾ ਦਿੱਤੀ ਅਤੇ ਦਫਤਰ ਦਾ ਪ੍ਰਬੰਧ ਆਪਣੇ ਹੱਥਾਂ ਵਿਚ ਲੈ ਲਿਆ। ਇਸ ਨਾਲ ਅਕਾਲੀਆਂ ਵਿੱਚ ਗੁੱਸੇ ਦੀ ਲਹਿਰ ਦੌੜ ਗਈ। ਉਹਨਾਂ 23 ਅਗਸਤ 1921 ਨੂੰ ਦੁਬਾਰਾ ਮਹੰਤ ਨੂੰ ਬਾਹਰ ਕੱਢ ਕੇ ਦਫ਼ਤਰ ਦਾ ਪ੍ਰਬੰਧ ਆਪਣੇ ਹੱਥਾਂ 'ਚ ਹੇਠ ਲੈ ਲਿਆ। ਮਹੰਤ ਸੁੰਦਰ ਦਾਸ ਨੇ ਅੰਗਰੇਜ਼ ਅਫਸਰਾਂ ਪਾਸੋਂ ਮਦਦ ਮੰਗੀ ਤਾਂ ਮਿਸਟਰ ਮੈਕਫਰਸਨ ਉਥੇ ਆਇਆ, ਵਾਪਸ ਜਾਣ ਵੇਲੇ ਇੱਕ ਪੁਲਸ ਪਾਰਟੀ ਛੱਡ ਗਿਆ। ਪੁਲਸ ਪਾਰਟੀ ਨੂੰ ਗੁਰਦੁਆਰੇ ਵਿੱਚ ਛੱਡਣ ਸੰਬੰਧੀ ਕਮੇਟੀ ਨੂੰ ਪੁੱਛੇ ਜਾਣ ਸਮੇਂ ਕਮੇਟੀ ਦੇ ਇੱਹ ਕਹਿਣ 'ਤੇ ਕਿ ਉਹ ਨਾਂ ਤਾਂ ਇਸ ਦੇ ਹੱਕ ਵਿਚ ਹਨ ਅਤੇ ਨਾ ਹੀ ਵਿਰੋਧ ਵਿੱਚ, ਤਾਂ ਪੁਲਸ ਪਾਰਟੀ ਵਾਪਸ ਬੁਲਾ ਲਈ ਗਈ। ਤਰਨ ਤਾਰਨ ਸਾਹਿਬ ਦਾ ਗੁਰਦੁਆਰਾ ਆਜ਼ਾਦ ਕਰਾਉਣ ਤੋਂ ਬਾਅਦ 31 ਜਨਵਰੀ 1921 ਨੂੰ ਬਾਬੂ ਦਾਨ ਸਿੰਘ ਵਿਛੋਆ ਦੀ ਅਗਵਾਈ ਹੇਠ ਗੁਰੂ ਕੇ ਬਾਗ 'ਤੇ ਕਾਬਜ਼ ਮਹੰਤ ਸੁੰਦਰ ਦਾਸ ਦੇ ਕਬਜ਼ੇ ਤੋਂ ਗੁਰਦੁਆਰੇ ਨੂੰ ਮੁਕਤ ਕਰਾਉਣ ਲਈ 50 ਦੇ ਕਰੀਬ ਸਿੰਘਾਂ ਦਾ ਜਥਾ ਗੁਰੂ ਕੇ ਬਾਗ ਪਹੁੰਚਿਆ, ਮੌਕਾ ਵੇਖ ਕੇ ਮਹੰਤ ਨੇ ਜਥੇ ਦੀਆਂ ਸ਼ਰਤਾਂ ਲਿਖਤੀ ਰੂਪ ਵਿੱਚ ਮੰਨ ਲਈਆਂ। ਉਸ ਨੇ ਇਹ ਵੀ ਮੰਨਿਆ ਕਿ ਜਿਸ ਕਿਸੇ ਇਸਤਰੀ ਨਾਲ ਉਸ ਦੇ ਸਬੰਧ ਹੋਣਗੇ, ਉਸ ਨਾਲ ਉਹ ਵਿਆਹ ਕਰਵਾ ਲਏਗਾ। ਇਲਾਕੇ ਵਿਚ ਉਸ ਦੇ ਚਾਲ-ਚੱਲਣ ਬਾਰੇ ਵੀ ਅਵਾਜ਼ਾਂ ਉੱਠ ਰਹੀਆਂ ਸਨ, ਕਿਉਂਕਿ ਰੋਖੇ ਪਿੰਡ ਦੀ ਈਸਰੀ ਨਾਂਅ ਦੀ ਇੱਕ ਔਰਤ ਬਿਨਾਂ ਵਿਆਹ ਕੀਤਿਆਂ ਉਸ ਕੋਲ ਰਹਿ ਰਹੀ ਸੀ। ਜਗਦੇਈ ਨਾਂਅ ਦੀ ਇਕ ਹੋਰ ਇਸਤਰੀ ਨਾਲ ਵੀ ਉਸ ਦੇ ਨਜਾਇਜ਼ ਸੰਬੰਧ ਸਨ। 23 ਅਗਸਤ 1921 ਨੂੰ ਐੱਸ ਜੀ ਪੀ ਸੀ ਵੱਲੋਂ ਉਥੋਂ ਦਾ ਪ੍ਰਬੰਧ ਆਪਣੇ ਹੱਥਾਂ ਹੀ ਲੈ ਲਿਆ ਗਿਆ। ਮਹੰਤ ਨੇ ਫਰਵਰੀ 1922 ਵਿੱਚ 120 ਰੁਪਏ ਗੁਜ਼ਾਰਾ ਭੱਤਾ ਅਤੇ ਅੰਮ੍ਰਿਤਸਰ ਵਿਖੇ ਇੱਕ ਰਿਹਾਇਸ਼ੀ ਮਕਾਨ ਲੈਣਾ ਮੰਨ ਕੇ ਉਥੇ ਰਹਿਣ ਦਾ ਫੈਸਲਾ ਪ੍ਰਵਾਨ ਕਰ ਲਿਆ, ਜਿਸ ਤੋਂ ਉਹ ਦੋ ਮਹੀਨੇ ਪਿੱਛੋਂ ਹੀ ਮੁੱਕਰ ਗਿਆ। ਉਸ ਸਮੇਂ ਗੁਰਦੁਆਰੇ ਦੇ ਨਜ਼ਦੀਕ ਬਹੁਤ ਸਾਰੀ ਜ਼ਮੀਨ ਬੰਜਰ ਪਈ ਹੋਈ ਸੀ। ਇਹ ਜ਼ਮੀਨ ਸਹਿੰਸਰੇ ਪਿੰਡ ਦੇ ਲੋਕਾਂ ਵੱਲੋਂ ਗੁਰਦੁਆਰੇ ਦੇ ਨਾਂਅ ਲਗਾਈ ਹੋਈ ਸੀ। ਇੱਸ ਖਾਲੀ ਪਈ ਜ਼ਮੀਨ ਵਿੱਚ ਵੱਡੀ ਮਾਤਰਾ ਵਿਚ ਕਿੱਕਰਾਂ ਆਦਿ ਉਗੀਆਂ ਹੋਈਆਂ ਸਨ। ਗੁਰਦੁਆਰਾ ਸਾਹਿਬ ਦੇ ਲੰਗਰ ਲਈ ਬਾਲਣ ਇਥੋਂ ਹੀ ਲਿਜਾਇਆ ਜਾਂਦਾ ਸੀ। 8 ਅਗਸਤ 1922 ਨੂੰ ਲੰਗਰ ਲਈ ਲੱਕੜਾਂ ਲੈਣ ਗਏ ਸਿੰਘਾਂ ਭਾਈ ਸੰਤੋਖ ਸਿੰਘ ਲਸ਼ਕਰੀ ਨੰਗਲ, ਭਾਈ ਲਾਭ ਸਿੰਘ ਰਾਜਾਸਾਂਸੀ, ਭਾਈ ਸੰਤਾ ਸਿੰਘ ਮੇਸਾ, ਭਾਈ ਲਾਭ ਸਿੰਘ ਮੱਤੇ ਨੰਗਲ ਅਤੇ ਇੱਕ ਹੋਰ ਨੂੰ ਫੜ ਲਿਆ ਗਿਆ। 9 ਅਗਸਤ ਨੂੰ ਉਹਨਾਂ ਨੂੰ ਚੋਰੀ ਦੇ ਜੁਰਮ ਵਿੱਚ 50 ਰੁਪਏ ਜੁਰਮਾਨਾ ਅਤੇ 6-6 ਮਹੀਨੇ ਦੀ ਕੈਦ ਦਾ ਹੁਕਮ ਸੁਣਾ ਕੇ ਜੇਲ੍ਹ ਭੇਜ ਦਿੱਤਾ ਗਿਆ। ਲੱਕੜਾਂ ਵੱਡਣ ਦੀ ਸੂਚਨਾ ਮਹਿਲਾਂ ਵਾਲੇ ਦੇ ਬ੍ਰਿਜ ਲਾਲ ਜ਼ੈਲਦਾਰ, ਜੋ ਅੰਗਰੇਜ਼ਾਂ ਦਾ ਪਿੱਠੂ ਸੀ, ਵੱਲੋਂ ਡੀ ਸੀ ਨੂੰ ਦਿੱਤੀ ਗਈ। ਸਿੰਘਾਂ 'ਤੇ ਕੇਸ ਦਰਜ ਹੋਣ ਉਪਰੰਤ ਮੋਰਚਾ ਸ਼ੁਰੂ ਹੋ ਗਿਆ। ਡੰਨਿਟ ਵੱਲੋਂ ਉਸ ਸਮੇਂ ਅਕਾਲੀਆਂ ਨੂੰ ਫੜ ਕੇ ਕੁਟਾਪਾ ਚਾੜ੍ਹ ਕੇ ਗੁਰਦੁਆਰੇ ਵਿੱਚੋਂ ਬਾਹਰ ਕੱਢਣ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਗਈਆਂ, ਜਿਸ ਦੇ ਵਿਰੋਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਰੋਜ਼ਾਨਾ ਪੰਜ-ਪੰਜ ਸਿੰਘਾਂ ਦੇ ਜਥੇ ਭੇਜਣੇ ਆਰੰਭ ਕਰ ਦਿੱਤੇ ਗਏ। ਪੁਲਸ ਉਹਨਾਂ ਨੂੰ ਫੜਦੀ ਅਤੇ ਪੁੱਛ-ਪੜਤਾਲ ਕਰਕੇ ਛੱਡ ਦੇਂਦੀ। 22 ਅਗਸਤ 1922 ਤੋਂ ਰੋਜ਼ਾਨਾ ਲਗਭਗ 100 ਸਿੰਘਾਂ ਦਾ ਜਥਾ ਅਕਾਲ ਤਖਤ ਤੋਂ ਗੁਰੂ ਕੇ ਬਾਗ ਵੱਲ ਭੇਜਣਾ ਆਰੰਭ ਕਰ ਦਿੱਤਾ ਗਿਆ। ਐਨ ਇਸੇ ਸਮੇਂ ਅੰਗਰੇਜ਼ ਹਾਕਮਾਂ ਵੱਲੋਂ ਜਥਿਆਂ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਦੀਆਂ ਗ੍ਰਿਫਤਾਰੀਆਂ ਵੀ ਸ਼ੁਰੂ ਕਰ ਦਿੱਤੀਆਂ ਗਈਆਂ। ਪੁਲਸ ਦੇ ਡਿਪਟੀ ਸੁਪਰਡੈਂਟ ਮਿਸਟਰ ਬੀ.ਟੀ. ਨੇ ਗੁਰੂ ਕੇ ਬਾਗ ਪਹੁੰਚ ਕੇ ਘੇਰਾ ਪਾ ਕੇ ਮੱਸਿਆ ਵਾਲੇ ਦਿਨ ਸੰਗਤ ਉਪਰ ਬਹੁਤ ਤਸ਼ੱਦਦ ਕੀਤਾ। ਲੱਕੜਾਂ ਕੱਟਣ ਜਾਣ ਵਾਲਿਆਂ ਨੂੰ ਗ੍ਰਿਫਤਾਰ ਕਰਨਾ ਸ਼ੁਰੂ ਕਰਨ ਦੇ ਨਾਲ ਗੁਰਦੁਆਰੇ ਅੰਦਰ ਲੰਗਰ ਵਾਸਤੇ ਜਾਣ ਵਾਲੀ ਰਸਦ 'ਤੇ ਪੂਰੀ ਸਖਤੀ ਕਰ ਦਿੱਤੀ ਗਈ। ਜਥੇਦਾਰ ਸ਼ਾਮ ਸਿੰਘ ਨੇ ਰਾਤ ਵੇਲੇ ਲੰਗਰ ਲਈ ਲੱਕੜਾਂ ਚੁੱਕੀਆਂ ਤਾਂ ਉਸ ਦਾ ਗਸ਼ਤ ਕਰ ਰਹੇ ਬੀ ਟੀ ਪੁਲਸ ਸੁਪਰਡੈਂਟ ਨਾਲ ਸਾਹਮਣਾ ਹੋ ਗਿਆ, ਝੜਪ ਵਿੱਚ ਉਸ ਨੇ ਬੀ.ਟੀ.ਦੇ ਸਿਰ ਵੱਲ ਖੂੰਡਾ ਮਾਰਿਆ, ਜੋ ਉਸ ਦੀ ਬਾਂਹ ਨੂੰ ਤੋੜ ਕੇ ਘੋੜੀ ਦੇ ਸਿਰ ਵਿੱਚ ਜਾ ਵੱਜਾ, ਜਿਸ ਨਾਲ ਘੋੜੀ ਡਿੱਗ ਪਈ। ਕੁਝ ਸਿੰਘਾਂ ਨੇ ਲਿਆਂਦਾ ਰਾਸ਼ਨ ਅੰਦਰ ਭੇਜ ਦਿਤਾ। ਬੀ ਟੀ ਨੇ ਡੀ ਸੀ ਡੰਨਿਟ ਪਾਸੋਂ ਗੋਲੀ ਚਲਾਉਣ ਦੀ ਆਗਿਆ ਮੰਗੀ, ਪਰ ਉਸ ਨੇ ਆਗਿਆ ਨਾ ਦਿੱਤੀ। ਇਸ ਪਿੱਛੋਂ ਗੁਰੂ ਕੇ ਬਾਗ ਵੱਲ ਜਾਣ ਦੀ ਮਨਾਹੀ ਕਰ ਦਿੱਤੀ ਗਈ। ਲਹਿਰ ਨੂੰ ਮੱਠਾ ਕਰਨ ਲਈ 26 ਅਗਸਤ ਨੂੰ ਸ਼੍ਰੋਮਣੀ ਕਮੇਟੀ ਦੀ ਮੀਟਿੰਗ ਸਮੇਂ ਡੀ ਸੀ ਡੰਨਿਟ ਨੇ ਅੱਠ ਆਗੂਆਂ ਸਰਦਾਰ ਮਹਿਤਾਬ ਸਿੰਘ, ਭਗਤ ਜਸਵੰਤ ਸਿੰਘ, ਸਰਦਾਰ ਨਰਾਇਣ ਸਿੰਘ, ਪ੍ਰੋਫੈਸਰ ਸਾਹਿਬ ਸਿੰਘ, ਸਰਮੁਖ ਸਿੰਘ ਝਬਾਲ, ਮਾਸਟਰ ਤਾਰਾ ਸਿੰਘ, ਰਵੇਲ ਸਿੰਘ ਅਤੇ ਕੇਹਰ ਸਿੰਘ ਨੂੰ ਫੜ ਲਿਆ। ਡੰਨਿਟ ਭੁਲੇਖੇ ਵਿੱਚ ਸੀ, ਕਿਉਂਕਿ ਉਸ ਨੂੰ ਪਤਾ ਨਹੀਂ ਸੀ ਕਿ ਅਕਾਲੀਆਂ ਵਿਚਲਾ ਜੋਸ਼ ਘਟਣ ਵਾਲਾ ਨਹੀਂ ਸੀ। 31 ਅਗਸਤ ਨੂੰ 200 ਅਕਾਲੀਆਂ ਦਾ ਜਥਾ ਅੰਮ੍ਰਿਤਸਰ ਤੋਂ ਗੁਰੂ ਕੇ ਬਾਗ਼ ਨੂੰ ਤੁਰਿਆ, ਜਿਸ ਨੂੰ ਡੰਨਿਟ ਨੇ ਗੁਮਟਾਲੇ ਵਾਲੇ ਪੁਲ 'ਤੇ ਰੋਕ ਕੇ ਉਹਨਾਂ 'ਤੇ ਅੰਨ੍ਹਾ ਤਸ਼ੱਦਦ ਢਾਹਿਆ। ਇਸ ਸਮੇਂ ਕੀਤੀ ਗਈ ਕੁੱਟਮਾਰ ਸਮੇਂ ਕਈਆਂ ਦੇ ਸਿਰ ਪਾਟ ਗਏ ਅਤੇ ਕਈ ਬੇਹੋਸ਼ ਵੀ ਹੋ ਗਏ।ਏਨਾ ਕੁਝ ਹੋਣ ਦੇ ਬਾਵਜੂਦ ਸਿੰਘ ਮੈਦਾਨੋਂ ਹਟਣ ਲਈ ਤਿਆਰ ਨਹੀਂ ਸਨ। ਗੁਰੂ ਕੇ ਬਾਗ ਦੇ ਨਜ਼ਦੀਕ ਪਿੰਡਾਂ ਲਸ਼ਕਰੀ ਨੰਗਲ, ਸੈਂਸਰਾ, ਖਤਰਾਏ ਕਲਾਂ ਜਗਦੇਵ ਕਲਾਂ, ਅਤੇ ਘੁੱਕੇਵਾਲੀ ਦੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।

ਕਾਮਰੇਡ ਸੋਹਨ ਸਿੰਘ ਜੋਸ਼ ਆਪਣੀ ਕਿਤਾਬ 'ਅਕਾਲੀ ਮੋਰਚਿਆਂ ਦਾ ਇਤਿਹਾਸ' ਦੇ ਪੰਨਾ ਨੰਬਰ 161 'ਤੇ ਲਿਖਦੇ ਹਨ ਕਿ ਇਲਾਕੇ ਦੇ ਲੋਕਾਂ ਨੇ ਉਸ ਸਮੇਂ ਇਕ ਡੁਰਲੀ ਜਥਾ ਬਣਾਇਆ ਹੋਇਆ ਸੀ, ਜੋ ਚੋਰੀ-ਛਿਪੇ ਗੁਰਦੁਆਰਾ ਸਾਹਿਬ ਵਿੱਚ ਰਸਦ ਪਹੁੰਚਾਉਂਦਾ ਸੀ।31ਅਗਸਤ ਤੋਂ ਪਿਛੋਂ ਤਾਂ ਸਰਕਾਰ ਵੱਲੋਂ ਬਹੁਤ ਹੀ ਜ਼ਿਆਦਾ ਸਖਤੀ ਕਰ ਦਿੱਤੀ ਗਈ। ਹਾਲਾਤ ਕੁੱਟ-ਕੁਟਾਪੇ ਅਤੇ ਹੱਡ-ਪੈਰ ਤੋੜਨ ਤੱਕ ਪਹੁੰਚ ਗਏ। ਰੋਜ਼ਾਨਾ ਅੰਮ੍ਰਿਤਸਰ ਤੋਂ 100 ਆਦਮੀਆਂ ਦਾ ਜਥਾ ਤੁਰਦਾ ਜੋ ਬੀ.ਟੀ ਦੀਆਂ ਡਾਂਗਾਂ ਦਾ ਸ਼ਿਕਾਰ ਹੁੰਦਾ। 10 ਅਕਤੂਬਰ ਤੋਂ 100 ਸਿੰਘਾਂ ਦਾ ਜਥਾ ਰੋਜ਼ਾਨਾ ਗ੍ਰਿਫਤਾਰ ਹੋਣ ਲਈ ਭੇਜਿਆ ਜਾਣ ਲੱਗਾ, ਜਿਸ ਵਿੱਚ ਫੌਜੀ ਪੈਨਸ਼ਨੀਏ ਵੀ ਸ਼ਾਮਲ ਸਨ। ਕੈਦੀਆਂ ਨੂੰ ਅੰਮ੍ਰਿਤਸਰ ਅਤੇ ਗੋਬਿੰਦਗੜ੍ਹ ਕਿਲ੍ਹੇ ਦੀ ਆਰਜ਼ੀ ਜੇਲ੍ਹ ਵਿਚ ਕੈਦ ਕੀਤਾ ਜਾਂਦਾ ਸੀ। ਕੈਦੀਆਂ ਦੀ ਗਿਣਤੀ ਵਧਣ ਕਰਕੇ ਸਰਕਾਰ ਨੇ ਉਨ੍ਹਾਂ ਨੂੰ ਨਬਾਲਗ ਜਾਂ ਬਜ਼ੁਰਗ ਕਹਿ ਕੇ ਛੱਡ ਦਿੱਤਾ।12-13 ਸਤੰਬਰ ਨੂੰ ਇਕ ਅਮਰੀਕੀ ਪੱਤਰਕਾਰ ਨੇ ਗੁਰੂ ਕੇ ਬਾਗ ਵਿਖੇ ਸਿੰਘਾਂ 'ਤੇ ਹੋ ਰਹੇ ਤਸ਼ੱਦਦ ਦੀ ਡਾਕੂਮੈਂਟਰੀ ਫਿਲਮ ਬਣਾ ਕੇ ਵਿਖਾਈ, ਜਿਸ ਦੇ ਵਿਰੋਧ ਵਿੱਚ ਬ੍ਰਿਟਿਸ਼ ਪ੍ਰਧਾਨ ਮੰਤਰੀ ਨੇ ਅਮਰੀਕੀ ਰਾਸ਼ਟਰਪਤੀ ਨੂੰ ਅਪੀਲ ਕੀਤੀ। 12 ਅਕਤੂਬਰ 1922 ਨੂੰ ਕਰੀਬ 700 ਕੈਦੀਆਂ ਨੂੰ ਅਟਕ ਜੇਲ੍ਹ ਲਈ ਰਵਾਨਾ ਕੀਤਾ ਗਿਆ। ਏਸੇ ਤਰ੍ਹਾਂ 29 ਅਕਤੂਬਰ ਨੂੰ ਵੀ 400 ਹੋਰ ਕੈਦੀਆਂ ਨੂੰ ਅਟਕ ਵਿਖੇ ਤਬਦੀਲ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ। 29 ਅਕਤੂਬਰ ਨੂੰ ਰੇਲ ਗੱਡੀ ਰਾਹੀਂ ਗ੍ਰਿਫਤਾਰ ਸਿੰਘਾਂ ਨੂੰ ਅੰਮ੍ਰਿਤਸਰ ਤੋਂ ਅਟਕ ਲਿਜਾ ਰਹੀ ਰੇਲ ਗੱਡੀ ਵਿਚਲੇ ਸਿੰਘਾਂ ਨੂੰ ਲੰਗਰ ਛਕਾਉਣ ਲਈ ਪੰਜਾ ਸਾਹਿਬ ਵਿਖੇ ਰੋਕਣ ਦਾ ਫੈਸਲਾ ਕੀਤਾ ਗਿਆ। ਹਸਨ ਅਬਦਾਲ ਦੇ ਸਟੇਸ਼ਨ 'ਤੇ ਸਟੇਸ਼ਨ ਮਾਸਟਰ ਵੱਲੋਂ ਗੱਡੀ ਰੋਕਣ ਤੋਂ ਮਨ੍ਹਾ ਕਰਨ 'ਤੇ ਸੰਗਤ ਜੁੜ ਗਈ ਅਤੇ ਰੇਲ ਪਟੜੀ 'ਤੇ ਹੀ ਅਰਦਾਸਾ ਸੋਧ ਕੇ ਬੈਠ ਗਈ। ਪ੍ਰਤਾਪ ਸਿੰਘ ਤੇ ਕਰਮ ਸਿੰਘ ਰੇਲ ਲਾਈਨਾਂ 'ਤੇ ਲੰਮੇ ਪੈ ਗਏ। ਉਹ ਆਪ ਤਾਂ ਸ਼ਹੀਦੀ ਪ੍ਰਾਪਤ ਕਰ ਗਏ ਪਰ ਗੱਡੀ ਨੂੰ ਰੁਕਣਾ ਪਿਆ। ਗ੍ਰਿਫਤਾਰ ਕੀਤੇ ਸਾਰੇ ਕੈਦੀਆਂ ਨੂੰ ਲੰਗਰ ਛਕਾਇਆ ਗਿਆ। ਆਖਰ ਸਰਕਾਰ ਨੇ ਹਾਰ ਮੰਨਦਿਆਂ ਤਿੰਨ ਮਹੀਨਿਆਂ ਬਾਅਦ 17 ਨਵੰਬਰ 1922 ਨੂੰ ਮਹੰਤ ਸੁੰਦਰ ਦਾਸ ਤੋਂ ਗੁਰੂ ਕੇ ਬਾਗ ਦੀ ਸਾਰੀ ਜ਼ਮੀਨ ਸਰ ਗੰਗਾ ਰਾਮ ਨੂੰ ਪਟੇ 'ਤੇ ਦਿਵਾ ਦਿੱਤੀ। ਸਰ ਗੰਗਾ ਰਾਮ ਨੇ ਪ੍ਰਸ਼ਾਸਨ ਨੂੰ ਕਿਹਾ ਕਿ ਉਸ ਨੂੰ ਪੁਲਸ ਦੀ ਕੋਈ ਲੋੜ ਨਹੀਂ ਹੈ। ਇਸ ਤਰ੍ਹਾਂ ਮੋਰਚਾ ਖਤਮ ਹੋਣ 'ਤੇ ਸਾਰਿਆਂ ਨੂੰ 27 ਅਪ੍ਰੈਲ 1923 ਨੂੰ ਰਿਹਾਅ ਕਰ ਦਿਤਾ ਗਿਆ। 18 ਨਵੰਬਰ 1922 ਨੂੰ ਸਰ ਗੰਗਾ ਰਾਮ ਨੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਕਿਹਾ ਕਿ ਜ਼ਮੀਨ ਗੁਰਦੁਆਰੇ ਦੀ ਹੈ ਅਤੇ ਉਹ ਹਮੇਸ਼ਾ ਗੁਰਦੁਆਰੇ ਦੀ ਹੀ ਰਹੇਗੀ। ਉਸ ਨੇ ਕਿਹਾ ਕਿ ਉਹ ਇਹ ਪਟਾ ਸ਼੍ਰੋਮਣੀ ਕਮੇਟੀ ਦੇ ਹੱਕ ਵਿੱਚ ਕਰਵਾਉਂਦਾ ਹੈ। ਇਸ ਤਰ੍ਹਾਂ ਗੁਰੂ ਕੇ ਬਾਗ ਦਾ ਮੋਰਚਾ ਫਤਹਿ ਹੋ ਗਿਆ। 22 ਅਗਸਤ ਤੋਂ 17 ਨਵੰਬਰ 1922 ਤਕਰੀਬਨ ਤਿੰਨ ਮਹੀਨੇ ਤੱਕ ਚੱਲੇ ਮੋਰਚੇ ਸਮੇਂ 10 ਦੇ ਕਰੀਬ ਸਿੰਘ ਸ਼ਹੀਦ ਹੋਏ, 5605 ਗ੍ਰਿਫਤਾਰੀਆਂ ਅਤੇ 1500 ਤੋਂ ਜ਼ਿਆਦਾ ਜ਼ਖਮੀ ਹੋਏ। ਮਿਸਟਰ ਬੀ.ਟੀ. ਅੰਮ੍ਰਿਤਸਰ ਵਿਖੇ ਐਡੀਸ਼ਨਲ ਸੁਪਰਡੈਂਟ ਆਫ ਪੁਲਸ ਸੀ, ਜਿਸ ਨੂੰ 7 ਨਵੰਬਰ 1922 ਨੂੰ ਤਰੱਕੀ ਦੇ ਕੇ ਰਾਵਲਪਿੰਡੀ ਤਾਇਨਾਤ ਕਰ ਦਿੱਤਾ ਗਿਆ। ਮਹਾਰਾਜਾ ਪਟਿਆਲਾ ਨੇ ਬੀ ਟੀ ਨੂੰ ਸੁਪਰਡੈਂਟ ਆਫ ਪੁਲਸ ਵਜੋਂ ਪਟਿਆਲਾ ਵਿਖੇ ਨਿਯੁਕਤ ਕੀਤਾ। ਮਲੇਰਕੋਟਲਾ ਦੇ ਨਵਾਬ ਵੱਲੋਂ ਉਸ ਨੂੰ ਡੀ ਆਈ ਜੀ ਨਿਯੁਕਤ ਕਰਨ 'ਤੇ ਲੋਕਾਂ ਵਿਰੋਧ ਕੀਤਾ। ਸੇਵਾ ਮੁਕਤੀ ਉਪਰੰਤ ਉਹ ਪਿੰਡ ਚੱਠੇ ਸੇਖਵਾਂ (ਸੰਗਰੂਰ) ਵਿਖੇ ਰਹਿਣ ਲੱਗਾ। ਬੱਬਰ ਅਕਾਲੀ ਯੋਧਿਆਂ ਕਰਤਾਰ ਸਿੰਘ ਛੀਨੀਵਾਲ, ਬਚਨ ਸਿੰਘ ਲੋਹਾ ਖੇੜਾ, ਭੋਲਾ ਸਿੰਘ ਲੋਹਾ ਖੇੜਾ, ਕੁੰਢਾ ਸਿੰਘ ਗਾਜੀਆਣਾ, ਫਜ਼ਲ ਘੁਮਾਣ ਅਤੇ ਕਾਕਾ ਸਿੰਘ ਨੇ ਕੋਠੀ ਚੱਠਾ ਸੇਖਵਾਂ ਪਟਿਆਲੇ ਵਿਚ ਜਾ ਕੇ ਗੋਲੀਆਂ ਮਾਰ ਕੇ ਉਸ ਦੀ ਹੱਤਿਆ ਕਰ ਦਿੱਤੀ।

# ਸੰਪਰਕ : 98145-37209

# ਜ਼ਮੀਨੀ ਵਿਵਾਦ ਨੂੰ ਲੈ ਕੇ ਧਮਕੀਆਂ ਮਿਲਣ ਤੋਂ ਬਾਅਦ ਵਿਅਕਤੀ ਦੀ ਮੌਤ

**ਪੁਲਸ ਨੇ ਤਿੰਨ ਵਿਰੁੱਧ ਮਾਮਲਾ ਦਰਜ ਕਰਕੇ ਮੁਲਜ਼ਮਾਂ ਦੀ ਭਾਲ ਕੀਤੀ ਸ਼ੁਰੂ**



**ਮੋਗਾ (ਇਕਬਾਲ ਸਿੰਘ ਖਹਿਰਾ)**-ਨਿਹਾਲ ਸਿੰਘ ਵਾਲਾ ਥਾਣੇ ਅਧੀਨ ਆਉਂਦੇ ਪਿੰਡ ਨੰਗਲ ਵਿੱਚ ਜ਼ਮੀਨੀ ਵਿਵਾਦ ਨੂੰ ਲੈ ਕੇ ਧਮਕੀਆਂ ਮਿਲਣ ਤੋਂ ਬਾਅਦ ਇੱਕ ਵਿਅਕਤੀ ਦੀ ਮੌਤ ਹੋ ਗਈ।ਮ੍ਰਿਤਕ ਦੀ ਪਛਾਣ ਨੰਗਲ ਪਿੰਡ ਦੇ ਰਹਿਣ ਵਾਲੇ 36 ਸਾਲਾ ਜਗਜੀਤ ਸਿੰਘ ਵਜੋਂ ਹੋਈ ਹੈ। ਮਾਮਲੇ ਦੀ ਜਾਂਚ ਕਰਨ ਤੋਂ ਬਾਅਦ ਪੁਲਸ ਨੇ ਤਿੰਨ ਲੋਕਾਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।ਪੁਲਸ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕਰ ਰਹੀ ਹੈ।

ਨਿਹਾਲ ਸਿੰਘ ਵਾਲਾ ਪੁਲਸ ਸਟੇਸ਼ਨ ਦੇ ਹੈੱਡ ਕਾਂਸਟੇਬਲ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਜਗਜੀਤ ਸਿੰਘ ਕੋਲ ਲਗਭਗ 10 ਏਕੜ ਜ਼ਮੀਨ ਸੀ।ਉਸ ਦਾ ਜ਼ਮੀਨ ਨੂੰ ਲੈ ਕੇ ਕੁਝ ਪਿੰਡ ਵਾਸੀਆਂ ਨਾਲ ਝਗੜਾ ਸੀ।ਦੋਸ਼ ਹੈ ਕਿ ਕੁਝ ਲੋਕ ਝਗੜੇ ਕਾਰਨ ਉਸ ਨੂੰ ਲਗਾਤਾਰ ਧਮਕੀਆਂ ਦੇ ਰਹੇ ਸਨ, ਜਿਸ ਕਾਰਨ ਉਹ ਕਾਫ਼ੀ ਪ੍ਰੇਸ਼ਾਨ ਸੀ।ਦੱਸਿਆ ਜਾ ਰਿਹਾ ਸੀ ਜਗਜੀਤ ਸਿੰਘ ਦੀ ਹਾਲਤ ਅਚਾਨਕ ਵਿਗੜ ਗਈ, ਜਿਸ ਕਾਰਨ ਉਸ ਦੀ ਮੌਤ ਹੋ ਗਈ।ਘਟਨਾ ਦੀ ਜਾਣਕਾਰੀ ਮਿਲਣ 'ਤੇ, ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।ਪੁਲਸ ਨੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਤੇ ਮੌਤ ਦੇ ਸਹੀ ਕਾਰਨਾਂ ਦਾ ਪਤਾ ਲਗਾਉਣ ਲਈ ਪੋਸਟਮਾਰਟਮ ਕਰਵਾਇਆ ਹੈ।ਹੈੱਡ ਕਾਂਸਟੇਬਲ ਸੁਰਿੰਦਰ ਕੁਮਾਰ ਅਨੁਸਾਰ, ਵਿਭਾਗੀ ਅਧਿਕਾਰੀਆਂ ਦੀ ਜਾਂਚ ਤੋਂ ਬਾਅਦ ਪੁਲਸ ਨੇ ਦਰਸ਼ਪ੍ਰੀਤ ਸਿੰਘ ਸਮੇਤ ਤਿੰਨ ਲੋਕਾਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।ਪੁਲਸ ਦਾ ਕਹਿਣਾ ਹੈ ਕਿ ਜਾਂਚ ਜਾਰੀ ਹੈ ਤੇ ਮੁਲਜ਼ਮਾਂ ਨੂੰ ਲੱਭਣ ਲਈ ਸੰਭਾਵਿਤ ਲੁਕਣਗਾਹਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ।ਪੁਲਸ ਅਧਿਕਾਰੀਆਂ ਦੇ ਅਨੁਸਾਰ ਪੋਸਟਮਾਰਟਮ ਰਿਪੋਰਟ ਤੇ ਜਾਂਚ ਦੌਰਾਨ ਸਾਹਮਣੇ ਆਏ ਤੱਥਾਂ ਦੇ ਆਧਾਰ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਕਿਚਲੂ ਨਗਰ ਲੁਧਿਆਣਾ ਦੀ ਦਿਲ ਕੰਬਾਊ ਦੁਰਘਟਨਾ ਲਈ ਜ਼ਿੰਮੇਵਾਰ ਕੌਣ ?

**ਇਸ ਘਟਨਾ ਦੀ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਸਖਤ ਸਜ਼ਾ ਦਿੱਤੀ ਜਾਵੇ : ਸੀ ਪੀ ਆਈ**



**ਲੁਧਿਆਣਾ (ਰੈਕਟਰ ਕਥੂਰੀਆ/ ਪ੍ਰਦੀਪ ਸ਼ਰਮਾ)**

ਕਿਚਲੂ ਨਗਰ ਦੇ ਬੀ-ਬਲਾਕ ਵਿੱਚ ਵਾਪਰੇ ਸੜਕ ਧੱਸਣ ਦੇ ਭਿਆਨਕ ਹਾਦਸੇ ਨੇ ਇੱਕ ਵਾਰ ਫਿਰ ਸ਼ਹਿਰ ਦੇ ਸੀਵਰੇਜ ਨੈੱਟਵਰਕ, ਭੂਮੀ ਹੇਠਲੇ ਬੁਨਿਆਦੀ ਢਾਂਚੇ ਤੇ ਨਗਰ ਨਿਗਮ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।ਇਸ ਘਟਨਾ ਤੋਂ ਪਹਿਲਾਂ ਵੀ ਸ਼ਹਿਰ ਵਿੱਚ ਅਜਿਹੀਆਂ ਕਈ ਦੁਰਘਟਨਾਵਾਂ ਵਾਪਰ ਚੁੱਕੀਆਂ ਹਨ, ਪਰ ਨਾ ਤਾਂ ਕਿਸੇ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ ਤੇ ਨਾ ਹੀ ਲਾਪ੍ਰਵਾਹ ਅਧਿਕਾਰੀਆਂ ਖ਼ਿਲਾਫ਼ ਕੋਈ ਠੋਸ ਕਾਰਵਾਈ ਹੋਈ। ਨਤੀਜੇ ਵਜੋਂ ਅੱਜ ਵੀ ਸ਼ਹਿਰ ਵਾਸੀਆਂ ਦੀ ਜਾਨ-ਮਾਲ ਲਗਾਤਾਰ ਖ਼ਤਰੇ ਵਿੱਚ ਹੈ।ਸਮਾਰਟ ਸਿਟੀ ਦੇ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਕਿਚਲੂ ਨਗਰ ਵਿੱਚ ਲਾਇਲਪੁਰ ਸਵੀਟਸ ਨੇੜੇ ਸੜਕ ਦਾ ਵੱਡਾ ਹਿੱਸਾ ਧੱਸ ਗਿਆ, ਜਿਸ ਨਾਲ ਕਰੀਬ 20 ਫ਼ੁੱਟ ਡੂੰਘਾ ਤੇ ਕਈ ਫ਼ੁੱਟ ਚੌੜਾ ਟੋਆ ਬਣ ਗਿਆ।ਇਹ ਘਟਨਾ ਸਿਰਫ਼ ਇੱਕ ਹਾਦਸਾ ਨਹੀਂ, ਸਗੋਂ ਸ਼ਹਿਰ ਦੇ ਬੁਨਿਆਦੀ ਢਾਂਚੇ ਦੀ ਅਣਦੇਖੀ ਤੇ ਪ੍ਰਸ਼ਾਸਨਿਕ ਲਾਪ੍ਰਵਾਹੀ ਦੀ ਗੰਭੀਰ ਤਸਵੀਰ ਹੈ।ਜਾਣਕਾਰੀ ਅਨੁਸਾਰ ਧੱਸੀ ਹੋਈ ਸੜਕ ਦੇ ਹੇਠਾਂ 72 ਇੰਚ ਵਿਆਸ ਵਾਲੀ ਮੁੱਖ ਸੀਵਰੇਜ ਲਾਈਨ ਲੰਘਦੀ ਹੈ।ਦੋਸ਼ ਲਗਾਇਆ ਜਾ ਰਿਹਾ ਹੈ ਕਿ ਬਿਨਾਂ ਢੁੱਕਵੀਂ ਯੋਜਨਾਬੰਦੀ, ਤਕਨੀਕੀ ਨਿਗਰਾਨੀ ਤੇ ਸੀਵਰੇਜ ਨੈੱਟਵਰਕ ਦੀ ਸਹੀ ਮੈਪਿੰਗ ਤੋਂ ਕੀਤੀ ਗਈ ਡਕਟਿੰਗ ਤੇ ਡ੍ਰਿਲਿੰਗ ਕਾਰਨ ਇਸ ਮੁੱਖ ਲਾਈਨ ਨੂੰ ਨੁਕਸਾਨ ਪਹੁੰਚਿਆ ਹੈ।ਸੀਵਰੇਜ ਦੇ ਤੇਜ਼ ਵਹਾਅ ਕਾਰਨ ਪਾਣੀ ਨਾਲ ਮਿੱਟੀ ਲਗਾਤਾਰ ਰੁੜ੍ਹਦੀ ਰਹੀ, ਜਿਸ ਨਾਲ ਸੜਕ ਹੇਠਲੀ ਜ਼ਮੀਨ ਅੰਦਰੋਂ ਖੋਖਲੀ ਹੋ ਗਈ ਤੇ ਅੰਤ ਵਿੱਚ ਸੜਕ ਧੱਸ ਗਈ।ਜੇਕਰ ਸਮੇਂ ਸਿਰ ਤਕਨੀਕੀ ਜਾਂਚ ਕਰਕੇ ਲੀਕੇਜ ਜਾਂ ਪੰਕਚਰ ਦੀ ਮੁਰੰਮਤ ਕੀਤੀ ਜਾਂਦੀ ਤਾਂ ਇਸ ਵੱਡੇ ਹਾਦਸੇ ਤੋਂ ਬਚਿਆ ਜਾ ਸਕਦਾ ਸੀ।ਇਹ ਸਿਰਫ਼ ਇੱਕ ਇਲਾਕੇ ਦਾ ਮਸਲਾ ਨਹੀਂ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸ਼ਹਿਰ ਵਿੱਚ ਅਜਿਹੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ। ਖ਼ਾਸ ਕਰਕੇ ਬਰਸਾਤ ਦੇ ਮੌਸਮ ਵਿੱਚ ਸੀਵਰੇਜ ਤੇ ਬਰਸਾਤੀ ਪਾਣੀ ਦਾ ਵਧਿਆ ਦਬਾਅ ਪਹਿਲਾਂ ਤੋਂ ਨੁਕਸਾਨੀਆਂ ਲਾਈਨਾਂ ਨੂੰ ਹੋਰ ਖ਼ਤਰਨਾਕ ਬਣਾ ਦਿੰਦਾ ਹੈ।ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਜੇਕਰ ਸੜਕ ਉਸ ਵੇਲੇ ਧਸਦੀ, ਜਦੋਂ ਉੱਪਰੋਂ ਕੋਈ ਕਾਰ, ਸਕੂਲ ਬੱਸ, ਐਂਬੂਲੈਂਸ ਜਾਂ ਦੋਪਹੀਆ ਵਾਹਨ ਲੰਘ ਰਿਹਾ ਹੁੰਦਾ ਤਾਂ ਵੱਡਾ ਜਾਨੀ ਨੁਕਸਾਨ ਹੋ ਸਕਦਾ ਸੀ।ਧੱਸੀ ਹੋਈ ਸੜਕ ਦੇ ਸਾਹਮਣੇ ਬਣੇ ਮਕਾਨ ਦੀ ਸੁਰੱਖਿਆ ਵੀ ਹੁਣ ਖ਼ਤਰੇ ਵਿੱਚ ਹੈ।ਜੇ ਹੇਠੋਂ ਮਿੱਟੀ ਦਾ ਖਿਸਕਣਾ ਜਾਰੀ ਰਿਹਾ ਤਾਂ ਨੇੜਲੀਆਂ ਇਮਾਰਤਾਂ ਦੀਆਂ ਨੀਹਾਂ ਵੀ ਪ੍ਰਭਾਵਿਤ ਹੋ ਸਕਦੀਆਂ ਹਨ।ਮਾਹਰਾਂ ਦਾ ਮੰਨਣਾ ਹੈ ਕਿ ਜੇਕਰ ਡਕਟਿੰਗ ਤੇ ਡ੍ਰਿਲਿੰਗ ਦੇ ਕੰਮਾਂ ਦੀ ਵਿਗਿਆਨਕ ਢੰਗ ਨਾਲ ਨਿਗਰਾਨੀ ਕੀਤੀ ਜਾਂਦੀ ਅਤੇ ਆਧੁਨਿਕ ਉਪਕਰਨਾਂ ਰਾਹੀਂ ਭੂਮੀ ਹੇਠਲੇ ਸੀਵਰੇਜ ਨੈੱਟਵਰਕ ਦੀ ਨਿਯਮਤ ਜਾਂਚ ਹੁੰਦੀ ਤਾਂ ਇਸ ਤਰ੍ਹਾਂ ਦਾ ਨੁਕਸਾਨ ਪਹਿਲਾਂ ਹੀ ਸਾਹਮਣੇ ਆ ਜਾਂਦਾ ਤੇ ਹਾਦਸਾ ਟਾਲਿਆ ਜਾ ਸਕਦਾ ਸੀ।ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਵੱਲੋਂ ਪਾਰਟੀ ਆਗੂ ਡੀ. ਪੀ. ਮੌੜ, ਚਮਕੌਰ ਸਿੰਘ, ਐੱਮ. ਐੱਸ. ਭਾਟੀਆ, ਡਾ. ਰਜਿੰਦਰ ਪਾਲ ਸਿੰਘ ਔਲਖ, ਡਾ. ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਤੇ ਕੇਵਲ ਸਿੰਘ ਬਨਵੈਤ ਨੇ ਜਾਰੀ ਬਿਆਨ ਵਿੱਚ ਮੰਗ ਕੀਤੀ ਹੈ ਕਿ ਇਸ ਪੂਰੇ ਮਾਮਲੇ ਦੀ ਉੱਚ ਪੱਧਰੀ, ਨਿਰਪੱਖ ਤੇ ਸਮਾਂਬੱਧ ਜਾਂਚ ਕਰਵਾਈ ਜਾਵੇ ਤੇ ਲਾਪ੍ਰਵਾਹੀ ਲਈ ਜ਼ਿੰਮੇਵਾਰ ਅਧਿਕਾਰੀਆਂ ਤੇ ਏਜੰਸੀਆਂ ਦੀ ਜਵਾਬਦੇਹੀ ਤੈਅ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ।

ਪਾਰਟੀ ਆਗੂਆਂ ਨੇ ਕਿਹਾ ਕਿ ਸ਼ਹਿਰ ਵਾਸੀ ਪ੍ਰਾਪਰਟੀ ਟੈਕਸ, ਪਾਣੀ ਤੇ ਸੀਵਰੇਜ ਦੇ ਬਿੱਲਾਂ ਸਮੇਤ ਹੋਰ ਟੈਕਸ ਤੇ ਫੀਸਾਂ ਨਿਯਮਿਤ ਅਦਾ ਕਰਦੇ ਹਨ।ਇਸ ਦੇ ਬਦਲੇ ਜੇਕਰ ਉਨ੍ਹਾਂ ਨੂੰ ਧੱਸਦੀਆਂ ਸੜਕਾਂ, ਟੁੱਟੀਆਂ ਸੀਵਰੇਜ ਲਾਈਨਾਂ ਤੇ ਜਾਨਲੇਵਾ ਹਾਲਾਤ ਮਿਲ ਰਹੇ ਹਨ ਤਾਂ ਉਨ੍ਹਾਂ ਦਾ ਜਵਾਬ ਮੰਗਣਾ ਪੂਰੀ ਤਰ੍ਹਾਂ ਜਾਇਜ਼ ਹੈ।ਪਾਰਟੀ ਨੇ ਮੰਗ ਕੀਤੀ ਕਿ ਸ਼ਹਿਰ ਦੀਆਂ ਸਾਰੀਆਂ ਮੁੱਖ ਸੀਵਰੇਜ ਲਾਈਨਾਂ, ਭੂਮੀ ਹੇਠਲੇ ਪਾਈਪ ਨੈੱਟਵਰਕ ਤੇ ਡਕਟਿੰਗ ਵਾਲੇ ਖੇਤਰਾਂ ਦੀ ਤੁਰੰਤ ਤਕਨੀਕੀ ਜਾਂਚ ਕਰਵਾਈ ਜਾਵੇ ਤਾਂ ਜੋ ਭਵਿੱਖ ਵਿੱਚ ਕਿਸੇ ਹੋਰ ਵੱਡੇ ਹਾਦਸੇ ਤੋਂ ਬਚਿਆ ਜਾ ਸਕੇ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਨਗਰ ਨਿਗਮ ਤੇ ਪ੍ਰਸ਼ਾਸਨ ਨੇ ਅਜੇ ਵੀ ਸਬਕ ਨਾ ਸਿੱਖਿਆ ਤਾਂ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਭਿਆਨਕ ਹਾਦਸੇ ਵਾਪਰ ਸਕਦੇ ਹਨ, ਜਿਨ੍ਹਾਂ ਨਾਲ ਹੋਣ ਵਾਲੇ ਜਾਨੀ ਤੇ ਮਾਲੀ ਨੁਕਸਾਨ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

# ਪ੍ਰੋਗਰੈਸਿਵ ਅਲਾਇੰਸ ਫਾਰਮਰ ਐਸੋਸੀਏਸ਼ਨ ਵੱਲੋਂ ਨੈਸਲੇ ਫੈਕਟਰੀ ਅੱਗੇ ਧਰਨਾ

*ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਤਾਂ ਵਿੱਢਿਆ ਜਾਵੇਗਾ ਤਿੱਖਾ ਸੰਘਰਸ਼ : ਬਾਦਲ ਸਿੰਘ*



**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰੋਗਰੈਸਿਵ ਅਲਾਇੰਸ ਫਾਰਮਰ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਨੈਸਲੇ ਗੇਟ ਅੱਗੇ ਵਿਸ਼ਾਲ ਧਰਨਾ ਦਿੱਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਐਸੋਸੀਏਸ਼ਨ ਦੇ ਆਗੂਆਂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਬਾਦਲ ਸਿੰਘ ਤੇ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਬੱਧਨੀ ਖੁਰਦ ਨੇ ਕਿਹਾ ਕਿ ਦਿਨੋਂ ਦਿਨ ਵੱਧ ਰਹੀ ਮਹਿੰਗਾਈ ਕਾਰਨ ਨੈਸਲੇ ਡੇਰੀ ਵੱਲੋਂ ਉਨ੍ਹਾਂ ਦਾ ਕਮਿਸ਼ਨ 3% ਤੋਂ ਵਧਾ ਕੇ 4% ਕੀਤਾ ਜਾਵੇ।ਫੈਟ ਦੀ ਕਾਟ 4.7 ਕੀਤੀ ਜਾਵੇ ਤੇ ਐੱਸ ਐੱਨ ਐੱਫ 9.50 ਕੀਤੀ ਜਾਵੇ।ਦੁੱਧ ਠੰਢਾ ਕਰਨ ਵਾਲੇ ਪੈਕੋ ਬਦਲੀ ਕਰਕੇ ਨਵੇਂ ਲਗਾਏ ਜਾਣ।ਦੁੱਧ ਟੈਸਟ ਕਰਨ ਵਾਲਾ ਸਾਮਾਨ ਮੁਹੱਈਆ ਕਰਵਾਇਆ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਗਿਆ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਧਰਨੇ ਉਪਰੰਤ ਐਸੋਸੀਏਸ਼ਨ ਦੇ ਆਗੂਆਂ ਵੱਲੋਂ ਨੈਸਲੇ ਦੇ ਪ੍ਰਬੰਧਕਾਂ ਨਾਲ ਮੀਟਿੰਗ ਵੀ ਕੀਤੀ ਗਈ।ਇਸ ਧਰਨੇ ਦੌਰਾਨ ਸੂਬਾ ਪ੍ਰਧਾਨ ਬਾਦਲ ਸਿੰਘ, ਲਖਵਿੰਦਰ ਸਿੰਘ ਲਾਲੀ, ਗੁਰਮੇਲ ਸਿੰਘ ਰਾਊਵਾਲ, ਗੁਰਪ੍ਰੀਤ ਸਿੰਘ ਗੋਰਾ, ਪਰਮ ਕੁਮਾਰ ਰਾਜੂ, ਸੰਦੀਪ ਕੁਮਾਰ ਸਕੱਤਰ, ਰਕੇਸ਼ ਕੁਮਾਰ ਸਲਾਹਕਾਰ, ਕੁਲਵੰਤ ਸਿੰਘ ਸਰਪੰਚ, ਖਜ਼ਾਨਚੀ ਰਾਜਵਿੰਦਰ ਸਿੰਘ ਰਣ ਸਿੰਘ ਵਾਲਾ, ਕੁਲਦੀਪ ਸਿੰਘ ਰੂਟ 22, ਕੁਲਵੰਤ ਸਿੰਘ ਬੱਜੋਆਣਾ, ਸੁਭਾਸ਼ ਚੰਦਰ ਰੂਟ 5, ਕੁਲਦੀਪ ਸਿੰਘ ਰੂਟ 15, ਬੱਬੂ ਭਦੌੜ, ਬੱਬਲ ਕੰਬੋਜ ਸਕੱਤਰ ਜਨਰਲ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਕੁਲਦੀਪ ਸਿੰਘ ਭੋਲਾ, ਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਖੋਸਾ, ਏ ਆਈ ਵਾਈ ਐੱਫ ਦੇ ਕੌਮੀ ਪ੍ਰਧਾਨ ਸੁਖਜਿੰਦਰ ਮਹੇਸਰੀ, ਗੁਰਨੈਬ ਸਿੰਘ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਹਾਜ਼ਰ ਸਨ। ਅਜਮੇਰ ਸਿੰਘ ਆਕਲੀਆ ਵੱਲੋਂ ਕ੍ਰਾਂਤੀਕਾਰੀ ਗੀਤ ਗਾਏ ਗਏ।

## ਕਾਤਰਾਂ

### ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਇਕ ਵਿਅਕਤੀ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕੀਤਾ ਹੈ। ਸਹਾਇਕ ਥਾਣੇਦਾਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਮੁਖਬਰ ਖਾਸ ਨੇ ਪੁਲਸ ਨੂੰ ਇਤਲਾਹ ਦਿੱਤੀ ਸੀ ਕਿ ਗੁਰਦੀਪ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਪਾਲੀਵਾਲਾ ਜੋ ਨਜਾਇਜ਼ ਸ਼ਰਾਬ ਕੱਢਣ ਅਤੇ ਵੇਚਣ ਦਾ ਆਦੀ ਹੈ।ਜੇਕਰ ਹੁਣੇ ਹੀ ਇਸਦੇ ਘਰ ਰੇਡ ਕੀਤੀ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਨੇ ਪਿੰਡ ਪਾਲੀਵਾਲਾ ਤੋਂ ਛਾਪੇਮਾਰੀ ਕਰਕੇ ਗੁਰਦੀਪ ਸਿੰਘ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਗਿਆ ਹੈ। ਥਾਣਾ ਵੈਰੋਕੇ ਵਿਖੇ ਧਾਰਾ 61/1/14 ਆਬਕਾਰੀ ਐਕਟ ਅਧੀਨ ਮੁਕੱਦਮਾ ਦਰਜ ਕੀਤਾ ਗਿਆ ਹੈ।

### ਖੰਡ ਦੀਆਂ ਵਧ ਰਹੀਆਂ ਕੀਮਤਾਂ 'ਤੇ ਕੇਂਦਰ ਤੁਰੰਤ ਕਦਮ ਚੁੱਕੇ : ਪ੍ਰਮੋਦ ਗੁਪਤਾ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਪ੍ਰਦੇਸ਼ ਰਿਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਤੇ ਅਖਿਲ ਭਾਰਤੀ ਉਦਯੋਗ ਵਪਾਰ ਮੰਡਲ ਪੰਜਾਬ ਦੇ ਇੰਚਾਰਜ ਪ੍ਰਮੋਦ ਗੁਪਤਾ ਨੇ ਖੰਡ (ਚੀਨੀ) ਦੀਆਂ ਵਧ ਰਹੀਆਂ ਕੀਮਤਾਂ 'ਤੇ ਚਿੰਤਾ ਜ਼ਾਹਰ ਕਰਦਿਆਂ ਕੇਂਦਰ ਸਰਕਾਰ ਤੋਂ ਤੁਰੰਤ ਠੋਸ ਤੇ ਫ਼ੈਸਲਾਕੁੰਨ ਕਦਮ ਚੁੱਕਣ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਮਹਿੰਗਾਈ ਦਾ ਸਭ ਤੋਂ ਵੱਧ ਬੋਝ ਆਮ ਖਪਤਕਾਰਾਂ ਤੇ ਛੋਟੇ ਕਰਿਆਨਾ ਵਪਾਰੀਆਂ 'ਤੇ ਪੈ ਰਿਹਾ ਹੈ।ਪ੍ਰਮੋਦ ਗੁਪਤਾ ਨੇ ਕਿਹਾ ਕਿ ਤਿਉਹਾਰੀ ਮੌਸਮ ਤੋਂ ਪਹਿਲਾਂ ਸਰਕਾਰ ਖੰਡ ਦੇ ਉਤਪਾਦਨ, ਭੰਡਾਰ ਤੇ ਸਪਲਾਈ ਪ੍ਰਬੰਧ ਦਾ ਉੱਚ ਪੱਧਰੀ ਜਾਇਜ਼ਾ ਲਵੇ ਤੇ ਜਮ੍ਹਾਂਖੋਰੀ ਤੇ ਗੈਰ-ਵਾਜਬ ਕੀਮਤ ਵਾਧੇ ਖ਼ਿਲਾਫ਼ ਸਖ਼ਤ ਕਾਰਵਾਈ ਕਰੇ।ਉਨ੍ਹਾਂ ਕਿਹਾ ਕਿ ਸਮੇਂ ਸਿਰ ਪ੍ਰਭਾਵਸ਼ਾਲੀ ਫ਼ੈਸਲੇ ਨਾ ਹੋਏ ਤਾਂ ਇਸ ਦਾ ਅਸਰ ਖਪਤਕਾਰਾਂ, ਵਪਾਰੀਆਂ ਤੇ ਖੁਰਾਕ ਉਦਯੋਗ 'ਤੇ ਪਵੇਗਾ।ਇਸ ਮੌਕੇ ਐਸੋਸੀਏਸ਼ਨ ਦੇ ਕਈ ਅਹੁਦੇਦਾਰਾਂ ਨੇ ਵੀ ਸਰਕਾਰ ਤੋਂ ਮਹਿੰਗਾਈ 'ਤੇ ਕਾਬੂ ਪਾਉਣ ਲਈ ਤੁਰੰਤ ਕਦਮ ਚੁੱਕਣ ਦੀ ਮੰਗ ਕੀਤੀ।

### ਬੁਰੜ ਵਿਖੇ ਬਿਜਲੀ ਦੇ ਖੰਭੇ ਨੂੰ ਲੈ ਕੇ ਦੋ ਧਿਰਾਂ 'ਚ ਝੜਪ, ਕਈ ਜ਼ਖ਼ਮੀ

**ਸਮਾਣਾ (ਇਕਬਾਲ ਸਿੰਘ ਬੱਲ)**-ਪਾਤੜਾਂ ਤਹਿਸੀਲ ਹੇਠ ਪੈਂਦੇ ਪਿੰਡ ਬੁਰੜ ਵਿਖੇ ਬਿਜਲੀ ਦੇ ਖੰਭੇ ਨੂੰ ਲੈ ਕੇ ਦੋ ਧਿਰਾਂ ਵਿਚਕਾਰ ਹੋਈ ਝੜਪ ਦੌਰਾਨ ਸੁਰਜੀਤ ਕੌਰ, ਜਸਪ੍ਰੀਤ ਕੌਰ, ਕਿਰਨਪਾਲ ਕੌਰ ਤੇ ਕਿਰਨ ਕੌਰ ਜ਼ਖ਼ਮੀ ਹੋ ਗਈਆਂ।ਇਨ੍ਹਾਂ ਵਿੱਚੋਂ ਸੁਰਜੀਤ ਕੌਰ ਨੂੰ ਜ਼ਿਆਦਾ ਸੱਟ ਲੱਗਣ ਕਰਕੇ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ ਹੈ, ਜਦਕਿ ਜਸਪ੍ਰੀਤ ਕੌਰ, ਕਿਰਨਪਾਲ ਕੌਰ ਤੇ ਕਿਰਨ ਕੌਰ ਸਿਵਲ ਹਸਪਤਾਲ ਸਮਾਣਾ ਵਿਖੇ ਜ਼ੇਰੇ ਇਲਾਜ ਹਨ।ਪਾਤੜਾ ਪੁਲਸ ਵੱਲੋਂ ਦੋਨੋਂ ਧਿਰਾਂ ਦੀ ਬਿਆਨ ਲੈ ਕੇ ਮਾਮਲੇ ਦੀ ਬਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ।

# ਐੱਮ ਡੀ ਪਬਲਿਕ ਹਾਈ ਸਕੂਲ ਵਿਖੇ ਦੰਦਾਂ ਦਾ ਚੈੱਕਅਪ ਕੈਂਪ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਗੁਰੂ ਨਾਨਕ ਦੇਵ ਡੈਂਟਲ ਕਾਲਜ ਵੱਲੋਂ ਐੱਮ. ਡੀ. ਪਬਲਿਕ ਹਾਈ ਸਕੂਲ ਵਿਖੇ ਵਿਦਿਆਰਥੀਆਂ ਦੀ ਸਿਹਤ ਦੀ ਸੰਭਾਲ ਨੂੰ ਮੁੱਖ ਰੱਖਦਿਆਂ ਇੱਕ ਮੁਫ਼ਤ ਡੈਂਟਲ ਚੈੱਕਅਪ ਕੈਂਪ ਲਗਾਇਆ ਗਿਆ।ਇਸ ਕੈਂਪ ਦਾ ਮੁੱਖ ਮਕਸਦ ਬੱਚਿਆਂ ਨੂੰ ਦੰਦਾਂ ਦੀ ਦੇਖਭਾਲ ਤੇ ਚੰਗੀਆਂ ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਜਾਗਰੂਕ ਕਰਨਾ ਸੀ।ਕੈਂਪ ਵਿੱਚ ਸ਼ਹਿਰ ਦੇ ਮੰਨੇ-ਪ੍ਰਮੰਨੇ ਦੰਦਾਂ ਦੇ ਡਾਕਟਰ (ਡਾਕਟਰ ਪੁਨੀਤ ਗੋਇਲ, ਡਾਕਟਰ ਵਰਿੰਦਰ ਗੋਇਲ, ਡਾਕਟਰ ਵੰਸ਼ਿਕਾ, ਡਾਕਟਰ ਰਾਧਿਕਾ, ਡਾਕਟਰ ਸ਼ਿਵਾਲਿਕਾ, ਡਾਕਟਰ ਸਿਮਰਨ) ਦੀ ਵਿਸ਼ੇਸ਼ ਟੀਮ ਪਹੁੰਚੀ।ਡਾਕਟਰਾਂ ਨੇ ਨਰਸਰੀ ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਸਾਰੇ ਵਿਦਿਆਰਥੀਆਂ ਦੇ ਦੰਦਾਂ ਦੀ ਬਾਰੀਕੀ ਨਾਲ ਜਾਂਚ ਕੀਤੀ।ਜਾਂਚ ਦੌਰਾਨ ਡਾਕਟਰਾਂ ਨੇ ਬੱਚਿਆਂ ਨੂੰ ਦੰਦਾਂ ਦੀ ਕੀੜੇ ਤੋਂ ਸੁਰੱਖਿਆ, ਮਸੂੜਿਆਂ ਦੀਆਂ ਬੀਮਾਰੀਆਂ ਤੇ ਦੰਦਾਂ ਨੂੰ ਸਾਫ਼ ਰੱਖਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ।ਇਸ ਕੈਂਪ ਨੂੰ ਅਨੁਸ਼ਾਸਤ ਤੇ ਸਫ਼ਲ ਬਣਾਉਣ ਵਿੱਚ ਸਕੂਲ ਦੇ ਪ੍ਰਿੰਸੀਪਲ ਮਿਸਟਰ ਸੁਸ਼ਾਂਕ ਪਾਠਕ, ਅਧਿਆਪਕਾਂ ਦਾ ਵਿਸ਼ੇਸ਼ ਤੇ ਸ਼ਲਾਘਾਯੋਗ ਸਹਿਯੋਗ ਰਿਹਾ।ਅਧਿਆਪਕਾਂ ਨੇ ਨਾ ਸਿਰਫ਼ ਬੱਚਿਆਂ ਨੂੰ ਲਾਈਨਾਂ ਵਿੱਚ ਚੈੱਕਅਪ ਲਈ ਲਿਆਂਦਾ, ਸਗੋਂ ਛੋਟੇ ਬੱਚਿਆਂ ਦਾ ਹੌਸਲਾ ਵਧਾ ਕੇ ਉਨ੍ਹਾਂ ਦਾ ਡਰ ਵੀ ਦੂਰ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ ਗਿਆ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਸ਼ਹੀਦ ਕਿਰਨਜੀਤ ਕੌਰ ਯਾਦਗਾਰੀ ਸਮਾਗਮ ਦੀਆਂ ਤਿਆਰੀਆਂ ਸੰਬੰਧੀ ਪਿੰਡ-ਪਿੰਡ ਮੀਟਿੰਗਾਂ

**12 ਨੂੰ ਦਾਨਾ ਮੰਡੀ ਮਹਿਲ ਕਲਾਂ ਵੱਡੀ ਗਿਣਤੀ 'ਚ ਕਾਫ਼ਲੇ ਜੁੜਨਗੇ : ਕਲਾਲਾ**



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਵੱਲੋਂ ਬਣਾਈ ਸੁਚੱਜੀ ਵਿਉਂਤਬੰਦੀ ਅਨੁਸਾਰ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਪੁੱਜਣ ਦਾ ਸੁਨੇਹਾ ਦਿੰਦੇ ਲੋਕ ਕਾਫ਼ਲੇ ਮਹਿਲ ਕਲਾਂ-ਬਰਨਾਲਾ-ਸ਼ਹਿਣਾ ਹਰ ਪਾਸੇ ਵੇਖਣ ਨੂੰ ਮਿਲ ਰਹੇ ਹਨ।ਯਾਦਗਾਰ ਕਮੇਟੀ ਮਹਿਲ ਕਲਾਂ ਦੇ ਆਗੂਆਂ ਗੁਰਬਿੰਦਰ ਸਿੰਘ ਕਲਾਲਾ, ਮਨਜੀਤ ਧਨੇਰ, ਨਰਾਇਣ ਦੱਤ, ਗੁਰਮੇਲ ਸਿੰਘ ਠੁੱਲੀਵਾਲ, ਪ੍ਰੇਮ ਕੁਮਾਰ ਤੇ ਜਰਨੈਲ ਸਿੰਘ ਚੰਨਣਵਾਲ ਨੇ ਦੱਸਿਆ ਕਿ ਇਹ ਪ੍ਰਚਾਰ ਮੁਹਿੰਮ 10 ਅਗਸਤ ਸ਼ਾਮ ਤੱਕ ਇਹ ਵਧੇਰੇ ਜੋਸ਼ ਨਾਲ ਜਾਰੀ ਰਹੇਗੀ।ਵੱਡੀ ਟੀਮ ਪੋਸਟਰ ਮੁਹਿੰਮ ਵਿੱਚ ਸਰਗਰਮ ਹੈ, ਇੱਕ ਹੋਰ ਟੀਮ ਪਿੰਡਾਂ ਦੀਆਂ ਸੱਥਾਂ ਵਿੱਚ ਲੀਫਲੈੱਟ ਵੰਡ ਰਹੀ ਹੈ, ਨੌਜਵਾਨ ਸਕੂਟਰਾਂ ਮੋਟਰਸਾਈਕਲਾਂ ਤੇ ਸਟਿੱਕਰ ਲਗਾ ਰਹੇ, ਕੋਈ ਮੀਟਿੰਗਾਂ ਕਰਵਾ ਰਹੇ, ਅਧਿਆਪਕ ਆਗੂਆਂ ਦੀ ਟੀਮ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੰਬੋਧਤ ਹੋ ਰਹੀ ਹੈ।ਯਾਦਗਾਰ ਕਮੇਟੀ ਮਹਿਲ ਕਲਾਂ ਦੇ ਆਗੂਆਂ ਗੁਰਦੇਵ ਸਿੰਘ ਮਾਂਗੇਵਾਲ, ਜਗਰਾਜ ਸਿੰਘ ਹਰਦਾਸਪੁਰਾ, ਦਰਸ਼ਨ ਸਿੰਘ ਦਸੌਂਦਾ ਦੀ ਨਿਗਰਾਨੀ ਵਿੱਚ ਕਾਲਜਾਂ ਯੂਨੀਵਰਸਿਟੀਆਂ ਦੇ ਨੌਜਵਾਨ ਮੁੰਡੇ-ਕੁੜੀਆਂ ਜਗਮੀਤ ਬੱਲਮਗੜ੍ਹ, ਪ੍ਰਦੀਪ ਮੁਸਾਹਿਬ, ਹਰਪ੍ਰੀਤ ਮਲੂਕਪੁਰ, ਤਾਨੀਆ, ਰੁਪਿੰਦਰ ਕੌਰ, ਹਰਪ੍ਰੀਤ ਕੌਰ ਹਰਦਾਸਪੁਰਾ ਪਿੰਡ ਪਿੰਡ ਜਾਕੇ 'ਜਬਰ ਜ਼ੁਲਮ ਖਿਲਾਫ਼ ਲੋਕ ਟਾਕਰੇ ਦਾ ਐਲਾਨਨਾਮਾ- ਮਹਿਲ ਕਲਾਂ ਲੋਕ ਘੋਲ' ਦੇ ਵਿਗਿਆਨ ਦਾ ਸੁਨੇਹਾ ਦੇ ਰਹੇ ਹਨ।ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਡਾ. ਰਜਿੰਦਰ ਪਾਲ, ਸੁਖਵਿੰਦਰ ਠੀਕਰੀਵਾਲਾ, ਅਜਮੇਰ ਸਿੰਘ ਕਾਲਸਾਂ, ਜਸਪਾਲ ਚੀਮਾ, ਸੋਨੀ ਨੰਦਵਾਲ, ਭਾਕਿਯੂ ਏਕਤਾ ਡਕੌਂਦਾ ਦੇ ਆਗੂ ਅਮਰਜੀਤ ਕੌਰ, ਕੁਲਵੰਤ ਸਿੰਘ ਭਦੌੜ, ਭੋਲਾ ਸਿੰਘ ਛੰਨਾ, ਕਾਲਾ ਸਿੰਘ ਜਏ, ਬਾਬੂ ਸਿੰਘ ਖੁੱਡੀਕਲਾਂ ਵੀ ਪੂਰੀ ਤਨਦੇਹੀ ਨਾਲ ਜੁਟੇ ਹੋਏ ਹਨ।ਹੁਣ ਤੱਕ ਮਹਿਲ ਕਲਾਂ-ਬਰਨਾਲਾ ਵਿੱਚ ਦਰਜਨ ਤੋਂ ਵੱਧ ਥਾਵਾਂ 'ਤੇ ਸਫ਼ਲ ਮੀਟਿੰਗਾਂ ਹੋ ਚੁੱਕੀਆਂ ਹਨ। ਇਸੇ ਹੀ ਤਰ੍ਹਾਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਦੇ ਆਗੂ ਅਮਰਜੀਤ ਸਿੰਘ ਕਾਲਸਾਂ, ਡਾ: ਕੇਸਰ ਖਾਨ ਤੇ ਡਾ: ਦਲਬਾਰ ਸਿੰਘ ਦੀ ਰਹਿਨੁਮਾਈ ਹੇਠ ਡਾ: ਨਿਰਭੈ ਸਿੰਘ, ਡਾ: ਬਾਬੂ ਮੁਹੰਮਦ, ਡਾ: ਦਿਲਬਾਗ ਸਿੰਘ, ਡਾ: ਗੁਰਨੂਰ ਸਿੰਘ, ਡਾ: ਹਰੀ ਸਿੰਘ, ਡਾ: ਸ਼ਿਵਚਰਨ ਦੀ ਅਗਵਾਈ ਵਿੱਚ ਮਹਿਲ ਕਲਾਂ ਬਲਾਕ ਦੇ ਹਰ ਭਾਗ ਵਿੱਚ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਪੁੱਜਣ ਦਾ ਸੁਨੇਹਾ ਦਿੰਦਾ ਰੰਗਦਾਰ ਪੋਸਟਰ ਲਗਾ ਰਹੇ ਹਨ। ਗੁਰਮੀਤ ਸਿੰਘ ਸੁਖਪੁਰਾ ਅਤੇ ਨਿਰਮਲ ਸਿੰਘ ਚੂਹਾਣਕੇ ਦੀ ਰਹਿਨੁਮਾਈ ਹੇਠ ਪਲਵਿੰਦਰ ਸਿੰਘ ਠੀਕਰੀਵਾਲਾ, ਕੁਲਦੀਪ ਸਿੰਘ ਸੰਘੇੜਾ, ਲਖਵੀਰ ਸਿੰਘ ਠੁੱਲੀਵਾਲ, ਸੁਖਪ੍ਰੀਤ ਸਿੰਘ ਬੜੀ, ਪਿਸ਼ੌਰਾ ਸਿੰਘ ਹਮੀਦੀ, ਸ਼ਿਵ ਕੁਮਾਰ, ਬਿੱਕਰ ਸਿੰਘ ਔਲਖ, ਜਗਜੀਤ ਸਿੰਘ, ਮਨਜਿੰਦਰ ਸਿੰਘ, ਅੰਮ੍ਰਿਤ ਪਾਲ, ਰਾਜੀਵ ਕੁਮਾਰ, ਮਾਲਵਿੰਦਰ ਸਿੰਘ, ਰਘੁਵੀਰ ਕਰਮਗੜ੍ਹ, ਗੁਲਵੰਤ ਸਿੰਘ, ਇਕਬਾਲ ਕੌਰ ਉਦਾਸੀ, ਸੱਤ ਪਾਲ ਬਾਂਸਲ, ਦਰਸ਼ਨ ਸਿੰਘ ਬਦਰਾ, ਗੁਰਜੀਤ ਸਿੰਘ ਉੱਗੋਕੇ, ਬਲਵੰਤ ਧੌਲਾ, ਰਣਜੀਤ ਸਿੰਘ, ਦਵਿੰਦਰ ਤਲਵੰਡੀ ਦੀ ਅਗਵਾਈ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ 29 ਸਾਲ ਦੇ ਲੋਕ ਸੰਘਰਸ਼ ਦੀ ਗਾਥਾ ਤੋਂ ਜਾਣੂ ਕਰਵਾ ਰਹੇ ਹਨ।ਬਿਜਲੀ ਬੋਰਡ ਦੇ ਕਾਮਿਆਂ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਟੈਕਨੀਕਲ ਸਰਵਿਸ ਯੂਨੀਅਨ ਰਜਿ ਅਤੇ ਪਾਵਰਕੌਮ ਅਤੇ ਟਰਾਂਸਕੋ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਸਤਿੰਦਰਪਾਲ ਸਿੰਘ ਜੱਸਲ, ਕੁਲਵੀਰ ਸਿੰਘ ਔਲਖ, ਕੁਲਵਿੰਦਰ ਸਿੰਘ ਠੀਕਰੀਵਾਲਾ, ਸਿਕੰਦਰ ਪੱਖੋ, ਰੂਪ ਚੰਦ ਤਪਾ, ਜੰਗਾ ਸਿੰਘ ਧਨੌਲਾ, ਜਗਦੀਸ਼ ਸਿੰਘ, ਬਲਵੰਤ ਸਿੰਘ, ਤੀਰਥ ਦਾਸ ਦੀ ਅਗਵਾਈ ਵਿੱਚ ਆਪਣੇ ਤੌਰ 'ਤੇ 12 ਅਗਸਤ ਦੇ ਸਮਾਗਮ ਵਿੱਚ ਵੱਡੀ ਸ਼ਮੂਲੀਅਤ ਤੇ ਫੰਡ ਮੁਹਿੰਮ ਚਲਾ ਰਹੇ ਹਨ।ਇਸ ਸਮੇਂ ਬਾਰ ਵੀ ਯਤਨਾਂ ਦੀ ਗਿਣਤੀ ਵਿੱਚ ਕੁਝ ਸਬਹ ਮਰਦ-ਔਰਤਾਂ ਦੇ ਕਾਫ਼ਲੇ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਪਹੁੰਚ ਕੇ ਬੱਬਰ ਅਕਾਲੀ ਲਹਿਰ ਸ਼ਤਾਬਦੀ ਦੇ ਵਿਰਸੇ ਤੋਂ ਜਾਣੂ ਹੁੰਦਿਆਂ, ਮੀਨਾਬ ਦੀਆਂ ਬੱਚੀਆਂ ਤੇ ਅਧਿਆਪਕਾਂ ਨੂੰ ਸਮਰਪਤ ਸ਼ਹੀਦ ਕਿਰਨਜੀਤ ਕੌਰ ਦੇ 29ਵੇਂ ਯਾਦਗਾਰੀ ਸਮਾਗਮ ਵਿੱਚ ਸ਼ਾਮਲ ਹੋਣਗੇ।ਨਵਜੀਤ ਉੱਗੋਕੇ, ਗੋਰਾ ਰਾਏਸਰ, ਰਜਿੰਦਰ ਸਿੰਘ ਖ਼ਿਆਲੀ, ਹਰਮਨ ਰਾਏਸਰ, ਹਾਕਮ ਸਿੰਘ 'ਨੂਰ', ਮਿਲਖਾ ਸਿੰਘ, ਮੁਨੀਸ਼ ਕੁਮਾਰ ਵੀ ਇਸ ਮੁਹਿੰਮ ਵਿੱਚ ਪੂਰੀ ਸਰਗਰਮੀ ਨਾਲ ਹਿੱਸਾ ਪਾ ਰਹੇ ਹਨ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਤਾਮਕੋਟ, ਫੂਲੇਵਾਲਾ ਤੇ ਮਹਿਰਾਜ ਵਾਲਾ ਵਿਖੇ ਡਾਕੂਮੈਂਟਰੀ ਦਿਖਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ।ਇਸੇ ਲੜੀ ਤਹਿਤ ਬੀਤੀ ਸ਼ਾਮ ਜ਼ਿਲ੍ਹੇ ਦੇ ਹਲਕੇ ਮਲੋਟ ਦੇ ਪਿੰਡ ਤਾਮਕੋਟ, ਫੂਲੇਵਾਲਾ ਤੇ ਮਹਿਰਾਜ ਵਾਲਾ ਵਿਖੇ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫ਼ਿਲਮ ਦਿਖਾਈ ਗਈ।ਪੰਜਾਬ ਸਰਕਾਰ ਦੇ ਇਸ ਉਪਰਾਲੇ ਤਹਿਤ ਜ਼ਿਲ੍ਹੇ ਵਿੱਚ ਰੋਜ਼ਾਨਾ 3 ਪਿੰਡਾਂ ਵਿੱਚ ਇਹ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ।ਪਿੰਡ ਦੇ ਸਰਪੰਚ, ਪੰਚਾਇਤ ਨੁਮਾਇੰਦਿਆਂ, ਨੌਜਵਾਨਾਂ, ਮਹਿਲਾਵਾਂ, ਬਜ਼ੁਰਗਾਂ ਤੇ ਬੱਚਿਆਂ ਵੱਲੋਂ ਬੜਾ ਉਤਸ਼ਾਹ, ਸਤਿਕਾਰ ਤੇ ਉਤਸ਼ਾਹ ਨਾਲ ਡਾਕੂਮੈਂਟਰੀ ਦੇਖੀ ਜਾ ਰਹੀ ਹੈ।ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਵਿਸ਼ੇਸ਼ ਮੁਹਿੰਮ ਦੀ ਸ਼ਲਾਘਾ ਕਰਦਿਆਂ ਪਿੰਡਾਂ ਦੇ ਵਸਨੀਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਰਾਹੀਂ ਨਵੀਂ ਪੀੜ੍ਹੀ ਨੂੰ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਤੇ ਮਨੁੱਖੀ ਭਲਾਈ ਲਈ ਦਿੱਤੇ ਉਨ੍ਹਾਂ ਦੇ ਪ੍ਰੇਰਨਾਦਾਇਕ ਸੰਦੇਸ਼ਾਂ ਨੂੰ ਜਾਨਣ ਤੇ ਸਮਝਣ ਦਾ ਮੌਕਾ ਮਿਲ ਰਿਹਾ ਹੈ।ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਇਹ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਵੀ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਜਾਰੀ ਰਹੇਗੀ, ਤਾਂ ਜੋ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਤੇ ਬਰਾਬਰੀ, ਮਨੁੱਖਤਾ ਤੇ ਸਰਬੱਤ ਦੇ ਭਲੇ ਦਾ ਸੰਦੇਸ਼ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ।

# ਅਰਬਨ ਅਸਟੇਟ ਫੇਸ 3 ਦੇ ਪਾਰਕ ਨੇ ਝੀਲ ਦਾ ਰੂਪ ਧਾਰਿਆ

**ਬਿਮਾਰੀ ਫੈਲਣ ਦਾ ਖਤਰਾ ਵਧਿਆ, ਪੁੱਡਾ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਸ਼ਹਿਰ ਦੇ ਪੋਸ਼ ਇਲਾਕੇ ਵਜੋਂ ਵੀ ਵੀ ਆਈ ਪੀ ਏਰੀਆ ਅਰਬਨ ਅਸਟੇਟ ਸਾਰੇ ਫੇਸਾਂ ਦੇ ਹਾਲਾਤ ਇਸ ਸਮੇਂ ਬਦ ਤੋਂ ਬਦਤਰ ਤੇ ਬੁਰੇ ਹੋਏ ਪਏ ਹਨ ਤੇ ਲੋਕਾਂ ਦੀ ਜ਼ਿੰਦਗੀ ਨਰਕ ਬਣੀ ਪਈ ਹੈ।ਲੋਕਾਂ ਅੰਦਰ ਹਾਹਕਾਰ ਮਚੀ ਪਈ ਹੈ, ਪਰ ਪੁੱਡਾ ਅਧਿਕਾਰੀ ਪੂਰੀ ਤਰ੍ਹਾਂ ਕੁੰਭਕਰਨੀ ਨੀਂਦ ਸੁੱਤੇ ਪਏ ਹਨ ਤੇ ਉਨ੍ਹਾਂ ਨੂੰ ਲੋਕਾਂ ਦੀਆਂ ਸਹੂਲਤਾਂ ਵੱਲ ਕੋਈ ਵੀ ਸਾਰੋਕਾਰ ਨਹੀਂ ਹੈ।ਪਟਿਆਲਾ ਦੇ ਅਰਬਨ ਅਸਟੇਟ ਫੇਸ 3 ਅੰਦਰ ਪਾਰਕ ਨੰਬਰ 2, ਜੋ ਸੜਕ ਤੋਂ 2-3 ਫੁੱਟ ਤੋਂ ਵੱਧ ਨੀਵਾਂ ਹੈ, ਵਿੱਚ ਮੀਂਹ ਦੇ ਪਾਣੀ ਦੇ ਭਰੇ ਰਹਿਣ ਕਾਰਨ ਫੈਲੀ ਗੰਦਗੀ ਨੇ ਕਲੋਨੀ ਨਿਵਾਸੀਆਂ ਦਾ ਜਿਉਣਾ ਦੁੱਭਰ ਕਰ ਰੱਖਿਆ। ਸੜਕ ਤੋਂ ਨੀਵਾਂ ਹੋਣ ਦੇ ਕਾਰਨ ਮੀਂਹ ਸਮੇਂ ਗਲੀਆਂ ਦਾ ਪਾਣੀ ਵੀ ਇਸ ਪਾਰਕ ਵਿੱਚ ਵੜ ਜਾਂਦਾ ਹੈ। ਪਾਣੀ ਦੀ ਪਾਰਕ 'ਚੋਂ ਨਿਕਾਸੀ ਨਾ ਹੋਣ ਕਾਰਨ 15-15 ਦਿਨ ਪਾਣੀ ਸੁੱਕਦਾ ਨਹੀਂ। ਇਸ ਸਮੇਂ ਇਹ ਪਾਰਕ ਗੰਦੇ ਪਾਣੀ ਨਾਲ ਭਰਿਆ ਪਿਆ ਹੈ, ਜਿਸ ਕਾਰਨ ਡੇਂਗੂ ਵਰਗੀਆਂ ਬਿਮਾਰੀਆਂ ਫੈਲਣ ਦਾ ਡਰ ਕਲੋਨੀ ਨਿਵਾਸੀਆਂ ਨੂੰ ਸਤਾ ਰਿਹਾ ਹੈ। ਇਸ ਤੋਂ ਇਲਾਵ ਇਸ ਪਾਰਕ ਵਿੱਚ ਪਾਣੀ ਕਾਰਨ ਖੇਡਣ ਤੋਂ ਅਸਮਰਥ ਹਨ, ਉਥੇ ਪਾਰਕ ਵਿੱਚ ਸਵੇਰੇ-ਸ਼ਾਮ ਸੈਰ ਕਰਨ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪ੍ਰੰਤੂ ਸਾਰਾ ਕੁੱਝ ਜਾਣਦੇ ਹੋਏ ਪੁੱਡਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਕਲੋਨੀ ਵਾਸੀਆਂ ਨੇ ਇਸ ਪਾਰਕ ਵਿੱਚ ਮਿੱਟੀ ਪਾ ਕੇ ਇਸ ਦਾ ਲੇਬਲ ਸੜਕ ਦੇ ਪੱਧਰ ਤੋਂ ਉੱਚਾ ਕਰਨ ਜਾਂ ਇਸ ਪਾਰਕ ਵਿੱਚੋਂ ਮੀਂਹ ਦੇ ਪਾਣੀ ਦੀ ਨਿਕਾਸੀ ਜ਼ਮੀਨ ਅੰਦਰ ਬੋਰ ਕਰਵਾ ਕੇ ਨਿਕਾਸੀ ਤਰੁੰਤ ਕਰਵਾਉਣ ਦੀ ਪੁੱਡਾ ਪ੍ਰਸ਼ਾਸਨ ਤੇ ਸਰਕਾਰ ਤੋਂ ਮੰਗ ਕੀਤੀ ਹੈ।

ਕਲੋਨੀ ਨਿਵਾਸੀ ਸੀਨੀਅਰ ਸਿਟੀਜ਼ਨ ਤੇ ਡਿਪਟੀ ਡਾਇਰੈਕਟਰ (ਰਿਟਾ.) ਜੋਗਿੰਦਰ ਸਿੰਘ ਹਾਂਡਾ, ਰੈਜੀਡੈਂਟ ਵੈੱਲਫ਼ੇਅਰ ਐਸੋ. ਦੇ ਪ੍ਰਧਾਨ ਮਨਜੀਤ ਸਿੰਘ ਸ਼ਾਹੀ, ਸਮਾਜ ਸੇਵੀ ਰਾਜਿੰਦਰ ਸਿੰਘ ਥਿੰਦ ਤੇ ਕਰਨਲ ਬੀ ਪੀ ਸਿੰਘ, ਨਛੱਤਰ ਸਿੰਘ ਸਫੇੜਾ ਨੇ ਦੱਸਿਆ ਕਿ ਪਟਿਆਲਾ ਤੇ ਪੰਜਾਬ ਦੇ ਵੱਖ ਵੱਖ ਖੇਤਰਾਂ ਤੋਂ ਅਰਬਨ ਅਸਟੇਟ ਫੇਸ 1, 2 ਤੇ 3 ਇਨ੍ਹਾਂ ਤਿੰਨਾਂ ਫੇਸਾਂ ਵਿੱਚ ਕਰੋੜਾਂ ਰੁਪਏ ਲਗਾ ਕੇ ਲੋਕਾਂ ਨੇ ਆਪਣੇ ਬੰਗਲੇ ਰੂਪੀ ਘਰ ਬਣਾਏ ਹੋਏ ਹਨ, ਪਰ ਲੋਕ ਤਰਾਹ ਤਰਾਹ ਕਰ ਰਹੇ ਹਨ, ਕਿਉਂਕਿ ਪੰਜਾਬ ਸਰਕਾਰ ਦੇ ਵਿਭਾਗ ਪੁੱਡਾ ਅਧੀਨ ਹਨ ਤੇ ਪੁੱਡਾ ਦੇ ਅਧਿਕਾਰੀ ਲੋਕਾਂ ਨੂੰ ਟਿੱਚ ਸਮਝਦੇ ਹਨ।ਅਧਿਕਾਰੀਆਂ ਕੋਲ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਦਾ ਕੋਈ ਸਮਾਂ ਨਹੀਂ ਹੈ।ਅਰਬਨ ਅਸਟੇਟ ਦੇ ਹਜ਼ਾਰਾਂ ਵਸਨੀਕ ਇਸ ਸਮੇਂ ਨਰਕ ਭਰੀ ਜ਼ਿੰਦਗੀ ਜੀ ਰਹੇ ਹਨ।ਅਰਬਨ ਅਸਟੇਟ ਫੇਸ 2 ਦੀਆਂ ਸੜਕਾਂ ਬੁਰੀ ਤਰ੍ਹਾਂ ਟੁੱਟੀਆਂ ਪਈਆਂ ਹਨ, ਸਾਧੂ ਬੇਲਾ ਰੋਡ 'ਤੇ 2-2 ਫੁੱਟ ਟੋਏ ਪਏ ਹੋਏ ਹਨ, 1 ਨੰਬਰ ਫੇਸ ਦੀਆਂ ਸੜਕਾਂ ਵੀ ਨਰਕ ਹਨ।ਇਹ ਸਾਰਾ ਇਲਾਕਾ ਪਟਿਆਲਾ ਦਿਹਾਤੀ 2 ਦੇ ਅਧੀਨ ਆਉਂਦਾ ਹੈ ਤੇ ਇਸ ਹਲਕੇ ਤੋਂ ਵਿਧਾਇਕ ਪੰਜਾਬ ਦੇ ਸਿਹਤ ਮੰਤਰੀ ਵੀ ਹਨ, ਜਿਨ੍ਹਾਂ ਦੀ ਪਹਿਲਾਂ ਵੀ ਕਈ ਵਾਰ ਅਧਿਕਾਰੀਆਂ ਨਾਲ ਬਹਿਸਾ ਬਹਿਸਾਈ ਹੁੰਦੀ ਰਹੀ ਹੈ, ਪਰ ਅਧਿਕਾਰੀ ਸਭ ਨੂੰ ਟਿੱਚ ਹੀ ਜਾਣਦੇ।

# ਪਾਸ਼ ਯਾਦਗਾਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਦੀ ਨਿੰਦਾ

**ਬਠਿੰਡਾ (ਬਖਤੌਰ ਢਿੱਲੋਂ)**-ਕੌਮਾਂਤਰੀ ਪ੍ਰਸਿੱਧੀ ਦੇ ਕਵੀ ਸ਼ਹੀਦ ਅਵਤਾਰ ਪਾਸ਼ ਤੇ ਉਸ ਦੇ ਸਾਥੀ ਸ਼ਹੀਦ ਹੰਸ ਰਾਜ, ਜਿਨ੍ਹਾਂ ਨੂੰ ਖਾਲਿਸਤਾਨੀ ਦਹਿਸ਼ਤਗਰਦਾਂ ਨੇ ਸ਼ਹੀਦ ਕਰ ਦਿੱਤਾ ਸੀ, ਦੀ ਯਾਦ ਵਿੱਚ ਉਸਾਰੇ ਕੰਪਲੈਕਸ ਦੇ ਮੁੱਖ ਗੇਟ ਦਾ ਤਾਲਾ ਤੋੜ ਕੇ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਤੇ ਉਸ ਦੇ ਹਮਾਇਤੀਆਂ ਨੇ ਉਥੋਂ ਦੀ ਆਪ ਵਿਧਾਇਕਾ ਦੇ ਉਕਸਾਵੇ ਵਿੱਚ ਆ ਕੇ ਗੇਟ ਤੋੜ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ, ਜੋ ਅਤੀ ਨਿੰਦਣਯੋਗ ਤੇ ਘਟੀਆ ਕਾਰਵਾਈ ਹੈ। ਉਨ੍ਹਾਂ ਨੇ ਬੜੀ ਹੀ ਬੇਹਿਆਈ ਨਾਲ ਫ਼ਰਸ਼ ਦੀ ਭੰਨ ਤੋੜ ਕਰਕੇ ਝੂਲੇ, ਪੀਂਘਾਂ ਗੱਡਣ ਦਾ ਕੰਮ ਕੀਤਾ ਹੈ। ਪਿੰਡ ਦੇ ਲੋਕਾਂ ਤੇ ਪੰਜਾਬ ਭਰ ਦੀਆਂ ਤਮਾਮ ਜਨਤਕ ਜਥੇਬੰਦੀਆਂ ਵਿੱਚ ਇਸ ਹਰਕਤ ਪ੍ਰਤੀ ਸਖ਼ਤ ਰੋਸ ਹੈ।

ਪਾਸ਼ ਦੀ ਯਾਦਗਾਰ ਨੂੰ ਪਾਰਕ ਵਿੱਚ ਬਦਲਣਾ, ਪਾਸ਼ ਦੀ ਕੁਰਬਾਨੀ ਦੇ ਮੁਕਾਬਲ ਚਾਵਲ ਤਾਂ ਕੀ ਤਿਲ ਸਮਾਨ ਵੀ ਮੁੱਲ ਨਹੀਂ ਹੈ। ਸ਼ਾਇਦ ਵਿਧਾਇਕਾ ਤੇ ਸਰਪੰਚ ਸ਼ਹੀਦ ਪਾਸ਼ ਦੀ ਮਹਾਨਤਾ ਤੇ ਲੋਕ ਸ਼ਕਤੀ ਤੋਂ ਅਣਜਾਣਤਾ ਦੇ ਸ਼ਿਕਾਰ ਹਨ। ਸਾਹਿਤ ਸੱਭਿਆਚਾਰ ਮੰਚ ਬਠਿੰਡਾ, ਸਾਹਿਤ ਸਿਰਜਣਾ ਮੰਚ ਬਠਿੰਡਾ, ਲੋਕ ਕਲਾ ਮੰਚ ਮਾਨਸਾ ਦੀ ਸੰਚਾਲਕਾ ਮਨਜੀਤ ਕੌਰ ਔਲਖ ਤੇ ਪਰਵਾਜ਼ ਮੈਗਜ਼ੀਨ ਦੇ ਸੰਪਾਦਕੀ ਮੰਡਲ ਗ਼ਜ਼ਲਗੋ ਰਣਬੀਰ ਰਾਣਾ ਅਤੇ ਲੇਖਕ ਤੇ ਪੱਤਰਕਾਰ ਬਲਵਿੰਦਰ ਸਿੰਘ ਭੁੱਲਰ ਵੱਲੋਂ ਸਾਂਝੇ ਤੌਰ 'ਤੇ ਇਸ ਕੋਝੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰ੍ਹੇਗੰਢ 10 ਨੂੰ ਦੇਸ਼ ਬਚਾਓ ਕਾਰਪੋਰੇਟ ਭਜਾਓ ਦੇ ਰੂਪ 'ਚ ਮਨਾਈ ਜਾਵੇਗੀ : ਬਲੌਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੀ ਮੀਟਿੰਗ ਮੋਗਾ ਵਿਖੇ ਇਕਬਾਲ ਸਿੰਘ ਸਿੰਘਾਂ ਵਾਲਾ ਬੀਕੇਯੂ ਏਕਤਾ ਉਗਰਾਹਾਂ ਤੇ ਹਰਬੰਸ ਸਿੰਘ ਬ੍ਰਹਮ ਕੇ ਬੀਕੇਯੂ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਆਗੂਆਂ ਨੇ ਦੱਸਿਆ ਕਿ ਨਵੰਬਰ 2020 ਵਿੱਚ ਕੇਂਦਰ ਦੀ ਮੋਦੀ ਸਰਕਾਰ ਦੇ ਖਿਲਾਫ, ਜੋ ਸੰਘਰਸ਼ ਐੱਸ ਕੇ ਐੱਮ ਵੱਲੋਂ 385 ਦਿਨ ਦਿੱਲੀ ਦੀਆਂ ਬਰੂਹਾਂ 'ਤੇ ਲੜਿਆ ਗਿਆ ਸੀ, ਉਸ ਸੰਘਰਸ਼ ਵਿੱਚ 736 ਕਿਸਾਨ ਸ਼ਹੀਦ ਹੋਏ ਸਨ, ਉਸ ਸੰਘਰਸ਼ ਸਮੇਂ ਮੋਦੀ ਸਰਕਾਰ ਨੇ ਜਿੱਥੇ ਤਿੰਨ ਕਾਲੇ ਕਾਨੂੰਨ ਖਤਮ ਕੀਤੇ ਸੀ, ਉੱਥੇ ਹੀ ਮੋਦੀ ਸਰਕਾਰ ਨੇ 9 ਦਸੰਬਰ 21 ਨੂੰ ਸਾਰੀਆਂ ਫਸਲਾਂ ਦੀ ਗਰੰਟੀ ਨਾਲ ਖਰੀਦ ਕਰਨ ਲਈ, ਵਿਆਪਕ ਕਰਜ਼ਾ ਮੁਆਫੀ ਤੇ ਕਿਸਾਨਾਂ ਦੀ ਸਹਿਮਤੀ ਤੋਂ ਬਿਨਾਂ ਬਿਜਲੀ ਖੇਤਰ ਦੇ ਸੁਧਾਰਾਂ ਨੂੰ ਅੱਗੇ ਨਾ ਵਧਾਉਣਾ ਤੇ ਕਿਸਾਨਾਂ ਵਿਰੁੱਧ ਸਾਰੇ ਕੇਸ ਵਾਪਸ ਲੈਣ ਆਦਿ ਦਾ ਲਿਖਤੀ ਭਰੋਸਾ ਦਿੱਤਾ ਸੀ, ਪਰ ਅੱਜ ਤੱਕ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਕਿਸਾਨਾਂ ਦੀ ਮੰਗ ਹੈ ਕਿ ਭਾਰਤ ਸਰਕਾਰ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਨਾ ਕਰੇ ਤੇ ਹੋਰ ਦੇਸ਼ਾਂ ਨਾਲ ਕੀਤੇ ਵਪਾਰ ਸਮਝੌਤੇ ਰੱਦ ਕੀਤੇ ਜਾਣ, ਸਾਰੀਆਂ ਫਸਲਾਂ ਦੇ ਭਾਅ ਸੀ ਟੂ ਪਲਸ 50% ਮੁਨਾਫੇ ਨਾਲ ਕੀਤੇ ਜਾਣ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ, ਕਿਸਾਨਾਂ ਤੇ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਮੁਆਫ ਕੀਤੇ ਜਾਣ, ਮਜ਼ਦੂਰਾਂ ਨਾਲ ਸੰਬੰਧਤ ਚਾਰ ਕਿਰਤ ਕੋਡਾਂ ਨੂੰ ਰੱਦ ਕੀਤਾ ਜਾਵੇ ਤੇ ਪਹਿਲੇ ਕਾਨੂੰਨ ਬਹਾਲ ਕੀਤੇ ਜਾਣ, ਮਨਰੇਗਾ ਬਹਾਲ ਕੀਤਾ ਜਾਵੇ ਤੇ 200 ਦਿਨ ਦਾ ਕੰਮ ਦਿੱਤਾ ਜਾਵੇ, ਲੈਂਡ ਪੋਲਿੰਗ ਨੀਤੀ ਰੱਦ ਕੀਤੀ ਜਾਵੇ, ਕਿਸਾਨਾਂ ਦੀਆਂ ਮੰਗਾਂ ਨਾ ਮੰਨਣ ਕਰਕੇ ਐੱਸ ਕੇ ਐੱਮ ਵੱਲੋਂ ਜੋ ਭਾਰਤ ਛੱਡੋ ਦਿਵਸ 84 ਵੀਂ ਵਰ੍ਹੇਗੰਢ ਦੇ ਸਨਮਾਨ ਵਜੋਂ 10 ਅਗਸਤ ਨੂੰ ਦੇਸ਼ ਬਚਾਓ ਕਾਰਪੋਰੇਟ ਭਜਾਓ ਦੇ ਰੂਪ ਵਿੱਚ ਮਨਾਉਣ ਦਾ ਫੈਸਲਾ ਕੀਤਾ ਹੈ, ਉਸ ਫੈਸਲੇ ਅਨੁਸਾਰ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਮੋਗਾ ਜ਼ਿਲ੍ਹੇ ਦੀਆਂ ਜਥੇਬੰਦੀਆਂ ਨੇ ਫੈਸਲਾ ਕੀਤਾ ਹੈ ਕਿ 10 ਅਗਸਤ ਨੂੰ ਬਾਘਾ ਪੁਰਾਣਾ, ਧਰਮਕੋਟ, ਮੋਗਾ ਤੇ ਨਿਹਾਲ ਸਿੰਘ ਵਾਲਾ ਵਿਖੇ ਐੱਸਡੀਐੱਮ ਦਫਤਰਾਂ ਬਾਹਰ ਧਰਨੇ ਦਿੱਤੇ ਜਾਣਗੇ, ਜਿਸ ਵਿੱਚ ਸਾਰੀਆਂ ਜਥੇਬੰਦੀਆਂ ਨੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਨੌਜਵਾਨਾਂ ਤੇ ਭੈਣਾਂ ਨੂੰ ਸ਼ਾਮਲ ਕਰਨ ਦਾ ਫੈਸਲਾ ਕੀਤਾ ਹੈ। ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਭੁਪਿੰਦਰ ਸਿੰਘ ਦੌਲਤਪੁਰਾ ਜ਼ਿਲ੍ਹਾ ਪ੍ਰਧਾਨ ਬੀਕੇਯੂ ਲੱਖੋਵਾਲ, ਜਸਵਿੰਦਰ ਸਿੰਘ ਕਾਲੇਕੇ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਕਸ਼ਮੀਰ ਸਿੰਘ ਭੇਖਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਸੂਰਤ ਸਿੰਘ ਧਰਮਕੋਟ ਕੁੱਲ ਹਿੰਦ ਕਿਸਾਨ ਸਭਾ, ਲਖਵੀਰ ਸਿੰਘ ਸਰਪੰਚ ਸੰਧੂਆਂ ਵਾਲਾ, ਗੁਰਬੀਰ ਸਿੰਘ ਰਾਜੇਆਣਾ, ਜਗਦੇਵ ਸਿੰਘ ਸਿੰਘਾਂਵਾਲਾ, ਬਲਵੰਤ ਸਿੰਘ ਦਵਿੰਦਰ ਸਿੰਘ ਸਰਾਂ, ਸੁਖਦੀਪ ਸਿੰਘ ਭੇਖਾ, ਹਰਦਿਆਲ ਸਿੰਘ ਘਾਲੀ, ਮਨਿੰਦਰਜੀਤ ਸਿੰਘ ਮਨਾਵਾ ਆਦਿ ਸਾਥੀ ਸ਼ਾਮਲ ਹੋਏ।

# ਮਾਤਾ ਸੁੰਦਰੀ ਸਕੂਲ ਢੱਡੇ ਦੀਆਂ ਵਿਦਿਆਰਥਣਾਂ ਨੇ ਜ਼ੋਨ ਪੱਧਰੀ ਖੇਡਾਂ 'ਚ ਮਾਰੀ ਬਾਜ਼ੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ਼ ਇਸਟੀਚਿਊਸ਼ਨਜ਼ ਢੱਡੇ ਦੀ ਇਕਾਈ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਢੱਡੇ ਦੀ ਕੁਸ਼ਤੀ ਦੀਆਂ ਵਿਦਿਆਰਥਣਾਂ ਨੇ ਜ਼ੋਨ ਪੱਧਰੀ ਸਕੂਲੀ ਖੇਡਾਂ ਵਿੱਚ ਮਾਰੀ ਬਾਜ਼ੀ।ਸੰਸਥਾ ਦੀ ਖੇਡ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਕਰਨਵੀਰ ਸਿੰਘ ਅਤੇ ਪ੍ਰੋ. ਸਤਵੀਰ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਨੁਰੀਤ ਕੌਰ ਕੁਸ਼ਤੀ-19 ਉਮਰ ਵਰਗ, 50 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ, ਰਾਮਦੀਪ ਕੌਰ ਕੁਸ਼ਤੀ-17 ਉਮਰ ਵਰਗ 65 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ, ਸਮਰਪ੍ਰੀਤ ਕੌਰ 46 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ, ਜਸਵਿੰਦਰ ਕੌਰ 49 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ, ਸੁਖਮਨਪ੍ਰੀਤ ਕੌਰ 53 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ, ਪ੍ਰਨੀਤ ਕੌਰ 53 ਕਿਲੋਗ੍ਰਾਮ ਭਾਰ ਵਰਗ ਵਿੱਚ ਸਿਲਵਰ ਮੈਡਲ, ਅਮ੍ਰਿਤ 65 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ ਕੋਮਲਦੀਪ ਕੌਰ 73 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਸੰਸਥਾ ਦੀ ਝੋਲੀ ਪਾਏ। ਇਸ ਤੋਂ ਇਲਾਵਾ ਬਾਕਸਿੰਗ 17 ਉਮਰ ਵਰਗ ਵਿੱਚ ਮਨਜਿੰਦਰ ਕੌਰ 46 ਕਿਲੋ ਭਾਰ ਵਰਗ ਵਿੱਚ, ਜਸਪ੍ਰੀਤ ਕੌਰ 48 ਕਿਲੋ, ਸੁਖਮਨਦੀਪ ਕੌਰ 52 ਕਿਲੋ, ਅਸ਼ਰਦੀਪ ਕੌਰ 54 ਕਿਲੋ, ਪਰਮਵੀਰ ਕੌਰ 60 ਕਿਲੋ, ਭਵਨਜੋਤ ਕੌਰ 63 ਕਿਲੋ, ਸਿਮਰਨਜੀਤ ਕੌਰ 70 ਕਿਲੋ, ਰਮਨਦੀਪ ਕੌਰ 75 ਕਿਲੋ ਭਾਰ ਵਰਗ ਵਿੱਚ 9 ਗੋਲਡ ਮੈਡਲ ਪ੍ਰਾਪਤ ਕੀਤੇ ਤੇ 19 ਸਾਲ ਉਮਰ ਵਰਗ ਵਿੱਚ ਕਰਨਪ੍ਰੀਤ ਕੌਰ 57 ਕਿਲੋ ਭਾਰ ਵਰਗ ਵਿੱਚ ਗੋਲਡ ਮੈਂਡਲ ਪ੍ਰਾਪਤ ਕੀਤਾ।ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਦੀਆਂ 19 ਉਮਰ ਵਰਗ ਵਿੱਚ ਰੱਸਾ-ਕੱਸੀ ਦੀਆਂ ਵਿਦਿਆਰਥਣਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ, ਐੱਮ. ਡੀ. ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਰਾਜ ਸਿੰਘ ਬਾਘਾ, ਸੰਸਥਾ ਦੇ ਡਾਇਰੈਕਟਰ ਸਿੰਬਲਜੀਤ ਕੌਰ, ਖ਼ਜ਼ਾਨਚੀ ਪ੍ਰਸ਼ੋਤਮ ਕੌਰ ਤੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਨੇ ਸਮੂਹ ਸਟਾਫ਼ ਤੇ ਖਿਡਾਰੀਆਂ ਨੂੰ ਵਧਾਈ ਦਿੱਤੀ।ਇਸ ਮੌਕੇ ਫਿਜੀਕਲ ਵਿਭਾਗ ਦੇ ਮੈਡਮ ਸਤਵੀਰ ਕੌਰ ਤੇ ਪ੍ਰੋ. ਕਰਨਵੀਰ ਸਿੰਘ ਦਾ ਸਹਿਯੋਗ ਸ਼ਲਾਘਾਯੋਗ ਰਿਹਾ।

# ਪੰਜਾਬ ਭਰ 'ਚ ਕਮਿਊਨਿਟੀ ਹੈੱਲਥ ਅਫ਼ਸਰਾਂ ਦੀ ਹੜਤਾਲ ਤੀਜੇ ਦਿਨ ਵੀ ਜਾਰੀ

**ਸਰਕਾਰ ਤੇ ਸਿਹਤ ਵਿਭਾਗ ਵਿਰੁੱਧ ਰੋਸ ਪ੍ਰਦਰਸ਼ਨ, ਪਿੰਡਾਂ ਦੀਆਂ ਸਿਹਤ ਸੇਵਾਵਾਂ ਪ੍ਰਭਾਵਿਤ**




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਦੇ ਸਮੂਹ ਕਮਿਊਨਿਟੀ ਹੈੱਲਥ ਅਫ਼ਸਰਾਂ (ਸੀ.ਐੱਚ.ਓ.) ਵੱਲੋਂ ਆਪਣੀਆਂ ਜਾਇਜ਼ ਵਿੱਤੀ ਤੇ ਸੇਵਾ ਸਬੰਧੀ ਮੰਗਾਂ ਦੇ ਹੱਲ ਲਈ ਸ਼ੁੱਕਰਵਾਰ ਤੀਜੇ ਦਿਨ ਵੀ ਮੁਕੰਮਲ ਹੜਤਾਲ ਜਾਰੀ ਰੱਖੀ ਗਈ। ਪੰਜਾਬ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ ਸੀ.ਐੱਚ.ਓ. ਵੱਲੋਂ ਸਿਵਲ ਸਰਜਨ ਦਫ਼ਤਰਾਂ ਅੱਗੇ ਇਕੱਠੇ ਹੋ ਕੇ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵਿਰੁੱਧ ਜ਼ੋਰ-ਸ਼ੋਰ ਨਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਨਾਅਰੇਬਾਜ਼ੀ ਕੀਤੀ ਗਈ। ਯੂਨੀਅਨ ਆਗੂ ਕਮਿਊਨਿਟੀ ਹੈੱਲਥ ਅਫਸਰ ਨਰਿੰਦਰ ਸਿੰਘ ਤੇ ਪ੍ਰੀਤ ਮਖਿਜਾ ਨੇ ਕਿਹਾ ਕਿ ਸਰਕਾਰ ਦੀ ਲਗਾਤਾਰ ਲਾਰੇਬਾਜ਼ੀ ਤੇ ਵਾਅਦਾ ਖ਼ਿਲਾਫ਼ੀ ਕਾਰਨ ਅੱਜ ਪੰਜਾਬ ਦੇ ਲਗਭਗ 2500 ਆਯੁਸ਼ਮਾਨ ਆਰੋਗਿਆ ਕੇਂਦਰਾਂ ਦੀਆਂ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਪਿੰਡਾਂ ਵਿੱਚ ਰਹਿੰਦੇ ਹਜ਼ਾਰਾਂ ਲੋਕ, ਖ਼ਾਸ ਕਰਕੇ ਬਲੱਡ ਪ੍ਰੈਸ਼ਰ, ਸ਼ੂਗਰ ਤੇ ਹੋਰ ਲੰਬੇ ਸਮੇਂ ਦੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼, ਸਮੇਂ ਸਿਰ ਸਿਹਤ ਸੇਵਾਵਾਂ ਤੇ ਦਵਾਈਆਂ ਨਾ ਮਿਲਣ ਕਾਰਨ ਖੱਜਲ-ਖੁਆਰ ਹੋ ਰਹੇ ਹਨ। ਇਸ ਸਥਿਤੀ ਲਈ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀ ਅਣਗਹਿਲੀ ਪੂਰੀ ਤਰ੍ਹਾਂ ਜ਼ਿੰਮੇਵਾਰ ਹੈ। ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਸੀ.ਐੱਚ.ਓ. ਨੂੰ 5000 ਤਨਖ਼ਾਹ ਵਿੱਚ ਸਥਾਈ ਵਾਧਾ ਦੇਣ ਦਾ ਭਰੋਸਾ ਦਿੱਤਾ ਗਿਆ ਸੀ, ਪਰ ਵਿਭਾਗ ਵੱਲੋਂ ਇਸ ਨੂੰ ਤਨਖ਼ਾਹ ਵਿਚ ਸ਼ਾਮਲ ਕਰਨ ਦੀ ਬਜਾਏ ਇੰਸੈਂਟਿਵ ਨਾਲ ਜੋੜ ਕੇ ਬੈਂਚਮਾਰਕ ਦੀਆਂ ਅਜਿਹੀਆਂ ਸ਼ਰਤਾਂ ਲਗਾ ਦਿੱਤੀਆਂ ਗਈਆਂ, ਜਿਨ੍ਹਾਂ ਕਾਰਨ ਬਹੁਤ ਸਾਰੇ ਸੀ.ਐੱਚ.ਓ. ਇਸ ਲਾਭ ਤੋਂ ਵਾਂਝੇ ਰਹਿ ਜਾਣਗੇ। ਇਹ ਸੀ.ਐੱਚ.ਓ. ਨਾਲ ਕੀਤਾ ਗਿਆ ਸਿੱਧਾ ਧੋਖਾ ਹੈ। ਇਸ ਤੋਂ ਇਲਾਵਾ ਲੌਇਲਟੀ ਬੋਨਸ, ਰੈਗੂਲਰ ਕੈਡਰ ਤੇ ਹੋਰ ਮੰਗਾਂ ਸਬੰਧੀ ਵੀ ਸਰਕਾਰ ਵੱਲੋਂ ਕੋਈ ਠੋਸ ਫ਼ੈਸਲਾ ਨਹੀਂ ਲਿਆ ਗਿਆ। ਆਗੂਆਂ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ 'ਮਾਵਾਂ ਧੀਆਂ ਸਨਮਾਨ ਯੋਜਨਾ , ਬੇਟੀ ਬਚਾਓ, ਬੇਟੀ ਪੜ੍ਹਾਓ' ਤੇ ਮਹਿਲਾ ਸ਼ਸ਼ਕਤੀਕਰਨ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਦੂਜੇ ਪਾਸੇ ਸਿਹਤ ਵਿਭਾਗ ਵਿੱਚ ਸੇਵਾ ਨਿਭਾ ਰਹੀਆਂ ਹਜ਼ਾਰਾਂ ਪੜ੍ਹੀਆਂ-ਲਿਖੀਆਂ ਧੀਆਂ ਤੇ ਮਹਿਲਾ ਕਮਿਊਨਿਟੀ ਹੈੱਲਥ ਅਫ਼ਸਰਾਂ ਨੂੰ ਦੂਜੇ ਸੂਬਿਆਂ ਨਾਲੋਂ ਘੱਟ ਤਨਖ਼ਾਹ ਦੇ ਕੇ ਉਨ੍ਹਾਂ ਦਾ ਆਰਥਿਕ ਤੇ ਮਾਨਸਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਜੋ ਧੀਆਂ ਪਿੰਡਾਂ ਵਿਚ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਰਹੀਆਂ ਹਨ, ਉਹ ਅੱਜ ਆਪਣੇ ਹੀ ਹੱਕਾਂ ਲਈ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜਬੂਰ ਹਨ। ਯੂਨੀਅਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਕਰਕੇ ਸਿਰਫ਼ ਸਮਾਂ ਟਪਾਇਆ ਜਾ ਰਿਹਾ ਹੈ। ਆਗੂਆਂ ਨੇ ਐਲਾਨ ਕੀਤਾ ਕਿ 10 ਅਗਸਤ 2026 ਨੂੰ ਨੈਸ਼ਨਲ ਹੈੱਲਥ ਮਿਸ਼ਨ, ਪੰਜਾਬ ਦੇ ਮੁੱਖ ਦਫ਼ਤਰ, ਚੰਡੀਗੜ੍ਹ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਪੰਜਾਬ ਭਰ ਤੋਂ ਹਜ਼ਾਰਾਂ ਕਮਿਊਨਿਟੀ ਹੈੱਲਥ ਅਫ਼ਸਰ ਸ਼ਮੂਲੀਅਤ ਕਰਨਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਹੁੰਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਜੇਕਰ ਇਸ ਦੌਰਾਨ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਇਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀ ਹੋਵੇਗੀ। ਇਸ ਮੌਕੇ ਕਮਿਊਨਿਟੀ ਹੈੱਲਥ ਅਫਸਰ ਨਵਜੀਤ ਸਿੰਘ, ਗੌਰਵ, ਨੇਹਾ, ਮਨੀਸ਼ਾ, ਰਮਨਦੀਪ ਕੌਰ, ਸਿਮਰਨਜੀਤ ਕੌਰ, ਡਾਕਟਰ ਸਤਿਨਾਮ ਸਿੰਘ, ਡਾਕਟਰ ਸ਼ੀਵਲਕਸ਼ਨਾ, ਡਾਕਟਰ ਨੀਤਿਕਾ ਗੁਪਤਾ, ਅੰਜੂ, ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

# ਸੁਪੀਰੀਅਰ ਵਰਲਡ ਸਕੂਲ ਵਿਖੇ ਤੀਆਂ ਦਾ ਤਿਉਹਾਰ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦਾ ਸੁਪੀਰੀਅਰ ਵਰਲਡ ਸਕੂਲ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਸਾਹਿਬ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਵਿੱਚ ਹਰ ਜਮਾਤ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਰੰਗ-ਬਿਰੰਗੇ ਪੰਜਾਬੀ ਪਹਿਰਾਵਿਆਂ 'ਚ ਸਜ ਕੇ ਗਿੱਧਾ, ਲੋਕ-ਗੀਤ ਤੇ ਲੋਕ-ਨਾਚ ਦੀਆਂ ਮਨਮੋਹਕ ਪੇਸ਼ਕਾਰੀਆਂ ਦੇ ਕੇ ਸਭ ਦਾ ਮਨ ਮੋਹ ਲਿਆ। ਕੁੜੀਆਂ ਨੇ ਭੰਗੜਾ ਪਾ ਕੇ ਤੇ ਤ੍ਰਿੰਝਣਾਂ ਦਾ ਸੁੰਦਰ ਦ੍ਰਿਸ਼ ਪੇਸ਼ ਕਰਕੇ ਸਮਾਗਮ ਨੂੰ ਚਾਰ ਚੰਨ ਲਗਾ ਦਿੱਤੇ।

ਪੀਂਘਾਂ ਝੂਲਦੀਆਂ ਤੇ ਚਰਖਾ ਕੱਤਦੀਆਂ ਮੁਟਿਆਰਾਂ ਨੇ ਪੰਜਾਬ ਦੇ ਅਮੀਰ ਸੱਭਿਆਚਾਰ ਦੀ ਜੀਵੰਤ ਤਸਵੀਰ ਪੇਸ਼ ਕੀਤੀ। ਦੂਜੇ ਪਾਸੇ ਵਿਦਿਆਰਥੀਆਂ ਨੇ ਵੀ ਜੋਸ਼ ਨਾਲ ਭੰਗੜੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਇਸ ਤੋਂ ਇਲਾਵਾ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਪੰਜਾਬੀ ਰਵਾਇਤੀ ਪਹਿਰਾਵਿਆਂ ਦੀ ਮਨਮੋਹਕ ਮਾਡਲਿੰਗ ਵੀ ਕੀਤੀ ਗਈ। ਤੀਜ ਮੁਕਾਬਲੇ 'ਚ ਨੌਵੀਂ ਜਮਾਤ ਦੀ ਵਿਦਿਆਰਥਣ ਬ੍ਰਹਮਜੋਤ ਕੌਰ ਨੇ 'ਸੀਨੀਅਰ ਮਿਸ ਤੀਜ' ਤੇ ਸੱਤਵੀਂ ਜਮਾਤ ਦੀ ਵਿਦਿਆਰਥਣ ਮਨਸਿਰਤ ਕੌਰ ਨੇ 'ਜੂਨੀਅਰ ਮਿਸ ਤੀਜ' ਦਾ ਖ਼ਿਤਾਬ ਆਪਣੇ ਨਾਮ ਕੀਤਾ। ਜੇਤੂ ਵਿਦਿਆਰਥਣਾਂ ਨੂੰ ਸਕੂਲ ਦੇ ਪ੍ਰਿੰਸੀਪਲ ਰਸ਼ਮੀ ਸ਼ਰਮਾ ਤੇ ਭਜਨ ਕੌਰ ਵੱਲੋਂ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੇ ਅੰਤ 'ਚ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ, ਪ੍ਰੰਪਰਾਵਾਂ ਤੇ ਵਿਰਸੇ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਮਰਦਮਸ਼ੁਮਾਰੀ 2027 'ਚ ਕੇਂਦਰ ਸਰਕਾਰ ਪੱਛੜੀਆਂ ਜਾਤੀਆਂ ਦੀ ਜਾਤੀ ਅਧਾਰਤ ਗਿਣਤੀ ਕਰਾਵੇ : ਮੁਕੰਦ ਸਿੰਘ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਕਸਬਾ ਨਿਹਾਲ ਸਿੰਘ ਵਾਲਾ ਦੇ ਦੀਪ ਹਸਪਤਾਲ ਤੇ ਜ਼ਹਿਰ ਇਲਾਜ ਕੇਂਦਰ ਦੇ ਭਗਤ ਸਿੰਘ-ਅੰਬੇਡਕਰ ਸੈਮੀਨਾਰ ਹਾਲ ਵਿੱਚ ਰਾਸ਼ਟਰੀ ਪਿਛੜਾ ਵਰਗ ਮੋਰਚਾ (ਪੰਜਾਬ) ਦੀ ਪੰਜਾਬ ਪੱਧਰੀ ਮੀਟਿੰਗ ਹੋਈ, ਜਿਸ ਵਿੱਚ ਮੋਰਚਾ ਦੇ ਰਾਸ਼ਟਰੀ ਮੀਤ ਪ੍ਰਧਾਨ ਸ੍ਰੀ ਮੁਕੰਦ ਸਿੰਘ, ਪੰਜਾਬ ਪ੍ਰਧਾਨ ਡਾ: ਹਰਗੁਰਪ੍ਰਤਾਪ ਸਿੰਘ, ਸੀਨੀਅਰ ਮੀਤ ਪ੍ਰਧਾਨ ਗੁਰਾਂਦਿੱਤਾ ਸਿੰਘ ਦੋਦਾ ਤੋਂ ਇਲਾਵਾ ਸੂਬਾ ਮੀਡੀਆ ਇੰਚਾਰਜ ਬਹੁਜਨ ਮੁਕਤੀ ਪਾਰਟੀ ਦੀਪ ਸ਼ੇਰਗਿੱਲ ਤੇ ਮੋਗਾ ਇਲਾਕੇ ਦੇ ਪਿਛੜੇ ਸਮਾਜ ਨਾਲ ਸੰਬੰਧਤ ਸਮਾਜ ਸੇਵੀ, ਡਾਕਟਰ ਤੇ ਬੁੱਧੀਜੀਵੀ ਵੀਰਾਂ ਨੇ ਭਾਗ ਲਿਆ।

ਮੀਟਿੰਗ ਨੂੰ ਸੰਬੋਧਤ ਹੁੰਦਿਆਂ ਰਾਸ਼ਟਰੀ ਮੀਤ ਪ੍ਰਧਾਨ ਮੁਕੰਦ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਪਿਛੜੇ ਵਰਗਾਂ ਦੀ ਆਬਾਦੀ ਦੀ ਰਾਜਨੀਤਕ ਪੱਖੋਂ ਚੇਤਨਤਾ ਬਹੁਤ ਹੀ ਨੀਵੇਂ ਪੱਧਰ ਦੀ ਹੈ।ਇਸ ਨੂੰ ਵਧਾਉਣ ਲਈ ਲਗਾਤਾਰ ਉਪਰਾਲੇ ਕਰਨੇ ਜ਼ਰੂਰੀ ਹਨ।ਸ੍ਰੀ ਦੀਪ ਸ਼ੇਰਗਿੱਲ ਨੇ ਪੰਜਾਬ ਵਿਧਾਨ ਸਭਾ ਵਿੱਚ ਪਿਛੜੇ ਵਰਗਾਂ ਦੀ ਨੁਮਾਇੰਦਗੀ ਬਹੁਤ ਘੱਟ ਹੋਣ 'ਤੇ ਚਿੰਤਾ ਜ਼ਾਹਰ ਕੀਤੀ ਤੇ ਕੇਂਦਰ ਸਰਕਾਰ ਨੂੰ 2027 ਦੀ ਮਰਦਮਸ਼ੁਮਾਰੀ ਵਿੱਚ ਪਿੱਛੜੀਆਂ ਜਾਤੀਆਂ ਦਾ ਵੱਖਰਾ ਕਾਲਮ ਦਰਜ ਕਰਕੇ ਦੇਸ਼ ਦੀਆਂ ਸਮੂਹ ਪਿੱਛੜੀਆਂ ਜਾਤੀਆਂ ਦੀ ਜਾਤੀ ਗਿਣਤੀ ਕਰਕੇ ਦੇਸ਼ ਦੇ ਸ਼ਾਸਨ ਤੇ ਪ੍ਰਸ਼ਾਸਨ ਵਿੱਚ ਜਨਸੰਖਿਆ ਦੇ ਅਨੁਪਾਤ ਵਿੱਚ ਹਿੱਸੇਦਾਰੀ ਦੇਣ ਦੀ ਵਕਾਲਤ ਕੀਤੀ।ਡਾਕਟਰ ਹਰਗੁਰਪ੍ਰਤਾਪ ਸਿੰਘ ਸੂਬਾ ਪ੍ਰਧਾਨ ਨੇ ਪੰਜਾਬ ਦੇ ਸਮੂਹ ਪਿੱਛੜੇ ਵਰਗਾਂ ਨੂੰ ਇੱਕ-ਜੁੱਟ ਹੋ ਕੇ ਆਪਣੀ ਰਾਜਨੀਤਕ ਤੇ ਆਰਥਿਕ ਤਰੱਕੀ ਨੂੰ ਪ੍ਰਪੱਕ ਕਰਨ ਦੀ ਗੱਲ ਕਹੀ।ਇਨ੍ਹਾਂ ਤੋਂ ਇਲਾਵਾ ਡਾ: ਮਨਪ੍ਰੀਤ ਸਿੰਘ ਲਿਕੋਟ੍ਹੇ-ਹੋਮਿਓਪੈਥੀ ਵਾਲੇ ਤੇ ਜਲੌਰ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ।

ਸਾਰੇ ਹੀ ਬੁੱਧੀਜੀਵੀਆਂ ਤੇ ਆਗੂਆਂ ਨੇ ਇੱਕ-ਸੁਰ ਹੋ ਕੇ ਪੰਜਾਬ ਵਿੱਚ ਮੰਡਲ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਕਰਨ, ਪਿਛੜੇ ਵਰਗਾਂ ਦੀ ਰਿਜ਼ਰਵੇਸ਼ਨ 12% ਤੋਂ ਵਧਾ ਕੇ 27% ਕਰਨ ਤੇ ਭੂਮੀ ਸੁਧਾਰ ਕਾਨੂੰਨ ਲਾਗੂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਰਾਸ਼ਟਰੀ ਪਿਛੜਾ ਵਰਗ ਦੀ ਮੋਗਾ ਇਕਾਈ ਨੂੰ ਵਿਸਥਾਰ ਦਿੰਦਿਆਂ ਸ੍ਰੀ ਸਤਨਾਮ ਸਿੰਘ ਮਾਛੀਕੇ ਨੂੰ ਜ਼ਿਲ੍ਹਾ ਪ੍ਰਧਾਨ, ਸ੍ਰੀ ਹਰਪ੍ਰੀਤ ਸਿੰਘ ਨੂੰ ਜਨਰਲ ਸੈਕਟਰੀ, ਡਾਕਟਰ ਮਨਪ੍ਰੀਤ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਡਾਕਟਰ ਰਛਿੰਦਰ ਸਿੰਘ ਨੂੰ ਮੀਤ ਪ੍ਰਧਾਨ, ਪ੍ਰਸਿੱਧ ਪੱਤਰਕਾਰ ਮਿੰਟੂ ਖੁਰਮੀ ਹਿੰਮਤਪੁਰਾ ਨੂੰ ਜ਼ਿਲ੍ਹਾ ਪ੍ਰੈੱਸ ਸਕੱਤਰ ਤੇ ਰਘਵੀਰ ਸਿੰਘ ਬਲਵੀਰ ਟੇਲਰਜ਼ ਵਾਲਿਆਂ ਨੂੰ ਜ਼ਿਲ੍ਹਾ ਸੰਯੁਕਤ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਸੂਬਾ ਕਾਰਜਕਾਰਨੀ ਵੱਲੋਂ ਦੀਪ ਸ਼ੇਰਗਿੱਲ ਨੂੰ ਸੂਬਾ ਕਾਨੂੰਨੀ ਸਲਾਹਕਾਰ ਵੀ ਸਰਬ ਸੰਮਤੀ ਨਾਲ ਚੁਣਿਆ ਗਿਆ।ਮੀਟਿੰਗ ਵਿੱਚ ਪੰਜਾਬ ਦੇ ਕਰੀਬ ਸਾਥੀ ਹਾਜ਼ਰ ਸਨ।

# ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪੱਧਰ 'ਤੇ ਮਾਰੀਆਂ ਮੱਲਾਂ

**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਐੱਸ.ਸੀ. ਫੈਸ਼ਨ ਡਿਜ਼ਾਈਨਿੰਗ ਸਮੈਸਟਰ ਛੇਵੇਂ ਦਾ ਨਤੀਜਾ ਸ਼ਾਨਦਾਰ ਰਿਹਾ।ਬੀ.ਐੱਸ.ਸੀ. ਫ਼ੈਸ਼ਨ ਡਿਜ਼ਾਈਨਿੰਗ ਸਮੈਸਟਰ ਛੇਵੇਂ ਦੀਆਂ ਵਿਦਿਆਰਥਣਾਂ ਸ਼ਰਨਪ੍ਰੀਤ ਕੌਰ ਤੇ ਖੁਸ਼ਪ੍ਰੀਤ ਕੌਰ ਨੇ ਐੱਸ.ਜੀ.ਪੀ.ਏ. 9.25 (ਦੋਵਾਂ ਨੇ ਬਰਾਬਰ) ਅੰਕ ਹਾਸਲ ਕਰਕੇ ਯੂਨੀਵਰਸਿਟੀ ਪੱਧਰ 'ਤੇ ਤੀਜਾ ਤੇ ਕਾਲਜ 'ਚੋਂ ਪਹਿਲਾ ਸਥਾਨ ਹਾਸਲ ਕੀਤਾ।ਪੁਨੀਤ ਕੌਰ ਨੇ ਐੱਸ.ਜੀ.ਪੀ.ਏ. 9.17 ਅੰਕ ਹਾਸਲ ਕਰਕੇ ਯੂਨੀਵਰਸਿਟੀ ਪੱਧਰ 'ਤੇ ਚੌਥਾ ਤੇ ਕਾਲਜ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਅਮਨਦੀਪ ਕੌਰ ਤੇ ਮਹਿਕਪ੍ਰੀਤ ਕੌਰ ਬਰਾਬਰ ਐੱਸ.ਜੀ.ਪੀ.ਏ. 9.00 ਅੰਕ ਹਾਸਲ ਕਰਕੇ ਕਾਲਜ ਪੱਧਰ 'ਤੇ ਤੀਜੇ ਸਥਾਨ 'ਤੇ ਰਹੀਆਂ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਤੇ ਬੀ.ਐੱਸ.ਸੀ. ਫੈਸ਼ਨ ਡਿਜ਼ਾਈਨਿੰਗ ਦੇ ਮੁਖੀ ਪ੍ਰੋ. ਹਰਪ੍ਰੀਤ ਕੌਰ ਤੇ ਪ੍ਰੋ. ਸੁਖਨਪ੍ਰੀਤ ਕੌਰ ਨੂੰ ਵਧਾਈ ਦਿੱਤੀ ਅਤੇ ਸ਼ੁਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ।

ਸਾਨੂੰ ਉਮੀਦ ਹੈ ਕਿ ਕਾਲਜ ਦੀਆਂ ਵਿਦਿਆਰਥਣਾਂ ਇਸੇ ਤਰ੍ਹਾਂ ਦ੍ਰਿੜ੍ਹ, ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜਾ ਪ੍ਰਾਪਤ ਕਰਕੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੀਆਂ।ਉਨ੍ਹਾਂ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਪਟਿਆਲਾ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਵਿਸ਼ੇਸ਼ ਸਨਮਾਨ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ।ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਵੀ ਵਿਦਿਆਰਥਣਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ।

# ਨਾਰੀ ਸ਼ਕਤੀ ਵੈੱਲਫੇਅਰ ਸੁਸਾਇਟੀ ਦਾ ਗਠਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮਹਿਲਾ ਸਸ਼ਕਤੀਕਰਨ ਨੂੰ ਸਮਰਪਤ ਨਾਰੀ ਸ਼ਕਤੀ ਵੈਲਫੇਅਰ ਸੁਸਾਇਟੀ ਦਾ ਗਠਨ ਕੀਤਾ ਗਿਆ।ਪਹਿਲੇ ਪੜਾਅ ਵਿੱਚ ਇੱਕ ਦਰਜਨ ਅਹੁਦੇਦਾਰਾਂ ਦੀ ਨਿਯੁਕਤੀ ਦਾ ਐਲਾਨ ਕੀਤਾ ਗਿਆ।ਇਹ ਸੁਸਾਇਟੀ ਮੀਨੂ ਕਾਂਸਲ ਦੀ ਅਗਵਾਈ ਹੇਠ ਬਣਾਈ ਗਈ।ਮੀਨੂ ਕਾਂਸਲ ਨੇ ਦੱਸਿਆ ਕਿ ਇਸ ਸੁਸਾਇਟੀ ਰਾਹੀਂ ਜਿੱਥੇ ਸਮਾਜ ਸੇਵਾ ਦੇ ਕੰਮ ਕੀਤੇ ਜਾਣਗੇ, ਉੱਥੇ ਹੀ ਔਰਤਾਂ ਦੀ ਏਕਤਾ ਨੂੰ ਵੀ ਮਜ਼ਬੂਤ ਕੀਤਾ ਜਾਵੇਗਾ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਸੁਨੀਤਾ ਸ਼ਰਮਾ ਨੂੰ ਪ੍ਰਧਾਨ, ਰੇਸ਼ੀ ਮੰਗਲਾ ਤੇ ਸ਼ਸ਼ੀ ਗਰਗ ਨੂੰ ਚੇਅਰਪਰਸਨ, ਮਮਤਾ ਬਾਂਸਲ ਨੂੰ ਉਪ ਪ੍ਰਧਾਨ, ਮੀਨੂ ਕਾਂਸਲ ਨੂੰ ਸਕੱਤਰ, ਰੀਤਾ ਜਿੰਦਲ ਨੂੰ ਜੁਆਇੰਟ ਸਕੱਤਰ, ਨਿਸ਼ਾ ਬਾਂਸਲ ਤੇ ਹਿਮਾਂਸ਼ੀ ਨੂੰ ਖਜ਼ਾਨਚੀ, ਕੋਆਰਡੀਨੇਟਰ ਮੰਜੂ ਗਰਗ ਤੇ ਸੋਨਾਕਸ਼ੀ ਨੂੰ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ ਗਿਆ।ਨਵ-ਨਿਯੁਕਤ ਪ੍ਰਧਾਨ ਸੁਨੀਤਾ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਦੀ ਟੀਮ ਇਮਾਨਦਾਰੀ ਤੇ ਲਗਨ ਨਾਲ ਕੰਮ ਕਰਕੇ ਸਮਾਜ ਸੇਵਾ ਦੇ ਖੇਤਰ ਵਿੱਚ ਬਿਹਤਰੀਨ ਕੰਮ ਕੀਤੇ ਜਾਣੇ।ਉਨ੍ਹਾਂ ਕਿਹਾ ਕਿ ਸੁਸਾਇਟੀ ਲੋੜਵੰਦ ਔਰਤਾਂ ਅਤੇ ਹੋਰ ਲੋੜਵੰਦ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਹਮੇਸ਼ਾ ਅੱਗੇ ਰਹੇਗੀ।ਚੇਅਰਪਰਸਨ ਰੇਸ਼ੀ ਮੰਗਲਾ ਤੇ ਸ਼ਸ਼ੀ ਗਰਗ ਨੇ ਕਿਹਾ ਕਿ ਪਹਿਲੀ ਵਾਰ ਮਹਿਲਾ ਸ਼ਕਤੀ ਇੱਕ ਮੰਚ 'ਤੇ ਇਕੱਠੀ ਹੋਈ ਹੈ ਤੇ ਸਮਾਜ ਵਿੱਚ ਆਪਣੀ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣ ਲਈ ਯਤਨ ਕਰੇਗੀ।

# ਬਲਾਕ ਪੱਧਰੀ ਮੁਕਾਬਲਿਆਂ 'ਚ ਸਰਕਾਰੀ ਸਕੂਲ ਔਲਖ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



That a lost information report bearing LIR No.LAR-2026-LDHC-763553 dated 03/08/2026 regarding said previous sale deeds has been lodged with the P.S.O.C., P.A.U., Ludhiana City. Neither the present owner/firm nor its partners or the previous owner/s have created any charge, lien, mortgage, gift, exchange etc. in favour of any person, bank, company, firm, financial institution etc. on the above mentioned property by deposit of the said lost sale deeds. Now the firm M/s. Meadows Buildsys LLP through its partners intends to create equitable mortgage on the aforesaid property in favour of State Bank of India, SME. Branch, Ludhiana (Branch Code-6265) B-XXI-14627, Dholewal Chowk, G.T. Road, Ludhiana-141003 by deposit of sale deeds executed in their favour without depositing the lost previous sale deeds, detailed above in order to complete the chain of title. If anybody has any claim, charge, lien or encumbrance over the said property by virtue of said lost previous original sale deed or anybody has objection to the same, he/she may contact the bank (State Bank of India, SME. Branch, Chowk Dholewal, Ludhiana) within 7 days from the date of this publication, failing which the bank will not entertain any objections thereafter and will proceed accordingly for creation of equitable mortgage in its favour.

Meadows Buildsys LLP
Represented by Kartik Gupta
M : 83605 81451

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

**ਕੈਟਲਾਗ ਨੰਬਰ: EAFZR-MIXD26-11 ਈ-ਨੀਲਾਮੀ ਦੀ ਮਿਤੀ: 19.08.2026**

ਹੇਠਾਂ ਲਿਖਤ ਕੰਮਾਂ ਦੇ ਲਈ ਠੇਕੇ ਦਾ ਅਲਾਟਮੈਂਟ:

1. ਮੋਗਾ ਰੇਲਵੇ ਸਟੇਸ਼ਨ ਉਤੇ 'ਪੇ ਐਂਡ ਯੂਜ਼' ਪਖਾਨਾ ਬਲਾਕਾਂ ਦਾ ਸੰਚਾਲਨ ਅਤੇ ਰਖਰਖਾਅ।
2. ਕੋਟਕਪੂਰਾ/ 2, ਗੋਨਿਯਾਨਾ ਭਾਈ ਜਗਤਾ ਅਤੇ ਗੰਗਸਰ ਜੈਤੋ ਰੇਲਵੇ ਸਟੇਸ਼ਨ ਤੇ ਕੈਟਰਿੰਗ ਸਟਾਲ ਦੀ ਸਥਾਪਨਾ ਅਤੇ ਸੰਚਾਲਨ।
3. ਲੁਧਿਆਣਾ ਰੇਲਵੇ ਪਰਿਸਰ ਵਿਚ ਸਥਿਤ ਓਵਰਹੇਡ ਪਾਣੀ ਦੀਆਂ ਟੰਕੀਆਂ ਦੇ ਬਾਹਰੀ ਹਿਸੇ ਤੇ ਵਿਗਿਆਪਨ ਦਾ ਅਧਿਕਾਰ।
4. ਫਗਵਾੜਾ ਰੇਲਵੇ ਸਟੇਸ਼ਨ ਦੇ ਪਲੇਟਫਾਰਮ ਨੰਬਰ 2 ਅਤੇ 3 ਤੇ ਮਲਟੀਪਰਪਜ ਸਟਾਲ ਨੰਬਰ 2 ਦੀ ਸਥਾਪਨਾ ਅਤੇ ਸੰਚਾਲਨ।
5. ਢੰਡਾਰੀ ਕਲਾਂ ਰੇਲਵੇ ਸਟੇਸ਼ਨ ਤੇ ਛੋਟੀ ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ।
6. ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਰੇਲ ਕੋਚ ਦਾ ਰੈਸਟੋਰੈਂਟ ਦੇ ਰੂਪ ਵਿਚ ਨਵੀਨੀਕਰਨ ਅਤੇ ਸੰਚਾਲਨ।

ਵਿਸਤ੍ਰਿਤ ਜਾਣਕਾਰੀ ਅਤੇ ਰਜਿਸਟਰੇਸ਼ਨ ਦੇ ਲਈ ਰੇਲਵੇ ਵੈਬਸਾਈਟ www.ireps.gov.in 'ਤੇ ਜਾਓ।

No. NR-FZR0COML(NFR)/18/2024 Date: 06/08/2026 2730/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## PUBLIC NOTICE

I, Baldev Singh Mattu, S/o Santokh Singh, aged about 54 years, That I previously residing UK, but currently, I am residing in Village Haripur Tehsil Nakodar Distt. Jalandhar, do hereby solemnly affirm and state on oath as under:

1. Identity & Status:- That I am a Non-Resident Indian (NRI) currently residing at the aforementioned address in India. 2. No Power of Attorney:- That I have NOT executed, granted, assigned, or appointed any General Power of Attorney (GPA) or Special Power of Attorney (SPA) in favour of any person, entity, or agent to act on my behalf for any purpose whatsoever, including but not limited to managing, selling, transferring, leasing, or operating my properties, bank accounts, or legal matters in India. 3. Validity of Direct Actions:- That any action, transaction, or agreement concerning my affairs or properties in India shall only be valid if executed by me directly in my personal capacity.

4. Revocation/Non-Existence:- That if any document purporting to be a Power of Attorney executed by me exists or is presented by any third party, the same shall be treated as null, void, unauthorized, and non-existent in the eyes of the law. 5. Responsibility:- That I undertake full responsibility for the statements made herein and shall keep the concerned authorities indemnified against any losses, claims, or legal actions arising out of any fraudulent or unauthorized misrepresentation by any third party claiming to hold a POA from me.

VERIFICATION:- Verified In India on 03 August 2026, that the contents of the above affidavit true and correct to the best of my knowledge, information, and belief. No part of it is false and nothing material has been concealed therefrom.

(Signature of the Deponent/NRI)

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਜਗਸੀਰ ਸਿੰਘ ਮਿੱਤਲ, ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਕੇਸ ਨੰਬਰ : 53/ਤਹਿ Other Cases/10/2026 ਦਾਇਰ ਮਿਤੀ : 06.03.2026 ਕਿਸਮ ਕੇਸ: ਤਕਸੀਮ
ਰਕਬਾ ਪਿੰਡ: ਲਸ਼ਕਰੀ ਨੰਗਲ ਅਗਲੀ ਤਾਰੀਖ ਪੇਸ਼ੀ :-18-08-2026

ਕਸ਼ਮੀਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਲਸ਼ਕਰੀ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

........ਦਾਹਵਾ ਕਰਤਾ

ਬਨਾਮ

ਸੋਹਣ ਸਿੰਘ ਆਦਿ ........ਉੱਤਰਵਾਦੀ ਧਿਰ

[illegible]

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਜਗਸੀਰ ਸਿੰਘ ਮਿੱਤਲ, ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਕੇਸ ਨੰਬਰ : 52/ਤਹਿ Other Cases/11/2026 ਦਾਇਰ ਮਿਤੀ : 06.03.2026
ਕਿਸਮ ਕੇਸ: ਤਕਸੀਮ ਰਕਬਾ ਪਿੰਡ: ਲਸ਼ਕਰੀ ਨੰਗਲ ਅਗਲੀ ਤਾਰੀਖ ਪੇਸ਼ੀ :-18-08-2026

ਕਸ਼ਮੀਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਲਸ਼ਕਰੀ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

........ਦਾਹਵਾ ਕਰਤਾ

ਬਨਾਮ

ਸੋਹਣ ਸਿੰਘ ਆਦਿ ........ਉੱਤਰਵਾਦੀ ਧਿਰ

ਦਰਖਾਸਤ ਤਕਸੀਮ ਜ਼ੇਰ ਧਾਰਾ 111 ਪੰਜਾਬ ਲੈਂਡ ਰੈਵੀਨਿਊ ਐਕਟ ਬਰਾਏ ਕਰਵਾਉਣ ਤਕਸੀਮ ਭੂਮੀ 97 ਕਨਾਲ 06 ਮਰਲੇ ਖੇਵਟ ਖਤੌਨੀ ਨੰਬਰ 204/462 ਤੋਂ 468 ਮੁਤਾਬਿਕ ਜਮ੍ਹਾਂਬੰਦੀ ਸਾਲ 2020-21 ਵਾਕਿਆ ਰਕਬਾ ਪਿੰਡ ਲਸ਼ਕਰੀ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਉਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਦੀ ਤਲਬੀ ਸਧਾਰਨ ਸੰਮਣ ਰਾਹੀਂ ਕਰਨੀ ਸੰਭਵ ਨਾ ਹੋਣ ਕਾਰਨ ਅਖ਼ਬਾਰੀ ਇਸ਼ਤਿਹਾਰ ਰਾਹੀਂ ਉੱਤਰਵਾਦੀਆਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਗਲੀ ਤਾਰੀਖ ਪੇਸ਼ੀ ਮਿਤੀ 18-08-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ।ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਉਹਨਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੰ: ਤਹਿ/ਰੀਡਰ: 474 ਮਿਤੀ : 03.08.26 ਸਹੀ/-ਸਹਾਇਕ ਕੁਲੈਕਟਰ, ਦਰਜਾ ਪਹਿਲਾ, ਅਜਨਾਲਾ

ਉੱਤਰਵਾਦੀ ਧਿਰ

1. ਸੋਹਣ ਸਿੰਘ ਮ੍ਰਿਤਕ ਪੁੱਤਰ ਕਰਤਾਰ ਸਿੰਘ ਰਾਹੀਂ ਵਾਰਸ:- (ੳ) ਮੱਸਾ ਸਿੰਘ (ਅ) ਹਰਦੀਪ ਸਿੰਘ ਪੁੱਤਰਾਨ ਸੋਹਣ ਸਿੰਘ 2. ਪਰਮਿੰਦਰ ਸਿੰਘ ਪੁੱਤਰ ਜਸਵੰਤ ਸਿੰਘ 3. ਜਸਬੀਰ ਕੌਰ ਪਤਨੀ ਗੁਰਪ੍ਰੀਤ ਸਿੰਘ 4. ਕੇਵਲ ਸਿੰਘ ਪੁੱਤਰ ਮੁਖਤਾਰ ਸਿੰਘ 5. ਬਲਵਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ 6. ਰਛਪਾਲ ਸਿੰਘ ਪੁੱਤਰ ਮੁਖਤਾਰ ਸਿੰਘ 7. ਰਾਜਵਿੰਦਰ ਕੌਰ ਪਤਨੀ ਪਲਵਿੰਦਰ ਸਿੰਘ 8. ਗੁਰਸਾਹਿਬ ਸਿੰਘ ਪੁੱਤਰ ਪਲਵਿੰਦਰ ਸਿੰਘ 9. ਸਰਬਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ (10). ਸੁਖਬੀਰ ਸਿੰਘ ਪੁੱਤਰ ਰਛਪਾਲ ਸਿੰਘ 11. ਮਨਬੀਰ ਸਿੰਘ ਪੁੱਤਰ ਰਸ਼ਪਾਲ ਸਿੰਘ 12. ਸੁਖਰਾਜ ਸਿੰਘ ਪੁੱਤਰ ਅਮਰ ਸਿੰਘ 13. ਹਰਪਾਲ ਸਿੰਘ ਪੁੱਤਰ ਅਮਰ ਸਿੰਘ 14. ਸੋਹਨ ਲਾਲ ਪੁੱਤਰ ਈਸ਼ਵਰ ਲਾਲ 15. ਬਲਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ 16. ਜਸਬੀਰ ਕੌਰ ਵਿਧਵਾ ਹਰਪਾਲ ਸਿੰਘ 17. ਕਾਬਲ ਸਿੰਘ ਪੁੱਤਰ ਸੁਖਰਾਜ ਸਿੰਘ 18. ਪਲਜਿੰਦਰ ਸਿੰਘ ਪੁੱਤਰ ਸੁਖਰਾਜ ਸਿੰਘ 19. ਹਰਪਾਲ ਸਿੰਘ ਪੁੱਤਰ ਅਮਰ ਸਿੰਘ 20. ਹਰਜੀਤ ਕੌਰ ਪਤਨੀ ਕਸ਼ਮੀਰ ਸਿੰਘ 21. ਹਰਮਨਪ੍ਰੀਤ ਕੌਰ ਪਤਨੀ ਜਸਕੇਵਲਜੀਤ ਸਿੰਘ 22. ਅੰਗਰੇਜ਼ ਸਿੰਘ ਪੁੱਤਰ ਕੁਲਵੰਤ ਸਿੰਘ 24. ਸਾਹਿਬ ਸਿੰਘ ਪੁੱਤਰ ਸਤਨਾਮ ਸਿੰਘ, ਸਾਰੇ ਵਾਸੀਆਨ ਪਿੰਡ ਲਸ਼ਕਰੀ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ 25. ਪੰਜਾਬ ਗ੍ਰਾਮੀਣ ਬੈਂਕ ਬਰਾਂਚ ਝੰਡੇਰ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਬਰਾਂਚ ਮੈਨੇਜਰ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


ABHEY OSWAL GROUP

## ਓਸਵਾਲ ਐਗਰੋ ਮਿੱਲਜ਼ ਲਿਮਟਿਡ

ਸੀ ਆਈ ਐਨ : ਐੱਲ 15319 ਪੀ ਬੀ 1979 ਪੀ ਐੱਲ ਸੀ 012267
ਰਜਿਸਟਰਡ ਦਫਤਰ : ਨੇੜੇ ਜੈਨ ਕਾਲੋਨੀ, ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ-141003 (ਪੰਜਾਬ), ਭਾਰਤ
ਕਾਰਪੋਰੇਸ਼ਨ ਦਫਤਰ : 7ਵੀਂ ਮੰਜ਼ਲ, ਅੰਤਰਿਕਸ਼ ਭਵਨ, 22, ਕਸਤੂਰਬਾ ਗਾਂਧੀ ਮਾਰਗ, ਨਵੀਂ ਦਿੱਲੀ-110001
ਟੈਲੀ : +91-161-2544313, ਈਮੇਲ : cs@oswalagromills.com
www.oswalagromills.com

### 30 ਜੂਨ 2026 ਨੂੰ ਖਤਮ ਹੋਈ ਤਿਮਾਹੀ ਦੇ ਸਟੈਂਡਅਲੋਨ ਅਤੇ ਸੰਚਿਤ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ

(ਰੁਪਏ ਲੱਖਾਂ 'ਚ)

| ਲੜੀ ਨੰ. | ਵੇਰਵੇ | ਸਟੈਂਡਅਲੋਨ | | | | ਸੰਚਿਤ | | | |
|---|---|---|---|---|---|---|---|---|---|
| | | ਤਿਮਾਹੀ ਖਤਮ | | | ਸਾਲ ਖਤਮ | ਤਿਮਾਹੀ ਖਤਮ | | | ਸਾਲ ਖਤਮ |
| | | 30.06.2026 | 31.03.2026 | 30.06.2025 | 31.03.2026 | 30.06.2026 | 31.03.2026 | 30.06.2025 | 31.03.2026 |
| | | ਅਣਪੜਤਾਲੇ | ਪੜਤਾਲੇ | ਅਣਪੜਤਾਲੇ | ਪੜਤਾਲੇ | ਅਣਪੜਤਾਲੇ | ਪੜਤਾਲੇ | ਅਣਪੜਤਾਲੇ | ਪੜਤਾਲੇ |
| 1 | ਕਾਰੋਬਾਰ ਤੋਂ ਕੁੱਲ ਆਮਦਨ | - | 1.83 | 1,922.69 | 1,925.75 | - | 1.83 | 1,922.69 | 1,925.75 |
| 2 | ਸਮਾਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਅਸਾਧਾਰਨ ਆਈਟਮਾਂ ਅਤੇ ਟੈਕਸ ਤੋਂ ਪਹਿਲਾਂ | 153.79 | 18.49 | 1,897.24 | 1,862.93 | 153.79 | 18.49 | 1,897.24 | 1,862.93 |
| 3 | ਸਮਾਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਅਸਾਧਾਰਨ ਆਈਟਮਾਂ ਮਗਰੋਂ (ਟੈਕਸ ਤੋਂ ਪਹਿਲਾਂ) | 153.79 | (553.30) | 1,897.24 | 1,291.14 | 153.79 | (553.30) | 1,897.24 | 1,291.14 |
| 4 | ਟੈਕਸ ਤੋਂ ਬਾਅਦ ਸਮੇਂ/ਸਾਲ ਲਈ ਲਾਭ/(ਹਾਨੀ) ਪਰ ਇਕੁਇਟੀ ਤਰੀਕੇ ਦੀ ਵਰਤੋਂ ਲਈ ਇਨਵੈਸਟਮੈਂਟਸ ਅਕਾਊਂਟਿਡ ਦੇ ਸ਼ੁੱਧ ਲਾਭ ਦੇ ਹਿੱਸੇ ਤੋਂ ਪਹਿਲਾਂ | - | - | - | - | 99.26 | (477.79) | 1,418.74 | 861.98 |
| 5 | ਸਮੇਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਟੈਕਸ ਮਗਰੋਂ | 99.26 | (477.80) | 1,418.74 | 861.98 | 512.69 | (4,561.30) | 1,745.91 | (2,203.15) |
| 6 | ਸਮੇਂ/ਸਾਲ ਲਈ ਕੁੱਲ ਵਿਆਪਕ ਆਮਦਨ [ਸ਼ਾਮਲ ਲਾਭ/(ਹਾਨੀ) ਸਮੇਂ/ਸਾਲ ਲਈ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)] | 100.31 | (476.41) | 1,408.94 | 285.07 | 1,040.69 | (6,177.07) | 2,347.03 | (5,380.95) |
| 7 | ਅਦਾ ਕੀਤੇ ਇਕੁਇਟੀ ਸ਼ੇਅਰ ਕੈਪੀਟਲ (ਫੇਸ ਵੈਲਯੂ 10 ਰੁਪਏ ਹਰੇਕ) | 13,423.48 | 13,423.48 | 13,423.48 | 13,423.48 | 13,423.48 | 13,423.48 | 13,423.48 | 13,423.48 |
| 8 | ਹੋਰ ਇਕੁਇਟੀ (ਰੈਵੇਲਿਊਏਸ਼ਨ ਰਿਜ਼ਰਵ ਤੋਂ ਬਗੈਰ) ਜਿਵੇਂ ਪੜਤਾਲੀ ਬੈਲੈਂਸ ਸ਼ੀਟ 'ਚ ਦਿਖਾਇਆ ਗਿਆ ਹੈ | - | - | - | 58,345.54 | - | - | - | 76,277.44 |
| 9 | ਬੇਸਿਕ ਅਤੇ ਡਿਲਿਊਟਿਡ ਕਮਾਈ ਪ੍ਰਤੀ ਸ਼ੇਅਰ (ਫੇਸ ਵੈਲਯੂ 10 ਰੁਪਏ ਹਰੇਕ) | 0.07 | (0.36) | 1.06 | 0.64 | 0.38 | (3.40) | 1.30 | (1.64) |

ਨੋਟਿਸ :

1. ਉਪਰੋਕਤ 30 ਜੂਨ 2026 ਨੂੰ ਖਤਮ ਹੋਈ ਤਿਮਾਹੀ ਦੇ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ ਹੈ, ਜੋ ਕਿ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨ 2015 ਦੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜ ਕੋਲ ਦਰਜ ਕੀਤਾ ਗਿਆ ਹੈ। ਉਕਤ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਪੂਰਾ ਫਾਰਮੈਟਸ ਸਟਾਕ ਐਕਸਚੇਂਜ ਦੀਆਂ ਵੈੱਬਸਾਈਟਾਂ (www.bseindia.com/www.nseindia.com) ਅਤੇ ਕੰਪਨੀ ਦੀ ਵੈੱਬਸਾਈਟ www.oswalgreens.com 'ਤੇ ਉਪਲੱਬਧ ਹੈ।
2. ਉਪਰੋਕਤ ਅਣਪੜਤਾਲੇ ਵਿੱਤੀ ਨਤੀਜੇ ਆਡਿਟ ਕਮੇਟੀ ਵੱਲੋਂ ਨਜ਼ਰਸਾਨੀ ਕੀਤੇ ਗਏ ਹਨ ਅਤੇ ਮਿਤੀ 7 ਅਗਸਤ, 2026 ਨੂੰ ਬੋਰਡ ਦੇ ਡਾਇਰੈਕਟਰਾਂ ਦੀ ਹੋਈ ਮੀਟਿੰਗ 'ਚ ਮਨਜ਼ੂਰ ਕੀਤੇ ਗਏ ਹਨ।

ਵਾਸਤੇ ਓਸਵਾਲ ਗ੍ਰੀਨਟੈਕ ਲਿਮਟਿਡ
ਸਹੀ/-
ਅਰੁਣਾ ਓਸਵਾਲ
ਚੇਅਰਪਰਸਨ ਅਤੇ ਕੁੱਲ-ਵਕਤੀ ਡਾਇਰੈਕਟਰ
ਡੀ ਆਈ ਐੱਨ : 00988524

ਮਿਤੀ : 7 ਅਗਸਤ 2026
ਸਥਾਨ : ਨਵੀਂ ਦਿੱਲੀ

## ਜਲੰਧਰ ਪੁਲਸ ਵੱਲੋਂ ਸੱਤ ਮਹੀਨਿਆਂ 'ਚ 1,440 ਨਸ਼ਾ ਤਸਕਰ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ)**- ਅੰਤਰਰਾਸ਼ਟਰੀ ਗੈਂਗਸਟਰਾਂ ਨਾਲ ਜੁੜੇ ਵੱਖ-ਵੱਖ ਅਪਰਾਧਾਂ ਦਾ ਪਰਦਾਫ਼ਾਸ਼ ਕਰਨ ਤੋਂ ਲੈ ਕੇ ਨਸ਼ਾ ਤਸਕਰਾਂ ਦੇ ਨੈੱਟਵਰਕ ਨੂੰ ਕਮਜ਼ੋਰ ਕਰਨ ਤੱਕ, ਕਮਿਸ਼ਨਰੇਟ ਪੁਲਿਸ ਜਲੰਧਰ ਨੇ ਸੰਗਠਿਤ ਅਪਰਾਧਾਂ ਲਈ ਘੱਟੋ-ਘੱਟ ਗੁੰਜਾਇਸ਼ ਨੂੰ ਯਕੀਨੀ ਬਣਾਇਆ ਹੈ। ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੇ ਗਏ ਹਰ ਅਭਿਆਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਦਿਆਂ, ਕਮਿਸ਼ਨਰੇਟ ਪੁਲਿਸ ਜਲੰਧਰ ਨੇ ਪਿਛਲੇ ਸੱਤ ਮਹੀਨਿਆਂ ਦੌਰਾਨ ਐਨ ਡੀ ਪੀ ਐੱਸ (ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸਿਜ਼) ਐਕਟ ਤਹਿਤ 1,201 ਮਾਮਲੇ ਦਰਜ ਕੀਤੇ। ਪੰਜਾਬ ਪੁਲਿਸ ਦੇ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਤਹਿਤ ਕਮਿਸ਼ਨਰੇਟ ਪੁਲਿਸ ਨੇ 1,440 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ। ਪੁਲਿਸ ਨੇ 16.810 ਕਿਲੋਗ੍ਰਾਮ ਹੈਰੋਇਨ, 119 ਗ੍ਰਾਮ ਮੇਥਾਮਫੇਟਾਮਾਈਨ (ਆਈਈਸੀ), 9.274 ਕਿਲੋਗ੍ਰਾਮ ਅਫ਼ੀਮ, 24.624 ਕਿਲੋਗ੍ਰਾਮ ਗਾਂਜਾ, 33.750 ਕਿਲੋਗ੍ਰਾਮ ਭੁੱਕੀ, 20 ਗ੍ਰਾਮ ਕੋਕੀਨ, 15.200 ਕਿਲੋਗ੍ਰਾਮ ਚਰਸ ਅਤੇ 3,130 ਨਸ਼ੀਲੇ ਕੈਪਸੂਲ/ਗੋਲੀਆਂ ਬਰਾਮਦ ਕੀਤੀਆਂ। ਇਸ ਤੋਂ ਇਲਾਵਾ 11,17,900 ਰੁਪਏ ਡਰੱਗ ਮਨੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਵਰਤੇ ਗਏ ਵਾਹਨ ਵੀ ਜ਼ਬਤ ਕੀਤੇ ਗਏ। ਕਮਿਸ਼ਨਰੇਟ ਪੁਲਿਸ ਨੇ 51 ਗੈਰ-ਕਾਨੂੰਨੀ ਪਿਸਤੌਲ ਅਤੇ 133 ਜ਼ਿੰਦਾ ਕਾਰਤੂਸ ਬਰਾਮਦ ਕੀਤੇ।



## ਨਗਰ ਕੌਂਸਲ ਦਾ 11.13 ਕਰੋੜ ਦਾ ਸਾਲਾਨਾ ਬਜਟ ਪਾਸ

### ਵਿਕਾਸ ਕਾਰਜਾਂ 'ਤੇ 4.90 ਕਰੋੜ ਹੋਣਗੇ ਖਰਚ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਨਗਰ ਕੌਂਸਲ ਟਾਂਡਾ ਉੜਮੁੜ ਦਾ ਵਿੱਤੀ ਸਾਲ 2026-27 ਦਾ ਸਾਲਾਨਾ ਬਜਟ ਪਾਸ ਕਰਨ ਲਈ ਨਗਰ ਕੌਂਸਲ ਦਫ਼ਤਰ ਵਿਖੇ ਪ੍ਰਧਾਨ ਹਰੀ ਕਿਸ਼ਨ ਸੈਣੀ ਤੇ ਕਾਰਜਸਾਧਕ ਅਫ਼ਸਰ ਵਿਜੈ ਡੋਗਰਾ ਦੀ ਅਗਵਾਈ ਹੇਠ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਵਿਧਾਇਕ ਜਸਵੀਰ ਸਿੰਘ ਰਾਜਾ ਹਾਜ਼ਰ ਰਹੇ। ਸਮੂਹ ਕੌਂਸਲਰਾਂ ਨੇ ਸਰਬਸੰਮਤੀ ਨਾਲ 11 ਕਰੋੜ 13 ਲੱਖ 62 ਹਜ਼ਾਰ ਰੁਪਏ ਦਾ ਸਾਲਾਨਾ ਬਜਟ ਪਾਸ ਕੀਤਾ। ਇਸ ਦੇ ਨਾਲ ਹੀ ਸ਼ਹਿਰ ਦੇ ਵੱਖ-ਵੱਖ ਵਿਕਾਸ ਕਾਰਜਾਂ ਨਾਲ ਸਬੰਧਤ ਕਈ ਪ੍ਰਸਤਾਵਾਂ ਨੂੰ ਵੀ ਮਨਜ਼ੂਰੀ ਦਿੱਤੀ ਗਈ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਪਿਛਲੇ ਵਿੱਤੀ ਸਾਲ ਦੇ 10 ਕਰੋੜ 98 ਲੱਖ 27 ਹਜ਼ਾਰ ਰੁਪਏ ਦੇ ਬਜਟ ਦੇ ਮੁਕਾਬਲੇ ਇਸ ਵਾਰ ਬਜਟ ਵਿੱਚ ਵਾਧਾ ਕੀਤਾ ਗਿਆ ਹੈ। ਨਗਰ ਕੌਂਸਲ ਨੂੰ ਜੀ ਐਸ ਟੀ, ਜਾਇਦਾਦ ਟੈਕਸ, ਪਾਣੀ ਸਪਲਾਈ, ਸੀਵਰੇਜ ਫੀਸ, ਕਿਰਾਇਆ ਅਤੇ ਹੋਰ ਟੈਕਸਾਂ, ਬੱਸ ਸਟੈਂਡ ਫੀਸ, ਆਬਕਾਰੀ ਅਤੇ ਹੋਰ ਵੱਖ-ਵੱਖ ਸਰੋਤਾਂ ਤੋਂ 11 ਕਰੋੜ 13 ਲੱਖ 62 ਹਜ਼ਾਰ ਰੁਪਏ ਦੀ ਆਮਦਨ ਹੋਣ ਦਾ ਅਨੁਮਾਨ ਹੈ। ਬਜਟ ਅਨੁਸਾਰ ਕਰਮਚਾਰੀਆਂ ਦੀਆਂ ਤਨਖ਼ਾਹਾਂ ਅਤੇ ਹੋਰ ਖਰਚਾਂ ਲਈ 5 ਕਰੋੜ 90 ਲੱਖ 82 ਹਜ਼ਾਰ ਰੁਪਏ ਰੱਖੇ ਗਏ ਹਨ, ਜਦਕਿ ਗਲੀਆਂ ਦੇ ਨਿਰਮਾਣ, ਨਾਲਿਆਂ ਦੀ ਮੁਰੰਮਤ, ਮਲਿਨ ਬਸਤੀਆਂ ਦੇ ਵਿਕਾਸ, ਪਾਣੀ ਸਪਲਾਈ, ਸੀਵਰੇਜ, ਪਾਰਕਾਂ ਦੇ ਵਿਕਾਸ ਅਤੇ ਹੋਰ ਜਨਤਕ ਸਹੂਲਤਾਂ ਲਈ 4 ਕਰੋੜ 90 ਲੱਖ 25 ਹਜ਼ਾਰ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ 32 ਲੱਖ 55 ਹਜ਼ਾਰ ਰੁਪਏ ਐਮਰਜੈਂਸੀ ਫੰਡ ਵਜੋਂ ਰਾਖਵੇਂ ਰੱਖੇ ਗਏ ਹਨ। ਮੀਟਿੰਗ ਵਿੱਚ ਅਕਾਊਂਟੈਂਟ ਪਰਮਿੰਦਰ ਸਿੰਘ ਸੈਣੀ, ਐੱਸਡੀਓ ਕੁਲਦੀਪ ਸਿੰਘ ਘੁੰਮਣ, ਰਸ਼ਪਾਲ ਸਿੰਘ, ਗੁਰਵਿੰਦਰ ਸਿੰਘ, ਆਕਾਸ਼ ਮਰਵਾਹਾ ਸਮੇਤ ਕੌਂਸਲਰ ਪ੍ਰਵੀਨ ਖੰਨਾ, ਹਰਮੀਤ ਸਿੰਘ, ਜਸਵੰਤ ਕੌਰ ਮੁਲਤਾਨੀ, ਸਰੋਜ ਬਾਲਾ, ਸੇਠ ਰਾਮ ਸੇਠੀ, ਗੁਰਬਖ਼ਸ਼ ਕੌਰ, ਪਰਮਿੰਦਰ ਕੌਰ ਘੁੰਮਣ, ਮੰਜੀਤ ਕੌਰ, ਹੀਨਾ ਵੈਦ, ਬਲਦੇਵ ਰਾਜ, ਦਵਿੰਦਰ ਸਿੰਘ ਬਿੱਲੂ, ਗੁਰਪ੍ਰੀਤ ਕੌਰ, ਪ੍ਰੀਤਪਾਲ ਕੌਰ ਅਤੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।



## ਪ੍ਰਵੀਨ ਸੈਣੀ ਬਣੇ ਹੁਸ਼ਿਆਰਪੁਰ ਦੇ ਮੇਅਰ, ਸੁਰਿੰਦਰ ਕੁਮਾਰ ਸੀਨੀਅਰ ਡਿਪਟੀ ਮੇਅਰ ਤੇ ਸੰਦੀਪ ਚੇਚੀ ਬਣੇ ਡਿਪਟੀ ਮੇਅਰ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਬੀਤੇ ਦਿਨੀਂ ਨਗਰ ਨਿਗਮ ਦੇ 50 ਕੌਂਸਲਰਾਂ ਦੀ ਚੋਣ ਉਪਰੰਤ ਸਥਾਨਕ ਨਿਗਮ ਕੰਪਲੈਕਸ ਵਿਖੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਹੋਈ ਜਿਸ ਵਿਚ ਪ੍ਰਵੀਨ ਸੈਣੀ ਨੂੰ ਮੇਅਰ, ਸੁਰਿੰਦਰ ਕੁਮਾਰ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਸੰਦੀਪ ਚੇਚੀ ਨੂੰ ਡਿਪਟੀ ਮੇਅਰ ਚੁਣਿਆ ਗਿਆ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਮੌਜੂਦਗੀ ਵਿਚ ਮੇਅਰ ਪ੍ਰਵੀਨ ਸੈਣੀ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ ਅਤੇ ਡਿਪਟੀ ਮੇਅਰ ਸੰਦੀਪ ਚੇਚੀ ਨੇ ਅਹੁਦਾ ਸੰਭਾਲਦਿਆਂ ਕਿਹਾ ਕਿ ਉਹ ਹੁਸ਼ਿਆਰਪੁਰ ਦੇ ਵਿਕਾਸ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਵਾਉਣ ਲਈ ਹਮੇਸ਼ਾ ਤੱਤਪਰ ਰਹਿਣਗੇ।

ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਉਪਰੰਤ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੱਤੀ ਜਾਵੇ ਤਾਂ ਜੋ ਆਉਂਦੇ ਪੰਜ ਸਾਲਾਂ ਦੌਰਾਨ ਸੂਬੇ ਵਿਚ ਹੁਸ਼ਿਆਰਪੁਰ ਵਿਕਾਸ ਪੱਖੋਂ ਨਵੀਂ ਮਿਸਾਲ ਬਣ ਕੇ ਉਭਰੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਹੁਸ਼ਿਆਰਪੁਰ ਦੇ ਸਰਬਪੱਖੀ ਵਿਕਾਸ ਲਈ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੇਅਰ ਅਤੇ ਬਾਕੀ ਦੇ ਅਹੁਦਿਆਂ ਦੀ ਚੋਣ ਦੌਰਾਨ ਸਾਰਿਆਂ ਦੀ ਸਹਿਮਤੀ ਉਪਰੰਤ ਮਹਿਲਾ ਵਰਗ ਅਤੇ ਨੌਜਵਾਨ ਵਰਗ ਨੂੰ ਨੁਮਾਇੰਦਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਹਰ ਅਹੁਦੇਦਾਰ ਨੂੰ ਬਣਦੀ ਜ਼ਿੰਮੇਵਾਰੀ ਦਿੱਤੀ ਜਾਵੇਗੀ ਤਾਂ ਜੋ ਉਹ ਹੁਸ਼ਿਆਰਪੁਰ ਦੇ ਸਮੁੱਚੇ ਵਿਕਾਸ ਵਿਚ ਆਪਣਾ ਯੋਗਦਾਨ ਪਾ ਸਕਣ। ਚੋਣ ਦੌਰਾਨ ਜਲੰਧਰ ਡਵੀਜ਼ਨ ਕਮਿਸ਼ਨਰ ਰਾਮਵੀਰ, ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ, ਵੱਖ-ਵੱਖ ਵਾਰਡਾਂ ਦੇ ਕੌਂਸਲਰ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।



## ਪਰਲ ਪੀੜਤਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਮੀਟਿੰਗ ਅੱਜ

**ਫਗਵਾੜਾ (ਡਾ. ਰਮਨ)**- ਪਰਲ ਕੰਪਨੀ ਵਿੱਚ ਆਪਣੀ ਰਕਮ ਗੁਆਉਣ ਵਾਲੇ ਪੀੜਤ ਫ਼ੋਨ-ਵਟਸਐਪ ਦੀਆਂ ਸਮੱਸਿਆਵਾਂ ਨੂੰ ਲੈ ਕੇ 8 ਅਗਸਤ ਨੂੰ ਇੱਕ ਅਹਿਮ ਮੀਟਿੰਗ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਪਰਮਜੀਤ ਸਿੰਘ ਪ੍ਰਧਾਨ ਜ਼ਿਲ੍ਹਾ ਕਪੂਰਥਲਾ ਅਤੇ ਫਗਵਾੜਾ ਨੇ ਦੱਸਿਆ ਕਿ ਇਹ ਮੀਟਿੰਗ ਦੁਪਹਿਰ 3 ਵਜੇ ਪਿੰਡ ਵਿਰਕਾਂ ਤਹਿਸੀਲ ਫਗਵਾੜਾ ਦੇ ਰਾਜੀਵ ਗਾਂਧੀ ਸੇਵਾ ਕੇਂਦਰ, ਪੱਟੀ ਮਾਲੋ ਵਿਰਕ ਵਿਖੇ ਹੋਵੇਗੀ। ਮੀਟਿੰਗ ਵਿੱਚ ਇਨਸਾਫ਼ ਦੀ ਆਵਾਜ਼ ਜਥੇਬੰਦੀ ਦੇ ਦੋਆਬਾ ਜ਼ੋਨ ਇੰਚਾਰਜ ਗੁਰਦੀਪ ਸਿੰਘ ਢਿੱਲਾ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਇਹ ਮੀਟਿੰਗ ਖਾਸ ਤੌਰ 'ਤੇ ਉਨ੍ਹਾਂ ਪਰਲ ਪੀੜਤ ਫ਼ੋਨ-ਵਟਸਐਪ ਅਤੇ ਏਜੰਟਾਂ ਦੀ ਸਹਾਇਤਾ ਲਈ ਰੱਖੀ ਗਈ ਹੈ, ਜਿਨ੍ਹਾਂ ਦੀ ਰਕਮ ਅਜੇ ਤੱਕ ਵਾਪਸ ਨਹੀਂ ਮਿਲੀ ਜਾਂ ਜਿਨ੍ਹਾਂ ਨੂੰ ਕੁੱਝ ਰਕਮ ਤਾਂ ਮਿਲੀ ਹੈ ਪਰ ਰਕਮ ਦਾ ਵਿਆਜ ਨਹੀਂ ਮਿਲਿਆ। ਇਸ ਤੋਂ ਇਲਾਵਾ ਜਿਨ੍ਹਾਂ ਪੀੜਤ ਪਰਿਵਾਰਾਂ ਦੇ ਪਰਲ ਕੰਪਨੀ ਨਾਲ ਸਬੰਧਤ ਦਸਤਾਵੇਜ਼ ਅਜੇ ਤੱਕ ਆਨਲਾਈਨ ਨਹੀਂ ਹੋਏ, ਜਾਂ ਜਿਨ੍ਹਾਂ ਦੇ ਦਸਤਾਵੇਜ਼ ਆਨਲਾਈਨ ਹੋਣ ਦੇ ਬਾਵਜੂਦ ਉਨ੍ਹਾਂ ਵਿੱਚ ਕਿਸੇ ਕਿਸਮ ਦੀ ਗਲਤੀ ਹੈ ਅਤੇ ਉਹ ਉਸ ਨੂੰ ਠੀਕ ਕਰਵਾਉਣਾ ਚਾਹੁੰਦੇ ਹਨ, ਉਹ ਵੀ ਇਸ ਮੀਟਿੰਗ ਵਿੱਚ ਪਹੁੰਚ ਕੇ ਆਪਣੀਆਂ ਸਮੱਸਿਆਵਾਂ ਸਬੰਧੀ ਜਾਣਕਾਰੀ ਅਤੇ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਨੇ ਅਪੀਲ ਕੀਤੀ ਕਿ 8 ਸ਼ਨੀਵਾਰ ਨੂੰ ਦੁਪਹਿਰ 3 ਵਜੇ ਸਮੇਂ ਸਿਰ ਰਾਜੀਵ ਗਾਂਧੀ ਸੇਵਾ ਕੇਂਦਰ, ਪੱਟੀ ਮਾਲੋ ਵਿਰਕ, ਪਿੰਡ ਵਿਰਕਾਂ ਵਿਖੇ ਪਹੁੰਚਣ ਤਾਂ ਜੋ ਉਹਨਾਂ ਦੇ ਫਸੇ ਹੋਏ ਪੈਸਿਆਂ ਦੀ ਵਾਪਸੀ ਯਕੀਨੀ ਬਣਾਈ ਜਾ ਸਕੇ।

## ਸਿਵਲ ਸਰਜਨ ਵੱਲੋਂ ਸੀਨੀਅਰ ਮੈਡੀਕਲ ਅਫ਼ਸਰਾਂ ਨਾਲ ਸਮੀਖਿਆ ਮੀਟਿੰਗ

**ਫਗਵਾੜਾ (ਡਾ ਰਮਨ)**- ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਵੱਲੋਂ ਜ਼ਿਲ੍ਹੇ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵੱਖ-ਵੱਖ ਸਿਹਤ ਸੰਸਥਾਵਾਂ ਵਿੱਚ ਚੱਲ ਰਹੀਆਂ ਸਿਹਤ ਸੇਵਾਵਾਂ, ਵਿਭਾਗੀ ਪ੍ਰੋਗਰਾਮਾਂ ਦੀ ਪ੍ਰਗਤੀ, ਦਵਾਈਆਂ ਦੀ ਉਪਲਬਧਤਾ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ। ਡਾ. ਪਰਾਸ਼ਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਨੂੰ ਮਿਆਰੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਦੇਣ ਨੂੰ ਪਹਿਲ ਦਿੱਤੀ ਜਾਵੇ।

ਉਨ੍ਹਾਂ ਦਵਾਈਆਂ ਦੀ ਉਪਲਬਧਤਾ, ਲੈਬਾਰਟਰੀ, ਐਮਰਜੈਂਸੀ ਅਤੇ ਮਾਤਾ-ਬੱਚਾ ਸਿਹਤ ਸੇਵਾਵਾਂ ਦੀ ਨਿਯਮਤ ਨਿਗਰਾਨੀ ਕਰਨ ਦੇ ਨਾਲ ਸਫ਼ਾਈ, ਸਟਾਫ਼ ਦੀ ਹਾਜ਼ਰੀ ਅਤੇ ਸਿਹਤ ਸੰਸਥਾਵਾਂ ਦੀ ਕਾਰਗੁਜ਼ਾਰੀ ਦਾ ਲਗਾਤਾਰ ਜਾਇਜ਼ਾ ਲੈਣ ਲਈ ਕਿਹਾ। ਉਨ੍ਹਾਂ ਕਿਹਾ ਕਿ ਮਰੀਜ਼ਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਸਿਹਤ ਸੇਵਾਵਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੀਟਿੰਗ ਦੌਰਾਨ ਵੱਖ-ਵੱਖ ਸਿਹਤ ਪ੍ਰੋਗਰਾਮਾਂ, ਮਨੁੱਖੀ ਸਰੋਤਾਂ, ਦਵਾਈਆਂ ਦੀ ਉਪਲਬਧਤਾ ਅਤੇ ਵਿਭਾਗੀ ਟੀਚਿਆਂ ਦੀ ਪ੍ਰਗਤੀ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਸਿਵਲ ਸਰਜਨ ਨੇ ਸਾਰੇ ਟੀਚੇ ਸਮੇਂ ਸਿਰ ਪੂਰੇ ਕਰਨ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਅੰਨੂ ਸ਼ਰਮਾ, ਡੀ ਆਈ ਓ ਡਾ. ਰਣਦੀਪ ਸਿੰਘ, ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਿੰਦਰ ਕੌਰ, ਡਾ. ਅਸ਼ੀਸ਼ ਜੇਤਲੀ, ਡਾ. ਸਿਮਰਦੀਪ ਕੌਰ, ਡਾ. ਪ੍ਰੇਮ ਕੁਮਾਰ, ਡਾ. ਭੁਪਿੰਦਰ ਕੌਰ, ਡਾ. ਹਰਜਿੰਦਰ ਸਿੰਘ, ਡਾ. ਸਰਬਜੀਤ ਸਿੰਘ, ਐਪੀਡੀਮੋਲੋਜਿਸਟ ਡਾ. ਨੰਦਿਕਾ ਖੁੱਲਰ, ਡਾ. ਰਾਜੀਵ ਭਗਤ, ਡਾ. ਨਵਪ੍ਰੀਤ ਕੌਰ, ਡੀ ਪੀ ਐਮ ਵਿਨੇ ਮੱਲ੍ਹਣ, ਐਮ ਐਂਡ ਈ ਓ ਰਾਮ ਸਿੰਘ, ਸੁਪਰਡੈਂਟ ਰਾਮ ਸਿੰਘ, ਸੁਪਰਡੈਂਟ ਰਾਮ ਅਵਤਾਰ ਅਤੇ ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ ਆਦਿ ਹਾਜ਼ਰ ਸਨ।



## 'ਡਾ. ਅੰਬੇਡਕਰ ਦੇ ਵਿਚਾਰਾਂ ਦੀ ਪ੍ਰਸੰਗਿਕਤਾ ਅਧੀਨ ਭਾਰਤੀ ਅਰਥ ਵਿਵਸਥਾ ਦੀ ਵਰਤਮਾਨ ਸਥਿਤੀ' 'ਤੇ ਸੈਮੀਨਾਰ ਭਲਕੇ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਕਿਹਾ ਕਿ ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ 'ਡਾ. ਅੰਬੇਡਕਰ ਦੇ ਵਿਚਾਰਾਂ ਦੀ ਪ੍ਰਸੰਗਿਕਤਾ ਅਧੀਨ ਭਾਰਤੀ ਅਰਥ ਵਿਵਸਥਾ ਦੀ ਵਰਤਮਾਨ ਸਥਿਤੀ' 'ਤੇ ਇੱਕ ਸੈਮੀਨਾਰ 9 ਅਗਸਤ ਨੂੰ ਸਵੇਰੇ 11 ਵਜੇ ਇਤਿਹਾਸਿਕ ਸਥਾਨ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਕਰਾਇਆ ਜਾਵੇਗਾ। ਇਸ ਸੈਮੀਨਾਰ ਦੇ ਮੁੱਖ ਬੁਲਾਰੇ ਉੱਘੇ ਅਰਥ ਸ਼ਾਸਤਰੀ ਡਾ. ਸੁੱਚਾ ਸਿੰਘ ਗਿੱਲ ਹੋਣਗੇ ਅਤੇ ਸਾਬਕਾ ਪ੍ਰਿੰਸੀਪਲ ਡਾ. ਕੁਲਵੰਤ ਸਿੰਘ ਫੁੱਲ ਵਿਸ਼ੇਸ਼ ਬੁਲਾਰੇ ਵਜੋਂ ਇਸ ਸੈਮੀਨਾਰ ਵਿੱਚ ਸ਼ਾਮਲ ਹੋਣਗੇ। ਭਾਰਦਵਾਜ ਨੇ ਕਿਹਾ ਕਿ ਭਾਰਤ ਵਿੱਚ ਦਿਹਾੜੀ 'ਤੇ ਕੰਮ ਕਰਨ ਵਾਲੇ ਲੋਕਾਂ ਦੀ ਮਹੀਨੇ ਦੀ ਔਸਤਨ ਆਮਦਨ 3490 ਰੁਪਏ ਹੈ ਜੋ ਪਰਵਾਰ ਦੇ ਪ੍ਰਤੀ ਜੀਅ ਦੀ 23 ਰੁਪਏ ਬਣਦੀ ਹੈ। ਮੁਲਕ ਦੇ ਵਿਕਾਸ ਦੇ ਮੰਦੇਹਾਲ ਦਾ ਕੋਈ ਤੰਗ ਅਤੇ ਪਰੇਸ਼ਾਨ ਕਰਨ ਵਾਲਾ ਅੰਕੜਾ ਹੈ ਤਾਂ ਉਹ ਹੈ, ਬੱਚਿਆਂ ਦੇ ਕੱਦ ਅਤੇ ਭਾਰ ਵਿੱਚ ਕਮੀ ਵਾਲਿਆਂ ਦੀ ਆਬਾਦੀ ਦਾ 43 ਫੀਸਦੀ ਹੋਣਾ ਜੋ ਮੁਲਕ ਦੀ ਕਮੀ ਵੱਲ ਇਸ਼ਾਰਾ ਕਰਦਾ ਹੈ। ਉਨ੍ਹਾਂ ਕਿਹਾ ਕਿ ਸਾਲ 2018 ਵਿੱਚ ਡਾਲਰ ਦੇ ਮੁਕਾਬਲੇ ਰੁਪਏ ਦੀ ਕੀਮਤ ਲਗਾਤਾਰ ਡਿੱਗਣ ਨਾਲ ਬਰਾਮਦਾਂ ਤੋਂ ਹੋਣ ਵਾਲੀ ਆਮਦਨ ਵਿੱਚ ਤਾਂ ਬਹੁਤਾ ਵਾਧਾ ਨਹੀਂ ਹੋਇਆ, ਪਰ ਦਰਾਮਦਾਂ 'ਤੇ ਵਾਧੂ ਖ਼ਰਚ ਹੋਣ ਨਾਲ ਵਪਾਰ ਘਾਟਾ ਅਠਾਰਾਂ ਬਿਲੀਅਨ ਡਾਲਰ ਤੱਕ ਅੱਪੜ ਗਿਆ।

ਉਨ੍ਹਾਂ ਕਿਹਾ ਕਿ ਵਿਦਵਾਨ ਉੱਘੇ ਅਰਥ-ਸ਼ਾਸਤਰੀ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੰਦਰਭ ਵਿੱਚ ਭਾਰਤੀ ਅਰਥ-ਵਿਵਸਥਾ ਦੇ ਅਜਿਹੇ ਕਈ ਮੁੱਦਿਆਂ 'ਤੇ ਚਾਨਣਾ ਪਾਉਣਗੇ।



## ਲੋਕ ਜਨ ਸ਼ਕਤੀ ਪਾਰਟੀ ਦੇ ਵਫ਼ਦ ਨੇ ਪਾਸਵਾਨ ਨਾਲ ਕੀਤੀ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਲੋਕ ਜਨ ਸ਼ਕਤੀ ਪਾਰਟੀ (ਰਾਮ ਵਿਲਾਸ), ਪੰਜਾਬ ਦੇ ਵਿਧਾਨ ਸਭਾ ਹਲਕਾ ਦਸੂਹਾ ਤੋਂ ਵਪਾਰ ਮੰਡਲ ਪ੍ਰਧਾਨ ਰਾਜੀਵ ਕੁਮਾਰ ਨੇ ਪਾਰਟੀ ਦੇ ਕੌਮੀ ਪ੍ਰਧਾਨ ਅਤੇ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਨਾਲ ਮੁਲਾਕਾਤੀ ਕੀਤੀ। ਪ੍ਰਧਾਨ ਰਾਜੀਵ ਕੁਮਾਰ ਨੇ ਦੱਸਿਆ ਕਿ ਬੀਤੇ ਦਿਨ ਪਾਰਟੀ ਦਾ ਇੱਕ ਵਫ਼ਦ ਪਾਰਟੀ ਦੇ ਪੰਜਾਬ ਰਾਜ ਦੇ ਕਨਵੀਨਰ ਬਾਬਾ ਆਰ ਪੀ ਦੀ ਅਗਵਾਈ ਹੇਠ ਕੌਮੀ ਪ੍ਰਧਾਨ ਚਿਰਾਗ ਪਾਸਵਾਨ ਨੂੰ ਉਨ੍ਹਾਂ ਦੇ ਦਿੱਲੀ ਸਥਿਤ ਦਫ਼ਤਰ ਵਿਖੇ ਮਿਲਿਆ। ਇਸ ਮੌਕੇ ਵਫ਼ਦ ਨੇ ਪੰਜਾਬ ਅਤੇ ਵਿਸ਼ੇਸ਼ ਤੌਰਤੇ ਹਲਕਾ ਦਸੂਹਾ ਦੇ ਸਿਆਸੀ ਅਤੇ ਸਮਾਜਿਕ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ। ਕੇਂਦਰੀ ਮੰਤਰੀ ਪਾਸਵਾਨ ਨਾਲ ਦਸੂਹਾ ਅਤੇ ਵਿਸ਼ੇਸ਼ ਤੌਰਤੇ ਕੰਢੀ ਬਲਾਕ ਤਲਵਾੜਾ 'ਚ ਸਿਹਤ ਤੇ ਵਿੱਦਿਅਕ ਸਹੂਲਤਾਂ, ਬੁਨਿਆਦੀ ਢਾਂਚੇ ਅਤੇ ਸਨਅਤੀ ਵਿਕਾਸ ਸਬੰਧੀ ਅਹਿਮ ਵਿਚਾਰਾਂ ਹੋਈਆਂ। ਰਾਜੀਵ ਕੁਮਾਰ ਨੇ ਦਸਿਆ ਕਿ ਕੇਂਦਰੀ ਮੰਤਰੀ ਪਾਸਵਾਨ ਨੇ ਹਲਕਾ ਦਸੂਹਾ ਦੇ ਵਿਕਾਸ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੋਕ ਜਨ ਸ਼ਕਤੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਡਾ ਕੇ ਪੀ ਚੌਧਰੀ, ਪੰਜਾਬ ਰਾਜ ਤੋਂ ਯੁਵਾ ਮੋਰਚਾ ਪ੍ਰਧਾਨ ਸੰਜੀਵ ਥਾਪਰ, ਲੇਬਰ ਸੈਲੱ ਪ੍ਰਧਾਨ ਬਲਜਿੰਦਰ ਸਿੰਘ, ਲੀਗਲ ਸੈਂਡ ਪੰਜਾਬ ਪ੍ਰਧਾਨ ਐਡ ਖੁਸ਼ਬੂ ਮਿਸ਼ਰਾ, ਲੀਗਲ ਸੈੱਲ ਚੰਡੀਗੜ੍ਹ ਯੂਟੀ ਪ੍ਰਧਾਨ ਐਡ ਰੋਹਿਤ ਜੋਸ਼ੀ ਆਦਿ ਸ਼ਾਮਲ ਸਨ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦਾ ਬੀ ਕਾਮ ਦਾ ਨਤੀਜਾ ਰਿਹਾ ਸ਼ਾਨਦਾਰ

**ਨੂਰਮਹਿਲ/ਫਿਲੌਰ (ਬਾਲ ਕ੍ਰਿਸ਼ਨ ਬਾਲੀ, ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ 31 ਜੁਲਾਈ ਨੂੰ ਐਲਾਨੇ ਗਏ ਬੀ ਕਾਮ ਦੇ ਨਤੀਜਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਫਿਲੌਰ ਨੇ ਓ. ਐਸ.ਡੀ. ਡਾ. ਰਾਜਵਿੰਦਰ ਕੌਰ ਹੁੰਦਲ ਦੀ ਅਗਵਾਈ ਹੇਠ ਆਪਣੀ ਅਕਾਦਮਿਕ ਉੱਤਮਤਾ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਪ੍ਰਾਪਤੀਆਂ ਨਾਲ ਸਫਲਤਾ ਦਾ ਨਵਾਂ ਇਤਿਹਾਸ ਸਿਰਜਿਆ ਹੈ। ਕਾਲਜ ਦੀ ਹੋਣਹਾਰ ਵਿਦਿਆਰਥਣ ਤਨਵੀ ਨੇ 7.98 ਸੀ ਜੀ ਪੀ ਏ ਪ੍ਰਾਪਤ ਕਰਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ 20ਵਾਂ ਸਥਾਨ ਅਤੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕਰਦਿਆਂ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਇਸੇ ਤਰ੍ਹਾਂ ਸਿਮਰਨਪ੍ਰੀਤ ਕੌਰ ਨੇ 7.80 ਸੀ ਜੀ ਪੀ ਏ ਨਾਲ ਕਾਲਜ ਵਿੱਚ ਦੂਜਾ ਸਥਾਨ, ਜਦਕਿ ਅਮਨਦੀਪ ਕੌਰ ਨੇ 7.43 ਸੀ ਜੀ ਪੀ ਏ ਨਾਲ ਕਾਲਜ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਕਾਲਜ ਦੀ ਅਕਾਦਮਿਕ ਸ਼ਾਨ ਵਿੱਚ ਚਾਰ ਚੰਨ ਲਗਾ ਦਿੱਤੇ। ਇਨ੍ਹਾਂ ਸ਼ਾਨਦਾਰ ਨਤੀਜਿਆਂ ਨੇ ਸਾਬਤ ਕਰ ਦਿੱਤਾ ਹੈ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਫਿਲੌਰ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਉੱਚੀਆਂ ਉਡਾਣਾਂ ਲਈ ਤਿਆਰ ਕਰਨ ਵਾਲੀ ਇੱਕ ਮੋਹਰੀ ਵਿੱਦਿਅਕ ਸੰਸਥਾ ਹੈ। ਇਸ ਮੌਕੇ ਓ ਐੱਸ ਡੀ ਡਾ. ਰਾਜਵਿੰਦਰ ਕੌਰ ਹੁੰਦਲ ਨੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਵਿਦਿਆਰਥੀਆਂ ਦੀ ਇਹ ਸ਼ਾਨਦਾਰ ਪ੍ਰਾਪਤੀ ਸਾਡੇ ਲਈ ਬੇਹੱਦ ਮਾਣ, ਖੁਸ਼ੀ ਅਤੇ ਸੰਤੁਸ਼ਟੀ ਦਾ ਪਲ ਹੈ।



## ਮੁਫ਼ਤ ਚੈੱਕਅਪ ਕੈਂਪ ਭਲਕੇ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਚਮੜੀ ਦੇ ਰੋਗਾਂ ਦਾ ਮੁਫਤ ਚੈੱਕਅਪ ਕੈਂਪ 9 ਅਗਸਤ ਦਿਨ ਐਤਵਾਰ ਨੂੰ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਹਸਪਤਾਲ ਪ੍ਰਬੰਧਕ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਦਿੰਦੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਲੋੜਵੰਦ ਮਰੀਜ਼ਾਂ ਦੀ ਮਦਦ ਕਰਨ ਲਈ ਚਮੜੀ ਦੇ ਰੋਗਾਂ ਦਾ ਮੁਫਤ ਕੈਂਪ 9 ਅਗਸਤ ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ 3 ਵਜੇ ਤੱਕ ਚਮੜੀ ਰੋਗਾਂ ਦੇ ਵਿਭਾਗ ਵਿਚ ਲਗਾਇਆ ਜਾਵੇਗਾ ਜਿਸ ਵਿਚ ਚਮੜੀ ਰੋਗਾਂ ਦੇ ਮਾਹਿਰ ਡਾ. ਕਰਨ ਛਾਬੜਾ ਵੱਲੋਂ ਮਰੀਜ਼ਾਂ ਦੀ ਮੁਫਤ ਜਾਂਚ ਕੀਤੀ ਜਾਵੇਗੀ ਅਤੇ ਦਵਾਈ ਫਰੀ ਦਿੱਤੀ ਜਾਵੇਗੀ । ਇਸ ਮੌਕੇ ਮਰੀਜ਼ਾਂ ਨੂੰ ਵੱਖ ਵੱਖ ਲੈਬ ਟੈਸਟਾਂ ਜਿਵੇਂ ਸੀ ਬੀ ਸੀ, ਐਲ ਐਫ ਟੀ, ਆਰ ਐਫ ਟੀ, ਵਾਇਰਲ ਮਾਰਕਰ, ਆਇਰਨ ਫੇਰੀਟਿਨ, ਵਿਟਾਮਿਨ ਬੀ 12, ਵਿਟਾਮਿਨ ਡੀ, ਫਾਸਟਿੰਗ ਥਾਇਰਾਇਡ ਪ੍ਰੋਫਾਈਲ ਅਤੇ ਸ਼ੂਗਰ ਦੇ ਟੈਸਟਾਂ ਵਿਚ 50 ਫੀਸਦੀ ਛੋਟ ਦਿੱਤੀ ਜਾਵੇਗੀ। ਡਾ. ਕਰਨ ਛਾਬੜਾ ਨੇ ਕੈਂਪ ਵਿਚ ਚਮੜੀ ਦੀ ਐਲਰਜੀ, ਹਰ ਤਰ੍ਹਾਂ ਦੀ ਖਾਰਸ਼, ਫੰਗਲ ਇੰਨਫੈਕਸ਼ਨ, ਨਹੁੰਆਂ ਦੀਆਂ ਬਿਮਾਰੀਆਂ, ਫੁਲਵਹਿਰੀ (ਸਫੈਦ ਦਾਗ) ਦਾ ਇਲਾਜ, ਬੱਚਿਆਂ ਨੌਜਵਾਨਾਂ ਅਤੇ ਲੜਕੀਆਂ ਦੇ ਚਿਹਰੇ ਦੇ ਕਿੱਲ੍ਹਾਂ ਫਿੰਸੀਆਂ,ਆਇਲੀ ਸਕਿਨ, ਚੰਬਲ, ਮੋਹਕੇ, ਸਿਰ ਦੇ ਵਾਲਾਂ ਦੇ ਝੜਨ/ਡਿੱਗਣ ਦਾ ਇਲਾਜ, ਚਿਹਰੇ ਦੇ ਅਣਚਾਹੇ ਵਾਲਾਂ, ਸੱਟਾਂ ਦੇ ਨਿਸ਼ਾਨ, ਫੋੜੇ-ਫਿੰਸੀਆਂ, ਧੱਫ਼ੜਾਂ ਤੇ ਹਰ ਤਰ੍ਹਾਂ ਚਮੜੀ ਰੋਗਾਂ ਤੋਂ ਪੀੜ੍ਹਤ ਮਰੀਜ਼ਾਂ ਨੂੰ ਫਰੀ ਚੈੱਕਅੱਪ ਕੈਂਪ ਦਾ ਲਾਭ ਪ੍ਰਾਪਤ ਕਰਨ ਦੀ ਅਪੀਲ ਕੀਤੀ । ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ, ਡਾ ਕਰਨ ਛਾਬੜਾ ਐਮ.ਡੀ., ਮਹਿੰਦਰਪਾਲ ਸਿੰਘ, ਮੈਡਮ ਦਵਿੰਦਰ ਕੌਰ ਨਰਸਿੰਗ ਸੁਪਰਡੈਂਟ ਵੀ ਹਾਜ਼ਰ ਹਨ।



## ਡੀ ਏ ਦੇ ਮਾਮਲੇ 'ਚ ਸਰਕਾਰ ਦੇ ਸਾਰੇ ਬਹਾਨੇ ਹਾਈ ਕੋਰਟ ਨੇ ਕੀਤੇ ਰੱਦ : ਲੱਕੀ

**ਬਲਾਚੌਰ, (ਜਸਵਿੰਦਰ ਬੈਂਸ)** ਭਾਜਪਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਡੀ ਏ ਸੰਬੰਧੀ ਫ਼ੈਸਲੇ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਪ੍ਰਤੀ ਨੀਤੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਅਦਾਲਤ ਨੇ ਮਹਿੰਗਾਈ ਭੱਤੇ (ਡੀਏ) ਦੇ ਬਕਾਏ ਰੋਕਣ ਸੰਬੰਧੀ ਸਰਕਾਰ ਵੱਲੋਂ ਦਿੱਤੀਆਂ ਦਲੀਲਾਂ ਨੂੰ ਸਵੀਕਾਰ ਨਹੀਂ ਕੀਤਾ।ਲੱਕੀ ਨੇ ਕਿਹਾ ਕਿ ਅਦਾਲਤੀ ਫ਼ੈਸਲੇ ਤੋਂ ਬਾਅਦ ਵੀ ਸਰਕਾਰ ਵੱਲੋਂ ਪੁਰਾਣੀਆਂ ਦਲੀਲਾਂ ਦੁਹਰਾਉਣਾ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਗੁੰਮਰਾਹ ਕਰਨ ਦੇ ਬਰਾਬਰ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅਦਾਲਤ ਦੇ ਫ਼ੈਸਲੇ ਦਾ ਸਨਮਾਨ ਕਰਦਿਆਂ ਮੁਲਾਜ਼ਮਾਂ ਦੇ ਬਣਦੇ ਹੱਕ ਸਮੇਂ ਸਿਰ ਦੇਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਹਾਈ ਕੋਰਟ ਨੇ ਇਹ ਸਪੱਸ਼ਟ ਕੀਤਾ ਹੈ ਕਿ ਸਰਕਾਰ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਆਪਣੀ ਸਹੂਲਤ ਅਨੁਸਾਰ ਚੁਣਵੇਂ ਢੰਗ ਨਾਲ ਲਾਗੂ ਨਹੀਂ ਕਰ ਸਕਦੀ।ਜੇਕਰ ਸੋਧੇ ਹੋਏ ਤਨਖ਼ਾਹ ਸਕੇਲ ਲਾਗੂ ਕੀਤੇ ਗਏ ਹਨ ਤਾਂ ਉਸ ਨਾਲ ਸਬੰਧਤ ਮਹਿੰਗਾਈ ਭੱਤੇ ਦੇ ਹੱਕ ਤੋਂ ਵੀ ਮੁਲਾਜ਼ਮਾਂ ਨੂੰ ਵਾਂਝਾ ਨਹੀਂ ਕੀਤਾ ਜਾ ਸਕਦਾ। ਲੱਕੀ ਨੇ ਕਿਹਾ ਕਿ ਮੂਲ ਤਨਖ਼ਾਹ ਅਤੇ ਮਹਿੰਗਾਈ ਭੱਤਾ ਵੱਖ-ਵੱਖ ਉਦੇਸ਼ਾਂ ਲਈ ਹੁੰਦੇ ਹਨ, ਇਸ ਲਈ ਦੋਵਾਂ ਨੂੰ ਆਪਸ ਵਿੱਚ ਜੋੜ ਕੇ ਮੁਲਾਜ਼ਮਾਂ ਦੇ ਕਾਨੂੰਨੀ ਹੱਕਾਂ ਨੂੰ ਰੋਕਣ ਦਾ ਆਧਾਰ ਨਹੀਂ ਬਣਾਇਆ ਜਾ ਸਕਦਾ।

ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬੇਲੋੜੀ ਕਾਨੂੰਨੀ ਲੜਾਈ ਨੂੰ ਖ਼ਤਮ ਕਰਕੇ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਵੇ ਅਤੇ ਨਿਰਧਾਰਤ ਸਮਾਂ-ਸੀਮਾ ਅੰਦਰ ਡੀਏ ਦਾ ਸਾਰਾ ਬਣਦਾ ਬਕਾਇਆ ਜਾਰੀ ਕੀਤਾ ਜਾਵੇ।



## ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਦੀ ਚੋਣ

**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)**- ਬੀਤੇ ਦਿਨ ਪੰਜਾਬੀ ਸਾਹਿਤ ਸਭਾ (ਰਜਿ.) ਦੀ ਮੀਟਿੰਗ ਬਲਬੀਰ ਸਿੰਘ ਦੁਸਾਂਝ ਦੀ ਪ੍ਰਧਾਨਗੀ ਹੇਠ ਸਭਾ ਦਫ਼ਤਰ ਦੇਸ਼ ਭਗਤ ਪਬਲਿਕ ਲਾਇਬ੍ਰੇਰੀ ਵਿਖੇ ਹੋਈ। ਇਸ ਵਿੱਚ ਸਭਾ ਦੇ ਜਨਰਲ ਸਕੱਤਰ ਰਾਮ ਪ੍ਰਕਾਸ਼ ਟੋਨੀ ਨੇ 31 ਜੁਲਾਈ ਤੱਕ ਦੀ ਮੈਂਬਰਸ਼ਿਪ ਨਵੀਨੀਕਰਨ ਅਤੇ ਨਵੀਂ ਭਰਤੀ ਮੁਹਿੰਮ ਸਬੰਧੀ ਰਿਪੋਰਟ ਪੇਸ਼ ਕਰਦਿਆਂ ਸੰਤੁਸ਼ਟੀ ਪ੍ਰਗਟਾਈ। ਸਭਾ ਮੁੱਖ ਸਰਪ੍ਰਸਤ ਪ੍ਰਿ. ਗਿਆਨ ਸਿੰਘ ਦੁਸਾਂਝ ਨੇ ਅਗਾਮੀ ਤਿੰਨ ਸਾਲਾਂ ਚੋਣ ਦੀ ਪ੍ਰਕਿਰਿਆ ਸ਼ਪੱਸ਼ਟ ਕਰਦਿਆਂ ਕਿਹਾ ਕਿ ਜਿਹੜੇ ਮੈਂਬਰ ਕਿਸੇ ਜ਼ਰੂਰੀ ਕਾਰਨਾ ਕਰਕੇ ਛੁੱਟੀ ਤੇ ਹਨ ਉਨ੍ਹਾਂ ਨੇ ਸੁਝਾਅ ਭੇਜੇ ਹਨ ਅਤੇ ਪਿਛਲੀ ਤਿੰਨ ਸਾਲਾਂ ਦੀ ਕਾਰਗੁਜ਼ਾਰੀ ਦਾ ਲੇਖਾ ਜੋਖਾ ਕਰਕੇ ਹੀ ਨਵੀਂ ਚੋਣ ਕੀਤੀ ਜਾਵੇ। ਸਭਾ ਮੀਟਿੰਗ ਨੇ ਫੈਸਲਾ ਕੀਤਾ ਬਲਬੀਰ ਸਿੰਘ ਦੁਸਾਂਝ ਨੂੰ ਨਵਾਂ ਕਾਰਜਕਾਰੀ ਪ੍ਰਧਾਨ, ਸੁਰਿੰਦਰਪਾਲ ਕੁੱਕੂ ਨੂੰ ਨਵਾਂ ਕਾਰਜਕਾਰੀ ਜਨਰਲ ਸਕੱਤਰ ਤੇ ਪਰਮਿੰਦਰ ਸਿੰਘ ਨੂੰ ਨਵਾਂ ਸਭਾ ਖਾਤਾਧਾਰਕ ਨਿਯੁਕਤ ਕੀਤਾ ਜਾਂਦਾ ਹੈ ਕਿਉਂਕਿ ਪ੍ਰਿ. ਗਿਆਨ ਸਿੰਘ ਦੁਸਾਂਝ ਨੇ 41 ਸਾਲ ਦੀ ਸੇਵਾ ਉਪਰੰਤ ਇਸ ਅਹੁਦੇ ਤੋਂ ਤਿਆਗ ਪੱਤਰ ਦੇ ਦਿੱਤਾ ਹੈ। ਸਭਾ ਨੇ ਮੀਟਿੰਗ ਸਰਪ੍ਰਸਤ ਮੰਡਲ ਵਿਚ ਵੀ ਲੋੜੀਂਦਾ ਵਾਧਾ ਕੀਤਾ ਤੇ ਬਾਕੀ ਅਹੁਦੇਦਾਰਾਂ ਨੂੰ ਬਰਕਰਾਰ ਰੱਖਿਆ ਗਿਆ ਹੈ। ਮਤਾ ਪਾਸ ਕਰਕੇ ਕੇਂਦਰੀ ਪੰਜਾਬੀ ਲੇਖਕ ਸਭਾ ਰਜਿ. ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ ਦੀ ਸੁਪਤਨੀ ਪੁਸ਼ਪਾ ਸ਼ਰਮਾ ਤੇ ਅਜੋਕੇ ਵਿਦਿਆਰਥੀਆਂ ਸੰਘਰਸ਼ ਦੌਰਾਨ ਪੇਪਰ ਲੀਕੇਜ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਆਪਾਂ ਵਾਰਨ ਵਾਲੇ 22 ਵਿਦਿਆਰਥੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਪੀੜਿਤ ਪਰਵਾਰਾਂ ਦਾ ਦੁੱਖ ਵੰਡਾਇਆ ਗਿਆ। ਸਭਾ ਦਾ 42ਵਾਂ ਸਥਾਪਨਾ ਦਿਵਸ 18 ਅਗਸਤ ਨੂੰ ਮਨਾਇਆ ਜਾਵੇਗਾ। ਸਮਾਗਮ ਸਮੇਂ ਕੇਂਦਰੀ ਪੰਜਾਬੀ ਲੇਖਕ ਸਭਾ ਰਜਿ. ਦੇ ਜਨਰਲ ਸਕੱਤਰ ਸਾਥੀ ਸੁਸ਼ੀਲ ਦੁਸਾਂਝ ਸੰਬੋਧਨ ਕਰਨਗੇ ਅਤੇ ਕਵੀ ਦਰਬਾਰ ਕਰਵਾਇਆ ਜਾਵੇਗਾ। ਇਸ ਮੌਕੇ ਪ੍ਰਿ. ਗਿਆਨ ਸਿੰਘ ਦੁਸਾਂਝ, ਬਲਬੀਰ ਸਿੰਘ ਦੁਸਾਂਝ, ਰਾਮ ਪ੍ਰਕਾਸ਼ ਟੋਨੀ, ਸੁਰਿੰਦਰਪਾਲ ਕੁੱਕੂ, ਰਵਿੰਦਰ ਸਿੰਘ ਸੋਢੀ, ਪਰਮਿੰਦਰ ਸਿੰਘ ਦੁਸਾਂਝ, ਪਲਵਿੰਦਰ ਸਿੰਘ ਦੁਸਾਂਝ ਆਦਿ ਹਾਜ਼ਰ ਸਨ।

## ਬਸਪਾ ਦੀ ਸਮੀਖਿਆ ਮੀਟਿੰਗ 'ਚ 2027 ਵਿਧਾਨ ਸਭਾ ਚੋਣਾਂ ਲਈ ਰਣਨੀਤੀ 'ਤੇ ਹੋਈ ਚਰਚਾ



**ਬਲਾਚੌਰ (ਜਸਵਿੰਦਰ ਬੈਂਸ)**- ਬਹੁਜਨ ਸਮਾਜ ਪਾਰਟੀ (ਬਸਪਾ) ਵਿਧਾਨ ਸਭਾ ਹਲਕਾ ਬਲਾਚੌਰ ਦੀ ਇੱਕ ਅਹਿਮ ਸਮੀਖਿਆ ਮੀਟਿੰਗ ਬੁੱਧ ਵਿਹਾਰ ਬਲਾਚੌਰ ਵਿਖੇ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਬਸਪਾ ਪੰਜਾਬ ਦੇ ਸੂਬਾ ਪ੍ਰਧਾਨ, ਸਾਬਕਾ ਰਾਜ ਸਭਾ ਮੈਂਬਰ ਅਤੇ ਸਾਬਕਾ ਵਿਧਾਇਕ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕੀਤੀ, ਜਦਕਿ ਬਸਪਾ ਪੰਜਾਬ ਦੇ ਇੰਚਾਰਜ ਅਜੀਤ ਸਿੰਘ ਭੈਣੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਮੀਟਿੰਗ ਦੌਰਾਨ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਹਲਕੇ ਵਿੱਚ ਪਾਰਟੀ ਵਰਕਰਾਂ ਅਤੇ ਆਗੂਆਂ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕੀਤੀ ਗਈ। ਸੂਬਾ ਪ੍ਰਧਾਨ ਡਾ. ਕਰੀਮਪੁਰੀ ਨੇ ਵਰਕਰਾਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਰਣਨੀਤੀ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਸੰਗਠਨ ਨੂੰ ਹੋਰ ਮਜ਼ਬੂਤੀ ਦੇਣ ਲਈ ਦਵਿੰਦਰ ਸਿੰਘ ਸੀਂਹਮਾਰ ਨੂੰ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਨੌਜਵਾਨ ਆਗੂ ਐਡਵੋਕੇਟ ਨਵਰਾਜ ਸਿੰਘ ਚਣਕੋਆ, ਪੁੱਤਰ ਚਮਨ ਲਾਲ ਚਣਕੋਆ (ਬੁੱਧੀਜੀਵੀ) ਨੂੰ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦਾ ਇੰਚਾਰਜ ਨਿਯੁਕਤ ਕਰਕੇ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ।ਮੀਟਿੰਗ ਵਿੱਚ ਬਸਪਾ ਪੰਜਾਬ ਦੇ ਸਕੱਤਰ ਦਿਲਬਾਗ ਚੰਦ ਮਹਿੰਦੀਪੁਰੀ, ਜ਼ਿਲ੍ਹਾ ਇੰਚਾਰਜ ਭੁਪਿੰਦਰ ਬੇਗਮਪੁਰੀ, ਹਲਕਾ ਪ੍ਰਧਾਨ ਡਾ. ਚਰਨਜੀਤ ਸਿੰਘ ਸੁੰਮਨ, ਸ਼ਹਿਰੀ ਪ੍ਰਧਾਨ ਸੁਰਿੰਦਰ ਸਿੰਘ ਸੀਂਹਮਾਰ, ਮਾਸਟਰ ਬਖ਼ਸ਼ੀ ਰਾਮ, ਬਖ਼ਸ਼ੀਸ਼ ਸਿੰਘ ਮਾਜਰਾ ਜੱਟਾਂ, ਠੇਕੇਦਾਰ ਬਲਦੇਵ ਮੌਹਰ, ਪੰਮਾ ਪੇਂਟਰ, ਡਾ. ਰਜਿੰਦਰ ਲੱਕੀ, ਵਿਜੇ ਮੇਨਕਾ, ਗਿਆਨ ਚੰਦ (ਰਿਟਾਇਰਡ ਬੀ.ਓ.), ਜਸਵਿੰਦਰ ਮਾਨ ਰੱਕੜਾਂ ਢਾਹਾਂ, ਤੁਲਸੀ ਰਾਮ ਫਤਿਹਪੁਰ, ਧਰਮਵੀਰ ਤੂਰ, ਗੁਰਸ਼ਰਨ ਟੌਸਾ, ਜਗਤਾਰ ਸਿੰਘ ਭਟੋਏ, ਮੱਖਣ ਸਿੰਘ ਚਾਹਲਾਂ, ਰਾਜ ਕੁਮਾਰ ਦਾਦਰੀ ਸਮੇਤ ਵੱਡੀ ਗਿਣਤੀ ਵਿੱਚ ਬਸਪਾ ਆਗੂ, ਵਰਕਰ ਅਤੇ ਸਮਰਥਕ ਹਾਜ਼ਰ ਸਨ।

## ਜੰਗਲਾਤ ਵਰਕਰਾਂ ਵੱਲੋਂ ਧਰਨਾ ਤੇ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਲਏ ਫੈਸਲੇ ਮੁਤਾਬਕ ਵਣ ਰੇਜ ਹੁਸ਼ਿਆਰਪੁਰ ਦੇ ਦਫਤਰ ਅੱਗੇ ਪ੍ਰਧਾਨ ਸਤਨਾਮ ਸਿੰਘ ਦੀ ਪ੍ਰਧਾਨਗੀ ਹੇਠ ਰੋਸ ਰੈਲੀ ਕੀਤੀ ਗਈ। ਧਰਨੇ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਪਵਨ ਕੁਮਾਰ ਨੇ ਦੱਸਿਆ ਕਿ ਵਣ ਰੇਂਜ ਹੁਸ਼ਿਆਰਪੁਰ ਅਧੀਨ ਕੰਮ ਕਰਦੇ ਵਰਕਰਾਂ ਨੂੰ ਪਿਛਲੇ ਚਾਰ ਪੰਜ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਘਰਾਂ ਦੇ ਗੁਜ਼ਾਰੇ ਕਰਨੇ ਬੜੇ ਮੁਸ਼ਕਿਲ ਹੋ ਰਹੇ ਹਨ। ਜਿਸ ਕਰਕੇ ਅੱਜ ਵਰਕਰਾਂ ਵੱਲੋਂ ਆਪਣੇ ਕੰਮ ਬੰਦ ਕਰਕੇ ਰੇਂਜ ਦਫਤਰ ਹੁਸ਼ਿਆਰਪੁਰ ਅੱਗੇ ਵੱਡੇ ਪੱਧਰ ਤੇ ਰੋਸ ਰੈਲੀ ਕੀਤੀ ਗਈ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਤੇ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਜੇਕਰ ਤਨਖਾਹਾਂ 9 ਅਗਸਤ ਤੱਕ ਨਾ ਦਿੱਤੀਆਂ ਤਾਂ 10 ਅਗਸਤ ਨੂੰ ਪ੍ਰਧਾਨ ਮੁੱਖ ਵਣਪਾਲ ਦਫਤਰ ਅੱਗੇ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ। ਜੇਕਰ ਫਿਰ ਵੀ ਤਨਖਾਹਾਂ ਦਾ ਕੋਈ ਪੱਕਾ ਹੱਲ ਨਾ ਕੀਤਾ ਤਾਂ ਮਿਤੀ 18 ਅਗਸਤ ਨੂੰ ਵਿੱਤ ਮੰਤਰੀ ਦੇ ਵਿਧਾਨ ਸਭਾ ਹਲਕਾ ਦਿੜ੍ਹਬਾ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਉਪਰੰਤ ਪੱਕਾ ਮੋਰਚਾ ਲਾਇਆ ਜਾਵੇਗਾ। ਰੋਸ ਰੈਲੀ ਵਿੱਚ ਪ੍ਰਧਾਨ ਸਕੱਤਰ ਤੋਂ ਇਲਾਵਾ ਸੁਖਦੇਵ ਸਿੰਘ, ਮਨੋਜ ਕੁਮਾਰ, ਰਵੀ ਕੁਮਾਰ, ਸਤਨਾਮ ਸਿੰਘ, ਪਵਨ ਕੁਮਾਰ, ਗੁਰਮੀਤ ਰਾਮ ਆਦਿ ਨੇ ਵੀ ਸੰਬੋਧਨ ਕੀਤਾ।




## ਡਾ. ਸੁਭਾਸ਼ ਸ਼ਰਮਾ ਦੇ ਪੰਜਾਬ ਭਾਜਪਾ ਦੇ ਸੀਨੀਅਰ ਵਾਈਸ ਪ੍ਰਧਾਨ ਬਣਨ 'ਤੇ ਲੱਡੂ ਵੰਡੇ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਭਾਰਤੀ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਰਤਨ ਕੁਮਾਰ ਧਨੇੜਾ ਦੀ ਅਗਵਾਈ ਹੇਠ ਸਥਾਨਕ ਭਗਤ ਰਵਿਦਾਸ ਚੌਂਕ ਵਿਖੇ ਡਾ. ਸੁਭਾਸ਼ ਸ਼ਰਮਾ ਨੂੰ ਪੰਜਾਬ ਭਾਜਪਾ ਦਾ ਸੀਨੀਅਰ ਵਾਈਸ ਪ੍ਰਧਾਨ ਬਣਾਏ ਜਾਣ ਦੀ ਖੁਸ਼ੀ ਵਿੱਚ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਭਾਜਪਾ ਆਗੂਆਂ ਅਤੇ ਵਰਕਰਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾਉਂਦਿਆਂ ਪਾਰਟੀ ਹਾਈ ਕਮਾਂਡ ਦੇ ਫੈਸਲੇ ਦਾ ਸਵਾਗਤ ਕੀਤਾ ਅਤੇ ਡਾ. ਸੁਭਾਸ਼ ਸ਼ਰਮਾ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ।ਇਸ ਮੌਕੇ ਗੱਲਬਾਤ ਕਰਦਿਆਂ ਭਾਜਪਾ ਮੰਡਲ ਪ੍ਰਧਾਨ ਰਤਨ ਕੁਮਾਰ ਧਨੇੜਾ ਨੇ ਕਿਹਾ ਕਿ ਇਹ ਸਮੁੱਚੇ ਭਾਜਪਾ ਪਰਿਵਾਰ ਲਈ ਬੇਹੱਦ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਡਾ. ਸੁਭਾਸ਼ ਸ਼ਰਮਾ ਨੂੰ ਪੰਜਾਬ ਭਾਜਪਾ ਦਾ ਸੀਨੀਅਰ ਵਾਈਸ ਪ੍ਰਧਾਨ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਵੱਲੋਂ ਡਾ. ਸੁਭਾਸ਼ ਸ਼ਰਮਾ ਦੀ ਯੋਗਤਾ, ਤਜਰਬੇ, ਪਾਰਟੀ ਪ੍ਰਤੀ ਸਮਰਪਣ ਅਤੇ ਸੇਵਾਵਾਂ 'ਤੇ ਭਰੋਸਾ ਪ੍ਰਗਟ ਕਰਦਿਆਂ ਲਗਾਤਾਰ ਦੂਸਰੀ ਵਾਰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਰਤਨ ਕੁਮਾਰ ਧਨੇੜਾ ਨੇ ਇਸ ਮੌਕੇ ਭਾਜਪਾ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਡਾ. ਸੁਭਾਸ਼ ਸ਼ਰਮਾ ਨੂੰ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਭਾਜਪਾ ਆਗੂ ਅਮਰ ਸੋਢੀ, ਅੰਮ੍ਰਿਤ ਲਾਲ ਘੋਗਾ, ਦਲਜੀਤ ਮਾਂਗੇਵਾਲ, ਕ੍ਰਿਸ਼ਨ ਕੁਮਾਰ ਅੱਤਰੀ ਜ਼ਿਲ੍ਹਾ ਸਕੱਤਰ, ਪਰਦੀਪ ਕੁਮਾਰ ਕੋਟਲਾ ਜਨਰਲ ਸਕੱਤਰ, ਰਵੀ ਦੱਤ ਮਿੰਡਵਾ, ਸੁਭਾਸ਼ ਬਡਲ, ਸਤਵਿੰਦਰ ਸਿੰਘ, ਦੀਦਾਰ ਸਿੰਘ, ਸੰਨੀ ਜੈਲਦਾਰ, ਯੁਵਾ ਮੋਰਚਾ ਦੇ ਆਦਿੱਤਯ ਸ਼ਰਮਾ, ਜਸਵੀਰ ਸਿੰਘ ਅਤੇ ਆਰਯ ਮਿੱਤਰ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ। ਇਸ ਦੌਰਾਨ ਸਮੂਹ ਹਾਜ਼ਰੀਨ ਨੇ ਡਾ. ਸੁਭਾਸ਼ ਸ਼ਰਮਾ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਅਹਿਦ ਵੀ ਪ੍ਰਗਟਾਇਆ।

## 'ਪਰਾਧੀਨਤਾ ਦਾ ਅੰਤ ਤੇ ਬੇਗਮਪੁਰਾ ਸੰਕਲਪ ਯਾਤਰਾ' 21 ਨੂੰ ਧਲੇਤਾ ਪਹੁੰਚੇਗੀ : ਡਾ. ਕਰੀਮਪੁਰੀ

**ਹੁਸ਼ਿਆਰਪੁਰ, ਬਲਾਚੌਰ (ਓਮ ਪ੍ਰਕਾਸ਼ ਰਾਣਾ, ਜਸਵਿੰਦਰ ਬੈਂਸ)** ਬਹੁਜਨ ਸਮਾਜ ਪਾਰਟੀ (ਬਸਪਾ) ਪੰਜਾਬ ਵੱਲੋਂ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਮੁਹਿੰਮਾਂ ਅਤੇ ਪ੍ਰੋਗਰਾਮਾਂ ਦਾ ਐਲਾਨ ਕੀਤਾ ਗਿਆ ਹੈ।ਇਸ ਸੰਬੰਧੀ ਜਲੰਧਰ ਸਥਿਤ ਸੂਬਾ ਬਸਪਾ ਦਫ਼ਤਰ ਵਿਖੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਜਲੰਧਰ, ਹੁਸ਼ਿਆਰਪੁਰ ਅਤੇ ਪਟਿਆਲਾ ਜ਼ੋਨ ਦੇ ਆਗੂਆਂ ਦੀ ਅਹਿਮ ਬੈਠਕ ਹੋਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਦੱਸਿਆ ਕਿ ਬਸਪਾ ਵੱਲੋਂ 10 ਅਗਸਤ ਨੂੰ ਦਿੱਲੀ ਦੇ ਤੁਗਲਕਾਬਾਦ ਸਥਿਤ ਸ੍ਰੀ ਗੁਰੂ ਰਵਿਦਾਸ ਗੁਰੂ ਘਰ ਤੋਂ 'ਪਰਾਧੀਨਤਾ ਦਾ ਅੰਤ ਅਤੇ ਬੇਗਮਪੁਰਾ ਸੰਕਲਪ ਯਾਤਰਾ' ਸ਼ੁਰੂ ਕੀਤੀ ਜਾਵੇਗੀ।ਇਹ ਯਾਤਰਾ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚੋਂ ਹੁੰਦੀ ਹੋਈ 21 ਅਗਸਤ ਨੂੰ ਫਿਲੌਰ ਹਲਕੇ ਦੇ ਪਿੰਡ ਧਲੇਤਾ ਵਿਖੇ ਪਹੁੰਚੇਗੀ।ਡਾ. ਕਰੀਮਪੁਰੀ ਨੇ ਕਿਹਾ ਕਿ ਬਸਪਾ ਦਾ ਉਦੇਸ਼ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਵਿਚਾਰਧਾਰਾ ਦੇ ਆਧਾਰ 'ਤੇ ਸਮਾਜ ਵਿੱਚ ਬਰਾਬਰੀ, ਆਜ਼ਾਦੀ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਕਿਹਾ ਕਿ 2027 ਵਿੱਚ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਹਰ ਤਰ੍ਹਾਂ ਦੀ ਗੁਲਾਮੀ, ਵਿਤਕਰੇ ਅਤੇ ਨਾ-ਬਰਾਬਰੀ ਦੇ ਖਾਤਮੇ ਅਤੇ 'ਬੇਗਮਪੁਰਾ' ਦੀ ਸੋਚ ਨੂੰ ਅੱਗੇ ਵਧਾਉਂਦਿਆਂ ਮਨਾਇਆ ਜਾਣਾ ਚਾਹੀਦਾ ਹੈ। ਬਸਪਾ ਸੂਬਾ ਪ੍ਰਧਾਨ ਨੇ ਤੁਗਲਕਾਬਾਦ ਅਤੇ ਧਲੇਤਾ ਨਾਲ ਜੁੜੇ ਮਾਮਲਿਆਂ ਨੂੰ ਲੈ ਕੇ ਭਾਜਪਾ ਅਤੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ 'ਤੇ ਵੀ ਤਿੱਖੇ ਸਿਆਸੀ ਦੋਸ਼ ਲਗਾਏ। ਡਾ. ਕਰੀਮਪੁਰੀ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਗੁਰੂ ਰਵਿਦਾਸ ਜੀ ਦੇ ਸਨਮਾਨ, ਉਨ੍ਹਾਂ ਦੀ ਬਾਣੀ ਦੇ ਸੁਨੇਹੇ ਅਤੇ ਬਰਾਬਰੀ 'ਤੇ ਆਧਾਰਿਤ ਸਮਾਜ ਦੀ ਸਥਾਪਨਾ ਲਈ ਆਪਣਾ ਸੰਘਰਸ਼ ਜਾਰੀ ਰੱਖੇਗੀ।



## ਸੁਪਰਡੈਂਟ ਗ੍ਰੇਡ-2 ਸਤਬੀਰ ਸਿੰਘ ਬਣੇ ਤਹਿਸੀਲਦਾਰ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)** ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਤਰੱਕੀਆਂ ਸਬੰਧੀ ਜਾਰੀ ਕੀਤੇ ਗਏ ਹੁਕਮਾਂ ਤਹਿਤ ਸੁਪਰਡੈਂਟ ਗ੍ਰੇਡ-2 ਸਤਬੀਰ ਸਿੰਘ ਨੂੰ ਤਰੱਕੀ ਦੇ ਕੇ ਤਹਿਸੀਲਦਾਰ ਨਿਯੁਕਤ ਕੀਤਾ ਗਿਆ ਹੈ।ਇਸੇ ਤਰ੍ਹਾਂ ਕੁੱਲ ਸੱਤ ਅਧਿਕਾਰੀਆਂ ਨੂੰ ਤਰੱਕੀ ਦੇ ਕੇ ਤਹਿਸੀਲਦਾਰ ਬਣਾਇਆ ਗਿਆ ਹੈ। ਇਸ ਫ਼ੈਸਲੇ ਤੋਂ ਬਾਅਦ ਕਪੂਰਥਲਾ ਸਮੇਤ ਪ੍ਰਸ਼ਾਸਨਿਕ ਹਲਕਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।

ਸਤਬੀਰ ਸਿੰਘ ਨੇ ਸੁਪਰਡੈਂਟ ਗ੍ਰੇਡ-2 ਵਜੋਂ ਆਪਣੀਆਂ ਜ਼ਿੰਮੇਵਾਰੀਆਂ ਦੌਰਾਨ ਇਮਾਨਦਾਰੀ, ਨਿਰਪੱਖਤਾ ਅਤੇ ਮਿਹਨਤ ਨਾਲ ਸੇਵਾਵਾਂ ਨਿਭਾਈਆਂ। ਉਨ੍ਹਾਂ ਦੀ ਕਾਰਗੁਜ਼ਾਰੀ ਅਤੇ ਪ੍ਰਸ਼ਾਸਨਿਕ ਤਜਰਬੇ ਨੂੰ ਦੇਖਦਿਆਂ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਤਰੱਕੀ ਦੇ ਕੇ ਤਹਿਸੀਲਦਾਰ ਦੀ ਜ਼ਿੰਮੇਵਾਰੀ ਸੌਂਪੀ ਹੈ।ਤਰੱਕੀ ਪ੍ਰਾਪਤ ਕਰਨ ਵਾਲੇ ਸਾਰੇ ਸੱਤ ਅਧਿਕਾਰੀਆਂ ਨੇ ਵਿੱਤ ਕਮਿਸ਼ਨਰ ਮਾਲ (ਐਫ.ਸੀ.ਆਰ.) ਪੰਜਾਬ, ਪੰਜਾਬ ਸਰਕਾਰ ਅਤੇ ਸਬੰਧਤ ਮੰਤਰੀਆਂ ਦਾ ਧੰਨਵਾਦ ਪ੍ਰਗਟ ਕੀਤਾ।



## ਲਾਇਲਪੁਰ ਖਾਲਸਾ ਕਾਲਜ ਵਿਖੇ ਹੋਈ ਰੈੱਡ ਰਨ ਮੈਰਾਥਨ

**ਜਲੰਧਰ (ਸ਼ੈਲੀ ਐਲਬਰਟ)**- ਯੁਵਕ ਸੇਵਾਵਾਂ ਡਾਇਰੈਕਟੋਰੇਟ, ਚੰਡੀਗੜ੍ਹ, ਪੰਜਾਬ ਰਾਜ ਏਡਜ਼ ਕੰਟਰੋਲ ਸੋਸਾਇਟੀ ਅਤੇ ਯੁਵਕ ਸੇਵਾਵਾਂ ਜਲੰਧਰ ਦੀ ਅਗਵਾਈ ਹੇਠ ਐੱਨ ਐੱਸ ਐੱਸ ਯੂਨਿਟ ਰੈੱਡ ਰਿਬਨ ਕਲੱਬ ਅਤੇ ਸਰੀਰਕ ਸਿੱਖਿਆ ਅਤੇ ਖੇਡ ਵਿਭਾਗ ਦੇ ਸਹਿਯੋਗ ਨਾਲ ਲਾਇਲਪੁਰ ਖਾਲਸਾ ਕਾਲਜ ਦੇ ਮੈਦਾਨ ਵਿੱਚ ਜਲੰਧਰ ਜ਼ਿਲ੍ਹੇ ਦੇ ਰੈੱਡ ਰਿਬਨ ਕਲੱਬਾਂ ਦੀ ਜ਼ਿਲ੍ਹਾ ਪੱਧਰੀ ਰੈੱਡ ਰਨ (ਮੈਰਾਥਨ) ਦਾ ਆਯੋਜਨ ਕੀਤਾ ਗਿਆ।ਇਸ ਰੈੱਡ ਰਨ ਦਾ ਉਦੇਸ਼ ਐੱਚ ਆਈ ਵੀ/ਏਡਜ਼ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤ ਵਿੱਚ ਬਾਲਗਾਂ ਵਿੱਚ ਐੱਚ ਆਈ ਵੀ/ਏਡਜ਼ ਬਾਰੇ ਵਿਆਪਕ ਗਿਆਨ 30% ਤੋਂ ਘੱਟ ਹੈ ਅਤੇ ਇਸ ਮਾਤਰਾ ਨੂੰ ਅਜਿਹੇ ਸਮੂਹਿਕ ਸਮਾਗਮਾਂ ਰਾਹੀਂ ਵਧਾਉਣ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਬਣਾਈ ਰੱਖਣ ਅਤੇ ਸਰੀਰਕ ਗਤੀਵਿਧੀਆਂ ਵਿੱਚ ਆਪਣੇ ਆਪ ਨੂੰ ਸ਼ਾਮਲ ਕਰਨ ਦੀ ਸਲਾਹ ਦਿੱਤੀ। ਡਾ. ਜਸਵੰਤ ਕੌਰ ਅਤੇ ਰਵੀ ਦਾਰਾ, ਸਹਾਇਕ ਨਿਰਦੇਸ਼ਕ, ਯੁਵਕ ਸੇਵਾਵਾਂ ਜਲੰਧਰ ਨੇ ਮੈਰਾਥਨ ਨੂੰ ਹਰੀ ਝੰਡੀ ਦਿਖਾਈ। ਐਲਕੇਸੀ ਰੈੱਡ ਰਿਬਨ ਕਲੱਬ ਕੋਆਰਡੀਨੇਟਰ, ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਜਲੰਧਰ ਦੇ ਵੱਖ-ਵੱਖ ਕਾਲਜਾਂ ਦੇ ਕੁੱਲ 50 ਪੁਰਸ਼ ਅਤੇ ਮਹਿਲਾ ਐਥਲੀਟਾਂ ਨੇ ਇਸ ਦੌੜ ਵਿੱਚ ਹਿੱਸਾ ਲਿਆ। ਉਨ੍ਹਾਂ ਅੱਗੇ ਕਿਹਾ ਕਿ ਭਾਗੀਦਾਰਾਂ ਨੂੰ ਐੱਚ.ਆਈ.ਵੀ./ਏਡਜ਼ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਦੌੜ ਵਿੱਚ ਲੜਕਿਆਂ ਦੇ ਵਰਗ ਵਿੱਚ, ਪਰਮਜੀਤ ਸਿੰਘ, ਕੁੰਦਨ ਅਤੇ ਸੁਪਨਦੀਪ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੇ ਵਰਗ ਵਿੱਚ, ਵੰਦਨਾ, ਨਮਨੀਤ, ਸਾਇਨਾ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਾਰੇ ਭਾਗੀਦਾਰਾਂ ਨੂੰ ਟੀ-ਸ਼ਰਟਾਂ ਵੀ ਦਿੱਤੀਆਂ ਗਈਆਂ।



## ਜੰਡਿਆਲਾ ਕਾਲਜ ਦੇ ਵਿਕਾਸ ਕਾਰਜਾਂ 'ਚ ਤੇਜ਼ੀ

**ਗੁਰਾਇਆ (ਬਿੰਦਰ ਸੁਮਨ)**- ਯੂਨੀਵਰਸਿਟੀ ਕਾਲਜ ਜੰਡਿਆਲਾ ਦੀ ਦਿਖ ਬਦਲਣ ਲਈ ਨਵੇਂ ਵਿਕਾਸ ਕਾਰਜ ਸ਼ੁਰੂ ਕਰਵਾਏ ਜਾ ਰਹੇ ਹਨ ਅਤੇ ਪਹਿਲਾਂ ਸ਼ੁਰੂ ਕੀਤੇ ਗਏ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਇਸ ਸੰਬੰਧ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਦੇ ਓ.ਐਸ.ਡੀ. ਡਾ. ਹਰਇਕਬਾਲ ਸਿੰਘ ਅਤੇ ਯੂਨੀਵਰਸਿਟੀ ਦੇ ਉਸਾਰੀ ਵਿਭਾਗ ਦੇ ਇੰਚਾਰਜ ਡਾ. ਮਨਿੰਦਰ ਪਾਲ ਸਿੰਘ ਨੇ ਜੰਡਿਆਲਾ ਕਾਲਜ ਦਾ ਦੌਰਾ ਕੀਤਾ ਅਤੇ ਪਹਿਲਾਂ ਸ਼ੁਰੂ ਹੋ ਚੁੱਕੇ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੇ ਕਾਲਜ ਵਿਖੇ ਪਹੁੰਚਣ ਤੇ ਕਾਲਜ ਦੇ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਵਲੋਂ ਗੁਲਦਸਤੇ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਦੋਹਾਂ ਉਚ ਅਧਿਕਾਰੀਆਂ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਨਾਲ ਸਬੰਧਤ ਪ੍ਰਸਤਾਵਾਂ 'ਤੇ ਚਰਚਾ ਕੀਤੀ। ਜਸ਼ਨਜੋਤ ਸਿੰਘ ਨੇ ਉਨ੍ਹਾਂ ਨੂੰ ਦੱਸਿਆ ਕਿ ਕਾਲਜ ਦੇ ਸਾਬਕਾ ਵਿਦਿਆਰਥੀ ਅਤੇ ਵਿਦੇਸ਼ਾਂ ਵਿੱਚ ਵਸਦੇ ਪਿੰਡ ਅਤੇ ਇਲਾਕਾ ਨਿਵਾਸੀ ਕਾਲਜ ਦੀ ਉਸਾਰੀ ਅਤੇ ਇਸ ਦੇ ਰੱਖ-ਰਖਾਅ ਵਿੱਚ ਕਾਲਜ ਨੂੰ ਸਮੇਂ ਸਮੇਂ ਸਹਾਇਤਾ ਪ੍ਰਦਾਨ ਕਰਨ ਲਈ ਪ੍ਰੇਰਿਤ ਰਹਿੰਦੇ ਹਨ। ਇਸ ਤੋਂ ਇਲਾਵਾ, ਜੰਡਿਆਲਾ ਲੋਕ ਭਲਾਈ ਮੰਚ ਦੀ ਭੂਮਿਕਾ ਬਾਰੇ ਵੀ ਚਰਚਾ ਕੀਤੀ ਗਈ, ਜੋ ਕਾਲਜ ਅਤੇ ਇਸਦੇ ਵਿਦਿਆਰਥੀਆਂ ਨੂੰ ਨਿਯਮਤ ਵਿੱਤੀ ਸਹਾਇਤਾ ਪ੍ਰਦਾਨ ਕਰਦੇ ਰਹਿੰਦੇ ਹਨ। ਦੋਹਾਂ ਅਧਿਕਾਰੀਆਂ ਨੇ ਕਾਲਜ ਦੇ ਸ਼ਾਨਦਾਰ ਅਕਾਦਮਿਕ ਮਾਹੌਲ ਉੱਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਯੂਨੀਵਰਸਿਟੀ ਵਲੋਂ ਇਸ ਵਿਲੱਖਣ ਕਾਲਜ ਦੀ ਵੱਧ ਤੋਂ ਵੱਧ ਸਹਾਇਤਾ ਕਰਨ ਲਈ ਵਚਨਬੱਧਤਾ ਨੂੰ ਦੁਹਰਾਇਆ।



## ਜੀ ਆਰ ਡੀ ਵਿੱਦਿਅਕ ਅਦਾਰਿਆਂ ਵਿਖੇ ਧਾਰਮਿਕ ਸਮਾਗਮ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਟਾਂਡਾ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਵਿੱਦਿਅਕ ਅਦਾਰਿਆਂ ਵਿਖੇ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ ਕੀਤਾ ਗਿਆ। ਜੀ.ਆਰ. ਡੀ ਸਿੱਖਿਆ ਸੰਸਥਾਵਾਂ ਦੀ ਚੇਅਰਪਰਸਨ ਪ੍ਰਦੀਪ ਕੌਰ ਅਤੇ ਐਮ ਡੀ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਅਤੇ ਸੰਤ ਬਾਬਾ ਜਰਨੈਲ ਸਿੰਘ ਮੋਹਣ ਮਾਜਰਾ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਸੰਗਤਾਂ ਨੂੰ ਕਥਾ ਕੀਰਤਨ ਗੁਰਬਾਣੀ ਦੁਆਰਾ ਨਿਹਾਲ ਕੀਤਾ। ਇਸ ਮੌਕੇ ਉਨ੍ਹਾਂ ਸਮੂਹ ਪ੍ਰਬੰਧਕਾਂ, ਸਟਾਫ ਮੈਂਬਰਾਂ ਅਤੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਜੀ.ਆਰ.ਡੀ ਸਿੱਖਿਆ ਸੰਸਥਾਵਾਂ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਵਿੱਦਿਅਕ ਅਦਾਰਿਆਂ ਦੇ ਸਮੂਹ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਇਸ ਮੌਕੇ ਤੇ ਵਿੱਦਿਅਕ ਅਦਾਰਿਆਂ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਜੀ ਆਰ ਡੀ ਵਿੱਦਿਅਕ ਅਦਾਰਿਆਂ ਦੇ ਸੰਸਥਾਪਕ ਸਵ ਡਾ. ਪ੍ਰੀਤਮ ਸਿੰਘ ਅਤੇ ਸਵ ਚੇਅਰਮੈਨ ਅਜੀਤ ਸਿੰਘ ਤੇ ਦਿਸ਼ਾ ਨਿਰਦੇਸ਼ਾਂ ਤਹਿਤ ਉਹਨਾਂ ਦੇ ਧਰਮ ਪਤਨੀ ਪ੍ਰਦੀਪ ਕੌਰ ਚੇਅਰਪਰਸਨ ਅਤੇ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਵਿਕਰਮ ਸਿੰਘ ਰਸੂਲਪੁਰ ਵੱਲੋਂ ਸਮੇਂ ਸਮੇਂ ਸਿਰ ਇਹਨਾਂ ਵਿੱਦਿਅਕ ਅਦਾਰਿਆਂ ਵਿਖੇ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ ਇਸੇ ਲੜੀ ਤਹਿਤ ਹੀ ਅੱਜ ਦਾ ਸਮਾਗਮ ਸਰਬੱਤ ਦੇ ਭਲੇ ਵਾਸਤੇ ਕਰਵਾਇਆ ਗਿਆ ਹੈ। ਇਸ ਮੌਕੇ ਅਮਨਦੀਪ ਸਿੰਘ ਸਾਹੀ, ਪ੍ਰਿੰਸੀਪਲ ਰੇਨੂ ਬਾਲਾ, ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਗੁਰਮੀਤ ਸਿੰਘ ਲੁਧਿਆਣਾ, ਗਗਨਦੀਪ ਕੌਰ, ਡਾ. ਤਵਲੀਨ ਕੌਰ, ਬਲਜੀਤ ਕੌਰ, ਦਲਜਿੰਦਰ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਲਖਵਿੰਦਰ ਕੌਰ, ਮਨਜੀਤ ਕੌਰ, ਮਨਜੀਤ ਕੌਰ, ਹਰਲੀਨ ਕੌਰ, ਕਸ਼ਮੀਰ ਕੌਰ, ਆਂਚਲ ਸੈਣੀ, ਪਰਮਜੀਤ ਸਿੰਘ, ਗਟੇਕ ਸਿੰਘ ਸਮੂਹ ਕਾਲਜ ਜੀ.ਆਰ.ਡੀ ਦੀ ਇੰਟਰਨੈਸ਼ਨਲ ਸਕੂਲ ਦੇ ਸਟਾਫ ਮੈਂਬਰ ਵੀ ਮੌਜੂਦ ਸਨ।



## ਬਲਾਕ ਪੱਧਰੀ ਕੁਇੱਜ਼ ਮੁਕਾਬਲਿਆਂ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਫਰ ਦਾ ਸ਼ਾਨਦਾਰ ਪ੍ਰਦਰਸ਼ਨ



**ਅੱਡਾ ਸਰਾਂ (ਜਸਵੀਰ ਕਾਜਲ)** ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਨੌੜੀ ਵਿਖੇ ਨੈਸ਼ਨਲ ਪਾਪੂਲੇਸ਼ਨ ਐਜੂਕੇਸ਼ਨ ਪ੍ਰੋਗਰਾਮ ਤਹਿਤ ਬਲਾਕ ਪੱਧਰੀ ਲੋਕ ਨਾਚ, ਏਡਜ਼ ਲੇਖ ਅਤੇ ਰੈੱਡ ਰਿਬਨ ਕੁਇੱਜ਼ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਫਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨੋ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਵਿਦਿਆਰਥੀਆਂ ਨੇ ਲੋਕ ਨਾਚ ਮੁਕਾਬਲੇ ਵਿੱਚ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਏਡਜ਼ ਲੇਖ ਮੁਕਾਬਲੇ ਤੇ ਰੈੱਡ ਰਿਬਨ ਕੁਇੱਜ਼ ਮੁਕਾਬਲੇ 'ਚ ਵੀ ਪਹਿਲਾ ਸਥਾਨ ਆਪਣੇ ਨਾਂਅ ਕਰਕੇ ਵੱਡੀ ਉਪਲਬੱਧੀ ਦਰਜ ਕੀਤੀ।ਇਸ ਮੌਕੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਦਲਜੀਤ ਸਿੰਘ (ਪੰਜਾਬੀ) ਨੇ ਜੇਤੂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਵਧਾਉਂਦੀਆਂ ਹਨ।ਇਸ ਮੌਕੇ ਇੰਦਰਜੀਤ, ਜਗਮੋਹਨ ਸਿੰਘ, ਜਗਵਿੰਦਰ ਸਿੰਘ, ਹਰਪਾਲ ਸਿੰਘ, ਗੁਰਪ੍ਰੀਤ ਸਿੰਘ, ਅਨੁਰਾਗ ਠਾਕੁਰ, ਬਲਵਿੰਦਰ ਕੌਰ, ਰੇਖਾ ਰਾਣੀ, ਸਪਨਾ ਸਲਾਰੀਆ, ਸੁਮਨਦੀਪ ਕੌਰ, ਰਮਨਦੀਪ ਕੌਰ, ਕੁਲਜੀਤ ਕੌਰ ਅਤੇ ਜਗਦੇਵ ਸਿੰਘ ਸਮੇਤ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਸਿਵਲ ਸਰਜਨ ਵੱਲੋਂ ਹਸਪਤਾਲ ਦਾ ਅਚਨਚੇਤ ਨਿਰੀਖਣ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਦੀ ਤੰਦਰੁਸਤ ਪੰਜਾਬ, ਖੁਸ਼ਹਾਲ ਪੰਜਾਬ ਮੁਹਿੰਮ ਤਹਿਤ ਸਿਹਤ ਸੇਵਾਵਾਂ ਵਿੱਚ ਹੋਰ ਸੁਧਾਰ ਲਿਆਉਣ ਦੇ ਉਦੇਸ਼ ਨਾਲ ਸਿਵਲ ਸਰਜਨ ਐੱਸ ਏ ਐੱਸ ਨਗਰ ਡਾ. ਸੰਗੀਤਾ ਜੈਨ ਵੱਲੋਂ ਸਬ-ਡਿਵੀਜ਼ਨ ਹਸਪਤਾਲ ਡੇਰਾਬੱਸੀ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਸਿਵਲ ਸਰਜਨ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ, ਐਮਰਜੈਂਸੀ, ਓ ਪੀ ਡੀ, ਲੇਬਰ ਰੂਮ ਅਤੇ ਹੋਰ ਬੁਨਿਆਦੀ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਮਰੀਜ਼ਾਂ ਨੂੰ ਮਿਲ ਰਹੀਆਂ ਸਹੂਲਤਾਂ, ਸਫ਼ਾਈ ਦੇ ਪ੍ਰਬੰਧਾਂ, ਦਵਾਈਆਂ ਦੀ ਉਪਲਬਧਤਾ ਅਤੇ ਹਸਪਤਾਲ ਦੇ ਰਿਕਾਰਡ ਦੀ ਬਾਰੀਕੀ ਨਾਲ ਜਾਂਚ ਕੀਤੀ। ?ਇਸ ਤੋਂ ਇਲਾਵਾ, ਡਾ. ਸੰਗੀਤਾ ਜੈਨ ਨੇ ਮੁੱਖ ਡਰੱਗ ਸਟੋਰ ਦਾ ਵਿਸ਼ੇਸ਼ ਦੌਰਾ ਕਰਦਿਆਂ ਦਵਾਈਆਂ ਦੇ ਉਚਿਤ ਰੱਖ-ਰਖਾਅ, ਸਟਾਕ ਰਜਿਸਟਰ, ਮਿਆਦ ਅਤੇ ਜ਼ਰੂਰੀ ਦਵਾਈਆਂ ਦੀ ਮੌਜੂਦਗੀ ਦੀ ਪੜਤਾਲ ਕੀਤੀ। ਉਨ੍ਹਾਂ ਹਸਪਤਾਲ ਪ੍ਰਬੰਧਨ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਸਰਕਾਰੀ ਸਿਹਤ ਸੇਵਾਵਾਂ ਦਾ ਪੂਰਾ ਲਾਭ ਮਰੀਜ਼ਾਂ ਨੂੰ ਸਮੇਂ ਸਿਰ ਅਤੇ ਬਿਨਾਂ ਕਿਸੇ ਖੱਜਲ-ਖੁਆਰੀ ਦੇ ਮਿਲਣਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਧਰਮਿੰਦਰ ਸਿੰਘ, ਬਲਾਕ ਐਕਸਟੈਨਸ਼ਨ ਐਜੂਕੇਟਰ (255) ਸ਼ੀਨਮ ਅਤੇ ਹਸਪਤਾਲ ਦਾ ਹੋਰ ਸਟਾਫ਼ ਵੀ ਹਾਜ਼ਰ ਸੀ।



## ਲੇਖਕ ਜਸਵੀਰ ਮਹਿਰਾ ਦੇ ਮਾਤਾ ਗੁਰਮੇਲ ਕੌਰ ਦੀ ਅੰਤਿਮ ਅਰਦਾਸ ਭਲਕੇ

**ਚੰਡੀਗੜ੍ਹ (ਸੁਰਜੀਤ ਸੁਮਨ)** ਪਿਛਲੇ ਦਿਨੀਂ ਉੱਘੇ ਲੇਖਕ ਜਸਵੀਰ ਮਹਿਰਾ ਦੇ ਮਾਤਾ ਗੁਰਮੇਲ ਕੌਰ ਦਾ ਦਿਲ ਦਾ ਦੌਰਾ ਪੈਣ ਨਾਲ਼ ਦੇਹਾਂਤ ਹੋ ਗਿਆ ਸੀ। ਉਹ 70 ਸਾਲਾਂ ਦੇ ਸਨ।ਪਰਵਾਰ ਵੱਲੋਂ ਸਾਂਝੀ ਕੀਤੀ ਜਾਣਕਾਰੀ ਅਨੁਸਾਰ 9 ਅਗਸਤ, 2026 ਦਿਨ ਐਤਵਾਰ ਨੂੰ ਦੁਪਹਿਰ 1.00 ਤੋਂ 2.00 ਵਜੇ ਤੱਕ ਉਨ੍ਹਾਂ ਦੇ ਪਿੰਡ ਬੜੌਦੀ, ਬਲਾਕ ਮਾਜਰੀ, ਜ਼ਿਲ੍ਹਾ ਮੋਹਾਲੀ ਵਿਖੇ ਅੰਤਿਮ ਅਰਦਾਸ ਹੋਵੇਗੀ।



## ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤ ਲੈਂਦਾ ਡਰਾਈਵਰ ਰੰਗੇ ਹੱਥੀਂ ਕਾਬੂ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਰਫ਼ਤਾਰ ਟੂਲਸ ਐਂਡ ਟ੍ਰੈਵਲ ਕੰਪਨੀ, ਮੋਹਾਲੀ ਵਿੱਚ ਕੰਮ ਕਰਨ ਵਾਲੇ ਪ੍ਰਾਈਵੇਟ ਡਰਾਈਵਰ ਅਮਨਦੀਪ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕੁਰੂਕਸ਼ੇਤਰ, ਹਰਿਆਣਾ ਦੇ ਇੱਕ ਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਡਰਾਈਵਰ, ਜਿਸਨੇ ਪਹਿਲਾਂ ਸ਼ਿਕਾਇਤਕਰਤਾ ਵਿਰੁੱਧ ਪੁਲਿਸ ਚੌਂਕੀ ਵਿਖੇ ਸ਼ਿਕਾਇਤ ਦਰਜ ਕਰਵਾਈ ਸੀ, ਨੇ ਸ਼ਿਕਾਇਤਕਰਤਾ ਤੋਂ ਰਫ਼ਤਾਰ ਟੂਲਸ ਕੰਪਨੀ ਦੇ ਮਾਲਕ ਨਾਲ ਸਮਝੌਤਾ ਕਰਨ ਬਦਲੇ 60,000 ਰੁਪਏ ਰਿਸ਼ਵਤ ਮੰਗੀ ਸੀ। ਇਸ ਉਪਰੰਤ ਸ਼ਿਕਾਇਤਕਰਤਾ ਵੱਲੋਂ ਬੇਨਤੀ ਕਰਨ 'ਤੇ ਸੌਦਾ 40,000 ਰੁਪਏ ਵਿੱਚ ਤੈਅ ਹੋ ਗਿਆ।

ਰਿਸ਼ਵਤ ਨਾ ਦੇਣ ਦੇ ਇਰਾਦੇ ਨਾਲ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਫਲਾਇੰਗ ਸਕੁਐਡ-1 ਐਸਏਐਸ ਨਗਰ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਡਰਾਈਵਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸੰਬੰਧੀ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਐਸ ਏ ਐਸ ਨਗਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਸਿਲੰਡਰ ਫਟਣ ਨਾਲ ਘਰ ਦਾ ਸਾਰਾ ਸਮਾਨ ਸੜ ਕੇ ਸੁਆਹ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਮੋਰਿੰਡਾ ਨੇੜਲੇ ਪਿੰਡ ਰਤਨਗੜ੍ਹ ਵਿੱਚ ਇੱਕ ਗਰੀਬ ਪਰਵਾਰ 'ਤੇ ਉਸ ਸਮੇਂ ਦੁੱਖਾਂ ਦਾ ਪਹਾੜ ਟੁੱਟ ਪਿਆ ਜਦੋਂ ਘਰ ਵਿੱਚ ਚਾਹ ਬਣਾਉਣ ਦੌਰਾਨ ਅਚਾਨਕ ਗੈਸ ਸਿਲੰਡਰ ਫਟਣ ਕਾਰਨ ਭਿਆਨਕ ਅੱਗ ਲੱਗ ਗਈ। ਇਸ ਹਾਦਸੇ ਵਿੱਚ ਘਰ ਦਾ ਲੱਖਾਂ ਰੁਪਏ ਦਾ ਸਮਾਨ ਸੜ ਕੇ ਸੁਆਹ



ਹੋ ਗਿਆ, ਜਦਕਿ ਪਰਵਾਰ ਵੱਲੋਂ ਧੀ ਦੇ ਵਿਆਹ ਲਈ ਸਾਲਾਂ ਤੋਂ ਜੋੜਿਆ ਸਮਾਨ ਵੀ ਅੱਗ ਦੀ ਭੇਟ ਚੜ੍ਹ ਗਿਆ। ਪੀੜਤ ਕਰਮਜੀਤ ਕੌਰ ਪਤਨੀ ਸੁਰੇਸ਼ ਕੁਮਾਰ ਨੇ ਦੱਸਿਆ ਕਿ ਉਹ ਆਪਣੀ ਧੀ ਗਗਨਪ੍ਰੀਤ ਕੌਰ ਨਾਲ ਦੁਪਹਿਰ ਦੀ ਚਾਹ ਬਣਾਉਣ ਲਈ ਰਸੋਈ ਵਿੱਚ ਗਈ ਸੀ। ਜਿਵੇਂ ਹੀ ਗੈਸ ਸਿਲੰਡਰ ਚਾਲੂ ਕੀਤਾ ਤਾਂ ਅਚਾਨਕ ਜ਼ੋਰਦਾਰ ਧਮਾਕਾ ਹੋਇਆ ਅਤੇ ਪੂਰੇ ਘਰ ਵਿੱਚ ਅੱਗ ਫੈਲ ਗਈ। ਦੇਖਦੇ ਹੀ ਦੇਖਦੇ ਘਰ ਦਾ ਕੀਮਤੀ ਸਮਾਨ ਸੜ ਕੇ ਸੁਆਹ ਹੋ ਗਿਆ। ਉਨ੍ਹਾਂ ਦੱਸਿਆ ਕਿ ਧੀ ਗਗਨਪ੍ਰੀਤ ਕੌਰ ਦੇ ਵਿਆਹ ਲਈ ਥੋੜ੍ਹਾ-ਥੋੜ੍ਹਾ ਕਰਕੇ ਜੋੜਿਆ ਦਾਜ ਦਾ ਸਮਾਨ, ਜਿਸ ਵਿੱਚ ਪੇਟੀਆਂ, ਰਜਾਈਆਂ, ਸੂਟ ਅਤੇ ਹੋਰ ਘਰੇਲੂ ਸਮਾਨ ਸ਼ਾਮਲ ਸੀ, ਪੂਰੀ ਤਰ੍ਹਾਂ ਸੜ ਗਿਆ। ਇਸ ਤੋਂ ਇਲਾਵਾ ਘਰ ਦੀ ਛੱਤ ਨੂੰ ਵੀ ਨੁਕਸਾਨ ਪੁੱਜਿਆ ਅਤੇ ਫਰਿੱਜ ਸਮੇਤ ਹੋਰ ਕਈ ਕੀਮਤੀ ਘਰੇਲੂ ਸਾਮਾਨ ਵੀ ਅੱਗ ਦੀ ਲਪੇਟ ਵਿੱਚ ਆ ਕੇ ਨਸ਼ਟ ਹੋ ਗਿਆ। ਕਰਮਜੀਤ ਕੌਰ ਨੇ ਭਰੇ ਮਨ ਨਾਲ ਦੱਸਿਆ ਕਿ ਉਨ੍ਹਾਂ ਦੀ ਧੀ ਗਗਨਪ੍ਰੀਤ ਕੌਰ, ਜੋ ਇਸ ਸਮੇਂ ਬੀ.ਕਾਮ ਦੇ ਆਖਰੀ ਸਾਲ ਦੀ ਵਿਦਿਆਰਥਣ ਹੈ, ਦੀ ਕਾਲਜ ਫੀਸ ਲਈ ਜੋ ਨਕਦੀ ਇਕੱਠੀ ਕਰਕੇ ਰੱਖੀ ਹੋਈ ਸੀ, ਉਹ ਵੀ ਅੱਗ ਵਿੱਚ ਸੜ ਗਈ।

ਉਨ੍ਹਾਂ ਕਿਹਾ ਕਿ ਘਰ ਵਿੱਚ ਰੱਖੇ ਬੱਚਿਆਂ ਦੇ ਕੱਪੜੇ ਵੀ ਅੱਗ ਵਿੱਚ ਨਸ਼ਟ ਹੋ ਗਏ। ਅੱਗ ਲੱਗਣ ਦੌਰਾਨ ਸਮਾਨ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ ਕਰਮਜੀਤ ਕੌਰ ਦੇ ਪਤੀ ਸੁਰੇਸ਼ ਕੁਮਾਰ ਵੀ ਜ਼ਖ਼ਮੀ ਹੋ ਗਏ। ਉਨ੍ਹਾਂ ਦੇ ਹੱਥਾਂ 'ਤੇ ਅੱਗ ਕਾਰਨ ਛਾਲੇ ਪੈ ਗਏ ਅਤੇ ਹਲਕੀਆਂ ਸੱਟਾਂ ਵੀ ਲੱਗੀਆਂ। ਹਾਦਸੇ ਤੋਂ ਬਾਅਦ ਪਰਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ। ਪੀੜਤ ਪਰਿਵਾਰ ਨੇ ਸਮਾਜ ਸੇਵੀ ਸੰਸਥਾਵਾਂ, ਦਾਨੀ ਸੱਜਣਾਂ ਅਤੇ ਪ੍ਰਸ਼ਾਸਨ ਕੋਲੋਂ ਆਰਥਿਕ ਮਦਦ ਦੀ ਅਪੀਲ ਕਰਦਿਆਂ ਕਿਹਾ ਕਿ ਉਹਨਾਂ ਦੀ ਜ਼ਿੰਦਗੀ ਭਰ ਦੀ ਕਮਾਈ ਕੁਝ ਹੀ ਪਲਾਂ ਵਿੱਚ ਸੜ ਕੇ ਸੁਆਹ ਹੋ ਗਈ ਹੈ। ਹੁਣ ਉਹਨਾਂ ਕੋਲ ਨਾ ਧੀ ਦੇ ਵਿਆਹ ਦਾ ਸਮਾਨ ਬਚਿਆ ਹੈ ਅਤੇ ਨਾ ਹੀ ਪੜ੍ਹਾਈ ਲਈ ਜੋੜੀ ਰਕਮ, ਇਸ ਲਈ ਉਹਨਾਂ ਦੀ ਹਰ ਸੰਭਵ ਮਦਦ ਕੀਤੀ ਜਾਵੇ।

## ਇੰਨੋਸੈਂਟ ਹਾਰਟਸ ਸਕੂਲ 'ਚ ਐਨਟਰਪ੍ਰੀਨਿਓਰਸ਼ਿਪ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)**- ਭਾਰਤੀ ਮੈਨੇਜਮੈਂਟ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਈ ਅਤੇ ਸੰਚਾਲਿਤ 'ਦਿਸ਼ਾ' ਪਹਿਲ ਦੇ ਤਹਿਤ, ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਵਿੱਚ ਜਮਾਤ ਗਿਆਰ੍ਹਵੀਂ ਅਤੇ ਬਾਰ੍ਹਵੀਂ ਦੇ ਉੱਦਮਸ਼ੀਲ ਕਲੱਬ ਦੇ ਵਿਦਿਆਰਥੀਆਂ ਲਈ ਇੱਕ ਪ੍ਰੇਰਣਾਦਾਇਕ



ਸੈਮੀਨਾਰ ਕਰਵਾਇਆ ਗਿਆ। ਇਸ ਸੈਸ਼ਨ ਦਾ ਸੰਚਾਲਨ ਪ੍ਰਸਿੱਧ ਪ੍ਰੇਰਕ ਵਕਤਾ ਅਤੇ ਸਟਾਰਟਅੱਪ ਇਕੋਸਿਸਟਮ ਕੈਟਾਲਿਸਟ ਚਰਨ ਕਮਲ ਨੇ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਦਯਮੀ ਸੋਚ ਵਿਕਸਿਤ ਕਰਨ ਅਤੇ ਆਪਣੇ ਸੁਪਨਿਆਂ ਨੂੰ ਵਿਸ਼ਵਾਸ ਨਾਲ ਪੂਰਾ ਕਰਨ ਲਈ ਪ੍ਰੇਰਿਤ ਕੀਤਾ। ਇੰਟਰਐਕਟਿਵ ਸੈਸ਼ਨ ਦੌਰਾਨ ਚਰਨ ਕਮਲ ਨੇ ਉਦਯਮਿਤਾ ਦੇ 3 ਏ ਬੀ ਸੀ ਬਾਰੇ ਜਾਣੂ ਕਰਵਾਇਆ—1 ਦਾ ਅਰਥ ਸਕਾਰਾਤਮਕ ਰਵੱਈਆ, 2 ਦਾ ਅਰਥ ਵਿਸ਼ਵਾਸ ਰੱਖਣ ਵਾਲਾ ਅਤੇ 3 ਦਾ ਅਰਥ ਵਚਨਬੱਧਤਾ ਹੈ। ਉਨ੍ਹਾਂ ਨੇ ਸਮਝਾਇਆ ਕਿ ਇਹ ਤਿੰਨ ਗੁਣ ਹਰ ਸਫਲ ਉਦਯਮੀ ਦੀ ਮਜ਼ਬੂਤ ਨੀਂਹ ਹੁੰਦੇ ਹਨ। ਉਨ੍ਹਾਂ ਨੇ ਇੱਕ ਨਵੀਂ ਸੋਚ ਸਟਾਰਟਅੱਪ ਦਾ ਵਿਚਾਰ ਵੀ ਸਾਂਝਾ ਕੀਤਾ ਤਾਂ ਜੋ ਵਿਦਿਆਰਥੀ ਸਮਝ ਸਕਣ ਕਿ ਸਧਾਰਣ ਵਿਚਾਰਾਂ ਤੋਂ ਵੀ ਵੱਡੇ ਕਾਰੋਬਾਰਕ ਮੌਕੇ ਪੈਦਾ ਹੋ ਸਕਦੇ ਹਨ। ਸਫਲਤਾ ਦਾ ਅਸਲ ਅਰਥ ਦੱਸਦਿਆਂ ਉਨ੍ਹਾਂ ਕਿਹਾ ਕਿ ਸਫਲ ਵਿਅਕਤੀ ਉਹ ਹੁੰਦਾ ਹੈ ਜੋ ਖੁਸ਼, ਤੰਦਰੁਸਤ ਹੋਵੇ, ਚੰਗੇ ਰਿਸ਼ਤਿਆਂ ਦਾ ਆਨੰਦ ਮਾਣਦਾ ਹੋਵੇ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਹੋਵੇ।ਇਸ ਪ੍ਰੋਗਰਾਮ ਦਾ ਸਫਲ ਸੰਚਾਲਨ ਉੱਦਮਸ਼ੀਲ ਕਲੱਬ ਦੇ ਡੈਲੀਗੇਟਾਂ ਅਤੇ ਐਂਬੈਸਡਰਾਂ ਵੱਲੋਂ ਕੀਤਾ ਗਿਆ। ਧੰਨਵਾਦ ਕਰਦੇ ਹੋਏ ਸਕੂਲ ਦੇ ਪ੍ਰਿੰਸੀਪਲ ਰਾਜੀਵ ਪਾਲੀਵਾਲ, ਵਾਈਸ ਪ੍ਰਿੰਸੀਪਲ ਅਮਿਤ, ਪ੍ਰੋ. ਰਾਹੁਲ ਜੈਨ (ਡਿਪਟੀ ਡਾਇਰੈਕਟਰ, ਸਕੂਲਜ਼ ਐਂਡ ਕਾਲਜਜ਼) ਅਤੇ ਅੰਗਰੇਜ਼ੀ ਵਿਭਾਗ ਦੀ ਮੁਖੀ ਅਤੇ ਗਤੀਵਿਧੀ ਇੰਚਾਰਜ ਅੰਬਿਕਾ ਪਸਰੀਜਾ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ।

## 'ਆਪ' ਯੂਥ ਵਿੰਗ ਭਲਕੇ ਮੋਹਾਲੀ 'ਚ ਕਰਵਾਏਗਾ ਮੈਰਾਥਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ ਪੰਜਾਬ ਯੂਥ ਵਿੰਗ ਨੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਵਾਸਤੇ ਰਾਜ ਪੱਧਰੀ ਮੁਹਿੰਮ ਦਾ ਐਲਾਨ ਕੀਤਾ,



ਜਿਸ ਦੀ ਸ਼ੁਰੂਆਤ 9 ਅਗਸਤ ਨੂੰ ਮੋਹਾਲੀ ਵਿਖੇ ਹੋਣ ਵਾਲੀ 5.5 ਕਿਲੋਮੀਟਰ ਦੀ ਮੈਰਾਥਨ ਨਾਲ ਹੋਵੇਗੀ। ਇਹ ਮੈਰਾਥਨ ਸ੍ਰੀ ਅੰਬ ਸਾਹਿਬ ਗੁਰਦੁਆਰਾ ਤੋਂ ਸ਼ੁਰੂ ਹੋਵੇਗੀ ਅਤੇ ਇਸ ਵਿੱਚ ਪੰਜਾਬ ਭਰ ਤੋਂ ਹਜ਼ਾਰਾਂ ਨੌਜਵਾਨਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਵੀਰਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਪਰਮਿੰਦਰ ਗੋਲਡੀ, 'ਆਪ' ਪੰਜਾਬ ਯੂਥ ਵਿੰਗ ਦੇ ਪ੍ਰਧਾਨ ਤੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਅਤੇ ਯੂਥ ਵਿੰਗ ਦੇ ਮੀਤ ਪ੍ਰਧਾਨ ਵੀਰ ਦਵਿੰਦਰ ਸਿੰਘ ਬੱਲਾਂ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਮਕਸਦ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਅਤੇ 'ਰੰਗਲਾ ਪੰਜਾਬ' ਦੀ ਸਿਰਜਣਾ ਵਿੱਚ ਯੋਗਦਾਨ ਪਾਉਣਾ ਹੈ। ਪਰਮਿੰਦਰ ਗੋਲਡੀ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਮੇਸ਼ਾ ਨੌਜਵਾਨਾਂ ਦੀ ਭਲਾਈ ਅਤੇ ਖੇਡਾਂ ਦੇ ਵਿਕਾਸ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ 3,100 ਤੋਂ ਵੱਧ ਖੇਡ ਮੈਦਾਨ ਵਿਕਸਤ ਕੀਤੇ ਗਏ ਹਨ, ਇੰਡੋਰ ਤੇ ਆਊਟਡੋਰ ਜਿਮ ਸਥਾਪਿਤ ਕੀਤੇ ਗਏ ਹਨ ਅਤੇ ਜਲਦੀ ਹੀ ਪਿੰਡਾਂ ਵਿੱਚ ਖੇਡ ਕਿੱਟਾਂ ਵੀ ਵੰਡੀਆਂ ਜਾਣਗੀਆਂ।

ਉਨ੍ਹਾਂ ਅੱਗੇ ਦੱਸਿਆ ਕਿ ਯੂਥ ਵਿੰਗ ਨੇ ਪੰਜਾਬ ਦੇ ਪਿੰਡਾਂ ਵਿੱਚ 21-ਮੈਂਬਰੀ ਕਲੱਬ ਵੀ ਬਣਾਏ ਹਨ, ਜੋ ਸਰਕਾਰ ਦੀਆਂ ਜਨ-ਹਿਤੈਸ਼ੀ ਨੀਤੀਆਂ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣ ਦਾ ਕੰਮ ਕਰ ਰਹੇ ਹਨ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਬੰਧਕਾਂ ਵੱਲੋਂ ਜਾਰੀ ਆਨਲਾਈਨ ਲਿੰਕ ਰਾਹੀਂ ਰਜਿਸਟ੍ਰੇਸ਼ਨ ਕਰਵਾ ਕੇ ਮੈਰਾਥਨ ਵਿੱਚ ਭਾਗ ਲੈਣ।

## ਸਰਕਾਰੀ ਕਾਲਜ 'ਚ ਨਵੇਂ ਆਏ ਵਿਦਿਆਰਥੀਆਂ ਲਈ ਓਰੀਐਂਨਟੇਸ਼ਨ ਪ੍ਰੋਗਰਾਮ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸਰਕਾਰੀ ਕਾਲਜ ਡੇਰਾਬੱਸੀ ਵਿਖੇ ਵਿਨੀਤਾ ਰਾਓ ਦੀ ਸਰਪ੍ਰਸਤੀ ਹੇਠ ਵਿਦਿਅੱਕ ਸੈਸ਼ਨ 2026-27 ਦੇ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਲਈ ਓਰੀਐਂਨਟੇਸ਼ਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਪ੍ਰੋ. ਅਵਤਾਰ



ਸਿੰਘ ਨੇ ਕਾਲਜ ਦੇ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਦਾ ਸੁਆਗਤ ਕਰਦੇ ਹੋਏ ਕਾਲਜ ਬਾਰੇ ਜਾਣਕਾਰੀ ਦਿੰਦਿਆ ਵਿਦਿਆਰਥੀਆਂ ਨੂੰ ਕਾਲਜ ਵਿੱਚ ਪੜ੍ਹਾਈ ਦੀ ਮਹੱਤਤਾ ਬਾਰੇ ਦੱਸਿਆ।

ਇਸ ਮੌਕੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਸਮੇਂ ਨੂੰ ਕੀਮਤੀ ਸਮਝਦੇ ਹੋਏ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਵੱਲ ਪੂਰਾ ਧਿਆਨ ਦੇਣਾ ਚਾਹੀਦਾ ਹੈ ਅਤੇ ਉਹ ਪੜ੍ਹਾਈ ਦੇ ਨਾਲ-ਨਾਲ ਕਾਲਜ ਵਿੱਚ ਹੁੰਦੀਆਂ ਗਤੀਵਿਧੀਆਂ ਵਿੱਚ ਵੀ ਭਾਗ ਲੈਣ ਤਾਂ ਜੋ ਉਹਨਾਂ ਦਾ ਸਰਵਪੱਖੀ ਵਿਕਾਸ ਹੋ ਸਕੇ। ਇਸ ਤੋਂ ਬਾਅਦ ਵਾਈਸ ਪ੍ਰਿੰਸੀਪਲ ਪ੍ਰੋ. ਰਾਜਬੀਰ ਕੌਰ ਨੇ ਨਵੀਂ ਸਿੱਖਿਆ ਨੀਤੀ 2020 ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਾਲਜ ਵਿੱਚ ਚੱਲ ਰਹੇ ਵੱਖ-ਵੱਖ ਕਲੱਬਾਂ ਬਾਰੇ ਜਾਣਕਾਰੀ ਦਿੱਤੀ। ਰਜਿਸਟਰਾਰ ਮੈਡਮ ਪ੍ਰੋ. ਸਵਿਤਾ ਗੁਪਤਾ ਨੇ ਕਾਲਜ ਵਿੱਚ ਹੋਣ ਵਾਲੀਆਂ ਸਮੈਸਟਰ ਪ੍ਰੀਖਿਆ ਬਾਰੇ ਜਾਣਕਾਰੀ ਦਿੰਦੇ ਹੋਏ ਉਹਨਾਂ ਨੂੰ ਪ੍ਰੀਖਿਆਵਾਂ ਦੇ ਦੌਰਾਨ ਲਾਗੂ ਹੋਣ ਵਾਲੇ ਨਿਯਮਾਂ ਬਾਰੇ ਦੱਸਿਆ। ਅੰਗ੍ਰੇਜ਼ੀ ਵਿਭਾਗ ਦੇ ਡਾ. ਨਵਦੀਪ ਕਹੌਲ ਨੇ ਐਸ.ਸੀ.ਅਤੇ ਆਰਥਿਕ ਕਮਜ਼ੋਰ ਵਿਦਿਆਰਥੀਆਂ ਲਈ ਵੱਖ-ਵੱਖ ਸਕਾਲਰਸ਼ਿਪ ਦੀਆਂ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਲਾਇਬ੍ਰੇਰੀਅਨ ਭੁਪਿੰਦਰ ਕੌਰ ਨੇ ਲਾਇਬ੍ਰੇਰੀ ਲਈ ਕੁਝ ਨਿਯਮ ਅਤੇ ਕਾਇਦੇ ਸਾਂਝੇ ਕੀਤੇ। ਐੱਨ ਸੀ ਸੀ ਇੰਚਾਰਜ ਪ੍ਰੋ. ਅਵਤਾਰ ਸਿੰਘ ਨੇ ਕਾਲਜ ਵਿੱਚ ਚੱਲ ਰਹੀ ਐਨ ਸੀ ਸੀ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਸਭਿਆਚਾਰਕ ਗਤੀਵਿਧੀਆਂ ਦੇ ਕੋ-ਕਨਵੀਨਰ ਪ੍ਰੋ. ਬੋਮਿੰਦਰ ਕੌਰ ਨੇ ਕਾਲਜ ਵਿੱਚ ਹੋਣ ਵਾਲੀਆਂ ਸਭਿਆਚਾਰਕ ਗਤੀਵਿਧੀਆਂ ਪ੍ਰਤਿਭਾ ਖੋਜ ਮੁਕਾਬਲੇ ਅਤੇ ਯੂਨੀਵਰਸਿਟੀਆਂ ਤੇ ਅੰਤਰ ਰਾਸ਼ਟਰੀ ਪੱਧਰ ਤੇ ਹੋਣ ਵਾਲੇ ਯੁਵਕ ਲੋਕ ਮੇਲਿਆਂ ਸਬੰਧੀ ਜਾਣਕਾਰੀ ਦਿੱਤੀ।

## ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਭਲਕੇ ਮਨਾਇਆ ਜਾਵੇਗਾ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਅਠਵੇਂ ਪਾਤਸ਼ਾਹ ਬਾਲਾ ਪ੍ਰੀਤਮ ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਪੁਰਬ 9 ਅਗਸਤ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਇਸ ਧਾਰਮਿਕ ਸਮਾਗਮ ਵਿੱਚ ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ, ਭਾਈ ਮਲਕੀਤ ਸਿੰਘ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਰਵਿੰਦਰ ਸਿੰਘ ਕਰਨਾਲ ਵਾਲੇ, ਮਿੱਤਰ ਪਿਆਰੇ ਨੂੰ ਕਵੀਸ਼ਰੀ ਜੱਥਾ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਭਾਈ ਲੱਖਵਿੰਦਰ ਸਿੰਘ ਅੰਮ੍ਰਿਤਸਰ ਵਾਲੇ, ਸ਼੍ਰੋਮਣੀ ਪ੍ਰਚਾਰਕ ਭਾਈ ਅਮਰੀਕ ਸਿੰਘ ਸ਼ਾਹਬਾਦ ਮਾਰਕੰਡੇ ਵਾਲੇ, ਭਾਈ ਗੁਰਸੇਵਕ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਲੁਧਿਆਣਾ, ਭਾਈ ਜਤਿੰਦਰ ਸਿੰਘ ਦਮਦਮੀ ਟਕਸਾਲ ਵਾਲੇ ਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਹਰਜੱਸ ਸੁਨਾ ਕੇ ਨਿਹਾਲ ਕਰਨਗੇ। ਗੁਰੂ ਕਾ ਲਗਰ ਅਤੁੱਟ ਵਰਤਾਇਆ ਜਾਵੇਗਾ।

## ਚਰਨਜੀਤ ਸਿੰਘ ਸ਼ੇਰੀ ਵਲੋਂ ਅਹੁਦਾ ਸੰਭਾਲਣ ਤੇ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕਰਵਾਏ

**ਆਦਮਪੁਰ (ਪਰਮਜੀਤ ਸਿੰਘ)**- ਚਰਨਜੀਤ ਸਿੰਘ ਸ਼ੇਰੀ ਵਲੋਂ ਨਗਰ ਕੌਂਸਲ ਆਦਮਪੁਰ ਦਾ ਪ੍ਰਧਾਨਗੀ ਦਾ ਰਸਮੀ ਤੌਰ 'ਤੇ ਅਹੁਦਾ ਸੰਭਾਲਣ ਤੋਂ ਪਹਿਲਾਂ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਨਗਰ ਕੌਂਸਲ ਦੇ ਦਫਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ। ਇਸ ਸਮਾਗਮ ਵਿੱਚ ਸਮੂਹ ਸ਼ਹਿਰ ਨਿਵਾਸੀਆਂ, ਕੌਂਸਲਰਾਂ ਅਤੇ ਵੱਡੀ ਗਿਣਤੀ



ਵਿਚ ਪਾਰਟੀ ਦੇ ਆਗੂਆਂ ਸਾਮਿਲ ਹੋਏ।ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਉਪਰੰਤ ਭਾਈ ਕੁਲਵੰਤ ਸਿੰਘ ਦੇ ਰਾਗੀ ਜੱਥੇ ਵੱਲੋਂ ਰਸਭਿੰਨਾ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਸਮਾਗਮ ਵਿੱਚ ਹਲਕਾ ਇੰਚਾਰਜ ਪਵਨ ਟੀਨੂੰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪਵਨ ਟੀਨੂੰ ਅਤੇ ਪ੍ਰਧਾਨ ਚਰਨਜੀਤ ਸ਼ੇਰੀ ਨੇ ਸ਼ਹਿਰ ਵਾਸੀਆਂ ਵੱਲੋਂ ਮਿਲੇ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ। ਟੀਨੂੰ ਕਿਹਾ ਕਿ ਸ਼ਹਿਰ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਵਿਕਾਸ ਕਾਰਜ ਕਰਵਾਏ ਜਾਣਗੇ ਅਤੇ ਸ਼ਹਿਰ ਦੀਆਂ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਨਵੇਂ ਚੁਣੇ ਪ੍ਰਧਾਨ ਚਰਨਜੀਤ ਸ਼ੇਰੀ ਨੇ ਕਿਹਾ, ਮੈਂ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਾ ਹਾਂ ਅਤੇ ਸਹਿਰ ਵਾਸੀਆਂ ਦਾ ਤਹਿ ਦਿਲੋਂ ਧੰਨਵਾਦੀ ਹਾਂ। ਸਮਾਗਮ ਦੇ ਅੰਤ ਵਿੱਚ ਕੌਂਸਲਰ ਪਵਿੱਤਰ ਸਿੰਘ ਵੱਲੋਂ ਪਵਨ ਟੀਨੂੰ, ਗੁਰਚਰਨ ਸਿੰਘ ਚੰਨੀ, ਚਰਨਜੀਤ ਸਿੰਘ ਸੈਣੀ ਐਡਵੋਕੇਟ ਵਾਈਸ ਚੇਅਰਮੈਨ ਜ਼ਿਲਾ ਪ੍ਰੀਸ਼ਦ ਅਮਿਤ ਅਰੋੜਾ ਚੇਅਰਮੈਨ, ਜਸ ਦਿਆਲ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਰਾਜ ਕੁਮਾਰ ਰਾਜਾ ਪ੍ਰਧਾਨ ਨਗਰ ਕੌਂਸਲ ਭੋਗਪੁਰ ਦਾ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇਲਾਲ ਵਿਸ਼ਵਾਸ ਬੈਂਸ ਐਸ ਡੀ ਐਮ ਆਦਮਪੁਰ,ਦਲਜੀਤ ਸਿੰਘ ਮਿਨਹਾਸ ਚੇਅਰਮੈਨ ਬਲਾਕ ਸੰਮਤੀ, ਹਰਵਿੰਦਰ ਸਿੰਘ ਬਿੰਦਾ ਵਾਈਸ ਪ੍ਰਧਾਨ ਨਗਰ ਕੌਂਸਲ, ਕੰਨੂ ਵਾਈਸ ਪ੍ਰਧਾਨ, ਪਵਿੱਤਰ ਸਿੰਘ,ਦਵਿੰਦਰ ਸਿੰਘ ਸੂਰੀ,ਅਮਰੀਕ ਸਿੰਘ,,ਜੋਗਿੰਦਰ ਪਾਲ ਸਿੰਘ, ਸੁਮਿਤਰਾ ਦੇਵੀ, ਰੀਨਾ ਅਗਰਵਾਲ, ਆਸ਼ਾ ਰਾਣੀ, ਬਿਕਰਮ ਬੰਧਣ, ਸਮੂਹ ਕੌਂਸਲਰ ਹਾਜ਼ਰ ਸਨ। ਹਰਕੀਤ ਸਿੰਘ ਨਿੱਝਰ, ਜੋਗੀ ਗਾਂਧੀ,ਪਰਮਜੀਤ ਪੰਮਾ ਸੰਗਠਨ ਇੰਚਾਰਜ, ਸੰਨੀ ਢਿੱਲੋਂ, ਲਖਬੀਰ ਸਿੰਘ ਸਾਰੋਵਾਲ, ਸਰਬਜੀਤ ਹੈਪੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਰਮਜੀਤ ਪੰਪੀ, ਜਸਬੀਰ ਸਿੰਘ ਪ੍ਰਧਾਨ, ਮੋਹਣ ਲਾਲ ਸੰਮਤੀ ਮੈਂਬਰ, ਬਾਬਾ ਮਨਮੋਹਣ ਸਿੰਘ, ਰਾਜ ਕੁਮਾਰ ਪਾਲ, ਸਤਪਾਲ ਬਜਾਜ,ਹਨੀ ਭੱਟੀ ਬਲਾਕ ਪ੍ਰਧਾਨ, ਸੁਖਵਿੰਦਰ ਬੱਲਾ, ਰਕੇਸ਼ ਅਗਰਵਾਲ ਆਪ ਆਗੂ, ਅਮਰਜੀਤ ਸਿੰਘ ਭੋਗਪੁਰੀਆ, ਹਰਭਜਨ ਸਿੰਘ ਗਾਜੀਪੁਰ, ਮੋਹਨ ਲਾਲ ਨਿੱਕੂ, ਮਨਜੀਤ ਸਿੰਘ ਬਲਾਕ ਪ੍ਰਧਾਨ, ਰਾਮਜੀਤ ਈਓ. ਵਿਜੇ ਯਾਦਵ,ਅਮਰੀਕ ਸਿੰਘ ਸਾਬੀ, ਬਲਵੀਰ ਗਿਰੀ, ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਵੀ ਹਾਜ਼ਰ ਸਨ।

## ਖਾਲਸਾ ਗਰਲਜ਼ ਕਾਲਜ ਦੀ ਕੰਟੀਨ 'ਚ ਚੋਰੀ, ਹਜ਼ਾਰਾਂ ਰੁਪਏ ਦਾ ਨੁਕਸਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸ਼ਹਿਰ ਦੇ ਵਿਚਕਾਰ ਸਥਿਤ ਬਾਬਾ ਜੋਰਾਵਰ ਸਿੰਘ-ਬਾਬਾ ਫਤਿਹ ਸਿੰਘ ਖਾਲਸਾ ਗਰਲਜ ਕਾਲਜ ਦੀ ਕੰਟੀਨ ਵਿੱਚ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਕਾਲਜ ਵਿੱਚ ਚੌਂਕੀਦਾਰ ਦੀ ਮੌਜੂਦਗੀ ਦੇ ਬਾਵਜੂਦ ਚੋਰ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੀ ਠੇਕੇ ਤੇ ਚਲਾ ਰਹੇ ਕੰਟੀਨ ਸੰਚਾਲਕ ਜਸਵੀਰ ਸਿੰਘ ਨੇ ਦੱਸਿਆ ਕਿ ਸਵੇਰੇ ਜਦੋਂ ਉਹ ਰੋਜ਼ਾਨਾ ਦੀ ਤਰ੍ਹਾਂ ਕੰਟੀਨ



ਖੋਲ੍ਹਣ ਲਈ ਪਹੁੰਚੇ ਤਾਂ ਅੰਦਰ ਦਾ ਸਾਰਾ ਸਮਾਨ ਖਿਲਰਿਆ ਪਿਆ ਸੀ। ਜਦੋਂ ਉਨ੍ਹਾਂ ਨੇ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਕੰਟੀਨ ਵਿੱਚੋਂ ਕਰੀਬ 35 ਤੋਂ 40 ਹਜ਼ਾਰ ਰੁਪਏ ਦਾ ਸਮਾਨ ਅਤੇ ਉੱਥੇ ਰੱਖੀ ਨਕਦੀ ਗਾਇਬ ਸੀ। ਜਸਵੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇਹ ਨਕਦੀ ਕਾਲਜ ਨੂੰ ਕੰਟੀਨ ਦੇ ਠੇਕੇ ਦੀ ਰਕਮ ਅਦਾ ਕਰਨ ਲਈ ਇਕੱਠੀ ਕਰਕੇ ਰੱਖੀ ਹੋਈ ਸੀ, ਪਰ ਚੋਰ ਉਸ ਨੂੰ ਵੀ ਆਪਣੇ ਨਾਲ ਲੈ ਗਿਆ। ਉਨ੍ਹਾਂ ਦੱਸਿਆ ਕਿ ਜਦੋਂ ਕਾਲਜ ਵਿੱਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਗਈ ਤਾਂ ਸਵੇਰੇ ਕਰੀਬ 4 ਵਜੇ ਇੱਕ ਸ਼ੱਕੀ ਵਿਅਕਤੀ ਕੰਟੀਨ ਦੇ ਅੰਦਰ ਘੁੰਮਦਾ ਹੋਇਆ ਦਿਖਾਈ ਦਿੱਤਾ। ਫੁਟੇਜ ਵਿੱਚ ਉਹ ਕੰਟੀਨ ਦੀ ਖਿੜਕੀ ਰਾਹੀਂ ਬਾਹਰ ਨਿਕਲਦਾ ਵੀ ਨਜ਼ਰ ਆ ਰਿਹਾ ਹੈ। ਘਟਨਾ ਦੀ ਸੂਚਨਾ ਤੁਰੰਤ ਪੁਲਸ ਨੂੰ ਦੇ ਦਿੱਤੀ ਗਈ ਹੈ। ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਸੀ ਸੀ ਟੀ ਵੀ ਫੁਟੇਜ ਦੇ ਆਧਾਰ 'ਤੇ ਸ਼ੱਕੀ ਵਿਅਕਤੀ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਘਟਨਾ ਤੋਂ ਬਾਅਦ ਇਲਾਕੇ ਦੇ ਲੋਕਾਂ ਅਤੇ ਕਾਲਜ ਪ੍ਰਬੰਧਕਾਂ ਵਿੱਚ ਚਿੰਤਾ ਦਾ ਮਾਹੌਲ ਹੈ।

## ਅਜਨੋਹਾ ਸਕੂਲ ਵਿਖੇ ਨਸ਼ਾ ਰੋਕਣ ਸੰਬੰਧੀ ਸੈਮੀਨਾਰ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਵਿਖੇ ਕਿੱਕ ਡਰੱਗ ਆਸਟ੍ਰੇਲੀਆ ਐਨ.ਜੀ.ਓ ਵਲੋਂ ਨਸ਼ਾ ਰੋਕਣ ਸਬੰਧੀ ਸਕੂਲ ਦੇ ਵਿਦਿਆਰਥੀਆਂ ਲਈ 'ਨਸ਼ੇ ਦੇ ਮਾੜੇ ਅਸਰ' ਸੰਬੰਧੀ ਇੱਕ ਸੈਮੀਨਾਰ ਰਿਸੋਰਸ ਪਰਸਨ ਦੀਪਕ ਆਨੰਦ ਦੀ ਅਗਵਾਈ ਵਿੱਚ ਲਗਾਇਆ ਗਿਆ।ਰਿਸੋਰਸ ਪਰਸਨ ਦੀਪਕ ਆਨੰਦ ਵਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ੇ ਦੀ ਲਤ ਦੇ ਕਾਰਨਾਂ,





ਨਸ਼ੇ ਦੀ ਲਤ ਲੱਗਣ ਨਾਲ ਹੋਣ ਵਾਲੇ ਮਾੜੇ ਪ੍ਰਭਾਵਾਂ ਅਤੇ ਨਸ਼ੇ ਤੋਂ ਛੁਟਕਾਰਾ ਕਿਵੇਂ ਪਾਈਏ ਆਦਿ ਸੰਬੰਧੀ ਵਿਚਾਰ ਚਰਚਾ ਕੀਤੀ ਗਈ।ਕਿੱਕ ਡਰੱਗ ਆਸਟ੍ਰੇਲੀਆ ਐਨ.ਜੀ.ਓ ਵਲੋਂ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਨੂੰ ਦਰਸਾਉਂਦੀ ਹੋਈ ਇੱਕ ਵੀਡੀਓ ਵੀ ਦਿਖਾਈ ਗਈ।ਇਸ ਸੈਮੀਨਾਰ ਮੌਕੇ ਵਿਦਿਆਰਥੀਆਂ ਤੋਂ ਭਾਸ਼ਣ ਮੁਕਾਬਲਾ ਵੀ ਕਰਵਾਇਆ ਗਿਆ ਅਤੇ ਵਧੀਆ ਭਾਸ਼ਣ ਲਈ ਅੰਮ੍ਰਿਤਾ, ਗੌਰਵ ਜਸਵਾਲ ਅਤੇ ਜਸਕੀਰਤ ਸਿੰਘ ਨੂੰ ਇੱਕ ਯਾਦਗਾਰੀ ਚਿੰਨ੍ਹ ਨਾਲ ਸਨਮਾਨਤ ਵੀ ਕੀਤਾ ਗਿਆ।ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ ਨੇ ਉਪਰੋਕਤ ਸੰਸਥਾ ਅਤੇ ਰਿਸੋਰਸ ਪਰਸਨ ਦੀਪਕ ਆਨੰਦ ਦਾ ਧੰਨਵਾਦ ਕੀਤਾ।ਇਸ ਮੌਕੇ ਜਤਿੰਦਰ ਸਿੰਘ, ਸਰਬਜੀਤ ਕੌਰ, ਸਤਨਾਮ ਕੁਮਾਰ, ਰਾਜਵਿੰਦਰ ਕੌਰ, ਨਰਿੰਦਰ ਅਜਨੋਹਾ, ਲਵਦੀਪ ਕੌਰ, ਧਰਮਿੰਦਰ ਸਿੰਘ, ਹਾਫਿਜ਼, ਅਬਿਨਾਸ਼ ਕੌਰ, ਅਮਨਪ੍ਰੀਤ ਕੌਰ, ਅਮਨਜੀਤ ਕੌਰ, ਦੀਪਕ ਕੁਮਾਰ, ਕੁਲਵਿੰਦਰ ਸਿੰਘ, ਰਜੇਸ਼ ਕੁਮਾਰ, ਆਰਤੀ ਥਾਪਰ, ਹਰਭਜਨ ਸਿੰਘ ਅਤੇ ਵਿਦਿਆਰਥੀ ਹਾਜ਼ਰ ਸਨ।

## ਆਰ ਕੇ ਆਰੀਆ ਕਾਲਜ ਵਿਖੇ ਕਾਲਜ ਦਾ ਸਾਲਾਨਾ ਮੈਗਜ਼ੀਨ ਰਿਲੀਜ਼

**ਨਵਾਂਸ਼ਹਿਰ (ਮਨੋਜ ਲਾਡੀ)**- ਆਰ ਕੇ ਆਰੀਆ ਕਾਲਜ ਵਿਖੇ ਪ੍ਰਿੰ. ਡਾ. ਪੁਨੀਤ ਅਨੇਜਾ ਦੀ ਅਗਵਾਈ ਹੇਠ ਕਾਲਜ ਦਾ ਸਲਾਨਾ ਮੈਗਜ਼ੀਨ ਨੀਰਜ ਰਿਲੀਜ਼ ਕੀਤਾ। ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂ ਕਾਲਜ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਵਿਨੋਦ ਭਾਰਦਵਾਜ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਾਹਿਤਕ ਅਤੇ ਰਚਨਾਤਮਕ ਗਤੀਵਿਧੀਆਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਨੇ ਕਿਹਾ ਕਿ ਕਾਲਜ ਮੈਗਜ਼ੀਨ ਨੀਰਜਾ ਵਿਦਿਆਰਥੀਆਂ ਦੀ ਲੁਕੀ ਪ੍ਰਤਿਭਾ ਨੂੰ ਉਭਾਰਨ ਦਾ ਵਧੀਆ ਸਾਧਨ ਹੈ। ਮੈਗਜ਼ੀਨ ਦੇ ਮੁੱਖ ਸੰਪਾਦਕ ਡਾ. ਸੰਜੀਵ ਡਾਵਰ ਨੇ ਇਸ ਮੈਗਜ਼ੀਨ ਵਿਚ ਕਾਲਜ ਦੇ ਅਲੱਗ-ਅਲੱਗ ਵਿਭਾਗਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਖ-ਵੱਖ ਖੇਤਰਾਂ ਨੂੰ ਛੁੰਹਦੇ ਹੋਏ ਕਵਿਤਾ, ਲੇਖ, ਕਹਾਣੀ ਆਦਿ ਸਮਾਜਿਕ, ਆਰਥਿਕ, ਅਤੇ ਰਾਜਨੀਤਿਕ ਵਰਤਾਰੇ ਨੂੰ ਪੇਸ਼ ਕਰਦੇ ਹੋਏ ਆਪਣੇ ਵਿਚਾਰਾਂ ਨੂੰ ਸ਼ਬਦਾਂ ਦਾ ਰੂਪ ਦਿੱਤਾ ਹੈ। ਅੰਤ ਵਿਚ ਮੈਗਜ਼ੀਨ ਨੂੰ ਰਿਲੀਜ਼ ਕੀਤਾ ਅਤੇ ਸਾਰੀ ਟੀਮ ਨੂੰ ਵਧਾਈ ਦਿੱਤੀ। ਮੈਗਜ਼ੀਨ ਵਿਚਲੇ ਵੱਖ-ਵੱਖ ਸੈਕਸ਼ਨਾਂ ਦੇ ਸੰਪਾਦਕ ਜਿਵੇਂ ਡਾ ਸੰਜੀਵ ਡਾਵਰ ਸੰਪਾਦਕ ਹਿੰਦੀ ਸੈਕਸ਼ਨ, ਡਾ. ਵਿਨੇ ਸੋਫਤ ਸੰਪਾਦਕ ਸੋਸ਼ਲ ਸਾਇੰਸ, ਪ੍ਰੋ ਮਨੀਸ਼ ਮਾਨਕ ਸੰਪਾਦਕ ਸਾਇੰਸ ਸੈਕਸ਼ਨ, ਡਾ. ਅੰਬਿਕਾ ਸ਼ਰਮਾ ਸੰਪਾਦਕ ਅੰਗਰੇਜ਼ੀ ਸੈਕਸਨ, ਪ੍ਰੋ, ਨਿਰਦੇਸ਼ ਚੋਧਰੀ ਸੰਪਾਦਕ ਕੰਪਿਊਟਰ ਸਾਇੰਸ ਸੈਕਸ਼ਨ, ਡਾ. ਜਸਵੀਰ ਸਿੰਘ ਸੰਪਾਦਕ ਪੰਜਾਬੀ ਸੈਕਸ਼ਨ, ਡਾ. ਨੀਰਜ ਸੱਦੀ ਸੰਪਾਦਕ ਕਮਰਸ ਸੈਕਸ਼ਨ ਹਾਜ਼ਰ ਸਨ।ਇਸ ਮੌਕੇ ਸੁਸ਼ੀਲ ਪੁਰੀ, ਐਸ ਕੇ ਬਰੂਟਾ, ਵਰਿੰਦਰ ਸਰੀਨ, ਜੀਆ ਲਾਲ, ਅਕਸੇ ਤੇਜਪਾਲ, ਰਜਨੀਸ਼ ਗੁਪਤਾ, ਡਾ ਵੀ ਕੇ ਅਰੋੜਾ, ਪ੍ਰਵੀਨ ਸਰੀਨ, ਪ੍ਰੋ ਮਰਿਦੁਲਾ ਕਾਲੀਆ, ਪ੍ਰੋ. ਕੇਵਲ ਕ੍ਰਿਸ਼ਨ, ਪ੍ਰੋ ਨਵਦੀਪ ਕੌਰ, ਪ੍ਰੋ. ਰੋਬਿਨ ਕੁਮਾਰ, ਡਾ. ਵਿਸ਼ਾਲ ਪਾਠਕ, ਡਾ ਜਸਪ੍ਰੀਤ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ ਸੁਰਜੀਤ ਕੌਰ, ਡਾ ਰਜਿੰਦਰ ਗੁਪਤਾ, ਪ੍ਰੋ ਨੀਰਜ ਕਟਾਰੀਆ, ਸ੍ਰੀਕਾਂਤ ਪਾਠਕ ਆਦਿ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਹਾਜ਼ਰ ਸਨ।

## ਲਿਵਰ ਦੀਆਂ ਬਿਮਾਰੀਆਂ ਤੇ ਬਚਾਅ ਪ੍ਰਤੀ ਕੀਤਾ ਜਾਗਰੂਕ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾਕਟਰ ਮਨਦੀਪ ਕਮਲ ਦੀ ਯੋਗ ਅਗਵਾਈ ਹੇਠ ਵਿਸ਼ਵ ਹੈਪੇਟਾਈਟਿਸ ਦਿਵਸ ਦੇ ਮੌਕੇ 'ਤੇ ਕਮਿਊਨਿਟੀ ਹੈਲਥ ਸੈਂਟਰ, ਬਲਾਕ ਹਾਰਟਾ ਬੱਡਲਾ ਅਧੀਨ ਆਉਂਦੇ ਵੱਖ ਵੱਖ ਸਿਹਤ ਕੇਂਦਰਾਂ ਵਿਖੇ ਲੋਕਾਂ ਨੂੰ ਹੈਪੇਟਾਈਟਿਸ ਬਿਮਾਰੀ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਇਸ



ਦੌਰਾਨ ਸਿਹਤ ਕਰਮਚਾਰੀਆਂ ਵੱਲੋਂ ਆਮ ਲੋਕਾਂ ਨੂੰ ਹੈਪੇਟਾਈਟਿਸ ਦੇ ਕਾਰਨਾਂ, ਲੱਛਣਾਂ, ਬਚਾਅ ਦੇ ਉਪਾਵਾਂ, ਸਮੇਂ ਸਿਰ ਜਾਂਚ ਅਤੇ ਇਲਾਜ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਿਹਤ ਵਿਭਾਗ ਵੱਲੋਂ ਹੈਪੇਟਾਈਟਿਸ ਦੇ ਖ਼ਾਤਮੇ ਲਈ ਲੋਕਾਂ ਨੂੰ ਆਪਣਾ ਯੋਗਦਾਨ ਪਾਉਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦੀ ਅਪੀਲ ਵੀ ਕੀਤੀ ਗਈ।ਇਸ ਮੌਕੇ ਸੀ.ਐਚ.ਸੀ ਦੇ ਇੰਚਾਰਜ ਡਾ.ਮਨਪ੍ਰੀਤ ਸਿੰਘ ਬੈਂਸ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਹੈਪੇਟਾਈਟਿਸ ਇੱਕ ਗੰਭੀਰ ਜਿਗਰ (ਲਿਵਰ) ਨਾਲ ਸੰਬੰਧਿਤ ਬਿਮਾਰੀ ਹੈ, ਜਿਸ ਦੀ ਸਮੇਂ ਸਿਰ ਪਛਾਣ ਅਤੇ ਇਲਾਜ ਨਾਲ ਗੰਭੀਰ ਪੇਚੀਦਗੀਆਂ ਤੋਂ ਬਚਿਆ ਜਾ ਸਕਦਾ ਹੈ। ਅੱਖਾਂ ਅਤੇ ਚਮੜੀ ਦਾ ਪੀਲਾ ਹੋਣਾ (ਪੀਲੀਆ), ਬਹੁਤ ਜ਼ਿਆਦਾ ਥਕਾਵਟ, ਭੁੱਖ ਨਾ ਲੱਗਣਾ, ਪੇਟ ਵਿੱਚ ਦਰਦ, ਉਲਟੀ/ਜੀ ਮਤਲਾਉਣਾ ਅਤੇ ਗੂੜ੍ਹੇ ਰੰਗ ਦਾ ਪਿਸ਼ਾਬ ਆਉਣਾ ਆਦਿ ਹੈਪੇਟਾਈਟਿਸ ਦੇ ਮੁੱਖ ਲੱਛਣ ਹਨ। ਉਨਾਂ ਦੱਸਿਆ ਕਿ ਨੈਸ਼ਨਲ ਵਾਇਰਲ ਹੈਪੇਟਾਈਟਸ ਕੰਟਰੋਲ ਪ੍ਰੋਗਰਾਮ ਦੇ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਹੈਪੇਟਾਈਟਸ-ਬੀ ਅਤੇ ਹੈਪੇਟਾਈਟਸ-ਸੀ ਦੀ ਜਾਂਚ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਕਿਸੇ ਵੀ ਤਰ੍ਹਾਂ ਦੇ ਸ਼ੱਕ ਦੀ ਸਥਿਤੀ ਵਿੱਚ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਵਿੱਚ ਜਾ ਕੇ ਮੁਫ਼ਤ ਸਲਾਹ ਅਤੇ ਲੋੜ ਅਨੁਸਾਰ ਜਾਂਚ ਕਰਵਾਉਣੀ ਚਾਹੀਦੀ ਹੈ।ਸਿਹਤ ਵਿਭਾਗ ਨੇ ਸਮੂਹ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੈਪੇਟਾਈਟਿਸ ਬਾਰੇ ਜਾਗਰੂਕ ਹੋਣ, ਅਫ਼ਵਾਹਾਂ ਤੋਂ ਦੂਰ ਰਹਿਣ, ਸਮੇਂ ਸਿਰ ਜਾਂਚ ਕਰਵਾਉਣ ਅਤੇ ਲੋੜ ਅਨੁਸਾਰ ਇਲਾਜ ਲੈ ਕੇ ਆਪਣੇ ਨਾਲ-ਨਾਲ ਆਪਣੇ ਪਰਿਵਾਰ ਅਤੇ ਸਮਾਜ ਨੂੰ ਵੀ ਇਸ ਗੰਭੀਰ ਬਿਮਾਰੀ ਤੋਂ ਸੁਰੱਖਿਅਤ ਰੱਖਣ ਅਤੇ ਇਸ ਦੀ ਕੜੀ ਨੂੰ ਤੋੜਨ ਵਿੱਚ ਆਪਣਾ ਯੋਗਦਾਨ ਪਾਉਣ।

## ਕੈਂਸਰ ਅਵੇਅਰਨੈੱਸ ਟਰੱਸਟ ਵੱਲੋਂ 'ਦਰੱਖਤਾਂ ਦਾ ਲੰਗਰ' ਮੁਹਿੰਮ ਦੀ ਸ਼ੁਰੂਆਤ

**ਅੱਡਾ ਸਰਾਂ (ਜਸਵੀਰ ਕਾਜਲ)**- ਕੈਂਸਰ ਅਵੇਅਰਨੈੱਸ ਟਰੱਸਟ ਦੇ 15ਵੇਂ ਸਥਾਪਨਾ ਦਿਵਸ ਮੌਕੇ ਟਰੱਸਟ ਵੱਲੋਂ 7 ਦਿਨਾ 'ਦਰੱਖਤਾਂ ਦਾ ਲੰਗਰ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਵਿਲੱਖਣ ਉਪਰਾਲੇ ਦਾ ਮੰਤਵ ਵਾਤਾਵਰਣ ਦੀ ਸੰਭਾਲ, ਹਰਿਆਲੀ ਨੂੰ ਪ੍ਰਫੁੱਲਤ ਕਰਨਾ ਅਤੇ ਲੋਕਾਂ ਨੂੰ ਪੌਦੇ ਲਗਾਉਣ ਲਈ ਪ੍ਰੇਰਿਤ ਕਰਨਾ ਹੈ। ਇਸ ਮੁਹਿੰਮ





ਤਹਿਤ ਛਾਂਦਾਰ ਅਤੇ ਫਲਦਾਰ ਪੌਦੇ ਮੁਫ਼ਤ ਵੰਡੇ ਜਾ ਰਹੇ ਹਨ ਤਾਂ ਜੋ ਹਰ ਘਰ ਅਤੇ ਹਰ ਪਿੰਡ ਹਰਿਆ-ਭਰਿਆ ਬਣ ਸਕੇ। ਇਹ ਮੁਹਿੰਮ ਕੈਂਸਰ ਅਵੇਅਰਨੈੱਸ ਟਰੱਸਟ ਦੇ ਪ੍ਰਧਾਨ ਮਨਜਿੰਦਰ ਸਿੰਘ ਸੈਣੀ (ਗੋਲਡੀ) ਦੀ ਅਗਵਾਈ ਹੇਠ ਚਲਾਈ ਜਾ ਰਹੀ ਹੈ। ਟਰੱਸਟ ਵੱਲੋਂ ਤਾਹਲੀ, ਨੀਮ, ਕਚਨਾਰ, ਸਿਲਵਰ ਓਕ, ਅਰਜੁਨ, ਕਿੱਕਰ, ਟੈਕੋਮਾ, ਅਮਲਤਾਸ, ਗੁਲਾਬੀ ਟਰੰਪੇਟ ਅਤੇ ਸਦਾਬਹਾਰ ਵਰਗੇ ਛਾਂਦਾਰ ਪੌਦਿਆਂ ਦੇ ਨਾਲ-ਨਾਲ ਦੇਸੀ ਅੰਬ, ਜਾਮੁਨ, ਆਂਵਲਾ, ਹਰੜ, ਸੀਤਾਫਲ, ਬੇਲ, ਅਮਰੂਦ ਅਤੇ ਬੇਰੀ ਦੇ ਫਲਦਾਰ ਪੌਦੇ ਵੀ ਲੋਕਾਂ ਨੂੰ ਮੁਫ਼ਤ ਵੰਡੇ ਜਾ ਰਹੇ ਹਨ। ਇਸ ਮੌਕੇ ਸਤਿੰਦਰਪਾਲ ਸਿੰਘ ਸੈਣੀ, ਅਰਸ਼ਦੀਪ ਸਿੰਘ ਸੈਣੀ, ਹਰਸ਼ਨ ਸਿੰਘ ਸੈਣੀ, ਜਸਪ੍ਰੀਤ ਸਿੰਘ ਸੈਣੀ, ਰਘੁਜੀਤ ਸਿੰਘ, ਡਾ. ਰੋਹਿਤ ਟੰਡਨ, ਮਨਦੀਪ ਸਿੰਘ ਦੀਪਾ, ਬੂਟਾ ਸਿੰਘ, ਗੁਰਪ੍ਰੀਤ ਸਿੰਘ ਸੈਣੀ, ਦਲਜੀਤ ਸਿੰਘ ਸੋਢੀ, ਭਾਗ ਸਿੰਘ ਸੈਣੀ, ਰਾਮਦੀਪ ਸਿੰਘ ਸੈਣੀ, ਮਨਜੀਤ ਸਿੰਘ ਖਾਲਸਾ, ਇੰਦਰਜੀਤ ਸਿੰਘ ਬਿੰਮ, ਹਰਦੀਪ ਰਾਏ, ਰਮੇਸ਼ ਕੁਮਾਰ (ਡਿਪਟੀ), ਅਵਤਾਰ ਸਿੰਘ ਮਿੱਟੂ, ਲੰਬਰ ਅਮਰੀਕ ਸਿੰਘ ਅਤੇ ਮਨਜੀਤ ਸਿੰਘ ਕਾਕਾ ਸਮੇਤ ਹੋਰ ਸਮਾਜ ਸੇਵੀਆਂ ਨੇ ਹਾਜ਼ਰੀ ਲਗਵਾ ਕੇ ਇਸ ਉਪਰਾਲੇ ਨੂੰ ਸਫ਼ਲ ਬਣਾਉਣ ਦਾ ਸੰਦੇਸ਼ ਦਿੱਤਾ।

## ਬੱਸ ਅੱਡੇ 'ਤੇ ਟਰੈਫਿਕ ਦੀ ਗੰਭੀਰ ਸਮੱਸਿਆ, ਹਾਦਸਿਆਂ ਦਾ ਖ਼ਤਰਾ ਵਧਿਆ

**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)**- ਪਿੰਡ ਦੁਸਾਂਝ ਕਲਾਂ ਦੇ ਮੁੱਖ ਬੱਸ ਅੱਡਾ ਇਨ੍ਹਾਂ ਦਿਨੀਂ ਟਰੈਫਿਕ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ। ਅੱਡੇ 'ਤੇ ਹਰ ਰੋਜ਼ ਮਿੰਨੀ ਬੱਸਾਂ ਵਾਲੇ ਪੁੱਲ ਦੇ ਵਿਚਾਰ ਬੱਸ ਰੋਕ ਕੇ ਸਵਾਰੀਆਂ ਚੜ੍ਹਾਉਂਦੇ ਅਤੇ ਲਹਾਉਂਦੇ ਹਨ, ਜਿਸ ਕਰਕੇ ਰਾਹਗੀਰਾਂ ਨੂੰ ਸੜਕ ਪਾਰ ਕਰਨ ਸਮੇਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵੱਡੀ ਗਿਣਤੀ ਵਿੱਚ ਬੱਸਾਂ, ਕਾਰਾਂ, ਮੋਟਰਸਾਈਕਲਾਂ,



ਟਰੈਕਟਰ-ਟਰਾਲੀਆਂ, ਟਿਪਰ ਅਤੇ ਹੋਰ ਵਾਹਨਾਂ ਦੀ ਆਵਾਜਾਈ ਰਹਿੰਦੀ ਹੈ, ਜਿਸ ਕਾਰਨ ਅਕਸਰ ਜਾਮ ਦੀ ਸਥਿਤੀ ਬਣ ਜਾਂਦੀ ਹੈ। ਓਰੀਐਂਟਲ ਬੈਂਕ ਲਾਗੇ ਬੇਤਰਤੀਬ ਢੰਗ ਨਾਲ ਖੜ੍ਹੇ ਵਾਹਨ ਤੇ ਟਰੈਫਿਕ ਨਿਯਮਾਂ ਦੀ ਅਣਦੇਖੀ ਕਾਰਨ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਬੱਸ ਅੱਡੇ ਦੇ ਨੇੜੇ ਕਈ ਸਕੂਲ ਅਤੇ ਹੋਰ ਜਨਤਕ ਥਾਵਾਂ ਹੋਣ ਕਾਰਨ ਦਿਨ 'ਚ ਵੱਖ-ਵੱਖ ਸਮਿਆਂ ਦੌਰਾਨ ਭੀੜ ਕਾਫ਼ੀ ਵੱਧ ਜਾਂਦੀ ਹੈ। ਖ਼ਾਸ ਕਰਕੇ ਸਵੇਰੇ ਸਕੂਲ ਲੱਗਣ ਅਤੇ ਦੁਪਹਿਰ ਨੂੰ ਛੁੱਟੀ ਦੇ ਸਮੇਂ ਵਿਦਿਆਰਥੀਆਂ ਅਤੇ ਮਾਪਿਆਂ ਦੀ ਆਵਾਜਾਈ ਵਧਣ ਨਾਲ ਟਰੈਫਿਕ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦੀ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਕਈ ਵਾਰ ਬੱਸ ਅੱਡੇ 'ਤੇ ਲੰਬੇ ਸਮੇਂ ਤੱਕ ਜਾਮ ਲੱਗਾ ਰਹਿੰਦਾ ਹੈ, ਜਿਸ ਕਾਰਨ ਐਮਰਜੈਂਸੀ ਸੇਵਾਵਾਂ ਨੂੰ ਵੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਲਾਕਾ ਨਿਵਾਸੀਆਂ ਨੇ ਇਹ ਵੀ ਦੱਸਿਆ ਕਿ ਟਰੈਫਿਕ ਨੂੰ ਨਿਯੰਤਰਿਤ ਕਰਨ ਲਈ ਕੋਈ ਪੱਕਾ ਪ੍ਰਬੰਧ ਨਾ ਹੋਣ ਕਾਰਨ ਲੋਕਾਂ ਨੂੰ ਹਰ ਰੋਜ਼ ਮੁਸ਼ਕਿਲਾਂ ਝੱਲਣੀਆਂ ਪੈਂਦੀਆਂ ਹਨ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਬੱਸ ਅੱਡੇ 'ਤੇ ਟਰੈਫਿਕ ਪੁਲਿਸ ਦੀ ਨਿਯਮਤ ਤਾਇਨਾਤੀ ਕੀਤੀ ਜਾਵੇ, ਗੈਰ-ਕਾਨੂੰਨੀ ਪਾਰਕਿੰਗ 'ਤੇ ਰੋਕ ਲਗਾਈ ਜਾਵੇ ਅਤੇ ਸਕੂਲੀ ਬੱਚਿਆਂ ਦੀ ਸੁਰੱਖਿਆ ਲਈ ਜ਼ੈਬਰਾ ਕ੍ਰਾਸਿੰਗ ਅਤੇ ਚੇਤਾਵਨੀ ਬੋਰਡ ਲਗਾਏ ਜਾਣ।

## ਸੇਵਾਮੁਕਤੀ ਤੋਂ ਬਾਅਦ ਵੀ ਜਸਪਾਲ ਸਿੰਘ ਸ਼ੌਂਕੀ ਨਿਭਾ ਰਹੇ ਹਨ ਸਿੱਖਿਆ ਸੇਵਾ ਦਾ ਫ਼ਰਜ਼

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਰਮਪੁਰ ਦੇ ਸਰਪ੍ਰਸਤ ਹਰਦੇਵ ਸਿੰਘ ਕਾਹਮਾ ਨੇ ਗੱਲਬਾਤ ਕਰਦਿਆਂ ਸਾਬਕਾ ਅਧਿਆਪਕ ਜਸਪਾਲ ਸਿੰਘ ਸ਼ੌਂਕੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿੱਥੇ ਬਹੁਤੇ ਕਰਮਚਾਰੀ ਸੇਵਾਮੁਕਤੀ ਤੋਂ ਬਾਅਦ ਆਰਾਮਦਾਇਕ ਜੀਵਨ ਨੂੰ ਤਰਜੀਹ ਦਿੰਦੇ ਹਨ, ਉੱਥੇ ਸ. ਜਸਪਾਲ ਸਿੰਘ ਸ਼ੌਂਕੀ ਸੇਵਾਮੁਕਤੀ ਤੋਂ ਬਾਅਦ ਵੀ ਉਸੇ ਸਮਰਪਣ, ਲਗਨ ਅਤੇ ਜਜ਼ਬੇ ਨਾਲ ਸਿੱਖਿਆ ਸੇਵਾ ਨਿਭਾ ਰਹੇ ਹਨ। ਉਹ ਨਿਯਮਿਤ ਤੌਰ 'ਤੇ ਸਕੂਲ ਪਹੁੰਚ ਕੇ ਵਿਦਿਆਰਥੀਆਂ ਨੂੰ ਆਪਣਾ ਕੀਮਤੀ ਗਿਆਨ ਅਤੇ ਲੰਬੇ ਅਧਿਆਪਨ ਅਨੁਭਵ ਦਾ ਲਾਭ ਦੇ ਰਹੇ ਹਨ, ਜਿਸ ਨਾਲ ਵਿਦਿਆਰਥੀਆਂ ਦੇ ਬੌਧਿਕ ਅਤੇ ਨੈਤਿਕ ਵਿਕਾਸ ਨੂੰ ਬਲ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਸਪਾਲ ਸਿੰਘ ਸ਼ੌਂਕੀ ਦੀ ਨਿਸ਼ਕਾਮ ਸੇਵਾ, ਸਾਦਗੀ, ਅਨੁਸ਼ਾਸਨ ਅਤੇ ਕਰਤੱਵ ਨਿਸ਼ਠਾ ਸਮੁੱਚੇ ਅਧਿਆਪਕ ਵਰਗ ਅਤੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਸਕੂਲ ਦਾ ਸਮੂਹ ਸਟਾਫ਼ ਉਨ੍ਹਾਂ ਦੀਆਂ ਸੇਵਾਵਾਂ ਅਤੇ ਸਿੱਖਿਆ ਪ੍ਰਤੀ ਸਮਰਪਣ ਨੂੰ ਦਿਲੋਂ ਸਲਾਮ ਕਰਦਾ ਹੈ। ਸਕੂਲ ਮੁਖੀ ਸੁਖਵਿੰਦਰ ਕੁਮਾਰ ਨੇ



ਦੱਸਿਆ ਕਿ ਸਕੂਲ ਦੇ ਹਰ ਵਿਦਿਅਕ, ਸੱਭਿਆਚਾਰਕ ਅਤੇ ਸਮਾਜਿਕ ਸਮਾਗਮ ਵਿੱਚ ਜਸਪਾਲ ਸਿੰਘ ਸ਼ੌਂਕੀ ਦੀ ਪ੍ਰਭਾਵਸ਼ਾਲੀ ਸਟੇਜ ਸੰਚਾਲਨ ਸ਼ੈਲੀ ਪ੍ਰੋਗਰਾਮ ਨੂੰ ਵਿਸ਼ੇਸ਼ ਬਣਾਉਂਦੀ ਹੈ। ਉਨ੍ਹਾਂ ਦੀ ਮਿੱਠੀ ਬੋਲਚਾਲ, ਸਪਸ਼ਟ ਉਚਾਰਨ, ਪ੍ਰਭਾਵਸ਼ਾਲੀ ਪੇਸ਼ਕਾਰੀ ਅਤੇ ਵਿਸ਼ਾਲ ਤਜਰਬੇ ਸਦਕਾ ਸਕੂਲ ਦੇ ਸਮਾਗਮ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣਦੇ ਹਨ ਅਤੇ ਹਰ ਪਾਸੇ ਭਰਪੂਰ ਪ੍ਰਸ਼ੰਸਾ ਹਾਸਲ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਜਸਪਾਲ ਸਿੰਘ ਸ਼ੌਂਕੀ ਦਾ ਸਕੂਲ ਨਾਲ ਅਟੁੱਟ ਲਗਾਅ ਅਤੇ ਵਿਦਿਆਰਥੀਆਂ ਪ੍ਰਤੀ ਪਿਆਰ ਇਹ ਦਰਸਾਉਂਦਾ ਹੈ ਕਿ ਇੱਕ ਸਮਰਪਿਤ ਅਧਿਆਪਕ ਕਦੇ ਵੀ ਆਪਣੇ ਫ਼ਰਜ਼ ਤੋਂ ਸੇਵਾਮੁਕਤ ਨਹੀਂ ਹੁੰਦਾ। ਉਨ੍ਹਾਂ ਵੱਲੋਂ ਦਿੱਤੀਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਸਮਾਜ ਲਈ ਇੱਕ ਮਿਸਾਲ ਹਨ।

## ਚੱਬੇਵਾਲ ਨੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਸਮਾਗਮ ਲਈ ਤਿਆਰੀਆਂ ਦਾ ਲਿਆ ਜਾਇਜ਼ਾ

**ਫਗਵਾੜਾ (ਜਸਵਿੰਦਰ ਢੱਡਾ)**- 13 ਅਗਸਤ ਨੂੰ ਸਕੂਲ ਆਫ਼ ਐਮੀਨੈਂਸ ਦੇ ਗਰਾਊਂਡ ਵਿੱਚ ਕਰਵਾਏ ਜਾ ਰਹੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਸਮਾਗਮ ਤੋਂ ਪਹਿਲਾਂ, ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਦੇ ਕੌਮੀ ਕਨਵੀਨਰ



ਅਰਵਿੰਦ ਕੇਜਰੀਵਾਲ ਇਸ ਸਮਾਗਮ ਵਿੱਚ ਸ਼ਰਧਾਲੂਆਂ ਵਜੋਂ ਸ਼ਿਰਕਤ ਕਰਨਗੇ। ਬਾਲੀਵੁੱਡ ਗਾਇਕ ਕੈਲਾਸ਼ ਖੇਰ ਇਸ ਭਗਤੀ ਪ੍ਰੋਗਰਾਮ ਵਿੱਚ ਆਪਣੀ ਪੇਸ਼ਕਾਰੀ ਦੇਣਗੇ। ਮੀਟਿੰਗ ਦੌਰਾਨ ਐਮ.ਪੀ. ਨੇ ਇਸ ਵਿਸ਼ਾਲ ਭਗਤੀ ਪ੍ਰੋਗਰਾਮ ਦੇ ਸੁਚੱਜੇ ਸੰਚਾਲਨ ਲਈ ਕੀਤੇ ਜਾ ਰਹੇ ਪ੍ਰਬੰਧਾਂ 'ਤੇ ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸੁਚੱਜੀ ਆਵਾਜਾਈ ਅਤੇ ਸਹੂਲਤ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ। ਉਨ੍ਹਾਂ ਭਗਤੀ ਪ੍ਰੋਗਰਾਮ ਨਾਲ ਜੁੜੀਆਂ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਕਿਹਾ ਕਿ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਨੂੰ ਦੇਖਦੇ ਹੋਏ ਪੂਰੇ ਜ਼ਿਲ੍ਹੇ ਵਿੱਚ ਢੁਕਵੇਂ ਪ੍ਰਬੰਧ ਕੀਤੇ ਜਾਣਗੇ। ਐਮ.ਪੀ. ਨੇ ਧਾਰਮਿਕ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਮਾਗਮ ਨੂੰ ਵਿਸ਼ਾਲ ਪੱਧਰ 'ਤੇ ਸਫ਼ਲ ਬਣਾਉਣ ਲਈ ਆਪਣਾ ਪੂਰਨ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਸ਼ਰਧਾਲੂਆਂ ਨੂੰ ਆਤਮਿਕ ਤੌਰ 'ਤੇ ਸਮ੍ਰਿੱਧ ਅਨੁਭਵ ਪ੍ਰਦਾਨ ਕਰੇਗਾ ਅਤੇ ਪੰਜਾਬ ਦੇ ਅਮੀਰ ਸੱਭਿਆਚਾਰਕ ਅਤੇ ਧਾਰਮਿਕ ਵਿਰਸੇ ਨੂੰ ਦਰਸਾਏਗਾ।

ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਐਮ ਪੀ ਨੂੰ ਸਮਾਗਮ ਨੂੰ ਸਫ਼ਲਤਾਪੂਰਵਕ ਅਤੇ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਵਿੱਚ ਆਪਣੇ ਪੂਰਨ ਸਹਿਯੋਗ ਅਤੇ ਸਰਗਰਮ ਭਾਗੀਦਾਰੀ ਦਾ ਭਰੋਸਾ ਦਿਵਾਇਆ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਦੇ ਅਧਿਕਾਰੀਆਂ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ ਅਤੇ ਦੱਸਿਆ ਕਿ ਪ੍ਰੋਗਰਾਮ ਵਿੱਚ ਆਉਣ ਵਾਲੇ ਸਾਰੇ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ ਅਤੇ ਆਰਾਮ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਹਨ।

## ਖੇਡਾਂ ਵਤਨ ਪੰਜਾਬ ਦੀਆਂ 2026-27 : ਜ਼ਿਲ੍ਹਾ ਪੱਧਰੀ ਖੇਡਾਂ 20 ਤੋਂ 30 ਸਤੰਬਰ ਤੱਕ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਵਲੋਂ ਕੀਤੇ ਗਏ ਖੇਡਾਂ ਵਤਨ ਪੰਜਾਬ ਦੀਆਂ 2026-27 ਸੀਜ਼ਨ-4 ਦੇ ਐਲਾਨ ਦੇ ਤਹਿਤ ਬਲਾਕ ਪੱਧਰੀ ਖੇਡਾਂ 3 ਸਤੰਬਰ 2026 ਤੋਂ 15 ਸਤੰਬਰ 2026, ਜ਼ਿਲ੍ਹਾ ਪੱਧਰੀ ਖੇਡਾਂ 20 ਸਤੰਬਰ ਤੋਂ 30 ਸਤੰਬਰ ਅਤੇ ਰਾਜ ਪੱਧਰੀ ਖੇਡਾਂ 10 ਨਵੰਬਰ ਤੋਂ 28 ਨਵੰਬਰ ਤੱਕ ਚੱਲਣਗੀਆਂ। ਇਸ ਸੰਬੰਧੀ ਵੰਦਨਾ ਚੌਹਾਨ ਜ਼ਿਲ੍ਹਾ ਖੇਡ ਅਫਸਰ ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕਿ ਇਹਨਾਂ ਖੇਡਾਂ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਇੰਚਾਰਜ/ਕਨਵੀਨਰ ਨਿਯੁਕਤ ਕਰ ਦਿੱਤੇ ਗਏ ਹਨ।ਪੰਜਾਬ ਸਰਕਾਰ ਅਤੇ ਖੇਡ ਵਿਭਾਗ ਵੱਲੋਂ ਇਹਨਾਂ ਖੇਡਾਂ ਵਿੱਚ ਭਾਗ ਲੈਣ ਲਈ ਖਿਡਾਰੀਆਂ/ਬੱਚਿਆਂ ਨੂੰ ਵੱਧ ਤੋਂ ਵੱਧ ਪ੍ਰੇਰਿਤ ਕੀਤਾ ਜਾ ਰਿਹਾ ਹੈ । ਉਹਨਾਂ ਦੱਸਿਆ ਕਿ ਖਿਡਾਰੀ ਆਪਣੇ ਪਹਿਚਾਣ ਪੱਤਰ ਦੇ ਤੌਰ ਤੇ (ਅਧਾਰ ਕਾਰਡ, ਉਮਰ ਪਰੂਫ ਸਰਟੀਫਿਕੇਟ) ਦੇ ਅਧਾਰ ਤੇ ਖੇਡ ਵਿਭਾਗ ਦੀ ਵੈਬਸਾਈਟ https"//sports.punjab.gov.in ਰਜਿਸਟ੍ਰੇਸ਼ਨ ਸਕਦੇ ਹਨ। ਰਜਿਸਟ੍ਰੇਸ਼ਨ ਕਰਵਾਉਣ ਸੰਬੰਧੀ ਕਿਸੇ ਵੀ ਕਿਸਮ ਦੀ ਦਿੱਕਤ ਪੇਸ਼ ਆਉਂਦੀ ਹੈ ਤਾਂ ਇਸ ਸੰਬੰਧੀ ਬਲਾਕ ਪੱਧਰੀ ਖੇਡਾਂ ਦੇ ਨੋਡਲ ਅਫਸਰ ਗੁਰਤੇਜ ਸਿੰਘ (ਸੁਪਰਵਾਈਜ਼ਰ) 78888-10665 ਜਾਂ ਦਫਤਰ ਦੇ ਫੋਨ ਨੰ. 01823-222254 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਯੁਵਾ ਆਪਦਾ ਮਿੱਤਰ ਯੋਜਨਾ ਟ੍ਰੇਨਿੰਗ ਦੇ ਚੌਥੇ ਦਿਨ ਟ੍ਰੇਨੀਜ਼ ਨੂੰ ਫਸਟ ਏਡ, ਹੜ੍ਹ ਪ੍ਰਬੰਧਨ ਦੀ ਦਿੱਤੀ ਸਿਖਲਾਈ

**ਮੁਹਾਲੀ (ਗੁਰਜੀਤ ਬਿੱਲਾ)**- ਯੁਵਾ ਆਪਦਾ ਮਿੱਤਰ ਯੋਜਨਾ ਟ੍ਰੇਨਿੰਗ ਪ੍ਰੋਗਰਾਮ ਦੇ ਚੌਥੇ ਦਿਨ ਦਾ ਆਯੋਜਨ ਗਵਰਨਮੈਂਟ ਪੋਲੀਟੈਕਨਿਕ ਕਾਲਜ, ਖੂਨੀ ਮਾਜਰਾ ਵਿਖੇ ਸੁਸ਼੍ਰੀ ਸ਼ਰੂਤੀ ਅਗਰਵਾਲ, ਕਨਸਲਟੈਂਟ, ਡਿਜਾਸਟਰ ਮੈਨੇਜਮੈਂਟ, ਮਗਸੀਪਾ ਦੇ ਮਾਰਗਦਰਸ਼ਨ ਹੇਠ ਕੀਤਾ ਗਿਆ। ਸਾਫਟ ਟਿਸ਼ੂ ਇੰਜਰੀ ਤੇ ਕੰਟਰੋਲ ਬਲੀਡਿੰਗ ਸੈਸ਼ਨ ਸੁਸ਼੍ਰੀ ਸਲੋਨੀ ਸ਼ਰਮਾ ਅਤੇ ਸੁਸ਼੍ਰੀ ਜੀਵਨਜੋਤ ਕੌਰ ਵੱਲੋਂ ਕਰਵਾਇਆ ਗਿਆ, ਜਿਸ ਵਿੱਚ ਟ੍ਰੇਨੀਜ਼ ਨੂੰ



ਵੱਖ-ਵੱਖ ਕਿਸਮ ਦੀਆਂ ਸਾਫਟ ਟਿਸ਼ੂ ਇੰਜਰੀਜ਼, ਤੁਰੰਤ ਫਸਟ ਏਡ, ਇੰਪੇਲਡ ਆਬਜੈਕਟ ਨੂੰ ਸਥਿਰ ਰੱਖਣ ਦੀ ਮਹੱਤਤਾ, ਐਮਪਿਊਟੇਸ਼ਨ ਕੇਸਾਂ ਵਿੱਚ ਮੁੱਢਲੀ ਸਹਾਇਤਾ, ਬਚਾਅ ਉਪਾਅ ਅਤੇ ਐਮਰਜੈਂਸੀ ਮੈਨੇਜਮੈਂਟ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ। ਫਲੱਡ ਪ੍ਰਿਪੇਅਰਡਨੈੱਸ ਐਂਡ ਰਿਸਪਾਂਸ ਸੈਸ਼ਨ ਸੁਮੀਤ ਸਿੰਘ ਅਤੇ ਸੁਸ਼੍ਰੀ ਗੁਲਸ਼ਨ ਹੀਰਾ, ਕੋਰਸ ਕੋਆਰਡੀਨੇਟਰ ਵੱਲੋਂ ਕਰਵਾਇਆ ਗਿਆ, ਜਿਸ ਵਿੱਚ ਟ੍ਰੇਨੀਜ਼ ਨੇ ਹੜ੍ਹਾਂ ਦੇ ਖਤਰੇ, ਸੁਰੱਖਿਆ ਉਪਾਅ, ਤਿਆਰੀ ਦੀਆਂ ਰਣਨੀਤੀਆਂ ਅਤੇ ਹੜ੍ਹ ਦੀ ਸਥਿਤੀ ਵਿੱਚ ਪ੍ਰਭਾਵਸ਼ਾਲੀ ਪ੍ਰਤੀਕਿਰਿਆ ਤਰੀਕਿਆਂ ਬਾਰੇ ਸਿੱਖਿਆ। ਬੇਸਿਕ ਸਰਚ ਐਂਡ ਰੈਸਕਿਊ ਤਕਨੀਕਾਂ ਦਾ ਪ੍ਰੈਕਟੀਕਲ ਸੈਸ਼ਨ ਸੁਸ਼੍ਰੀ ਸ਼ਾਇਨਾ ਕੌਰ ਤੇ ਯੋਗੇਸ਼ ਸ਼ਰਮਾ ਵੱਲੋਂ ਕਰਵਾਇਆ ਗਿਆ, ਜਿਸ ਵਿੱਚ ਭਾਗੀਦਾਰਾਂ ਨੇ ਰੈਸਕਿਊ ਦੇ ਜ਼ਰੂਰੀ ਤਰੀਕਿਆਂ, ਸੁਰੱਖਿਅਤ ਬਚਾਅ ਪ੍ਰਕਿਰਿਆ ਤੇ ਐਮਰਜੈਂਸੀ ਦੌਰਾਨ ਟੀਮਵਰਕ ਅਤੇ ਤਾਲਮੇਲ ਦੀ ਮਹੱਤਤਾ ਨੂੰ ਸਮਝਿਆ। ਟ੍ਰੇਨਿੰਗ ਪ੍ਰੋਗਰਾਮ ਦੌਰਾਨ ਇੰਟਰੈਕਟਿਵ ਗਰੁੱਪ ਗਤੀਵਿਧੀਆਂ ਰਾਹੀਂ ਟੀਮਵਰਕ ਅਤੇ ਤਾਲਮੇਲ ਨੂੰ ਉਤਸ਼ਾਹਿਤ ਕੀਤਾ ਗਿਆ, ਜਿਸ ਨਾਲ ਟ੍ਰੇਨੀਜ਼ ਵਿੱਚ ਸੰਚਾਰ, ਲੀਡਰਸ਼ਿਪ ਅਤੇ ਸਾਂਝੀ ਪ੍ਰਤੀਕਿਰਿਆ ਦੇ ਹੁਨਰ ਵਿਕਸਿਤ ਹੋਏ।

## ਅਮਿੱਟ ਯਾਦਾਂ ਛੱਡਦਾ ਸਾਲਾਨਾ ਸਮਾਰੋਹ ਸਮਾਪਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੀਰਮਪੁਰ ਵਿੱਚ ਮਾਤਾ ਪਿਤਾ ਦਿਵਸ ਸਕੂਲ ਮੁਖੀ ਸੁਖਵਿੰਦਰ ਕੁਮਾਰ, ਸਮੂਹ ਸਟਾਫ ਅਤੇ ਸਕੂਲ ਦੇ ਸਰਪਰਸਤ ਹਰਦੇਵ ਸਿੰਘ ਕਾਹਮਾ ਦੀ



ਅਗਵਾਈ ਹੇਠ ਇਲਾਕੇ ਦੀਆ ਮਾਨਯੋਗ ਸ਼ਖਸ਼ੀਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਹਰਦੇਵ ਸਿੰਘ ਕਾਹਮਾ ਨੇ ਇਹ ਪ੍ਰੋਗਰਾਮ ਆਪਣੇ ਮਾਤਾ ਪਿਤਾ, ਬਿਸ਼ਨ ਕੌਰ ਕਾਹਮਾ ਤੇ ਤਾਰਾ ਸਿੰਘ ਕਾਹਮਾ ਦੀ ਯਾਦ ਵਿੱਚ ਮਨਾਇਆ। ਇਸ ਪ੍ਰੋਗਰਾਮ ਵਿੱਚ ਪਰਮਜੀਤ ਸਚਦੇਵਾ ਸਚਦੇਵਾ ਸਟੋਕਸ ਹੁਸ਼ਿਆਰਪੁਰ ਵਲੋ ਵਿਸ਼ੇਸ਼ ਤੌਰ ਤੇ ਪਹੁੰਚੇ।ਉਹਨਾਂ ਨੇ ਆਪਣੀ ਜ਼ਿੰਦਗੀ ਕਿਸ ਤਰ੍ਹਾਂ ਅਖ਼ਬਾਰਾਂ ਵੇਚਣ ਤੋਂ ਸ਼ੁਰੂ ਕੀਤੀ ਸ਼ੇਅਰ ਬਾਜ਼ਾਰ ਵਿਚ ਆਪਣਾ ਨਾਂਅ ਬਣਾਇਆ ਉਹਨਾਂ ਨੇ ਆਪਣਾ ਤਜਰਬਾ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਇਸ ਸਮਾਰੋਹ ਵਿਚ ਸੋਮਨਾਥ ਬੰਗੜ ਪ੍ਰਧਾਨ ਗੜ੍ਹਸ਼ੰਕਰ ਵਿਸ਼ੇਸ਼ ਤੌਰ ਤੇ ਮੁੱਖ ਮਹਿਮਾਨ ਵਜੋਂ ਪਹੁੰਚੇ ਉਹਨਾਂ ਨੇ ਵਿਦਿਆਰਥੀਆਂ ਨੂੰ ਸਫ਼ਾਈ, ਪਲਾਸਟਿਕ ਦੀ ਵਰਤੋਂ ਨਾ ਕਰਨ ਬਾਰੇ ਜਾਣਕਾਰੀ ਦਿੱਤੀ। ਕੁਲਵਿੰਦਰ ਸਿੰਘ ਪੈਰੀ ਸਮੁੰਦੜਾ ਨੇ ਵਿਦਿਆਰਥੀਆਂ ਨੂੰ ਮਾਤਾ ਪਿਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਸਕੂਲ 11000/- ਦੀ ਰਾਸ਼ੀ ਦਾਨ ਦਿੱਤੀ। ਏਸੇ ਤਰ੍ਹਾਂ ਹਰਜੀਤ ਕੌਰ ਅੰਗਰੇਜ਼ੀ ਅਧਿਆਪਕਾ ਦੇ ਪਤੀ ਸੁਰਿੰਦਰ ਸਿੰਘ ਬਾਹੜਾ ਨੇ ਇੱਕ ਵਿਸ਼ੇਸ਼ ਕਵਿਤਾ ਇਸ ਸਮਾਗਮ ਤੇ ਲੋਕ ਅਰਪਣ ਕੀਤੀ। ਉਹਨਾਂ ਨੇ ਆਪਣੇ ਮਾਤਾ ਪਿਤਾ ਦੀ ਯਾਦ ਵਿੱਚ 10000/- ਰੁਪਏ ਦੀ ਰਾਸ਼ੀ ਸਕੂਲ ਨੂੰ ਦਾਨ ਵਜੋਂ ਦਿੱਤੀ,ਐਨ ਆਰ ਆਈ ਸ ਰਣਜੀਤ ਸਿੰਘ ਪਿੰਡ ਬੀਰਮਪੁਰ ਨੇ ਸਕੂਲ ਨੂੰ 21000/- ਦੀ ਰਾਸ਼ੀ ਦਾਨ ਵਜੋਂ ਦਿੱਤੀ,ਫਾਸਟ ਕੰਪਿਊਟਰ ਬੰਗਾ ਦੇ ਮਾਲਕ ਸ੍ਰੀ ਲਵਦੀਪ ਉਹਨਾਂ ਦੇ ਭਰਾ ਪ੍ਰਿੰਸ ਨੇ 5100/- ਦੀ ਰਾਸ਼ੀ ਸਕੂਲ ਨੂੰ ਦਾਨ ਵਜੋਂ ਦਿੱਤੀ, ਪੰਡਿਤ ਗਗਨ ਅਗਨੀਹੋਤਰੀ ਨੇ ਆਪਣੇ ਮਾਤਾ ਪਿਤਾ ਦੀ ਯਾਦ ਵਿੱਚ ਸਕੂਲ ਦੇ ਹਰ ਕਲਾਸ ਦੇ ਪਹਿਲੇ ਦਰਜੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕੈਸ਼ ਪ੍ਰਾਈਜ਼ ਦਿੱਤੇ। ਸਮਾਰੋਹ ਦੌਰਾਨ ਪ੍ਰੋਫੈਸਰ ਹਰਪਾਲ ਸਿੰਘ ਮੁਹਾਲੀ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਉਹਨਾਂ ਨੇ ਬਹੁਤ ਹੀ ਬਢਮੁਲੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਸ ਗੁਰਪ੍ਰੀਤ ਸਿੰਘ ਰਾਏ ਐਨ ਆਰ ਆਈ ਪਿੰਡ ਖਾਨਖਾਨਾ ਜੀ ਨੇ ਆਪਣੇ ਅਧਿਆਪਕ ਗੁਰੂ ਪ੍ਰੋ ਹਰਪਾਲ ਸਿੰਘ ਜੀ ਦੇ ਸਨਮਾਨ ਲਈ ਵਿਸ਼ੇਸ਼ ਯੋਗਦਾਨ ਪਾਇਆ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇੱਕ ਅਧਿਆਪਕ ਵਿਦਿਆਰਥੀ ਦੇ ਰਿਸ਼ਤੇ ਦੀ ਸਾਂਝ ਪਿਆਰ ਦਾ ਸੁਨੇਹਾ ਦਿੱਤਾ। ਇਸ ਸਮਾਰੋਹ ਪੰਡਿਤ ਗਗਨਦੀਪ , ਅਜੇ ਰਾਣਾ, ਪਟਵਾਰੀ ਜਰਨੈਲ ਸਿੰਘ, ਫੌਜੀ ਪਰਮਿੰਦਰ ਸਿੰਘ, ਐਨ ਆਰ ਆਈ ਰਾਣਾ, ਸ ਕੁਲਵਿੰਦਰ ਸਿੰਘ ਸਮੁੰਦੜਾ, ਸ੍ਰੀ ਸ਼ਕਤੀ ਕੁਮਾਰ ਅਗਨੀਹੋਤਰੀ , ਸਰਪੰਚ ਅਸ਼ੋਕ ਕੁਮਾਰ ਪਿੰਡ ਹਾਜੀਪੁਰ,ਹੁਸ਼ਿਆਰਪੁਰ ਤੋਂ ਹੈੱਡਮਾਸਟਰ ਸ੍ਰੀ ਹਰੀਸ਼ ਕੁਮਾਰ ਸ਼ਰਮਾ, ਹਾਜਰ ਸਨ। ਇਸ ਮੌਕੇ ਸਕੂਲ ਸਟਾਫ ਸੰਜੀਵ ਕੁਮਾਰ, ਕਾਂਤਾ ਦੇਵੀ, ਇੰਦਰਜੀਤ ਕੌਰ, ਨੇਹਾ ਭੰਵਰਾ, ਹਰਜੀਤ ਕੌਰ, ਜਸਬੀਰ ਕੌਰ, ਕੁਮਾਰੀ ਨੀਤੂ ਰਣਦੇਵ, ਰੇਨੂੰ ਬਾਲਾ, ਰਜਨੀ ਬਾਲਾ ਲੈਕਚਰਾਰ ਫਿਜਕਸ ਬਾਬਾ ਗੋਲਾ ਸਕੂਲ ਬੰਗਾ, ਨੀਤੂ ਬਾਲਾ, ਅਕਾਸ਼ਦੀਪ, ਨਰਿੰਦਰ ਕੁਮਾਰ ਨੇ ਸ਼ਲਾਘਾਯੋਗ ਡਿਊਟੀ ਨਿਭਾਈ।

## ਅੱਠਵੀਂ ਪਾਤਸ਼ਾਹੀ ਦਾ ਪ੍ਰਕਾਸ਼ ਪੁਰਬ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਠਵੇਂ ਪਾਤਸ਼ਾਹ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦਾ ਪਵਿੱਤਰ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ। ਇਸ ਪਵਿੱਤਰ ਸਮਾਗਮ ਮੌਕੇ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ । ਸਮੂਹ ਵਿਦਿਆਰਥੀਆਂ ਵੱਲੋਂ ਬੈਠ ਕੇ ਪਾਠ ਸੁਣਿਆ ਗਿਆ। ਪਾਠ ਸਮਾਪਤੀ ਉਪਰੰਤ ਅਰਦਾਸ ਕੀਤੀ ਗਈ ਅਤੇ ਕੜਾਹ ਪ੍ਰਸ਼ਾਦ ਦੀ ਦੇਗ ਸਾਰਿਆਂ ਨੂੰ ਵਰਤਾਈ ਗਈ। ਇਸ ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਗੁਰੂ ਸਾਹਿਬ ਦੇ ਜੀਵਨ ਸਬੰਧੀ ਕਵਿਤਾਵਾਂ, ਲੈਕਚਰ ਪੇਸ਼ ਕੀਤੀਆਂ ਗਈਆਂ ਅਤੇ ਗੁਰੂ ਸਾਹਿਬ ਦੇ ਜੀਵਨ ਨਾਲ ਸਬੰਧਿਤ



ਸਾਖੀਆਂ ਵੀ ਪੜ੍ਹੀਆਂ ਗਈਆਂ। ਇਸ ਸਮਾਗਮ ਦੌਰਾਨ ਸਕੂਲ ਦੇ ਮੈਂਬਰ ਇੰਚਾਰਜ ਡਾ. ਪ੍ਰਭਜੋਤ ਕੌਰ (ਰਿਟਾ. ਪ੍ਰਿੰਸੀਪਲ), ਸੀਨੀਅਰ ਐਡਵੋਕੇਟ ਸ. ਪਾਖਰ ਸਿੰਘ ਭੱਠਲ ਅਤੇ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਸੰਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਦਇਆ, ਸੇਵਾ ਅਤੇ ਨਿਮਰਤਾ ਦੇ ਮਾਰਗ ਉੱਤੇ ਚੱਲਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਡਾ. ਪ੍ਰਭਜੋਤ ਕੌਰ (ਰਿਟਾ. ਪ੍ਰਿੰਸੀਪਲ), ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ, ਸਮਾਜ ਸੇਵੀ ਨੰਬਰਦਾਰ ਕੁਲਦੀਪ ਸਿੰਘ, ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਦੇ ਪ੍ਰਧਾਨ ਸਰਬਜੀਤ ਸਿੰਘ ਰੈਣੂੰ, ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ, ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਵਾਲੀਆ, ਡਾ. ਮਨਜੀਤ ਸਿੰਘ, ਉੱਘੇ ਸਮਾਜ ਸੇਵਿਕਾ ਬੀਬੀ ਜਸਵਿੰਦਰ ਕੌਰ ਸੱਗੂ, ਰਣਜੋਧ ਸਿੰਘ ਡੀ ਪੀ ਈ, ਨਰਿੰਦਰ ਕੌਰ, ਸਤਿੰਦਰ ਕੌਰ, ਰਜਿੰਦਰ ਕੌਰ, ਕੰਵਲਜੀਤ ਕੌਰ,ਜਸਪ੍ਰੀਤ ਕੌਰ ਆਂਸੂ, ਸਪਨਾ ਰਾਣੀ, ਸੰਦੀਪ ਕੌਰ, ਮਮਤਾ ਦੇਵੀ, ਦਲਜੀਤ ਕੌਰ, ਦੀਪਾਂਜਲੀ ਸ਼ਰਮਾ, ਸ਼ਾਂਤੀ ਦੇਵੀ, ਅਮਰਜੀਤ ਕੌਰ, ਕਰਮਜੀਤ ਕੌਰ, ਹਰਜਿੰਦਰ ਕੌਰ, ਰਕੇਸ਼ ਬੇਦੀ ਅਤੇ ਵਿਦਿਆਰਥੀ ਹਾਜ਼ਰ ਸਨ।

## ਝਿਉਰਹੇੜੀ 'ਚ ਕਈ ਦਿਨਾਂ ਤੋਂ ਪਾਣੀ ਦੀ ਸਪਲਾਈ ਠੱਪ, ਲੋਕ ਬੂੰਦ-ਬੂੰਦ ਪਾਣੀ ਲਈ ਤਰਸੇ



**ਮੋਹਾਲੀ, (ਗੁਰਜੀਤ ਬਿੱਲਾ)** ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੇ ਬੇਟੇ ਅਤੇ ਯੂਥ ਕਾਂਗਰਸੀ ਆਗੂ ਕੰਵਰਬੀਰ ਸਿੰਘ ਸਿੱਧੂ (ਰੂਬੀ) ਨੇ ਹਲਕਾ ਮੋਹਾਲੀ ਦੇ ਪਿੰਡ ਝਿਉਰਹੇੜੀ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਪਿੰਡ ਵਾਸੀਆਂ ਨੇ ਦੱਸਿਆ ਕਿ ਕਈ ਦਿਨਾਂ ਤੋਂ ਪੀਣ ਵਾਲੇ ਪਾਣੀ ਦੀ ਸਪਲਾਈ ਪੂਰੀ ਤਰ੍ਹਾਂ ਬੰਦ ਹੈ, ਜਿਸ ਕਾਰਨ ਲੋਕ ਰੋਜ਼ਾਨਾ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਭਾਰੀ ਪ੍ਰੇਸ਼ਾਨੀ ਝੱਲ ਰਹੇ ਹਨ। ਕਈ ਵਾਰ ਸਬੰਧਤ ਵਿਭਾਗਾਂ ਨੂੰ ਸ਼ਿਕਾਇਤਾਂ ਕਰਨ ਦੇ ਬਾਵਜੂਦ ਨਾ ਕੋਈ ਕਾਰਵਾਈ ਹੋਈ ਅਤੇ ਨਾ ਹੀ ਕਿਸੇ ਅਧਿਕਾਰੀ ਨੇ ਮੌਕੇ 'ਤੇ ਪਹੁੰਚ ਕੇ ਲੋਕਾਂ ਦੀ ਸਾਰ ਲਈ। ਪਿੰਡ ਵਾਸੀਆਂ ਨੇ ਦੱਸਿਆ ਕਿ ਜਿਸ ਟਿਊਬਵੈੱਲ ਰਾਹੀਂ ਘਰ-ਘਰ ਪੀਣ ਵਾਲੇ ਪਾਣੀ ਦੀ ਸਪਲਾਈ ਕੀਤੀ ਜਾ ਰਹੀ ਸੀ, ਪਿਛਲੇ ਪੰਜ ਸਾਲਾਂ ਤੋਂ ਉਸ ਦੀ ਸਮੇਂ ਸਿਰ ਮੁਰੰਮਤ ਨਾ ਹੋਣ ਕਾਰਨ ਉਹ ਪਿਛਲੇ ਤਿੰਨ ਸਾਲਾਂ ਤੋਂ ਖਰਾਬ ਪਿਆ ਹੈ।

## ਵਿੱਤੀ ਸਾਖਰਤਾ, ਬੱਚਤ ਤੇ ਸਾਈਬਰ ਸੁਰੱਖਿਆ ਸੰਬੰਧੀ ਜਾਗਰੂਕਤਾ ਪ੍ਰੋਗਰਾਮ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੰਗਰੂਰ ਸ੍ਰੀ ਪਰਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਦਿੜ੍ਹਬਾ ਤੇ ਸੁਨਾਮ-1 ਬਲਾਕਾਂ ਦੇ ਆਂਗਣਵਾੜੀ ਸਟਾਫ ਲਈ ਵਿੱਤੀ ਸਾਖਰਤਾ, ਬੱਚਤ, ਸੁਰੱਖਿਅਤ ਨਿਵੇਸ਼, ਸਾਈਬਰ ਸੁਰੱਖਿਆ ਤੇ ਵਿਸ਼ਵ ਸਤਨਪਾਨ ਹਫ਼ਤੇ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਾਏ ਗਏ। ਦਿੜ੍ਹਬਾ ਬਲਾਕ ਵਿੱਚ ਇਹ ਸਿਖਲਾਈ ਸੀਡੀਪੀਓ ਸ੍ਰੀ ਗੁਰਵਿੰਦਰ ਸਿੰਘ ਔਲਖ ਦੀ ਦੇਖ-ਰੇਖ ਹੇਠ ਕਰਵਾਈ ਗਈ, ਜਦਕਿ ਸੁਨਾਮ-1 ਬਲਾਕ ਵਿੱਚ ਇਹ ਪ੍ਰੋਗਰਾਮ ਸੀਡੀਪੀਓ ਸ੍ਰੀਮਤੀ ਰੇਖਾ ਰਾਣੀ ਦੀ ਅਗਵਾਈ ਹੇਠ ਕੀਤਾ ਗਿਆ।ਇਸ ਮੌਕੇ ਦੋਵੇਂ ਬਲਾਕਾਂ ਦੇ ਸੁਪਰਵਾਈਜ਼ਰਾਂ ਤੇ ਆਂਗਣਵਾੜੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਰਿਸੋਰਸ ਪਰਸਨ ਟ੍ਰੇਨਰ ਸ੍ਰੀ ਵਿਨੋਦ ਕੁਮਾਰ (ਆਰਗਨ) ਨੇ ਭਾਗੀਦਾਰਾਂ ਨੂੰ ਵਿੱਤੀ ਯੋਜਨਾਬੰਦੀ, ਨਿਯਮਤ ਬੱਚਤ, ਸੁਰੱਖਿਅਤ ਨਿਵੇਸ਼ ਤੇ ਆਰਥਿਕ ਸਸ਼ਕਤੀਕਰਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਵਿੱਤੀ ਤੌਰ 'ਤੇ ਸਸ਼ਕਤ ਬਣਨ ਲਈ ਸਹੀ ਯੋਜਨਾਬੰਦੀ ਅਤੇ ਜਾਗਰੂਕਤਾ ਦੀ ਲੋੜ 'ਤੇ ਜ਼ੋਰ ਦਿੱਤਾ।ਟ੍ਰੇਨਿੰਗ ਦੌਰਾਨ ਵੱਧ ਰਹੀਆਂ ਸਾਈਬਰ ਠੱਗੀਆਂ, ਫ਼ਰਜ਼ੀ ਫ਼ੋਨ ਕਾਲਾਂ, ਸ਼ੱਕੀ ਲਿੰਕਾਂ, ਓਟੀਪੀ ਅਤੇ ਬੈਂਕ ਖਾਤਿਆਂ ਨਾਲ ਸਬੰਧਤ ਧੋਖਾਧੜੀ ਤੋਂ ਬਚਣ ਲਈ ਲੋੜੀਂਦੀਆਂ ਸਾਵਧਾਨੀਆਂ ਬਾਰੇ ਵੀ ਵਿਸਥਾਰ ਨਾਲ ਜਾਣੂ ਕਰਾਇਆ ਗਿਆ।ਉਨ੍ਹਾਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਸਮਾਜ ਵਿੱਚ ਵਿੱਤੀ ਸਸ਼ਕਤੀਕਰਨ, ਸਾਈਬਰ ਸੁਰੱਖਿਆ ਤੇ ਮਾਂ ਤੇ ਬੱਚੇ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਦੋਵੇਂ ਬਲਾਕਾਂ ਦੇ ਸੁਪਰਵਾਈਜ਼ਰ ਤੇ ਆਂਗਣਵਾੜੀ ਵਰਕਰ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੀਟਿੰਗ



**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਬੁਢਲਾਡਾ ਦੀ ਮੀਟਿੰਗ ਗੁਰਦੁਆਰਾ ਨੌਂਵੀਂ ਪਾਤਸ਼ਾਹੀ ਵਿਖੇ ਬਲਾਕ ਪ੍ਰਧਾਨ ਬਲਦੇਵ ਸਿੰਘ ਪਿਪਲੀਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਭਖਦੇ ਕਿਸਾਨੀ ਮਸਲਿਆਂ ਤੇ ਚਰਚਾ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 10 ਅਗਸਤ ਨੂੰ ਜ਼ਿਲ੍ਹਿਆਂ ਤੇ ਤਹਿਸੀਲਾਂ ਤੇ ਰੋਸ ਪ੍ਰਦਰਸ਼ਨਾਂ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਵਰਕਰ ਆਗੂ ਵੱਡੀ ਗਿਣਤੀ ਵਿੱਚ ਪਹੁੰਚਣ ਲਈ ਤਿਆਰੀ ਕਰਾਈ ਗਈ।ਮੀਟਿੰਗ ਦੇ ਦੂਜੇ ਏਜੰਡੇ ਵਿੱਚ ਸ਼ਹੀਦ ਬੀਬਾ ਕਿਰਨਜੀਤ ਕੌਰ ਦਾ 29ਵਾਂ ਯਾਦਗਾਰੀ ਸਮਾਗਮ ਦਾਨਾ ਮੰਡੀ ਵਿਖੇ ਮਨਾਇਆ ਜਾਵੇਗਾ, ਜਿਸ ਵਿੱਚ ਮਾਨਸਾ ਜਿਲੇ ਵਿੱਚੋਂ ਵੱਡੀ ਗਿਣਤੀ ਵਿੱਚ ਔਰਤਾਂ ਸ਼ਮੂਲੀਅਤ ਕਰਨਗੀਆਂ ਤੇ ਇੱਕ ਸਤੰਬਰ ਨੂੰ ਕਿਸਾਨੀ ਮੰਗਾਂ ਨੂੰ ਲੈ ਕੇ ਸੰਯੁਕਤ ਮੋਰਚੇ ਦੀ ਸੱਦੇ ਤਹਿਤ ਹਫਤੇ ਲਈ ਚੰਡੀਗੜ੍ਹ ਪੱਕਾ ਮੋਰਚਾ ਲਾਇਆ ਜਾਵੇਗਾ, ਜਿਸ ਦੀ ਤਿਆਰੀ ਲਈ ਮੀਟਿੰਗ ਵਿੱਚ ਆਗੂਆਂ ਦੀਆਂ ਡਿਊਟੀਆਂ ਲਾਈਆਂ ਗਈਆ ਤੋਂ ਇਲਾਵਾ 14 ਅਗਸਤ ਨੂੰ ਬਰੇਟੇ ਵਿੱਚ ਸੀਵਰੇਜ ਦੇ ਮਸਲੇ ਨੂੰ ਲੈ ਕੇ ਧਰਨਾ ਦਿੱਤਾ ਜਾਵੇਗਾ।

## ਧੂਰੀ 'ਚ ਵਿਕਾਸ ਨਹੀਂ, ਵਿਨਾਸ਼ ਹੋ ਰਿਹੈ : ਦਲਵੀਰ ਗੋਲਡੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਵੱਖ-ਵੱਖ ਮੁਹੱਲਿਆਂ ਤੇ ਬਾਜ਼ਾਰਾਂ ਦਾ ਦੌਰਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ 'ਤੇ ਸਿਆਸੀ ਤੀਰ ਛੱਡੇ ਹਨ।ਉਨ੍ਹਾਂ ਮੁੱਖ ਮੰਤਰੀ ਨੂੰ ਜ਼ਮੀਨੀ ਹਕੀਕਤਾਂ 'ਤੇ ਨਿਗ੍ਹਾ ਮਾਰਨ ਦੀ ਨਸੀਹਤ ਦਿੰਦਿਆਂ ਆਖਿਆ ਕਿ ਜਿਹੜੇ ਹਲਕੇ ਦੇ ਸੂਝਵਾਨ ਲੋਕਾਂ ਨੇ ਵੋਟਾਂ ਦੀ ਤਾਕਤ ਨਾਲ ਉਨ੍ਹਾਂ ਨੂੰ ਹਰਾ ਕਲਮ ਬਖ਼ਸ਼ ਕੇ ਮੁੱਖ ਮੰਤਰੀ ਦੀ ਕੁਰਸੀ 'ਤੇ ਬਠਾਇਆ, ਅੱਜ ਉਹੀ ਹਲਕਾ ਅਣਦੇਖੀ ਦਾ ਸ਼ਿਕਾਰ ਹੈ।ਉਨ੍ਹਾਂ ਦੋਸ਼ ਲਾਇਆ ਕਿ ਧੂਰੀ ਵਿੱਚ ਵਿਕਾਸ ਕਾਰਜ ਹੋਣ ਦੀ ਬਜਾਏ ਹਰ ਪਾਸੇ ਵਿਨਾਸ਼ ਦਾ ਆਲਮ ਬਣਿਆ ਹੋਇਆ ਹੈ। ਦੌਰੇ ਦੌਰਾਨ ਸ਼ਹਿਰ ਦੀ ਬਦਹਾਲੀ ਦੀ ਤਸਵੀਰ ਪੇਸ਼ ਕਰਦਿਆਂ ਦਲਵੀਰ ਗੋਲਡੀ ਨੇ ਕਿਹਾ ਕਿ ਸ਼ਹਿਰ ਦੀ ਹਰੇਕ ਸੜਕ ਪੁੱਟੀ ਪਈ ਹੈ, ਜਿਸ ਕਾਰਨ ਆਮ ਜਨਤਾ, ਵਪਾਰੀ ਤੇ ਰਾਹਗੀਰ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜ਼ਬੂਰ ਹਨ।ਸ਼ਹਿਰ ਦੀ ਸਭ ਤੋਂ ਅਹਿਮ 'ਅੰਦਰੂਨੀ ਸੰਗਰੂਰ ਰੋਡ' ਦਾ ਨਿਰਮਾਣ ਕਾਰਜ ਲੰਮੇ ਸਮੇਂ ਤੋਂ ਅਧੂਰਾ ਲਟਕ ਰਿਹਾ ਹੈ।ਰਜਬਾਹੇ ਦੀਆਂ ਪੱਟੜੀਆਂ ਦੀ ਹਾਲਤ ਨੇ ਮੁਸ਼ਕਲਾਂ ਵਧਾ ਦਿੱਤੀਆਂ ਹਨ।ਉਨ੍ਹਾਂ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਆਖਿਆ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਦੇ ਨਾਂਅ 'ਤੇ ਮਹਿਜ਼ ਲਿੱਪਾ-ਪੋਚੀ ਤੇ ਖਾਨਾਪੂਰਤੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾਅਵਿਆਂ ਦੇ ਸੁਫ਼ਨਮਈ ਸੰਸਾਰ 'ਚ ਜੀਅ ਰਹੀ ਹੈ, ਜਦਕਿ ਧੂਰੀ ਦੇ ਲੋਕ ਬੁਨਿਆਦੀ ਸਹੂਲਤਾਂ ਨੂੰ ਤਰਸ ਰਹੇ ਹਨ।

## ਰੋਇਲ ਕਾਨਵੈਂਟ ਸਕੂਲ ਦੇ ਜੂਡੋ ਖਿਡਾਰੀਆਂ ਦਾ ਜ਼ੋਨ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਸਕੂਲੀ ਜ਼ੋਨ ਪੱਧਰੀ ਖੇਡਾਂ ਤਹਿਤ ਜੂਡੋ ਮੁਕਾਬਲਿਆਂ ਵਿੱਚ ਰੋਇਲ ਕਾਨਵੈਂਟ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਮਗੇ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਅੰਡਰ-14 ਦੇ 50 ਕਿਲੋਗ੍ਰਾਮ ਭਾਰ ਵਰਗ ਵਿੱਚ ਸੀਰਤ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਅੰਡਰ-14 ਓਪਨ ਵਰਗ ਵਿੱਚ ਗੁਰਨੂਰ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਅੰਡਰ-14 ਦੇ 44 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਹਿਨਾਜ਼ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ, ਜਦਕਿ ਅੰਡਰ-17 ਦੇ 44 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਹਨਦੀਪ ਕੌਰ ਨੇ ਵੀ ਤੀਜਾ ਸਥਾਨ ਪ੍ਰਾਪਤ ਕੀਤਾ।ਇਨ੍ਹਾਂ ਸ਼ਾਨਦਾਰ ਪ੍ਰਦਰਸ਼ਨਾਂ ਦੇ ਆਧਾਰ 'ਤੇ ਸੀਰਤ ਅਤੇ ਗੁਰਨੂਰ ਸਿੰਘ ਦੀ ਚੋਣ ਹੁਣ ਜ਼ਿਲ੍ਹਾ ਪੱਧਰੀ ਜੂਡੋ ਮੁਕਾਬਲਿਆਂ ਲਈ ਹੋਈ ਹੈ, ਜਿਸ ਨਾਲ ਸਕੂਲ ਵਿੱਚ ਖੁਸ਼ੀ ਤੇ ਮਾਣ ਦਾ ਮਾਹੌਲ ਬਣ ਗਿਆ ਹੈ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਮੋਹਿਤ ਜੈਨ ਤੇ ਵਾਈਸ ਚੇਅਰਮੈਨ ਮਨੀਸ਼ ਮੰਗਲਾ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਨੇ ਸਕੂਲ ਦੇ ਸਪੋਰਟਸ ਕੋਚ ਗੁਰਜੀਤ ਸਿੰਘ, ਸੁਧੀਰ ਕੁਮਾਰ ਤੇ ਭੂਮਿਕਾ ਦੀ ਮਿਹਨਤ ਅਤੇ ਸਮਰਪਣ ਦੀ ਵੀ ਭਰਪੂਰ ਸ਼ਲਾਘਾ ਕੀਤੀ।

## ਲਾਇਨਜ਼ ਕਲੱਬ ਵੱਲੋਂ ਅੱਖਾਂ ਦਾ ਚੈੱਕਅਪ ਕੈਂਪ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜੀ ਸਕੂਲ ਵਿਖੇ ਲਾਇਨਜ਼ ਕਲੱਬ ਵੱਲੋਂ ਲਾਇਨਜ਼ ਕਲੱਬ ਜੈਤੋ ਗੰਗਸਰ ਦੇ ਸਹਿਯੋਗ ਨਾਲ ਅੱਖਾਂ ਦੇ ਕੈਂਪ ਦਾ ਸਫ਼ਲ ਆਯੋਜਨ ਕੀਤਾ ਗਿਆ।ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀਆਂ ਅੱਖਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਨੇ ਵਿਦਿਆਰਥੀਆਂ ਦੀਆਂ ਅੱਖਾਂ ਦੀ ਬਰੀਕੀ ਨਾਲ ਜਾਂਚ ਕੀਤੀ।ਡਾਕਟਰਾਂ ਨੇ ਵਿਦਿਆਰਥੀਆਂ ਨੂੰ ਅੱਖਾਂ ਦੀ ਸਫ਼ਾਈ, ਪੌਸ਼ਟਿਕ ਆਹਾਰ, ਡਿਜ਼ੀਟਲ ਉਪਕਰਣਾਂ ਦੀ ਸੰਤੁਲਿਤ ਵਰਤੋਂ ਤੇ ਨਿਯਮਿਤ ਅੱਖਾਂ ਦੀ ਜਾਂਚ ਦੀ ਮਹੱਤਤਾ ਬਾਰੇ ਵੀ ਜਾਣੂ ਕਰਾਇਆ।ਕੈਂਪ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਸਿਹਤ ਸੰਬੰਧੀ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਲਾਇਨਜ ਕੱਬਲ ਦੇ ਪ੍ਰਧਾਨ ਲਾਇਨ ਪਵਨ ਖੋਖਰ, ਸੈਕਰੇਟਰੀ ਲਾਇਨ ਕੈਲਾਸ਼ ਕੌਸ਼ਿਕ, ਲਾਇਨ ਭੂਸ਼ਨ ਬਾਂਸਲ, ਲਾਇਨ ਲਾਜਪਤ ਰਾਏ ਗੋਇਲ, ਲਾਇਨ ਰੋਹਿਤ ਕੁਮਾਰ, ਲਾਇਨ ਰਾਜ ਕੁਮਾਰ, ਲਾਇਨ ਸ਼ੁਭਮ ਜੋੜਾ, ਲਾਇਨ ਕ੍ਰਿਸ਼ਨ ਸਿੰਗਲਾ, ਲਾਇਨ ਰਾਜੀਵ ਗਰਗ, ਲਾਇਨ ਰੁਪਿੰਦਰ ਵਰਮਾ, ਲਾਇਨ ਯੋਗੇਸ਼ ਕੁਮਾਰ, ਲਾਇਨ ਵਿਜੇ ਟੋਨੀ ਬੁਗਰ, ਲਾਇਨ ਰਾਕੇਸ਼, ਲਾਇਨ ਦਮਨਦੀਪ, ਲਾਇਨ ਵਿਕਰਮ ਸਿੰਗਲਾ, ਲਾਇਨ ਗੌਰਵ ਭਾਟੀਆ ਤੇ ਲਾਇਨ ਦੀਪਕ ਸਿੰਗਲਾ ਵੀ ਹਾਜ਼ਰ ਰਹੇ।

## ਸ਼ਹੀਦ ਸੁਰਜੀਤ ਸਿੰਘ ਹਮੀਦੀ ਦੇ ਬਰਸੀ ਸਮਾਗਮ 'ਚ ਸ਼ਮੂਲੀਅਤ ਕੀਤੀ ਜਾਵੇਗੀ : ਸੱਦੋਵਾਲ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੀ ਮੀਟਿੰਗ ਜ਼ਿਲ੍ਹਾ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਵਿਖੇ ਹੋਈ।16 ਅਗਸਤ ਨੂੰ ਕਿਸਾਨੀ ਸੰਘਰਸ਼ਾਂ ਦੇ ਸ਼ਹੀਦ ਸੁਰਜੀਤ ਸਿੰਘ ਹਮੀਦੀ ਦੀ ਸਾਲਾਨਾ ਬਰਸੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਸਮਾਗਮ ਨੂੰ ਸਫ਼ਲ ਬਣਾਉਣ ਲਈ ਵੱਖ-ਵੱਖ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਾਈਆਂ ਗਈਆਂ।ਜ਼ਿਲ੍ਹਾ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ ਨੇ ਕਿਹਾ ਕਿ ਪਿੰਡ ਗੋਬਿੰਦਪੁਰਾ ( ਮਾਨਸਾ) ਵਿਖੇ ਕਿਸਾਨਾਂ ਦੀਆਂ ਜ਼ਮੀਨਾਂ ਜਬਰੀ ਐਕਵਾਇਰ ਕਰਨ ਦੇ ਵਿਰੋਧ ਵਿੱਚ ਚੱਲੇ ਸੰਘਰਸ਼ ਦੌਰਾਨ ਸ਼ਹੀਦ ਹੋਏ ਸੁਰਜੀਤ ਸਿੰਘ ਹਮੀਦੀ ਦੀ ਕੁਰਬਾਨੀ ਕਿਸਾਨੀ ਅੰਦੋਲਨ ਦੇ ਇਤਿਹਾਸ ਦਾ ਅਹਿਮ ਅਧਿਆਇ ਹੈ।ਉਨ੍ਹਾਂ ਕਿਹਾ ਕਿ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਥੇਬੰਦੀ ਕਿਸਾਨਾਂ ਦੇ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ। ਆਗੂਆਂ ਨੇ ਸਾਰੀਆਂ ਫ਼ਸਲਾਂ 'ਤੇ ਕਾਨੂੰਨੀ ਤੌਰ 'ਤੇ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਦੀ ਗਾਰੰਟੀ, ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਲਾਗੂ ਕਰਨ, ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਕਰਜ਼ੇ ਮਾਫ਼ ਕਰਨ, ਜਬਰੀ ਜ਼ਮੀਨ ਐਕਵਾਇਰ ਕਰਨ ਦੀ ਨੀਤੀ ਬੰਦ ਕਰਨ, ਫ਼ਸਲਾਂ ਦੇ ਨੁਕਸਾਨ ਦਾ ਪੂਰਾ ਮੁਆਵਜ਼ਾ ਦੇਣ ਤੇ ਲੋਕ-ਵਿਰੋਧੀ ਨੀਤੀਆਂ ਵਾਪਸ ਲੈਣ ਦੀ ਮੰਗ ਕੀਤੀ।

## ਰਾਜਵਿੰਦਰ ਭਗਤਾ ਬਲਾਕ ਪ੍ਰਧਾਨ ਨਿਯੁਕਤ



**ਬਠਿੰਡਾ (ਰਾਜੀਵ ਗੋਇਲ)** ਆਮ ਆਦਮੀ ਪਾਰਟੀ ਵੱਲੋਂ ਰਾਜਵਿੰਦਰ ਸਿੰਘ ਭਗਤਾ ਨੂੰ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਨਗਰ ਪੰਚਾਇਤ ਭਗਤਾ ਦੀ ਚੋਣ ਵਿੱਚ ਵਾਰਡ ਨੰਬਰ 10 ਤੋਂ ਟਿਕਟ ਲਈ ਇਹ ਪ੍ਰਗਉਣ ਵਾਲੇ ਤੇ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦੇ ਸਮਰਥਕ ਵਜੋਂ ਜਾਣੇ ਜਾਂਦੇ ਰਾਜਵਿੰਦਰ ਭਗਤਾ ਦੀ ਇਹ ਦੂਜੀ ਜਿੱਤ ਹੈ। ਭਾਵੇਂ ਹੀ ਉਹ ਨਗਰ ਪੰਚਾਇਤ ਦੀ ਚੋਣ ਜਿੱਤਣ ਵਿੱਚ ਕਾਮਯਾਬ ਨਹੀਂ ਹੋ ਪਾਏ ਸਨ, ਪਰ ਟਿਕਟ ਹਾਸਲ ਕਰਨੀ ਵੀ ਉਨ੍ਹਾਂ ਸਮਿਆਂ ਵਿੱਚ ਬਹੁਤ ਵੱਡੀ ਗੱਲ ਸੀ, ਕਿਉਂਕਿ ਉਸ ਆਗੂ ਦੇ ਮੁਕਾਬਲੇ ਟਿਕਟ ਲੈਣ ਲਈ ਇੱਕ ਧੜੱਲੇਦਾਰ ਵਪਾਰੀ ਉਮਰਲੀ ਲਾਈਨ ਵਿੱਚ ਸੀ, ਜਿਸਨੂੰ ਪਾਸੇ ਕਰਕੇ ਮਾਨ ਵੱਲੋਂ ਹਮਾਇਤ ਦੇ ਸਹਾਰੇ ਭਗਤਾ ਨੂੰ ਟਿਕਟ ਮਿਲੀ ਸੀ। ਉਧਰ ਦੂਜੇ ਪਾਸੇ ਨਵ-ਨਿਯੁਕਤ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਵੱਲੋਂ ਸਮੂਹ ਪਾਰਟੀ ਹਾਈਕਮਾਨ ਸਮੇਤ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦਾ ਅਹੁਦਾ ਨਿਵਾਜ਼ੇ ਜਾਣ 'ਤੇ ਧੰਨਵਾਦ ਕਰਦੇ ਹੋਏ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਦਾ ਵਾਅਦਾ ਕੀਤਾ ਗਿਆ ਹੈ।

# ਬੇਸਹਾਰਾ ਗਊਆਂ ਤੇ ਅਵਾਰਾ ਕੁੱਤਿਆਂ ਦੀ ਸਮੱਸਿਆ ਤੋਂ ਲੋਕ ਪ੍ਰੇਸ਼ਾਨ

### ਵਫ਼ਦ ਨੇ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਭਵਾਨੀਗੜ੍ਹ (ਰਾਜ ਖੁਰਮੀ)** ਸਥਾਨਕ ਸ਼ਹਿਰ ਵਿੱਚ ਬੇਸਹਾਰਾ ਗਊਆਂ ਤੇ ਆਵਾਰਾ ਕੁੱਤਿਆਂ ਦੀ ਵਧ ਰਹੀ ਗਿਣਤੀ ਕਾਰਨ ਲੋਕਾਂ ਦੀਆਂ ਮੁਸ਼ਕਲਾਂ ਦਿਨੋਂ-ਦਿਨ ਵਧਦੀਆਂ ਜਾ ਰਹੀਆਂ ਹਨ। ਖਾਸ ਕਰਕੇ ਸ਼ਾਮ ਦੇ ਸਮੇਂ ਹਾਈਵੇ ਉੱਪਰ ਵੱਡੀ ਗਿਣਤੀ ਵਿੱਚ ਬੇਸਹਾਰਾ ਗਊਆਂ ਦੇ ਇਕੱਠੇ ਹੋਣ ਕਾਰਨ ਅਕਸਰ ਸੜਕ ਹਾਦਸੇ ਵਾਪਰ ਰਹੇ ਹਨ, ਜਿਸ ਨਾਲ ਰਾਹਗੀਰਾਂ ਤੇ ਵਾਹਨ ਚਾਲਕਾਂ ਦੀ ਜਾਨ ਨੂੰ ਖ਼ਤਰਾ ਬਣਿਆ ਰਹਿੰਦਾ ਹੈ।ਇਸ ਤੋਂ ਇਲਾਵਾ ਸ਼ਹਿਰ ਵਿੱਚ ਆਵਾਰਾ ਕੁੱਤਿਆਂ ਦੀ ਗਿਣਤੀ ਵਿੱਚ ਵੀ ਲਗਾਤਾਰ ਵਾਧਾ ਹੋ ਰਿਹਾ ਹੈ।ਕੁੱਤਿਆਂ ਦੇ ਹਮਲਿਆਂ ਦੇ ਦਹਿਸ਼ਤ ਕਾਰਨ ਲੋਕ, ਖ਼ਾਸ ਕਰਕੇ ਬੱਚੇ, ਬਜ਼ੁਰਗ ਤੇ ਔਰਤਾਂ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਇਨ੍ਹਾਂ ਤੇ ਸ਼ਹਿਰ ਨਾਲ ਜੁੜੀਆਂ ਹੋਰ ਸਮੱਸਿਆਵਾਂ ਨੂੰ ਲੈ ਕੇ ਸ਼ਹਿਰ ਦੇ ਪਤਵੰਤੇ ਵਿਅਕਤੀਆਂ ਦੇ ਇੱਕ ਵਫ਼ਦ ਨੇ ਐੱਸਡੀਐੱਮ ਮਨਜੀਤ ਕੌਰ ਨਾਲ ਮੁਲਾਕਾਤ ਕਰਕੇ ਮੰਗ ਪੱਤਰ ਸੌਂਪਿਆ।ਵਫ਼ਦ ਨੇ ਮੰਗ ਕੀਤੀ ਕਿ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਭੇਜਣ, ਆਵਾਰਾ ਕੁੱਤਿਆਂ ਦੀ ਸਮੱਸਿਆ ਦਾ ਪੱਕਾ ਹੱਲ ਕਰਨ ਤੇ ਸ਼ਹਿਰ ਦੀਆਂ ਹੋਰ ਬੁਨਿਆਦੀ ਸਮੱਸਿਆਵਾਂ ਨੂੰ ਜਲਦ ਤੋਂ ਜਲਦ ਦੂਰ ਕੀਤਾ ਜਾਵੇ।

ਐੱਸਡੀਐੱਮ ਮਨਜੀਤ ਕੌਰ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਤੇ ਸੰਬੰਧਤ ਵਿਭਾਗਾਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ।ਇਸ ਮੌਕੇ ਰਿੰਕਾ (ਗੋਇਲ ਸਵੀਟ), ਸੁਸ਼ੀਲ (ਕੇਸ਼ਵ ਸਵੀਟ), ਗਗਨ ਜੀਦਾਵਤ, ਰਾਮ ਸੱਚਦੇਵਾ (ਸੱਚਦੇਵਾ ਸਵੀਟ), ਪਾਸੀ ਲਾਲ, ਵਿੱਕੀ ਸਿੰਘ, ਨਰਿੰਦਰ ਰਤਨ, ਡਾ. ਰਿੰਪੀ, ਸੇਠੀ ਸਿੰਘ, ਰੌਕੀ (ਅਰਜਨ ਕਰਿਆਨਾ), ਅਮਿਤ, ਗੁਰਪ੍ਰੀਤ ਬਾਬਾ, ਸ਼ਾਮ ਸੱਚਦੇਵਾ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

## ਸਰਕਾਰੀ ਪ੍ਰਾਇਮਰੀ ਸਕੂਲ ਮਲੂਕਾ ਨੇ ਨਵੇਂ ਦਾਖ਼ਲਿਆਂ 'ਚ ਵਾਧਾ ਦਰਜ ਕੀਤਾ



**ਬਠਿੰਡਾ (ਰਾਜੀਵ ਗੋਇਲ)**-ਸਰਕਾਰੀ ਪ੍ਰਾਇਮਰੀ ਸਕੂਲ ਮਲੂਕਾ (ਜ਼ਿਲ੍ਹਾ ਬਠਿੰਡਾ) ਨੇ ਸਿੱਖਿਆ ਖੇਤਰ ਵਿੱਚ ਇੱਕ ਹੋਰ ਮਹੱਤਵਪੂਰਨ ਪ੍ਰਾਪਤੀ ਹਾਸਲ ਕਰਦਿਆਂ ਨਵੇਂ ਦਾਖ਼ਲਿਆਂ ਵਿੱਚ ਸ਼ਲਾਘਾਯੋਗ ਵਾਧਾ ਦਰਜ ਕੀਤਾ ਹੈ।ਸਕੂਲ ਮੁਖੀ ਬੇਅੰਤ ਸਿੰਘ ਮਲੂਕਾ (ਸਟੇਟ ਐਵਾਰਡੀ) ਨੇ ਦੱਸਿਆ ਹੈ ਕਿ ਸਕੂਲ ਵਿੱਚ ਪਿਛਲੇ ਸਾਲ ਬੱਚਿਆਂ ਦੀ ਗਿਣਤੀ 216 ਸੀ।ਪੰਜਵੀਂ ਜਮਾਤ ਪਾਸ ਕਰਨ ਵਾਲੇ ਬੱਚਿਆਂ ਦੀ ਗਿਣਤੀ 54 ਸੀ, ਪ੍ਰੰਤੂ ਅਧਿਆਪਕਾਂ ਦੀ ਸਖ਼ਤ ਮਿਹਨਤ ਤੇ ਲਗਨ ਨਾਲ ਹੁਣ ਬੱਚਿਆਂ ਦੀ ਗਿਣਤੀ 223 ਹੋ ਗਈ ਹੈ ਤੇ ਹੁਣ ਵੀ ਹੋਰ ਬੱਚੇ ਦਾਖ਼ਲ ਹੋ ਰਹੇ ਹਨ।ਇਹ ਦੂਜੇ ਸਕੂਲਾਂ ਦੇ ਮੁਕਾਬਲੇ ਬੜੇ ਮਾਣ ਵਾਲੀ ਗੱਲ ਹੈ।ਵਰਣਨਯੋਗ ਹੈ ਕਿ ਇਸ ਸਕੂਲ ਵਿਖੇ ਬਾਹਰਲੇ ਪੰਜ ਪਿੰਡਾਂ ਦੇ ਬੱਚੇ ਪੜ੍ਹਦੇ ਹਨ।ਐਤਕੀਂ ਬੱਚੇ ਪ੍ਰਾਈਵੇਟ ਸਕੂਲਾਂ ਤੇ ਬਾਹਰਲੇ ਰਾਜਾਂ ਤੋਂ ਹਟ ਕੇ ਇਸ ਸਕੂਲ ਵਿੱਚ ਦਾਖ਼ਲ ਹੋਏ ਹਨ।ਇਹ ਵਾਧਾ ਸਕੂਲ ਦੇ ਅਧਿਆਪਕਾਂ ਦੀ ਲਗਨ, ਮਾਪਿਆਂ ਦੇ ਭਰੋਸੇ ਤੇ ਵਿਦਿਆਰਥੀਆਂ ਲਈ ਬਣਾਏ ਗਏ ਸੁਖਾਵੇਂ ਤੇ ਸਿੱਖਣ-ਅਨੁਕੂਲ ਮਾਹੌਲ ਦਾ ਨਤੀਜਾ ਹੈ।ਅੱਜ ਦੇ ਸਮੇਂ ਵਿੱਚ ਜਿੱਥੇ ਮਾਪੇ ਆਪਣੇ ਬੱਚਿਆਂ ਲਈ ਵਧੀਆ ਸਿੱਖਿਆ ਦੀ ਭਾਲ ਕਰਦੇ ਹਨ, ਉੱਥੇ ਸਰਕਾਰੀ ਪ੍ਰਾਇਮਰੀ ਸਕੂਲ ਮਲੂਕਾ ਨੇ ਗੁਣਵੱਤਾ ਭਰਪੂਰ ਸਿੱਖਿਆ, ਆਧੁਨਿਕ ਸਹੂਲਤਾਂ ਜਿਵੇਂ ਪ੍ਰੋਜੈਕਟਰ, ਇੰਟਰਐਕਟਿਵ ਟੱਚ ਪੈਨਲ, ਸਿੱਖਿਆਦਾਇਕ 6 ਪਾਰਕ, ਪੜ੍ਹਨ ਸਮੱਗਰੀ ਦੀ ਵੱਡੀ ਵਿਵਸਥਾ ਅਤੇ ਬੱਚਾ-ਕੇਂਦਰਤ ਪੜ੍ਹਾਈ ਰਾਹੀਂ ਆਪਣੀ ਵਿਲੱਖਣ ਪਛਾਣ ਬਣਾਈ ਹੈ।ਸਕੂਲ ਵਿੱਚ ਸਮਾਰਟ ਕਲਾਸਰੂਮ, ਸੁੰਦਰ ਤੇ ਸਾਫ਼-ਸੁਥਰਾ ਵਾਤਾਵਰਨ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਲਾਇਬ੍ਰੇਰੀ ਅਤੇ ਤਕਨਾਲੋਜੀ ਅਧਾਰਿਤ ਸਿੱਖਿਆ ਵਰਗੀਆਂ ਸਹੂਲਤਾਂ ਬੱਚਿਆਂ ਨੂੰ ਸਕੂਲ ਵੱਲ ਆਕਰਸ਼ਿਤ ਕਰ ਰਹੀਆਂ ਹਨ। ਬੱਚਿਆਂ ਦੇ ਸਕੂਲ ਆਉਣ-ਜਾਣ ਲਈ ਸਕੂਲ ਵੈਨਾਂ ਤੇ ਈ ਰਿਕਸ਼ਾ ਆਦਿ ਦਾ ਪ੍ਰਬੰਧ ਸਕੂਲ ਨੇ ਆਪਣੇ ਪੱਧਰ 'ਤੇ ਕੀਤਾ ਹੋਇਆ ਹੈ।ਸਕੂਲ ਦੇ ਅਧਿਆਪਕਾਂ ਵੱਲੋਂ ਘਰ-ਘਰ ਜਾ ਕੇ ਮਾਪਿਆਂ ਨਾਲ ਸੰਪਰਕ ਕਰਨਾ, ਜਮਾਤ ਵਾਈਜ਼ ਵਟਸਐਪ ਗਰੁੱਪਾਂ, ਫੋਨ ਕਾਲ, ਛੁੱਟੀ ਵਾਲੇ ਦਿਨ ਮਾਪਿਆਂ ਨਾਲ ਸੰਪਰਕ ਪੈਦਾ ਕਰਕੇ, ਪਹੁੰਚ ਕਰਨੀ ਤੇ ਸਕੂਲ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਮਾਪਿਆਂ ਨੂੰ ਮਿਲਣਾ, ਸਰਕਾਰੀ ਸਕੂਲਾਂ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦੇਣਾ ਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਪੁਚਾਉਣਾ ਵੀ ਨਵੇਂ ਦਾਖ਼ਲਿਆਂ ਵਿੱਚ ਵਾਧੇ ਦਾ ਇੱਕ ਮੁੱਖ ਕਾਰਨ ਬਣਿਆ ਹੈ।ਅਧਿਆਪਕਾਂ ਦੀ ਮਿਹਨਤ ਤੇ ਸਮਰਪਣ ਨੇ ਸਮਾਜ ਵਿੱਚ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਹੈ।

## ਅਨੂਪ ਸ਼ਰਮਾ ਨੂੰ ਭਾਜਪਾ ਖੰਨਾ ਦਾ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਵਧਾਈਆਂ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਜਨਤਾ ਪਾਰਟੀ ਦੇ ਆਗੂ ਅਨੂਪ ਸ਼ਰਮਾ ਨੂੰ ਭਾਜਪਾ ਖੰਨਾ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਵਰਕਰਾਂ ਤੇ ਆਗੂਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਮੌਕੇ ਦੋਰਾਹਾ ਦੇ ਭਾਜਪਾ ਆਗੂ ਵਿਨੋਦ ਬੈਕਟਰ ਬਿੱਲਾ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਅਨੂਪ ਸ਼ਰਮਾ ਨੂੰ ਵਧਾਈਆਂ ਦਿੱਤੀਆਂ ਗਈਆਂ।ਵਿਨੋਦ ਬੈਕਟਰ ਬਿੱਲਾ ਨੇ ਕਿਹਾ ਕਿ ਅਨੂਪ ਸ਼ਰਮਾ ਇੱਕ ਮਿਹਨਤੀ, ਇਮਾਨਦਾਰ ਤੇ ਜ਼ਮੀਨੀ ਪੱਧਰ ਨਾਲ ਜੁੜੇ ਹੋਏ ਆਗੂ ਹਨ।ਉਨ੍ਹਾਂ ਕਿਹਾ ਕਿ ਅਨੂਪ ਸ਼ਰਮਾ ਦੀ ਅਗਵਾਈ ਹੇਠ ਭਾਜਪਾ ਖੰਨਾ ਜ਼ਿਲ੍ਹੇ ਵਿੱਚ ਹੋਰ ਮਜ਼ਬੂਤ ਹੋਵੇਗੀ ਤੇ ਪਾਰਟੀ ਸੰਗਠਨ ਨੂੰ ਨਵੀਂ ਦਿਸ਼ਾ ਮਿਲੇਗੀ।ਉਨ੍ਹਾਂ ਪਾਰਟੀ ਹਾਈਕਮਾਂਡ ਦੇ ਇਸ ਫ਼ੈਸਲੇ ਦੀ ਸਰਾਹਣਾ ਕਰਦਿਆਂ ਕਿਹਾ ਕਿ ਇਹ ਨਿਯੁਕਤੀ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।ਇਸ ਦੇ ਨਾਲ ਹੀ ਉਨ੍ਹਾਂ ਅਨੂਪ ਸ਼ਰਮਾ ਦੇ ਸਫਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਆਂਗਣਵਾੜੀ ਵਰਕਰਾਂ ਦੀ ਪੌਸ਼ਟਿਕ ਲੱਡੂ ਵੰਡਣ ਦੇ ਨਾਂ 'ਤੇ ਹੋ ਰਹੀ ਆਰਥਿਕ ਲੁੱਟ : ਗੁਰਚਰਨ ਮੋਗਾ, ਬਲਵਿੰਦਰ ਖੋਸਾ

**ਮੋਗਾ (ਇਕਬਾਲ ਸਿੰਘ ਖਹਿਰਾ)**

ਕਮਜ਼ੋਰ ਬੱਚਿਆਂ ਨੂੰ ਪੌਸ਼ਟਿਕ ਆਹਾਰ ਦੇਣਾ ਚੰਗੀ ਗੱਲ ਹੈ, ਪਰ ਆਂਗਣਵਾੜੀ ਵਰਕਰਾਂ ਨੂੰ 80-90 ਰੁਪਏ ਖਰਚ ਕਰਕੇ ਲੱਡੂ ਲਿਆਉਣੇ ਔਖੇ ਹਨ, ਕਿਉਂਕਿ ਆਂਗਣਵਾੜੀ ਵਰਕਰਾਂ ਨੂੰ ਨਿਗੂਣਾ ਜਿਹਾ ਮਾਣ ਭੱਤਾ ਮਿਲਦਾ ਹੈ।

ਇਸ ਨਿਯਮ ਨੂੰ ਲਾਗੂ ਕਰਨ ਵਾਲਿਆਂ ਨੇ ਸੋਚਿਆ ਨਹੀਂ ਕਿ ਹਰ ਇੱਕ ਆਂਗਣਵਾੜੀ ਵਰਕਰ ਨੂੰ ਰੋਜ਼ਾਨਾ ਇੱਕ ਲੱਡੂ ਲੈ ਕੇ ਆਉਣਾ ਕਿੰਨਾ ਔਖਾ ਹੈ, ਜਦੋਂ ਕਿ ਆਂਗਣਵਾੜੀ ਸੈਂਟਰਾਂ ਵਿੱਚ ਪਹਿਲਾਂ ਫੀਡ ਆ ਰਹੀ ਹੈ।ਉਸੇ ਤਰ੍ਹਾਂ ਇਹ ਪੌਸ਼ਟਿਕ ਆਹਾਰ ਆਂਗਣਵਾੜੀ ਸੈਂਟਰ ਵਿੱਚ ਪਿੰਡ ਪਿੰਡ ਪਹੁੰਚਾਇਆ ਜਾਵੇ।ਇੱਕ ਲੱਡੂ ਨੂੰ ਲੈ ਕੇ ਆਉਣਾ ਹਾਸੋਹੀਣ ਗੱਲ ਹੈ।ਇਸ ਤਰ੍ਹਾਂ ਦੀ ਡਿਊਟੀ ਦਾ ਜਥੇਬੰਦੀ ਪੁਰਜ਼ੋਰ ਵਿਰੋਧ ਕਰਦੀ ਹੈ।ਇਹ ਜ਼ਿੰਮੇਵਾਰੀ ਮਹਿਕਮੇ ਦੀ ਹੈ।

## ਮਾਤਾ ਅੰਗਰੇਜ਼ ਕੌਰ ਇੰਸਾਂ ਦਾ ਮ੍ਰਿਤਕ ਸਰੀਰ ਮੈਡੀਕਲ ਖੋਜ ਕਾਰਜਾਂ ਲਈ ਦਾਨ



**ਬਰਨਾਲਾ (ਰਾਜਿੰਦਰ ਬਰਾੜ)**

ਪਿੰਡ ਸੰਘੇੜਾ ਦੀ ਮਾਤਾ ਅੰਗਰੇਜ਼ ਕੌਰ ਇੰਸਾਂ ਨੇ ਆਪਣੇ ਪਤੀ ਜੋਰਾ ਸਿੰਘ ਵਾਂਗ ਹੀ ਡੇਰਾ ਸੱਚਾ ਸੌਦਾ ਸਰਸਾ ਦੀਆਂ ਪਵਿੱਤਰ ਸਿੱਖਿਆਵਾਂ 'ਤੇ ਚੱਲਦਿਆਂ ਆਪਣਾ ਮ੍ਰਿਤਕ ਸਰੀਰ ਮਾਨਵਤਾ ਲੇਖੇ ਲਾਇਆ ਹੈ।ਮਾਤਾ ਅਗੰਰੇਜ਼ ਕੌਰ ਇੰਸਾਂ ਦੀ ਮ੍ਰਿਤਕ ਦੇਹ ਨੂੰ ਪੂਰੇ ਪਰਿਵਾਰ ਦੀ ਸਹਿਮਤੀ ਨਾਲ ਸੈਂਕੜਿਆਂ ਦੀ ਗਿਣਤੀ 'ਚ ਮੌਜੂਦ ਰਿਸ਼ਤੇਦਾਰਾਂ ਅਤੇ ਸਾਧ ਸੰਗਤ ਵੱਲੋਂ ਭਾਵਭਿੰਨੀ ਵਿਦਾਇਗੀ ਦਿੰਦਿਆਂ ਮੈਡੀਕਲ ਖੋਜ ਕਾਰਜਾਂ ਲਈ ਦਾਨ ਕੀਤਾ ਗਿਆ।ਮਾਤਾ ਅੰਗਰੇਜ਼ ਕੌਰ ਇੰਸਾਂ ਜੋ ਸੌ ਸਾਲ ਦੀ ਉਮਰ ਵਿੱਚ ਵੀ ਤੰਦਰੁਸਤ ਸਨ, ਅਚਾਨਕ ਹੀ ਬੁੱਧਵਾਰ ਰਾਤ ਨੂੰ 10 ਕੁ ਵਜੇ ਦੇ ਕਰੀਬ ਆਪਣਾ ਸਵਾਸਾਂ ਰੂਪੀ ਪੂੰਜੀ ਨੂੰ ਭੋਗਦਿਆਂ ਕੁੱਲ ਮਾਲਕ ਦੇ ਹੁਕਮਾਂ ਅਨੁਸਾਰ ਸੱਚਖੰਡ ਜਾ ਬਿਰਾਜੇ।ਮਾਤਾ ਜੀ ਨੇ ਡਾ. ਗੁਰਮੀਤ ਰਾਮ ਰਹੀਮ ਸਿੰਘ ਇੰਸਾਂ ਨਾਲ ਲਿਖ਼ਤੀ ਵਾਅਦਾ ਕੀਤਾ ਹੋਇਆ ਸੀ, ਜਿਸ ਨੂੰ ਉਨ੍ਹਾਂ ਦੇ ਪੁੱਤਰ ਮਾ. ਹਰਬੰਸ ਸਿੰਘ ਇੰਸਾਂ ਤੇ ਗੁਰਜੰਟ ਸਿੰਘ ਸਮੇਤ ਸਮੁੱਚੇ ਪਰਵਾਰ ਨੇ ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਮੈਡੀਕਲ ਖੋਜਾਂ ਲਈ ਦਾਨ ਕਰਕੇ ਪੂਰਾ ਕੀਤਾ ਹੈ।ਡੇਰਾ ਸੱਚਾ ਸੌਦਾ ਦੀ 'ਧੀਆਂ-ਪੁੱਤਰ ਇੱਕ ਸਮਾਨ' ਮੁਹਿੰਮ ਦੇ ਤਹਿਤ ਮਾਤਾ ਦੀ ਅਰਥੀ ਨੂੰ ਉਨ੍ਹਾਂ ਦੇ ਪੁੱਤਰਾਂ ਨਾਲ ਨੂੰਹਾਂ ਅਤੇ ਧੀਆਂ ਨੇ ਵੀ ਮੋਢਾ ਦਿੱਤਾ, ਜਿਸ ਤੋਂ ਬਾਅਦ ਮਾਤਾ ਦੇ ਮ੍ਰਿਤਕ ਸਰੀਰ ਨੂੰ ਐਂਬੂਲੈਂਸ ਰਾਹੀਂ ਸ਼ਾਹ ਸਤਿਨਾਮ ਜੀ ਗ੍ਰੀਨ ਐੱਸ ਵੈੱਲਫੇਅਰ ਕਮੇਟੀ ਦੇ ਸੇਵਾਦਾਰਾਂ ਦੀ ਅਗਵਾਈ ਵਿੱਚ 'ਮਾਤਾ ਅੰਗਰੇਜ ਕੌਰ ਇੰਸਾਂ, ਅਮਰ ਰਹੇ' ਤੇ 'ਮਾਤਾ ਅੰਗਰੇਜ ਕੌਰ ਇੰਸਾਂ ਦੀ ਸੋਚ 'ਤੇ, ਪਹਿਰਾ ਦਿਆਂਗੇ ਠੋਕ ਕੇ' ਦੇ ਨਾਅਰਿਆਂ ਹੇਠ ਪਿੰਡ 'ਚ ਘੁਮਾਉਣ ਤੋਂ ਬਾਅਦ ਸਾਬਕਾ ਸਰਪੰਚ ਹਰਬੰਸ ਸਿੰਘ ਇੰਸਾਂ ਵੱਲੋਂ ਸਲਿਊਟ ਕੀਤੇ ਜਾਣ ਤੋਂ ਬਾਅਦ ਖੋਜ ਸੰਸਥਾ ਨੂੰ ਰਵਾਨਾ ਕੀਤਾ ਗਿਆ। ਮਾ. ਹਰਬੰਸ ਸਿੰਘ ਇੰਸਾਂ ਨੇ ਦੱਸਿਆ ਕਿ ਪੂਜਨੀਕ ਗੁਰੂ ਜੀ ਦੀਆਂ ਪਵਿੱਤਰ ਸਿੱਖਿਆਵਾਂ ਤਹਿਤ ਪਹਿਲਾਂ ਉਨ੍ਹਾਂ ਦੇ ਪਿਤਾ ਜੋਰਾ ਸਿੰਘ ਦਾ ਮ੍ਰਿਤਕ ਸਰੀਰ ਵੀ ਮੈਡੀਕਲ ਖੋਜ ਲਈ ਦਾਨ ਕੀਤਾ ਸੀ ਤੇ ਹੁਣ ਉਨ੍ਹਾਂ ਦੀ ਮਾਤਾ ਨੇ ਵੀ ਸਰੀਰਦਾਨ ਹੋਣ ਦਾ ਮਾਣ ਹਾਸਲ ਕੀਤਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਮਾਤਾ-ਪਿਤਾ ਦੀ ਸੋਚ ਅਤੇ ਕਰਮ 'ਤੇ ਮਾਣ ਹੈ, ਜਿਨ੍ਹਾਂ ਦੇ ਮ੍ਰਿਤਕ ਸਰੀਰ ਮਾਨਵਤਾ ਦੇ ਲੇਖੇ ਲੱਗੇ ਹਨ।

## ਸੀ ਆਈ ਏ ਸਟਾਫ ਵੱਲੋਂ ਨਜਾਇਜ਼ ਅਸਲੇ ਸਮੇਤ 2 ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**

ਐੱਸ.ਐੱਸ.ਪੀ. ਮੋਗਾ ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ ਨਸ਼ਾ ਤਸਕਰਾਂ/ਗੈਂਗਸਟਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 02 ਦੇਸੀ ਪਿਸਟਲ 30 ਬੋਰ ਬਰਾਮਦ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ।ਬਾਲ ਕ੍ਰਿਸ਼ਨ ਸਿੰਗਲਾ ਐੱਸ.ਪੀ. ਇਨਵੈਸਟੀਗੇਸ਼ਨ ਮੋਗਾ ਦੀ ਸੁਪਰਵੀਜ਼ਨ ਸੁਖਵਿੰਦਰ ਸਿੰਘ ਡੀ.ਐੱਸ.ਪੀ. (ਸ:ਡ ਧਰਮਕੋਟ) ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ ਦੀ ਪੁਲਸ ਟੀਮ ਵੱਲੋਂ ਇਲਾਕੇ ਵਿੱਚ ਗਸ਼ਤ ਤੇ ਨਸ਼ਾ ਤਸਕਰਾਂ/ਗੈਂਗਸਟਰਾਂ ਤੇ ਉਨ੍ਹਾਂ ਦੇ ਸਹਿਯੋਗੀਆਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਸੀ।ਏਐੱਸ ਆਈ ਹਰਜਿੰਦਰ ਸਿੰਘ ਨੰਬਰ 1163/ਮੋਗਾ ਸਮੇਤ ਪੁਲਸ ਪਾਰਟੀ ਦੇ ਦੌਰਾਨੇ ਗਸ਼ਤ ਨੇੜੇ ਰੇਲਵੇ ਫਾਟਕ ਪਿੰਡ ਮਹਿਣਾ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਨਿਸ਼ਾਨ ਸਿੰਘ ਪੁੱਤਰ ਜਤਿੰਦਰ ਸਿੰਘ ਵਾਸੀ ਢੀਂਗਰਾ ਕਲੋਨੀ, ਰਾਮਤੀਰਥ ਰੋਡ ਅਮ੍ਰਿਤਸਰ ਤੇ ਸ਼ਰਨਜੀਤ ਸਿੰਘ ਪੁੱਤਰ ਹੀਰਾ ਸਿੰਘ ਵਾਸੀ ਢੀਂਗਰਾ ਕਲੋਨੀ, ਰਾਮਤੀਰਥ ਰੋਡ ਅਮ੍ਰਿਤਸਰ ਪਾਸ ਨਜਾਇਜ਼ ਅਸਲੇ ਹਨ, ਜੋ ਇਹ ਦੋਵੇਂ ਇਸ ਸਮੇਂ ਬੱਸ ਅੱਡਾ ਮਹਿਣਾ ਜੀ ਟੀ ਰੋਡ ਮੋਗਾ-ਲੁਧਿਆਣਾ ਪਰ ਲਿੰਕ ਰੋਡ ਚੁਗਾਵਾ ਵਾਲੀ ਸਾਈਡ ਬਣੇ ਸ਼ੈੱਡ ਦੇ ਅੰਦਰ ਬੈਠੇ ਕਿਸੇ ਦੀ ਉਡੀਕ ਕਰ ਰਹੇ ਹਨ।ਇਹ ਇਤਲਾਹ ਠੋਸ ਤੇ ਭਰੋਸੇਯੋਗ ਹੋਣ ਕਰਕੇ ਇਨ੍ਹਾਂ 'ਤੇ ਰੇਡ ਕਰਕੇ ਦੋਸ਼ੀਆਨ ਨਿਸ਼ਾਨ ਸਿੰਘ ਤੇ ਸ਼ਰਨਜੀਤ ਸਿੰਘ ਉਕਤਾਨ ਨੂੰ ਕਾਬੂ ਕਰਕੇ ਇਨ੍ਹਾਂ ਪਾਸੋਂ ਦੋ ਦੇਸੀ ਪਿਸਟਲ 30 ਬੋਰ ਸਮੇਤ ਮੈਗਜੀਨ ਬ੍ਰਾਮਦ ਹੋਏ, ਜਿਸ 'ਤੇ ਦੋਸ਼ੀਆਨ ਨਿਸ਼ਾਨ ਸਿੰਘ ਤੇ ਸ਼ਰਨਜੀਤ ਸਿੰਘ ਨੂੰ ਮੁਕੱਦਮਾ ਨੰਬਰ 116 ਅ/ਧ 25-54-59 ਆਰਮ ਐਕਟ ਤਹਿਤ ਥਾਣਾ ਮੈਹਿਣਾ ਵਿੱਚ ਹਸਬ ਜਾਬਤਾ ਗ੍ਰਿਫਤਾਰ ਕੀਤਾ ਗਿਆ ਹੈ।ਪੁੱਛਗਿੱਛ ਦੌਰਾਨ ਉਕਤਾਨ ਵਿਅਕਤੀਆਂ ਨੇ ਇੰਕਸ਼ਾਫ ਕੀਤਾ ਕਿ ਬਰਾਮਦ ਅਸਲਾ ਉਨ੍ਹਾਂ ਨੇ ਅੱਗੇ ਸ਼ਮਸ਼ੇਰ ਸਿੰਘ ਉਰਫ ਸ਼ੇਰਾ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਬੁਰਜ ਮੁਹੰਮਦ ਸ਼ਾਹ, ਥਾਣਾ ਮੱਖੂ ਜ਼ਿਲ੍ਹਾ ਫਿਰੋਜ਼ਪੁਰ ਨੂੰ ਸਪਲਾਈ ਕਰਨਾ ਸੀ, ਜਿਸ 'ਤੇ ਮੁਕੱਦਮੇ ਵਿੱਚ ਸ਼ਮਸ਼ੇਰ ਸਿੰਘ ਉਰਫ ਸ਼ੇਰਾ ਉਕਤ ਨੂੰ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ।

## ਸਾਵਣ ਕਵੀ ਦਰਬਾਰ ਅੱਜ

**ਚੌਂਕੀਮਾਨ (ਇੰਜੀ ਬਲਬੀਰ ਸਿੰਘ ਮਾਨ)**-ਸ਼ਹੀਦ ਕਰਤਾਰ ਸਿੰਘ ਸਰਾਭਾ ਸਾਹਿਤਕ ਤੇ ਸੱਭਿਆਚਾਰਕ ਮੰਚ ਮੰਡੀ ਮੁੱਲਾਂਪੁਰ ਦਾਖਾ ਵਿਖੇ 8 ਅਗਸਤ ਨੂੰ ਸਵੇਰੇ 10 ਵਜੇ ਕਰਾਏ ਜਾ ਰਹੇ ਸਾਵਣ ਕਵੀ ਦਰਬਾਰ ਲਈ ਮੁੱਲਾਂਪੁਰ ਦਾਖਾ ਇਲਾਕੇ ਦੇ ਸਮੂਹ ਕਵੀ, ਕਵਿੱਤਰੀਆਂ, ਗੀਤਕਾਰਾਂ ਨੂੰ ਹਾਸੇ, ਠੱਠੇ, ਖ਼ੁਸ਼ੀਆਂ ਖੇੜੇ ਸਾਂਝੇ ਕਰਨ ਲਈ ਸਮੇਂ ਸਿਰ ਸ਼ਾਮਲ ਹੋ ਕੇ ਹਾਜ਼ਰੀ ਯਕੀਨੀ ਬਣਾਉਣ ਵਾਸਤੇ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ।

ਮੰਚ ਦੇ ਸਰਪ੍ਰਸਤ ਉੱਘੇ ਲੇਖਕ ਅਮਰੀਕ ਸਿੰਘ ਤਲਵੰਡੀ, ਜਗਤਾਰ ਸਿੰਘ ਹਿੱਸੋਵਾਲ, ਪ੍ਰਧਾਨ ਸੁਖਵਿੰਦਰ ਸਿੰਘ ਗਿੱਲ, ਜਨਰਲ ਸਕੱਤਰ ਬਲਬੀਰ ਸਿੰਘ ਮਾਨ ਜੰਡੀ ਵਾਲਾ, ਚੇਅਰਮੈਨ ਸਾਧੂ ਸਿੰਘ ਦਿਲਸ਼ਾਦ, ਵਿੱਤ ਸਕੱਤਰ ਅਜਮੇਲ ਸਿੰਘ ਮੋਹੀ, ਮੀਤ ਪ੍ਰਧਾਨ ਦਰਸ਼ਨ ਸਿੰਘ ਬੋਪਾਰਾਏ, ਗੁਰਮਿੰਦਰ ਸਿੰਘ ਹਿੱਸੋਵਾਲ ਨੇ ਦੱਸਿਆ ਕਿ ਗੁਰਮਤਿ ਭਵਨ ਮੰਡੀ ਮੁੱਲਾਂਪੁਰ ਦਾਖਾ ਵਿਖੇ ਗੁਰਸੇਵਕ ਸਿੰਘ ਹਾਲ ਅੰਦਰ ਕਰਾਏ ਜਾ ਰਹੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਜੀ ਆਇਆਂ ਆਖਦਿਆਂ ਚਾਹ- ਪਾਣੀ ਪੀਣ ਦਾ ਯੋਗ ਪ੍ਰਬੰਧ ਵੀ ਕੀਤਾ ਜਾਵੇਗਾ।

## ਆਂਗਣਵਾੜੀ ਵਰਕਰਾਂ ਤੇ ਸਹਾਇਕਾਂ 10 ਨੂੰ ਦੇਣਗੀਆਂ ਗ੍ਰਿਫ਼ਤਾਰੀ

**ਬੁਢਲਾਡਾ (ਅਸ਼ੋਕ ਲਾਕੜਾ)**-ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੀ ਸੂਬਾ ਮੀਤ ਪ੍ਰਧਾਨ ਤੇ ਜ਼ਿਲ੍ਹਾ ਮਾਨਸਾ ਦੀ ਪ੍ਰਧਾਨ ਰਣਜੀਤ ਕੌਰ ਬਰੇਟਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਆਂਗਣਵਾੜੀ ਮੁਲਾਜ਼ਮਾਂ ਪ੍ਰਤੀ ਅਪਣਾਈਆਂ ਦੇ ਵਿਰੋਧ ਵਿੱਚ 10 ਅਗਸਤ ਨੂੰ ਜ਼ਿਲ੍ਹਾ ਪੱਧਰ 'ਤੇ ਡਿਪਟੀ ਕਮਿਸ਼ਨਰ ਦੇ ਦਫ਼ਤਰ ਵੱਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਪ੍ਰਦਰਸ਼ਨਕਾਰੀ ਆਂਗਣਵਾੜੀ ਮੁਲਾਜ਼ਮ ਆਪਣੇ ਆਪ ਨੂੰ ਗ੍ਰਿਫ਼ਤਾਰੀਆਂ ਲਈ ਪੇਸ਼ ਕਰਨਗੀਆਂ।

ਆਂਗਣਵਾੜੀ ਮੁਲਾਜ਼ਮ ਆਗੂ ਰਣਜੀਤ ਕੌਰ ਬਰੇਟਾ ਨੇ ਕਿਹਾ ਕਿ ਜ਼ਿਲ੍ਹੇ ਭਰ 'ਚੋਂ ਆਂਗਣਵਾੜੀ ਵਰਕਰਾਂ ਤੇ ਸਹਾਇਕਾਂ ਪਹਿਲਾਂ ਬਾਲ ਭਵਨ ਮਾਨਸਾ ਵਿਖੇ ਇਕੱਠੀਆਂ ਹੋਣਗੀਆਂ।ਇਸ ਤੋਂ ਬਾਅਦ ਡੀ.ਸੀ.ਦਫਤਰ ਮਾਨਸਾ ਵੱਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਸੁਪਰੀਮ ਕੋਰਟ ਅਤੇ ਵੱਖ-ਵੱਖ ਮਾਣਯੋਗ ਹਾਈਕੋਰਟਾਂ ਦੇ ਫੈਸਲੇ ਆਂਗਣਵਾੜੀ ਮੁਲਾਜ਼ਮਾਂ ਦੇ ਹੱਕ ਵਿੱਚ ਆਉਣ ਦੇ ਬਾਵਜੂਦ ਇਨ੍ਹਾਂ ਫੈਸਲਿਆਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਸਹਾਇਕਾਂ ਨੂੰ ਨਿਗੂਣਾ ਮਾਣਭੱਤਾ ਦੇ ਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ।ਆਂਗਣਵਾੜੀ ਆਗੂਆਂ ਨੇ ਪੰਜਾਬ ਸਰਕਾਰ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਮਾਨ ਸਰਕਾਰ ਪਿਛਲੀਆਂ ਸਰਕਾਰਾਂ ਨਾਲੋਂ ਵੀ ਮਾੜੀ ਸਾਬਤ ਹੋਈ ਹੈ।

## ਹਰ ਕਾਂਗਰਸੀ ਵਰਕਰ ਨੂੰ ਟਿਕਟ ਮੰਗਣ ਦਾ ਅਧਿਕਾਰ, ਫ਼ੈਸਲਾ ਹਾਈਕਮਾਂਡ ਦੇ ਹੱਥ : ਸਿੰਗਲਾ



**ਮਾਨਸਾ (ਆਤਮਾ ਸਿੰਘ ਪਮਾਰ)**-ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ 141 ਸਾਲ ਪੁਰਾਣੀ ਭਾਰਤੀ ਰਾਸ਼ਟਰੀ ਕਾਂਗਰਸ ਪਾਰਟੀ, ਜਿਸ 'ਚ ਹਰ ਸਮਰਪਤ ਵਰਕਰ ਨੂੰ ਕਿਸੇ ਵੀ ਚੋਣ ਲਈ ਪਾਰਟੀ ਦੀ ਟਿਕਟ ਮੰਗਣ ਦਾ ਪੂਰਾ ਅਧਿਕਾਰ ਹੈ।ਸਿੰਗਲਾ ਨੇ ਪੱਤਰਕਾਰਾਂ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ 'ਚ ਲੱਖਾਂ ਵਰਕਰ ਪਾਰਟੀ ਦੀ ਵਿਚਾਰਧਾਰਾ, ਦੇਸ਼ ਦੀ ਤਰੱਕੀ ਤੇ ਲੋਕਾਂ ਦੀ ਭਲਾਈ ਲਈ ਨਿਰੰਤਰ ਸੇਵਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ 'ਚ ਅਨੇਕਾਂ ਅਜਿਹੇ ਵਰਕਰ ਹਨ, ਜੋ ਪਿਛਲੇ 30 ਤੋਂ 40 ਸਾਲਾਂ ਤੋਂ ਨਿਸ਼ਕਾਮ ਸੇਵਾ ਭਾਵਨਾ ਨਾਲ ਸੰਗਠਨ ਦਾ ਕੰਮ ਕਰ ਰਹੇ ਹਨ।ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਦਾ ਹਰ ਵਰਕਰ ਸਰਪੰਚ, ਨਗਰ ਕੌਂਸਲ, ਬਲਾਕ ਸਮਿਤੀ, ਜ਼ਿਲ੍ਹਾ ਪ੍ਰੀਸ਼ਦ, ਵਿਧਾਨ ਸਭਾ ਜਾਂ ਲੋਕ ਸਭਾ ਦੀ ਚੋਣ ਲੜਨ ਲਈ ਪਾਰਟੀ ਦੀ ਟਿਕਟ ਮੰਗ ਸਕਦਾ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨਾਲ ਵੀ ਕਈ ਸੀਨੀਅਰ ਆਗੂ ਤੇ ਵਰਕਰ 40 ਤੋਂ 50 ਸਾਲਾਂ ਤੋਂ ਕਾਂਗਰਸ ਪਾਰਟੀ ਦੀ ਸੇਵਾ ਕਰ ਰਹੇ ਹਨ ਅਤੇ ਉਨ੍ਹਾਂ ਤੋਂ ਵੀ ਵੱਧ ਸੀਨੀਅਰ ਵਰਕਰ ਅੱਜ ਤੱਕ ਸਮਰਪਤ ਭਾਵਨਾ ਨਾਲ ਪਾਰਟੀ ਲਈ ਕੰਮ ਕਰ ਰਹੇ ਹਨ।ਸਿੰਗਲਾ ਨੇ ਕਿਹਾ ਕਿ ਪਿਛਲੀ ਵਿਧਾਨ ਸਭਾ ਚੋਣ ਦੌਰਾਨ ਜ਼ਿਲ੍ਹੇ 'ਚ ਪਾਰਟੀ ਨੇ ਮਾਨਸਾ ਹਲਕੇ ਤੋਂ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ, ਸਰਦੂਲਗੜ੍ਹ ਤੋਂ ਬਿਕਰਮ ਸਿੰਘ ਮੋਫਰ ਤੇ ਬੁਢਲਾਡਾ ਤੋਂ ਰਣਵੀਰ ਕੌਰ ਮੀਆਂ ਨੂੰ ਉਮੀਦਵਾਰ ਬਣਾਇਆ ਸੀ।ਹਾਰ ਦੇ ਕਈ ਕਾਰਨ ਹੋ ਸਕਦੇ ਹਨ ਤੇ ਕੋਈ ਵੀ ਚੋਣ ਸਿਰਫ਼ ਇੱਕ ਕਾਰਨ ਕਰਕੇ ਨਹੀਂ ਹਾਰੀ ਜਾਂਦੀ।ਸਿੰਗਲਾ ਨੇ ਕਿਹਾ ਕਿ ਪਾਰਟੀ ਉਮੀਦਵਾਰ ਬਣਾਉਂਦੀ ਹੈ, ਪਰ ਜਿੱਤ ਲਈ ਉਮੀਦਵਾਰ ਦੀ ਲੋਕਾਂ 'ਚ ਸਾਖ, ਮਜ਼ਬੂਤ ਜਨ-ਸੰਪਰਕ, ਚੋਣ ਪ੍ਰਬੰਧਨ ਦੀ ਸਮਰੱਥਾ, ਸੰਗਠਨ ਨਾਲ ਤਾਲਮੇਲ, ਲੋਕ ਸੇਵਾ ਦਾ ਰਿਕਾਰਡ ਤੇ ਹੋਰ ਕਈ ਅਹਿਮ ਪੱਖ ਵੀ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਸਿਧਾਂਤ ਸਿਰਫ਼ ਕਾਂਗਰਸ ਪਾਰਟੀ 'ਚ ਹੀ ਨਹੀਂ, ਸਗੋਂ ਹਰ ਰਾਜਨੀਤਕ ਪਾਰਟੀ 'ਤੇ ਲਾਗੂ ਹੁੰਦਾ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਦੀ ਅਸਲ ਤਾਕਤ ਉਸ ਦਾ ਬੂਥ ਪੱਧਰ ਦਾ ਵਰਕਰ ਹੁੰਦਾ ਹੈ।

ਜਦੋਂ ਹਰ ਬੂਥ ਮਜ਼ਬੂਤ ਹੋਵੇਗਾ ਤਾਂ ਹੀ ਪਾਰਟੀ ਚੋਣਾਂ 'ਚ ਮਜ਼ਬੂਤੀ ਨਾਲ ਜਿੱਤ ਦਰਜ ਕਰ ਸਕੇਗੀ।ਇਸ ਲਈ ਹਰ ਵਰਕਰ ਨੂੰ ਆਪਣੇ ਬੂਥ ਤੇ ਆਪਣੇ ਇਲਾਕੇ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਲਈ ਪੂਰੀ ਨਿਸ਼ਠਾ ਤੇ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਹੈ। ਸਿੰਗਲਾ ਨੇ ਸਮੁੱਚੇ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪੁਰਾਣੇ ਮੱਤਭੇਦ ਭੁਲਾ ਕੇ ਆਗਾਮੀ ਚੋਣਾਂ ਦੀ ਤਿਆਰੀ 'ਚ ਜੁਟ ਜਾਣ।ਉਨ੍ਹਾ ਕਿਹਾ ਕਿ ਟਿਕਟ ਕਿਸ ਨੂੰ ਦੇਣੀ ਹੈ ਇਸ ਦਾ ਅਧਿਕਾਰ ਸਿਰਫ 'ਤੇ ਸਿਰਫ ਕੌਮੀ ਲੀਡਰਸ਼ਿਪ ਕੋਲ ਹੀ ਹੈ।

## ਭਲਾਈ ਕੇਂਦਰ ਵੱਲੋਂ ਭਗਤ ਪੂਰਨ ਸਿੰਘ ਦੀ ਬਰਸੀ ਮਨਾਈ



**ਬੁਢਲਾਡਾ (ਅਸ਼ੋਕ ਲਾਕੜਾ)**-ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵਲੋਂ ਪਿਛਲੇ ਦਿਨੀਂ ਪਿੰਗਲਵਾੜਾ ਦੇ ਸੰਸਥਾਪਕ, ਮਹਾਨ ਸਮਾਜ ਸੇਵੀ ਤੇ ਮਾਨਵਤਾ ਦੇ ਪੁਜਾਰੀ ਭਗਤ ਪੂਰਨ ਸਿੰਘ ਦੀ ਬਰਸੀ ਸਮਾਗਮ ਸੰਸਥਾ ਦੇ ਦਫਤਰ ਵਿਖੇ ਮਨਾਇਆ ਗਿਆ।ਸ਼ਾਮ ਨੂੰ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਬਰਸੀ ਸਮਾਗਮ ਵਿੱਚ ਬੋਲਦੇ ਹੋਏ ਮਾਸਟਰ ਕੁਲਵੰਤ ਸਿੰਘ, ਰਜਿੰਦਰ ਵਰਮਾ ਤੇ ਸੁਖਦਰਸ਼ਨ ਸਿੰਘ ਕੁਲਾਨਾ ਨੇ ਭਗਤ ਪੂਰਨ ਸਿੰਘ ਜੀ ਦੇ ਜੀਵਨ ਬਾਰੇ ਦੱਸਿਆ ਕਿ ਅੱਜ ਦੇ ਦਿਨ 5 ਅਗਸਤ 1992 ਨੂੰ ਉਹ 88 ਸਾਲ ਦੀ ਉਮਰ ਭੋਗਦੇ ਹੋਏ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਅਕਾਲ ਚਲਾਣਾ ਕਰ ਗਏ ਸਨ।ਉਨ੍ਹਾਂ ਦਾ ਸਮੁੱਚਾ ਜੀਵਨ ਮਾਨਵਤਾ ਦੀ ਸੇਵਾ ਲਈ ਗੁਜ਼ਰਿਆ।ਉਨ੍ਹਾਂ ਨੇ ਪਿੰਗਲਵਾੜਾ ਦੀ ਸਥਾਪਨਾ ਕਰਕੇ ਬੇਸਹਾਰਿਆਂ ਨੂੰ ਸੰਭਾਲਿਆ ਜਿਸ ਨੂੰ ਹੁਣ ਡਾਕਟਰ ਇੰਦਰਜੀਤ ਕੌਰ ਚਲਾ ਰਹੇ ਹਨ।ਮਾਤਾ ਗੁਜਰੀ ਜੀ ਭਲਾਈ ਕੇਂਦਰ ਉਨ੍ਹਾਂ ਤੋਂ ਪ੍ਰੇਰਿਤ ਹੋ ਕੇ ਸੇਵਾਵਾਂ ਕਰ ਰਹੀ ਹੈ।ਮੈਂਬਰਾਂ ਨੇ ਭਗਤ ਪੂਰਨ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਤੇ ਕਾਮਨਾ ਕੀਤੀ ਹੈ ਵਾਹਿਗੁਰੂ ਉਨ੍ਹਾਂ ਦੇ ਰਾਹ 'ਤੇ ਤੁਰਨ ਦਾ ਬਲ ਬਖਸ਼ਣ।

## ਹੈਂਡਬਾਲ ਮੁਕਾਬਲਿਆਂ 'ਚ ਸੈਂਟੀਨਲ ਸਕੂਲ ਨੇ ਮਾਰੀ ਬਾਜ਼ੀ



**ਸਮਰਾਲਾ (ਸੁਰਜੀਤ ਸਿੰਘ)**-ਸਕੂਲ ਸਿੱਖਿਆ ਵਿਭਾਗ ਵੱਲੋਂ ਕਰਾਏ ਗਏ ਇੰਟਰ-ਸਕੂਲ ਜ਼ੋਨਲ ਹੈਂਡਬਾਲ ਖੇਡ ਮੁਕਾਬਲਿਆਂ ਵਿੱਚ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੰਟਰ-ਸਕੂਲ ਅੰਡਰ-19 ਜ਼ੋਨਲ ਹੇਂਡਬਾਲ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਇਹ ਮੁਕਾਬਲੇ ਕਿੰਡਰ ਗਾਰਟਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਾਏ ਗਏ।ਸੈਂਟੀਨਲ ਇੰਟਰਨੈਸ਼ਨਲ ਸਕੂਲ ਦੀ ਟੀਮ ਨੇ ਆਪਣੇ ਪਹਿਲੇ ਹੀ ਮੁਕਾਬਲੇ ਵਿੱਚ ਨਨਕਾਣਾ ਸਾਹਿਬ ਪਬਲਿਕ ਸਕੂਲ ਨੂੰ 3-0 ਦੇ ਫ਼ਰਕ ਨਾਲ ਹਰਾ ਕੇ ਫਾਇਨਲ ਵਿੱਚ ਪ੍ਰਵੇਸ਼ ਕੀਤਾ।ਫਾਇਨਲ ਵਿੱਚ ਵੀ ਖਿਡਾਰਨਾਂ ਨੇ ਸ਼ਾਨਦਾਰ ਤਾਲਮੇਲ, ਤੇਜ਼ ਰਫ਼ਤਾਰ ਤੇ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਜਿੱਤ ਦਰਜ ਕਰਕੇ ਚੈਂਪੀਅਨਸ਼ਿਪ ਆਪਣੇ ਨਾਂਅ ਕੀਤੀ।ਜੇਤੂ ਟੀਮ ਵਿੱਚ ਖੁਸ਼ਨੀਤ ਕੌਰ, ਜਪਲੀਨ ਕੌਰ, ਅਰਸ਼ਦੀਪ ਕੌਰ, ਕਿਰਨਪ੍ਰੀਤ ਕੌਰ, ਮਨਵੀਰ ਕੌਰ ਤੇ ਏਕਮਜੋਤ ਕੌਰ ਨੇ ਭੂਮਿਕਾ ਨਿਭਾਈ।ਸਕੂਲ ਨੇ ਇੰਟਰ-ਸਕੂਲ ਜ਼ੋਨਲ ਹੈਂਡਬਾਲ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ, ਪਿੰਡ ਬੁਰਜ ਪੱਕਾ, ਸ੍ਰੀ ਮਾਛੀਵਾੜਾ ਸਾਹਿਬ ਦੀ ਟੀਮ ਨੂੰ 2-0 ਦੇ ਅੰਕਾਂ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਦੀ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜੇਤੂ ਖਿਡਾਰਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਸਖ਼ਤ ਮਿਹਨਤ, ਅਨੁਸ਼ਾਸਨ, ਸਮਰਪਣ ਤੇ ਟੀਮ ਭਾਵਨਾ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਦੇ ਨਾਲ-ਨਾਲ ਹੋਰਨਾਂ ਲਈ ਵੀ ਪ੍ਰੇਰਣਾ ਬਣਦੀਆਂ ਹਨ।ਸਕੂਲ ਦੇ ਚੇਅਰਮੈਨ ਕਰਨਵੀਰ ਸਿੰਘ ਢਿੱਲੋਂ ਤੇ ਮੈਨੇਜਿੰਗ ਡਾਇਰੈਕਟਰ ਅੰਮ੍ਰਿਤਪਾਲ ਕੌਰ ਢਿੱਲੋਂ ਨੇ ਜੇਤੂ ਖਿਡਾਰੀਆਂ, ਕੋਚਿੰਗ ਸਟਾਫ਼ ਅਤੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਸ਼ੁਭ-ਕਾਮਨਾਵਾਂ ਦਿੱਤੀਆਂ।

## ਗੁਰੂ ਘਰ ਜਾਂਦੀ ਮਹਿਲਾ ਤੋਂ ਸੋਨੇ ਦੀ ਚੇਨ ਝਪਟ ਕੇ ਮੋਟਰਸਾਈਕਲ ਸਵਾਰ ਫ਼ਰਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸ਼ਹਿਰ ਵਿੱਚ ਗੁਰੂ ਘਰ ਨਤਮਸਤਕ ਹੋਣ ਜਾ ਰਹੀ ਮਹਿਲਾ ਕੋਲੋਂ ਮੋਟਰਸਾਈਕਲ ਸਵਾਰ ਨਾਕਾਬਪੋਸ਼ ਝਪਟਮਾਰਾਂ ਨੇ 2 ਤੋਲੇ ਸੋਨੇ ਦੀ ਚੇਨ ਝਪਟ ਕੇ ਫ਼ਰਾਰ ਹੋ ਗਏ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮਹਿਲਾ ਗੀਤਾ ਰਾਣੀ ਨੇ ਦੱਸਿਆ ਕਿ ਉਹ ਸਵੇਰੇ 6 ਵਜੇ ਘਰੋਂ ਇਤਿਹਾਸਕ ਗੁਰਦੁਆਰਾ ਸ੍ਰੀ ਗਨੀ ਖਾਂ ਨਬੀ ਖਾਂ ਸਾਹਿਬ ਵਿਖੇ ਮੱਥਾ ਟੇਕਣ ਜਾ ਰਹੀ ਸੀ ਤੇ ਜਦੋਂ ਉਹ ਗੁਰੂ ਘਰ ਨੇੜੇ ਪੁੱਜੀ ਤਾਂ ਉੱਥੇ 2 ਮੋਟਰਸਾਈਕਲ ਸਵਾਰ, ਜਿਨ੍ਹਾਂ ਨੇ ਚਿਹਰੇ ਢਕੇ ਹੋਏ ਸਨ, ਉਸ ਦੇ ਕੋਲੋਂ ਲੰਘੇ। ਫਿਰ ਇੱਕ ਵਿਅਕਤੀ ਮੋਟਰਸਾਈਕਲ ਤੋਂ ਉਤਰਿਆ, ਜਿਸ ਨੇ ਪਿੱਛੋਂ ਆ ਕੇ ਉਸ ਦੇ ਗਲ 'ਚ ਪਾਈ ਸੋਨੇ ਦੀ ਚੇਨ ਨੂੰ ਝਪਟ ਮਾਰ ਕੇ ਖੋਹ ਲਿਆ। ਇਹ ਦੋਵੇਂ ਮੋਟਰਸਾਈਕਲ ਸਵਾਰ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਫ਼ਰਾਰ ਹੋ ਗਏ ਤੇ ਉਸ ਨੇ ਰੌਲਾ ਵੀ ਪਾਇਆ, ਪਰ ਸਵੇਰ ਦਾ ਟਾਈਮ ਹੋਣ ਕਾਰਨ ਬਜ਼ਾਰ ਬੰਦ ਸਨ, ਜਿਸ ਕਾਰਨ ਇਹ ਕਿਸੇ ਦੇ ਕਾਬੂ ਨਾ ਆ ਸਕੇ। ਗੀਤਾ ਰਾਣੀ ਨੇ ਦੱਸਿਆ ਕਿ ਉਸ ਦੀ ਚੇਨ ਕਰੀਬ 2 ਤੋਲੇ ਦੀ ਸੀ। ਉਸ ਨੇ ਸੀ.ਸੀ.ਟੀ.ਵੀ. ਫੁਟੇਜ ਤੇ ਸ਼ਿਕਾਇਤ ਮਾਛੀਵਾੜਾ ਪੁਲਸ ਕੋਲ ਦਰਜ ਕਰਵਾ ਦਿੱਤਾ ਹੈ। ਇਸ ਸਬੰਧੀ ਥਾਣਾ ਮੁਖੀ ਚਰਨਜੀਤ ਸਿੰਘ ਨੇ ਕਿਹਾ ਕਿ ਪੀੜਤ ਮਹਿਲਾ ਦੀ ਸ਼ਿਕਾਇਤ ਤੇ ਫੁਟੇਜ ਦੇ ਅਧਾਰ 'ਤੇ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਝਪਟਮਾਰਾਂ ਖਿਲਾਫ਼ ਮਾਮਲਾ ਦਰਜ ਕੀਤਾ ਜਾਵੇਗਾ ਤੇ ਜਲਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਪੰਜਾਬ ਭਾਜਪਾ ਦੇ ਜਨਰਲ ਸਕੱਤਰ ਜੀਵਨ ਗਰਗ ਦਾ ਭਰਵਾਂ ਸਵਾਗਤ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਭਾਰਤੀ ਜਨਤਾ ਪਾਰਟੀ ਵੱਲੋਂ ਸੀਨੀਅਰ ਆਗੂ ਜੀਵਨ ਗਰਗ ਨੂੰ ਸੂਬਾ ਜਨਰਲ ਸਕੱਤਰ ਨਿਯੁਕਤ ਕੀਤੇ ਜਾਣ ਮਗਰੋਂ ਭਾਜਪਾ ਵਰਕਰਾਂ ਤੇ ਆਗੂਆਂ ਵਿੱਚ ਖੁਸ਼ੀ ਦਾ ਮਾਹੌਲ ਹੈ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਤੇ ਮੰਡਲ ਪੱਧਰ ਦੇ ਆਗੂਆਂ ਨੇ ਭਵਾਨੀਗੜ੍ਹ ਵਿਖੇ ਉਨ੍ਹਾਂ ਦੇ ਗ੍ਰਹਿ ਨਿਵਾਸ ਪਹੁੰਚ ਕੇ ਭਰਵਾਂ ਸਵਾਗਤ ਕੀਤਾ ਤੇ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।ਭਾਜਪਾ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ, ਸਤਵੰਤ ਪੂਨੀਆ ਤੇ ਪ੍ਰੋ. ਓਂਕਾਰ ਸਿੰਘ ਨੇ ਜੀਵਨ ਗਰਗ ਨੂੰ ਸ੍ਰੀ ਸਾਹਿਬ ਭੇਟ ਕਰਕੇ ਤੇ ਸਿਰੋਪਾ ਪਾ ਕੇ ਸਨਮਾਨਤ ਕੀਤਾ।ਆਗੂਆਂ ਨੇ ਕਿਹਾ ਕਿ ਜੀਵਨ ਗਰਗ ਦੀ ਨਿਯੁਕਤੀ ਨਾਲ ਪੰਜਾਬ ਵਿੱਚ ਭਾਜਪਾ ਦੇ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਗਰਗ ਦਾ ਲੰਮਾ ਸਿਆਸੀ ਤਜਰਬਾ ਤੇ ਸੰਗਠਨਾਤਮਕ ਯੋਗਤਾ ਪਾਰਟੀ ਨੂੰ ਨਵੀਆਂ ਉਚਾਈਆਂ ਤੱਕ ਲਿਜਾਣ ਵਿੱਚ ਅਹਿਮ ਭੂਮਿਕਾ ਨਿਭਾਏਗੀ।ਇਸ ਮੌਕੇ ਜੀਵਨ ਗਰਗ ਨੇ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ 'ਤੇ ਜਤਾਏ ਵਿਸ਼ਵਾਸ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਤੇ ਸਮੁੱਚੀ ਪਾਰਟੀ ਲੀਡਰਸ਼ਿਪ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ।ਸਨਮਾਨ ਸਮਾਗਮ ਦੌਰਾਨ ਲਛਮਣ ਸਚਦੇਵਾ (ਮੰਡਲ ਪ੍ਰਧਾਨ, ਭਵਾਨੀਗੜ੍ਹ), ਪਰਮਜੀਤ ਟੋਨੀ ਸ਼ਰਮਾ (ਮੰਡਲ ਪ੍ਰਧਾਨ, ਘਰਾਚੋਂ), ਪ੍ਰਸ਼ੋਤਮ ਕਾਂਸਲ ਤੇ ਪੰਡਤ ਰਾਜ ਕੁਮਾਰ ਗੌਤਮ ਸਮੇਤ ਕਈ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

## 500 ਤੋਂ ਵੱਧ ਰਜਿਸਟਰਡ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮਾਫ਼

### ਭਗਵੰਤ ਮਾਨ ਸਰਕਾਰ ਦਾ ਇਹ ਇਤਿਹਾਸਕ ਫੈਸਲਾ : ਅਸ਼ੋਕ ਕੁਮਾਰ ਲੱਖਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੀਆਂ 500 ਤੋਂ ਵਧੇਰੇ ਰਜਿਸਟਰਡ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮਾਫ਼ ਕਰਨ ਤੇ ਭਵਿੱਖ ਲਈ ਵੱਡੀ ਰਾਹਤ ਦੇਣ ਦੇ ਲਏ ਗਏ ਇਤਿਹਾਸਕ ਫੈਸਲੇ ਦਾ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਨੇ ਜ਼ੋਰਦਾਰ ਸਵਾਗਤ ਕੀਤਾ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਇਸ ਗਊ-ਅਨੁਕੂਲ ਤੇ ਭਲਾਈਕਾਰੀ ਕਦਮ ਨਾਲ ਸੂਬੇ ਭਰ ਦੀਆਂ ਗਊਸ਼ਾਲਾ ਪ੍ਰਬੰਧਕ ਕਮੇਟੀਆਂ ਨੂੰ ਬਹੁਤ ਵੱਡਾ ਵਿੱਤੀ ਸਹਾਰਾ ਮਿਲਿਆ ਹੈ।ਅਸ਼ੋਕ ਕੁਮਾਰ ਲੱਖਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਤੋਂ ਪਹਿਲਾਂ ਗਊਸ਼ਾਲਾਵਾਂ ਨੂੰ ਚਲਾਉਣ ਵਾਲੇ ਗਊ ਭਗਤਾਂ ਤੇ ਸ਼ਰਧਾਲੂਆਂ ਵੱਲੋਂ ਦਿੱਤੇ ਜਾਣ ਵਾਲੇ ਦਾਨ ਦਾ ਇੱਕ ਵੱਡਾ ਹਿੱਸਾ ਹਰ ਮਹੀਨੇ ਬਿਜਲੀ ਦੇ ਭਾਰੀ ਬਿੱਲਾਂ ਦਾ ਭੁਗਤਾਨ ਕਰਨ ਵਿੱਚ ਹੀ ਚਲਾ ਜਾਂਦਾ ਸੀ।ਇਸ ਕਾਰਨ ਗਊਸ਼ਾਲਾਵਾਂ ਦਾ ਮਹੀਨਾਵਾਰ ਬਜਟ ਪੂਰੀ ਤਰ੍ਹਾਂ ਡਾਵਾਂਡੋਲ ਹੋ ਜਾਂਦਾ ਸੀ ਤੇ ਪ੍ਰਬੰਧਕਾਂ ਨੂੰ ਹਰ ਵੇਲੇ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈਂਦਾ ਸੀ।ਮੁੱਖ ਮੰਤਰੀ ਭਗਵੰਤ ਮਾਨ ਨੇ ਗਊਸ਼ਾਲਾ ਕਮੇਟੀਆਂ ਦੀ ਇਸ ਦਰਪੇਸ਼ ਗੰਭੀਰ ਸਮੱਸਿਆ ਨੂੰ ਸੰਜੀਦਗੀ ਨਾਲ ਸਮਝਦੇ ਹੋਏ ਇਹ ਮਹੱਤਵਪੂਰਨ ਰਾਹਤ ਪ੍ਰਦਾਨ ਕੀਤੀ ਹੈ।ਉਨ੍ਹਾਂ ਆਖਿਆ ਕਿ ਬਿਜਲੀ ਬਿੱਲਾਂ ਦੀ ਮਾਫ਼ੀ ਨਾਲ ਹੁਣ ਗਊਸ਼ਾਲਾਵਾਂ ਦੇ ਅੰਦਰੂਨੀ ਪ੍ਰਬੰਧਾਂ ਵਿੱਚ ਵੱਡੇ ਪੱਧਰ 'ਤੇ ਸੁਧਾਰ ਦੇਖਣ ਨੂੰ ਮਿਲੇਗਾ।ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਨੇ ਇਸ ਭਲਾਈਪੂਰਨ ਤੇ ਦੂਰਅੰਦੇਸ਼ੀ ਫੈਸਲੇ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਦਾ ਸਮੁੱਚੀਆਂ ਗਊਸ਼ਾਲਾ ਕਮੇਟੀਆਂ ਤੇ ਗਊ ਭਗਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ।

## ਹਾਈ ਕੋਰਟ ਦੇ ਫ਼ੈਸਲੇ ਨੇ ਸਰਕਾਰ ਦੀ ਮੁਲਾਜ਼ਮ ਵਿਰੋਧੀ ਸੋਚ ਨੂੰ ਬੇਨਕਾਬ ਕੀਤਾ : ਦਾਮਨ ਬਾਜਵਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸੰਗਰੂਰ-2 ਦੀ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਫ਼ੈਸਲੇ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਪ੍ਰਤੀ ਨਕਾਰਾਤਮਕ ਤੇ ਮੁਲਾਜ਼ਮ ਵਿਰੋਧੀ ਸੋਚ ਨੂੰ ਪੂਰੀ ਤਰ੍ਹਾਂ ਬੇਨਕਾਬ ਕਰ ਦਿੱਤਾ ਹੈ। ਅਦਾਲਤ ਨੇ ਮਹਿੰਗਾਈ ਭੱਤੇ (ਡੀਏ) ਦੇ ਬਕਾਏ ਰੋਕਣ ਲਈ ਸਰਕਾਰ ਵੱਲੋਂ ਦਿੱਤੀ ਹਰ ਦਲੀਲ ਨੂੰ ਰੱਦ ਕਰ ਦਿੱਤਾ।ਦਾਮਨ ਬਾਜਵਾ ਨੇ ਕਿਹਾ ਕਿ ਅਦਾਲਤ ਵਿੱਚ ਹਾਰ ਤੋਂ ਬਾਅਦ ਵੀ ਪੰਜਾਬ ਸਰਕਾਰ ਉਹੀ ਪੁਰਾਣੀਆਂ ਦਲੀਲਾਂ ਦੁਹਰਾ ਕੇ ਮੁਲਾਜ਼ਮਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਨ੍ਹਾਂ ਨੂੰ ਹਾਈ ਕੋਰਟ ਆਪਣੇ ਵਿਸਤ੍ਰਿਤ ਫ਼ੈਸਲੇ ਵਿੱਚ ਪਹਿਲਾਂ ਹੀ ਖਾਰਜ ਕਰ ਚੁੱਕੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅਦਾਲਤ ਦੇ ਫ਼ੈਸਲੇ ਦਾ ਸਨਮਾਨ ਕਰਨਾ ਚਾਹੀਦਾ ਹੈ, ਨਾ ਕਿ ਮੁਲਾਜ਼ਮਾਂ ਨੂੰ ਭਰਮਿਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਸਰਕਾਰ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਆਪਣੀ ਸਹੂਲਤ ਅਨੁਸਾਰ ਲਾਗੂ ਨਹੀਂ ਕਰ ਸਕਦੀ।ਜੇਕਰ ਸਰਕਾਰ ਨੇ ਸੋਧੇ ਹੋਏ ਤਨਖ਼ਾਹ ਸਕੇਲ ਮਨਜ਼ੂਰ ਕੀਤੇ ਹਨ ਤਾਂ ਉਸੇ ਅਨੁਸਾਰ ਡੀ ਏ ਦੇਣ ਤੋਂ ਵੀ ਪਿੱਛੇ ਨਹੀਂ ਹਟ ਸਕਦੀ।ਅਦਾਲਤ ਨੇ ਇਹ ਵੀ ਕਿਹਾ ਕਿ ਮੂਲ ਤਨਖ਼ਾਹ ਤੇ ਮਹਿੰਗਾਈ ਭੱਤਾ ਵੱਖ-ਵੱਖ ਉਦੇਸ਼ਾਂ ਲਈ ਹੁੰਦੇ ਹਨ ਤੇ ਦੋਵਾਂ ਦੀ ਤੁਲਨਾ ਕਰਕੇ ਮੁਲਾਜ਼ਮਾਂ ਦੇ ਕਾਨੂੰਨੀ ਹੱਕਾਂ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਬੇਲੋੜੀ ਕਾਨੂੰਨੀ ਲੜਾਈ ਛੱਡ ਕੇ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਕਰੇ ਤੇ ਨਿਰਧਾਰਤ ਸਮਾਂ-ਸੀਮਾ ਅੰਦਰ ਡੀ ਏ ਦਾ ਸਾਰਾ ਬਕਾਇਆ ਜਾਰੀ ਕਰੇ।ਦਾਮਨ ਬਾਜਵਾ ਨੇ ਕਿਹਾ ਕਿ ਇਹ ਸਿਰਫ਼ ਡੀ ਏ ਦੇ ਬਕਾਏ ਦਾ ਮਾਮਲਾ ਨਹੀਂ, ਸਗੋਂ ਉਸ ਸਰਕਾਰ ਦੀ ਭਰੋਸੇਯੋਗਤਾ ਦਾ ਸਵਾਲ ਹੈ, ਜਿਸ ਨੇ ਮੁਲਾਜ਼ਮਾਂ ਨੂੰ ਸਨਮਾਨ ਦੇਣ ਦਾ ਵਾਅਦਾ ਕੀਤਾ ਸੀ, ਪਰ ਬਦਲੇ ਵਿੱਚ ਉਨ੍ਹਾਂ ਨੂੰ ਸਿਰਫ਼ ਵਾਅਦਾਖ਼ਿਲਾਫ਼ੀ, ਅਦਾਲਤੀ ਲੜਾਈਆਂ ਤੇ ਆਰਥਿਕ ਅਸੁਰੱਖਿਆ ਦਿੱਤੀ।ਪੰਜਾਬ ਸਰਕਾਰ ਨੂੰ ਹੁਣ ਰਾਜਨੀਤੀ ਤੋਂ ਉੱਪਰ ਉੱਠ ਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕਾਂ ਦਾ ਸਤਿਕਾਰ ਕਰਦਿਆਂ ਤੁਰੰਤ ਡੀ ਏ ਦਾ ਬਕਾਇਆ ਜਾਰੀ ਕਰਨਾ ਚਾਹੀਦਾ ਹੈ।

### ਕਮਿਊਨਿਸਟ ਸ਼ਹੀਦਾਂ ਦੀ ਯਾਦ 'ਚ ਸਮਾਗਮ

# ਪਹਿਲੀ ਸਤੰਬਰ ਨੂੰ ਬਦਲਾਅ ਰੈਲੀ ਲਈ 'ਦਿੱਲੀ ਚੱਲੋ' ਦਾ ਦਿੱਤਾ ਸੱਦਾ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਖਡੂਰ ਸਾਹਿਬ ਵੱਲੋਂ ਪੰਜਾਬ ਦੇ ਕਾਲੇ ਦੌਰ ਵਿੱਚ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਬਹਾਦਰ ਕਾਮਰੇਡ ਅਜੀਤ ਰਾਮ ਤੇ ਬੇਟੇ ਬੱਬਲੂ, ਮੁਖਤਾਰ ਸਿੰਘ ਫਤਿਆਬਾਦ, ਦਲਬੀਰ ਸਿੰਘ ਨਾਗੋਕੇ ਤੇ ਤਿਲਕ ਰਾਜ ਭਾਂਬੜ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਕਾਮਰੇਡ ਦਰਸ਼ਨ ਸਿੰਘ ਬਿਹਾਰੀਪੁਰ, ਸੁਖਦੇਵ ਸਿੰਘ ਭਲਾਈਪੁਰ ਤੇ ਹਰਜੀਤ ਕੌਰ ਨੇ ਕੀਤੀ।ਇਸ ਮੌਕੇ ਇਸ ਸੰਖੇਪ ਪਰ ਭਾਵਪੂਰਤ ਸਮਾਗਮ ਨੂੰ ਸੰਬੋਧਨ ਕਰਨ ਲਈ ਉਚੇਚੇ ਤੌਰ ਤੇ ਸ਼ਾਮਿਲ ਹੋਏ ਪਾਰਟੀ ਦੇ ਬਜ਼ੁਰਗ ਆਗੂ ਕਾਮਰੇਡ ਹਰਭਜਨ ਸਿੰਘ ਨੇ ਕਿਹਾ ਕਿ ਅੱਜ ਤੋਂ 40 - 50 ਸਾਲ ਪਹਿਲਾਂ ਪੰਜਾਬ ਨੂੰ ਅੱਗ ਵਿੱਚ ਝੋਕਣ ਵਾਲੇ ਲੋਕਾਂ ਨੇ ਪੰਜਾਬ ਦੇ ਹਿੰਦੂ ਸਿੱਖਾਂ ਨੂੰ ਲੜਾਉਣ ਦੀ ਪੂਰੀ ਕੋਸ਼ਿਸ਼ ਕੀਤੀ।ਸਮੇਂ ਦੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਤੇ ਸਾਮਰਾਜ ਦੀਆਂ ਪਾੜੋ ਤੇ ਰਾਜ ਕਰੋ ਦੀ ਨੀਤੀ ਅਤੇ ਧਰਮ ਦੇ ਨਾਂਅ 'ਤੇ ਪੰਜਾਬ ਨੂੰ ਕਤਲਗਾਹ ਬਣਾਉਣ ਦੀ ਪੂਰੀ ਕੋਸ਼ਿਸ਼ ਕੀਤੀ, ਪਰ ਭਾਰਤੀ ਕਮਿਊਨਿਸਟ ਪਾਰਟੀ ਤੇ ਹੋਰ ਅਗਾਂਹਵਧੂ ਲੋਕਾਂ ਨੇ ਆਪਣੀ ਜਾਨ ਤਲੀ 'ਤੇ ਰੱਖ ਕੇ ਪੰਜਾਬ ਦੀ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਕੰਮ ਕੀਤਾ।ਇਸ ਇਲਾਕੇ ਦੇ ਪੰਜ ਸਾਥੀਆਂ ਸਮੇਤ ਪੰਜਾਬ ਵਿੱਚ ਲੱਗਭੱਗ ਤਿੰਨ ਸੌ ਕਾਮਰੇਡਾਂ ਨੇ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਆਪਣੀਆਂ ਜਾਨਾਂ ਵਾਰੀਆਂ।ਉਨ੍ਹਾਂ ਕਿਹਾ ਕਿ ਅੱਜ ਦੇਸ਼ ਵਿੱਚੋਂ ਬੇਰੁਜ਼ਗਾਰੀ, ਭੁੱਖਮਰੀ, ਭ੍ਰਿਸ਼ਟਾਚਾਰ ਖ਼ਤਮ ਕਰਕੇ ਇੱਕ ਵਧੀਆ ਰਾਜ ਪ੍ਰਬੰਧ ਦੀ ਲੋੜ ਹੈ ਜਿਸ ਵਿੱਚ ਹਰ ਬੱਚੇ ਸਾਰੀ ਸਿੱਖਿਆ ਮੁਫ਼ਤ ਤੇ ਲਾਜ਼ਮੀ ਹੋਵੇ ਅਤੇ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਹਰ ਕੁੜੀ ਮੁੰਡੇ ਲਈ ਕੰਮ ਮਿਲਣ ਦੀ ਗਰੰਟੀ ਹੋਵੇ।ਇਸ ਕੰਮ ਲਈ ਮਿਹਨਤਕਸ਼ ਲੋਕਾਂ ਨੂੰ ਜਾਗਰੂਕ ਕਰਕੇ ਦੇਸ਼ ਵਿੱਚ ਸਮਾਜਵਾਦੀ ਇਨਕਲਾਬ ਦੀ ਲੋੜ ਹੈ।ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਸੋਹਲ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸ਼ਹੀਦਾਂ ਦੇ ਸੁਪਨੇ ਪੂਰੇ ਕਰਨ ਲਈ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਪਹਿਲੀ ਸਤੰਬਰ ਨੂੰ ਦਿੱਲੀ ਵਿਖੇ ਬਦਲਾਅ ਜ਼ਰੂਰੀ ਰੈਲੀ ਹੈ।ਇਸ ਰੈਲੀ ਵਿੱਚ ਸਾਡੇ ਹਰ ਮਿਹਨਤਕਸ਼ ਮਜ਼ਦੂਰ, ਕਿਸਾਨ, ਛੋਟੇ ਕਾਰੋਬਾਰੀਆਂ ਨੂੰ ਰੈਲੀ ਨੂੰ ਕਾਮਯਾਬ ਕਰਨ ਤਨ, ਮਨ, ਧਨ ਨਾਲ ਸੇਵਾ ਕਰਨੀ ਚਾਹੀਦੀ ਹੈ।ਇਸ ਮੌਕੇ ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਾਜਿੰਦਰ ਪਾਲ ਕੌਰ, ਜ਼ਿਲ੍ਹਾ ਸਕੱਤਰ ਸੀਮਾ ਸੋਹਲ, ਟ੍ਰੇਡ ਯੂਨੀਅਨ ਆਗੂ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਗੁਰਪ੍ਰੀਤ ਸਿੰਘ ਗੰਡੀਵਿੰਡ, ਪਾਰਟੀ ਦੇ ਬਲਾਕ ਸਕੱਤਰ ਬਲਜੀਤ ਸਿੰਘ ਫਤਿਆਬਾਦ, ਕੁੱਲ ਹਿੰਦ ਕਿਸਾਨ ਸਭਾ ਦੇ ਸਕੱਤਰ ਬਲਕਾਰ ਸਿੰਘ ਵਲਟੋਹਾ ਤੇ ਬਲਾਕ ਪ੍ਰਧਾਨ ਬਲਦੇਵ ਸਿੰਘ ਧੂੰਦਾ, ਨੌਜਵਾਨ ਸਭਾ ਦੇ ਆਗੂ ਗੁਰਚਰਨ ਸਿੰਘ ਕੰਡਾ, ਜਗੀਰ ਸਿੰਘ ਭਰੋਵਾਲ, ਜਗਤਾਰ ਸਿੰਘ ਤੇ ਜਸਵੰਤ ਸਿੰਘ ਖਡੂਰ ਸਾਹਿਬ, ਦਲਬੀਰ ਸਿੰਘ, ਸਲਵਿੰਦਰ ਸਿੰਘ ਗਗੜੇਵਾਲ, ਜਤਿੰਦਰ ਕੁਮਾਰ ਮੁਗਲਾਣੀ, ਜਸਵੰਤ ਸਿੰਘ ਫਤਿਆਬਾਦ ਨੇ ਵੀ ਆਪਣੇ ਵਿਚਾਰ ਰੱਖੇ।




# ਜਮਹੂਰੀ ਕਿਸਾਨ ਸਭਾ ਪੰਜਾਬ ਦੀ ਏਰੀਆ ਕਮੇਟੀ ਦੀ ਇਕੱਤਰਤਾ

### 10 ਨੂੰ ਅਜਨਾਲਾ ਵਿਖੇ ਤਹਿਸੀਲ ਪੱਧਰੀ ਮੁਜ਼ਾਹਰੇ 'ਚ ਸ਼ਾਮਲ ਹੋਣ ਦਾ ਐਲਾਨ

**ਅਜਨਾਲਾ/ਚੋਗਾਵਾਂ (ਸੁਖਤਿੰਦਰ ਸਿੰਘ ਰਾਜੂ/ਸੁਖਵੰਤ ਚੇਤਨਪੁਰੀ)**-ਐੱਸਕੇਐੱਮ ਦੀ ਪ੍ਰਮੁੱਖ ਜਥੇਬੰਦੀ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਭਾਰਤ/ਪਾਕਿਸਤਾਨ ਬਾਰਡਰ ਨਾਲ ਲੱਗਦੇ ਪਿੰਡਾਂ 'ਤੇ ਆਧਾਰਤ ਏਰੀਆ ਕਮੇਟੀ ਦੀ ਰਾਏਪੁਰ ਕਲਾਂ ਦੀ ਵਿਸ਼ਾਲ ਇਕੱਤਰਤਾ ਗੁਰਵੰਤ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਬਾਰਡਰ ਇਲਾਕੇ ਦੇ ਪਿੰਡਾਂ ਰਾਏਪੁਰ ਕਲਾਂ, ਜਾਫਰਕੋਟ, ਸਾਰੰਗ ਦੇਵ, ਕੋਟਲੀ ਕੋਕਾ, ਸਾਰੰਗਦੇਵ ਛੰਨਾ, ਤੇੜਾ ਰਾਜਪੂਤਾਂ, ਡੱਲਾ ਰਾਜਪੂਤਾਂ ਆਦਿ ਪਿੰਡਾਂ ਦੇ ਕਿਸਾਨ ਤੇ ਖੇਤ ਮਜ਼ਦੂਰ ਵੱਡੀ ਗਿਣਤੀ 'ਚ ਸ਼ਾਮਿਲ ਹੋਏ।ਐੱਸਕੇਐੱਮ ਦੇ ਸੀਨੀਅਰ ਆਗੂ ਤੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਇਸ ਇਕੱਠ ਨੂੰ ਸੰਬੋਧਨ ਕੀਤਾ। ਉਨ੍ਹਾਂ ਦਿੱਲੀ ਜੰਤਰ ਮੰਤਰ ਵਿਖੇ ਵਿਦਿਆਰਥੀਆਂ ਤੇ ਕੀਤੇ ਤਸ਼ੱਦਦ ਘੋਰ ਨਿੰਦਾ ਕੀਤੀ। ਡਾ. ਅਜਨਾਲਾ ਨੇ ਕਿਹਾ ਕਿ ਸਾਨੂੰ ਆਪਣਾ ਜਥੇਬੰਦਕ ਢਾਂਚਾ ਇਤਨਾ ਮਜਬੂਤ ਕਰਨਾ ਚਾਹੀਦਾ ਹੈ ਕਿ ਆਉਣ ਵਾਲੇ ਸਮੇਂ 'ਚ ਐੱਸਕੇਐੱਮ ਅਜਿਹੀ ਵਾਪਰ ਜਾਣ ਵਾਲੀ ਘਟਨਾ ਦਾ ਪੁਰ ਅਮਨ ਟਾਕਰਾ ਕਰ ਸਕੇ।ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਭੁੱਲਾ ਪਿੰਡ ਤੇ ਲਖਬੀਰ ਸਿੰਘ ਤੇੜਾ ਸਾਬਕਾ ਚੇਅਰਮੈਨ ਨੇ ਦੱਸਿਆ ਕਿ 10 ਅਗਸਤ ਨੂੰ ਇਸ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਲੋਕ ਅਜਨਾਲੇ ਤਹਿਸੀਲ ਪੱਧਰੀ ਮੁਜ਼ਾਹਰੇ ਵਿੱਚ ਸ਼ਾਮਿਲ ਹੋਣਗੇ।ਇਸ ਮੌਕੇ ਕਿਸਾਨ ਸਭਾ ਦੀ ਏਰੀਆ ਕਮੇਟੀ ਦਾ ਵੀ ਗਠਨ ਕੀਤਾ ਗਿਆ ਜਿਸ ਅਨੁਸਾਰ ਕ੍ਰਮਵਾਰ ਪ੍ਰਧਾਨ ਗੁਰਵੰਤ ਸਿੰਘ ਰਾਏਪੁਰ ਕਲਾਂ, ਸੀਨੀਅਰ ਮੀਤ ਪ੍ਰਧਾਨ ਦਿਲਪ੍ਰੀਤ ਸਿੰਘ, ਮੀਤ ਪ੍ਰਧਾਨ ਪ੍ਰਦੀਪ ਸਿੰਘ, ਸੈਕਟਰੀ ਜਤਿੰਦਰ ਸਿੰਘ ਜਾਫਰਕੋਟ, ਵਿੱਤ ਸਕੱਤਰ ਨਿਰਮਲ ਸਿੰਘ, ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਰਾਏਪੁਰ ਕਲਾਂ ਅਤੇ 23 ਮੈਂਬਰੀ ਕਾਰਜਕਾਰੀ ਮੈਂਬਰ ਚੁਣੇ ਗਏ ਜਿਨ੍ਹਾਂ 'ਚ ਸੰਦੀਪ ਸਿੰਘ, ਨਿਸ਼ਾਨ ਸਿੰਘ, ਸਾਬਕਾ ਚੇਅਰਮੈਨ ਦਲਜੀਤ ਸਿੰਘ ਰਾਏਪੁਰ ਕਲਾਂ, ਗੁਰਦੀਪ ਸਿੰਘ, ਨਾਜਰ ਸਿੰਘ, ਰਜਿੰਦਰ ਸਿੰਘ, ਹਰਦੇਵ ਸਿੰਘ, ਪ੍ਰਗਟ ਸਿੰਘ, ਲਖਵਿੰਦਰ ਸਿੰਘ, ਗੁਰਪਾਲ ਸਿੰਘ, ਜਗਬੀਰ ਸਿੰਘ, ਸਤਪਾਲ ਸਿੰਘ, ਚਰਨ ਸਿੰਘ ਸਾਰੰਗਦੇਵ ਛੰਨਾ, ਲਵ ਸਿੰਘ, ਸੁਖਦੇਵ ਸਿੰਘ, ਪਲਵਿੰਦਰ ਸਿੰਘ ਫੌਜੀ, ਅਮਰਜੀਤ ਸਿੰਘ ਫੌਜੀ, ਮਨਪ੍ਰੀਤ ਸਿੰਘ, ਬਲਦੇਵ ਸਿੰਘ, ਜਰਨੈਲ ਸਿੰਘ ਪ੍ਰੇਮ ਸਿੰਘ ਨੂੰ ਜ਼ਿੰਮੇਵਾਰੀਆਂ ਸੌਂਪੀਆ ਗਈਆਂ।



## ਭਗੌੜੀ ਸੁਖਵਿੰਦਰ ਕੌਰ ਗ੍ਰਿਫ਼ਤਾਰ

**ਚਵਿੰਡਾ ਦੇਵੀ (ਖ਼ੁਸ਼ਹਾਲ ਸੁੰਦਰ)**

ਮਾਣਯੋਗ ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਚਾਹਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਪਰਾਧੀਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿਮ ਤਹਿਤ ਥਾਣਾ ਮਜੀਠਾ ਪੁਲਸ ਨੂੰ ਇੱਕ ਹੋਰ ਅਹਿਮ ਸਫਲਤਾ ਹਾਸਲ ਹੋਈ ਹੈ।ਐੱਸ. ਐੱਚ. ਓ. ਮਜੀਠਾ ਕਰਮਪਾਲ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਏ. ਐੱਸ. ਆਈ. ਹਰਿੰਦਰ ਸਿੰਘ, ਏ. ਐੱਸ. ਆਈ. ਜਗਦੀਪ ਸਿੰਘ (ਸਪੈਸ਼ਲ ਬ੍ਰਾਂਚ), ਏ ਐੱਸ ਆਈ ਕੁਲਦੀਪ ਸਿੰਘ ਅਤੇ ਏ ਐੱਸ ਆਈ ਹਰਜਿੰਦਰ ਸਿੰਘ ਦੀ ਪੁਲਸ ਟੀਮ ਵੱਲੋਂ ਮੁੱਕਦਮਾ ਨੰਬਰ 55/2019 ਅਧੀਨ ਐੱਨ ਡੀ ਪੀ ਐੱਸ ਐਕਟ ਨਾਲ ਸਬੰਧਤ ਮਾਮਲੇ ਵਿੱਚ ਲੋੜੀਂਦੀ ਭਗੌੜੀ (ਪੀ.ਓ.) ਸੁਖਵਿੰਦਰ ਕੌਰ ਉਰਫ਼ ਗੁੱਲੀ ਭਾਬੀ, ਪਤਨੀ ਕੁਲਦੀਪ ਸਿੰਘ, ਵਾਸੀ ਵਾਰਡ ਨੰਬਰ 2, ਮਜੀਠਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਪੁਲਸ ਅਨੁਸਾਰ ਦੋਸ਼ੀ ਸੁਖਵਿੰਦਰ ਕੌਰ ਨੂੰ 11 ਅਗਸਤ 2025 ਨੂੰ ਮਾਣਯੋਗ ਅਦਾਲਤ ਵੱਲੋਂ ਭਗੌੜੀ ਕਰਾਰ ਦਿੱਤਾ ਗਿਆ ਸੀ। ਹੁਣ ਥਾਣਾ ਮਜੀਠਾ ਪੁਲਸ ਵੱਲੋਂ ਉਸ ਨੂੰ ਕਾਬੂ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਅੰਮ੍ਰਿਤਸਰ ਦਿਹਾਤੀ ਪੁਲਸ ਨੇ ਕਿਹਾ ਹੈ ਕਿ ਨਸ਼ਾ ਤਸਕਰੀ ਅਤੇ ਕਾਨੂੰਨ ਤੋਂ ਫਰਾਰ ਮੁਲਜ਼ਮਾਂ ਖ਼ਿਲਾਫ਼ ਮੁਹਿਮ ਲਗਾਤਾਰ ਜਾਰੀ ਰਹੇਗੀ ਅਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।



## ਨਵੇਂ ਬੱਸ ਅੱਡੇ 'ਚ ਬਣੇ ਆਮ ਆਦਮੀ ਕਲੀਨਿਕ 'ਚ ਮਰੀਜ਼ਾਂ ਨੂੰ ਮਿਲ ਰਹੀਆਂ ਬਿਹਤਰ ਡਾਕਟਰੀ ਸਹੂਲਤਾਂ : ਡਾ. ਉਪਤੇਜ ਸਿੰਘ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਵਿਧਾਵਾਂ ਦੇਣ ਦੇ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਨਵਾਂ ਬੱਸ ਅੱਡਾ ਗੁਰਦਾਸਪੁਰ ਵਿਖੇ ਖੁੱਲ੍ਹੇ ਆਮ ਆਦਮੀ ਕਲੀਨਿਕ 'ਚ ਲੋਕਾਂ ਨੂੰ ਵਧੀਆ ਮੈਡੀਕਲ ਸੁਵਿਧਾਵਾਂ ਮਿਲ ਰਹੀਆਂ ਹਨ। ਇਥੋਂ ਰੋਜ਼ਾਨਾ ਵੱਡੀ ਗਿਣਤੀ ਵਿਚ ਮਰੀਜ਼ ਆਪਣਾ ਚੈਕਅਪ ਕਰਵਾ ਕੇ ਮੁਫ਼ਤ ਦਵਾਈਆਂ ਲੈ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਆਮ ਆਦਮੀ ਕਲੀਨਿਕ ਵਿਚ ਸੇਵਾਵਾਂ ਨਿਭਾਅ ਰਹੇ ਸੀਨੀਅਰ ਡਾਕਟਰ ਉਪਤੇਜ ਸਿੰਘ ਨੇ ਦੱਸਿਆ ਕਿ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਆਮ ਆਦਮੀ ਕਲੀਨਿਕ ਨਵਾਂ ਬੱਸ ਅੱਡਾ ਵਿਖੇ ਸਾਡੀ ਟੀਮ ਵੱਲੋਂ ਮਰੀਜ਼ਾਂ ਦਾ ਵਧੀਆ ਤਰੀਕੇ ਨਾਲ ਚੈਕ ਅਪ ਕਰਕੇ ਉਨ੍ਹਾਂ ਦਾ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ ਵਿਚ ਰੋਜ਼ਾਨਾ 100 ਦੇ ਕਰੀਬ ਲੋੜਵੰਦ ਮਰੀਜ਼ ਆਪਣਾ ਚੈੱਕਅਪ ਕਰਵਾਉਣ ਲਈ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਮਰੀਜ਼ਾਂ ਦਾ ਚੈੱਕਅਪ ਕਰਨ ਤੋਂ ਬਾਅਦ ਉਨ੍ਹਾਂ ਨੂੰ ਇੱਥੇ ਫਰੀ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਇਥੇ ਕਈ ਤਰ੍ਹਾਂ ਦੇ ਟੈਸਟ ਮੁਫਤ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਆਮ ਲੋਕਾਂ ਲਈ ਇਹ ਬਹੁਤ ਵੱਡੀ ਦੇਣ ਹੈ ਜਿਸ ਦਾ ਲੋਕ ਬੇਹਦ ਲਾਭ ਉਠਾ ਰਹੇ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਕਲੀਨਿਕ ਨਵਾਂ ਬੱਸ ਅੱਡਾ ਵਿਖੇ ਆ ਕੇ ਆਪਣਾ ਮੁਫਤ ਇਲਾਜ ਕਰਵਾ ਸਕਦੇ ਹਨ। ਇਸ ਮੌਕੇ ਉਨ੍ਹਾਂ ਨਾਲ ਮਨਦੀਪ ਕੌਰ ਕਲੀਨਿਕ ਅਸਿਸਟੈਂਟ, ਮਨਜਿੰਦਰ ਸਿੰਘ ਪੀ.ਓ. ਫਾਰਮੇਸੀ ਵਿਚ ਕੰਮ ਕਰ ਹਾਜ਼ਰ ਸਨ।



## ਸ਼ੈਰੀ ਕਲਸੀ ਨੇ ਇੱਕ ਵਾਰ ਫਿਰ ਉਠਾਏ ਵਿਧਾਨ ਸਭਾ 'ਚ ਵੱਖ-ਵੱਖ ਮੁੱਦੇ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਵਿਧਾਨ ਸਭਾ ਵਿਚ ਇੱਕ ਵਾਰ ਫਿਰ ਤੋਂ ਵਿਧਾਇਕ ਸ਼ੈਰੀ ਕਲਸੀ ਵਲੋਂ ਵੱਖ-ਵੱਖ ਮੁੱਦੇ ਉਠਾਏ ਗਏ ਹਨ।ਉਨ੍ਹਾਂ ਵੱਲੋਂ ਬਟਾਲਾ ਸ਼ਹਿਰ ਵਾਸੀਆਂ ਨੂੰ ਸੀਵਰੇਜ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ, ਆਰ ਸੀ ਅਤੇ ਐੱਸ.ਆਈ.ਆਰ. ਨਾਲ ਸਬੰਧਤ ਮੁੱਦੇ ਚੁੱਕੇ ਗਏ।ਵਿਧਾਨ ਸਭਾ ਵਿੱਚ ਬਟਾਲਾ ਦੇ ਲੋਕ ਹਿੱਤਾਂ ਦੀ ਆਵਾਜ਼ ਉਠਾਉਂਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਦੇ ਸ਼ਹਿਰ ਦੇ ਸੀਵਰੇਜ਼ ਦੀ ਸਮੱਸਿਆ ਨੂੰ ਲੈ ਕੇ ਮੁੱਦਾ ਚੁੱਕਿਆ ਹੈ।ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਨੇ ਵਿਧਾਨ ਸਭਾ ਵਿੱਚ ਕਿਹਾ ਕਿ ਬਟਾਲਾ ਸ਼ਹਿਰ ਵਿੱਚ ਪਿਛਲੀਆਂ ਸਰਕਾਰਾਂ ਵਲੋਂ ਸੀਵਰੇਜ਼ ਦਾ ਕੰਮ ਕਰਵਾਇਆ ਗਿਆ ਸੀ ਪਰ ਬਰਸਾਤਾਂ ਦੌਰਾਨ ਪਾਣੀ ਇਕੱਠਾ ਹੋ ਜਾਂਦਾ ਹੈ ਤਾਂ ਇਹੀ ਪਾਰਟੀਆਂ ਕਹਿੰਦੀਆਂ ਹਨ ਕਿ ਸੀਵਰੇਜ਼ ਕਾਰਨ ਲੋਕ ਪਰੇਸ਼ਾਨ ਹਨ। ਇਸ ਲਈ ਮੇਰੀ ਬੇਨਤੀ ਹੈ ਕਿ ਬਟਾਲਾ ਵਾਸੀਆਂ ਦੀ ਸੀਵਰੇਜ ਦੀ ਸਮੱਸਿਆ ਜਲਦ ਹੱਲ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਇਹ ਸਮੱਸਿਆ ਜਲਦ ਹੱਲ ਕੀਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਉਨ੍ਹਾਂ ਵੱਲੋਂ ਜਿੰਨੇ ਵੀ ਮੁੱਦੇ ਵਿਧਾਨ ਸਭਾ ਵਿਚ ਚੱਕੇ ਹਨ, ਉਨ੍ਹਾਂ ਦਾ ਹੱਲ ਹੋਇਆ ਹੈ ਅਤੇ ਬਟਾਲਾ ਵਾਸੀਆਂ ਨੂੰ ਜਲਦ ਸੀਵਰੇਜ਼ ਦੀ ਸਮੱਸਿਆ ਤੋਂ ਨਿਜਾਤ ਦਿਵਾਈ ਜਾਵੇਗੀ।ਇਸ ਮੌਕੇ ਉਨ੍ਹਾਂ ਵੱਲੋਂ ਆਰ ਸੀ ਦਾ ਮੁੱਦਾ ਚੁੱਕਦਿਆਂ ਦੱਸਿਆ ਗਿਆ ਕਿ ਭਾਰਤ ਸਰਕਾਰ ਵਲੋਂ ਆਰ ਸੀ ਟਰਾਂਸਫਰ ਸਬੰਧੀ ਨਵੀਆਂ ਨੀਤੀਆਂ ਲਾਗੂ ਕੀਤੀਆਂ ਹਨ, ਜਿਸ ਨਾਲ ਐੱਨ ਆਰ ਆਈ ਪਰਿਵਾਰਾਂ ਨੂੰ ਮੁਸ਼ਕਿਲ ਪੇਸ਼ ਆ ਰਹੀ ਹੈ, ਜਿਸ ਵਿੱਚ ਸੋਧ ਕਰਨ ਦੀ ਲੋੜ ਹੈ।ਉਨ੍ਹਾਂ ਮਾਣਯੋਗ ਸਪੀਕਰ ਪੰਜਾਬ ਨੂੰ ਇਸ ਬਾਬਤ ਮੰਗ ਪੱਤਰ ਵੀ ਸੌਂਪਿਆ।ਇਸ ਮੌਕੇ ਉਨ੍ਹਾਂ ਵਲੋਂ ਬੀਤੇ ਦਿਨੀਂ ਭਾਜਪਾ ਦੇ ਇੱਕ ਆਗੂ ਵਲੋਂ ਐੱਸ. ਆਈ. ਆਰ ਨਾਲ ਸਬੰਧਤ ਦਿੱਤੇ ਬਿਆਨ ਦਾ ਮੁੱਦਾ ਚੁੱਕਿਆ ਗਿਆ ਜਿਸ ਸਬੰਧੀ ਉਨ੍ਹਾਂ ਭਾਜਪਾ ਨੂੰ ਦਿੱਤੇ ਗਏ ਬਿਆਨ ਬਾਰੇ ਸਥਿਤੀ ਸਪੱਸ਼ਟ ਕਰਨ ਨੂੰ ਕਿਹਾ।



## ਨੌਜਵਾਨ ਵੱਲੋਂ ਜ਼ਹਿਰੀਲੀ ਖਾ ਕੇ ਖ਼ੁਦਕੁਸ਼ੀ

**ਧਾਰੀਵਾਲ, (ਮਨਦੀਪ ਵਿੱਕੀ)**--ਸਥਾਨਕ ਸ਼ਹਿਰ ਵਿੱਚੋਂ ਲੰਘਦੀ ਨਹਿਰ 'ਤੇ ਬਣੇ ਲੋਹੇ ਵਾਲੇ ਪੁੱਲ ਨੇੜੇ ਇਕ 26 ਸਾਲਾ ਨੌਜਵਾਨ ਨੇ ਕੋਈ ਜ਼ਹਿਰੀਲੀ ਖਾ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਛਾਣ ਨਵਪ੍ਰੀਤ ਸਿੰਘ ਵਾਸੀ ਅਟਾਰੀ (ਥਾਣਾ ਘੁੰਮਣ ਕਲਾਂ) ਵਜੋਂ ਹੋਈ, ਜੋ ਗੁਰਦਾਸਪੁਰ ਵਿਖੇ ਇਕ ਸੇਵਾ ਕੇ ਵਿੱਚ ਪ੍ਰਾਈਵੇਟ ਤੌਰ 'ਤੇ ਡਿਊਟੀ ਕਰਦਾ ਸੀ। ਦਵਿੰਦਰ ਕੌਰ ਪਤਨੀ ਅਰਵਿੰਦਰ ਸਿੰਘ ਵਾਸੀ ਅਟਾਰੀ ਨੇ ਥਾਣਾ ਧਾਰੀਵਾਲ ਦੀ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਉਸਦਾ ਬੇਟਾ ਨਵਪ੍ਰੀਤ ਸਿੰਘ ਸੇਵਾ ਕੇਂਦਰ ਕਾਲਜ ਰੋਡ ਗੁਰਦਾਸਪੁਰ ਵਿਖੇ ਪ੍ਰਾਈਵੇਟ ਤੌਰ 'ਤੇ ਡਿਊਟੀ ਕਰਦਾ ਸੀ ਅਤੇ ਉਹ ਅਕਸਰ ਹੀ ਮੈਨੂੰ ਕਹਿੰਦਾ ਸੀ ਕਿ ਸੇਵਾ ਕੇਂਦਰ ਦਾ ਮੈਨੇਜਰ ਹਨੀ ਪੁੱਤਰ ਰਾਜ ਕੁਮਾਰ ਵਾਸੀ ਗੁਰਦਾਸਪੁਰ ਉਸ (ਨਵਪ੍ਰੀਤ ਸਿੰਘ) ਨੂੰ ਤੰਗ ਪ੍ਰੇਸ਼ਾਨ ਕਰਦਾ ਹੈ ਜਿਸ ਤੋਂ ਉਹ ਬਹੁਤ ਦੁੱਖੀ ਹੈ। ਨਵਪ੍ਰੀਤ ਸਿੰਘ ਨੇ ਲੰਘੇ ਕੱਲ੍ਹ ਸਵੇਰੇ ਕਰੀਬ 10 ਵਜੇ ਫੋਨ ਕਰਕੇ ਦੱਸਿਆ ਕਿ ਹਨੀ ਤੋਂ ਦੁੱਖੀ ਹੋ ਕੇ ਲੋਹੇ ਵਾਲੇ ਪੁੱਲ ਧਾਰੀਵਾਲ ਵਿਖੇ ਕੋਈ ਜ਼ਹਿਰੀਲੀ ਚੀਜ਼ ਖਾ ਲਈ ਹੈ। ਉਹ ਮੌਕੇ 'ਤੇ ਪਹੁੰਚ ਕੇ ਨਵਪ੍ਰੀਤ ਸਿੰਘ ਨੂੰ ਇਲਾਜ ਲਈ ਅਬਰੋਲ ਹਸਪਤਾਲ ਗੁਰਦਾਸਪੁਰ ਲੈ ਕੇ ਗਏ ਤਾਂ ਉਸਦੀ ਦੀ ਮੌਤ ਹੋ ਚੁੱਕੀ ਸੀ। ਥਾਣਾ ਧਾਰੀਵਾਲ ਦੀ ਸਬ ਇੰਸਪੈਕਟਰ ਮੈਡਮ ਮੋਨਾ ਨੇ ਦੱਸਿਆ ਲਾਸ਼ ਦਾ ਸਿਵਲ ਹਸਪਤਾਲ ਗੁਰਦਾਸਪੁਰ ਤੋਂ ਪੋਸਟਮਾਰਟਮ ਵਾਰਸਾਂ ਨੂੰ ਸੌਂਪ ਦਿੱਤੀ ਹੈ ਅਤੇ ਦਵਿੰਦਰ ਕੌਰ ਦੇ ਬਿਆਨਾਂ ਅਨੁਸਾਰ ਹਨੀ ਵਾਸੀ ਗੁਰਦਾਸਪੁਰ ਦੇ ਖਿਲਾਫ ਧਾਰਾ108 ਬੀਐਨਐਸ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



ਸ਼ਿਵਾਲਾ ਸ੍ਰੀ ਸ਼ਿਆਮ ਧਾਮ ਮੰਦਰ, ਵ੍ਰਿੰਦਾਵਨ ਗਾਰਡਨ ਵਿਖੇ ਫੈਸਟੀਵਲ ਕਮੇਟੀ ਵੱਲੋਂ ਮਨਾਏ ਜਾ ਰਹੇ ਸਾਵਣ ਦੇ ਤਿਓਹਾਰ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਵਿੱਚ ਹਿੱਸਾ ਲੈਂਦੇ ਵਿਜੇ ਸਿੰਘਾਨੀਆ, ਪ੍ਰੇਮ ਹਰਲਾਲਕਾ, ਸਚਿਨ ਸਰਾਇਆ, ਨਰੇਸ਼ ਸਰਾਫ਼, ਨਰੇਸ਼ ਪੋਦਾਰ ਤੇ ਭਾਰਤ ਭੂਸ਼ਣ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)

## ਚੀਫ਼ ਖ਼ਾਲਸਾ ਦੀਵਾਨ ਵੱਲੋਂ ਅਲੌਕਿਕ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ 9 ਅਗਸਤ ਦਿਨ ਐਤਵਾਰ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸੀ. ਸੈ. ਪਬਲਿਕ ਸਕੂਲ, ਜੀ. ਟੀ. ਰੋਡ ਵਿਖੇ ਸ਼ਾਮ 4:30 ਤੋਂ ਰਾਤ 9:30 ਵਜੇ ਤੱਕ ਵਿਸ਼ਾਲ ਪੱਧਰ ਤੇ ਕਰਵਾਏ ਜਾ ਰਹੇ ਅਲੌਕਿਕ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਪ੍ਰੋਗਰਾਮ ਮੁਤਾਬਿਕ ਸ਼ਾਮ 4:15 ਵਜੇ ਅਰਦਾਸ ਕਰਕੇ ਬੈਂਡ ਦੀਆਂ ਧੁਨਾਂ, ਨਰਸਿੰਗੇ ਦੀ ਗੂੰਜ ਅਤੇ ਫੁੱਲਾਂ ਦੀ ਵਰਖਾ ਵਿਚ ਧੰਨ–ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਫੁੱਲਾਂ ਅਤੇ ਰੌਸ਼ਨੀਆਂ ਨਾਲ ਸ਼ਿੰਗਾਰੇ ਦਰਬਾਰ ਵਿਚ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਸੁਸ਼ੋਭਿਤ ਕੀਤਾ ਜਾਵੇਗਾ। ਕੀਰਤਨੀ ਜੱਥੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਨਗੇ। ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਭਾਈ ਸ਼ਕੀਨ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਬੀਬੀ ਪ੍ਰਭਜੋਤ ਕੌਰ, ਜੀ.ਟੀ.ਰੋਡ ਸਕੂਲ ਜੱਥਾ, ਭਾਈ ਗੁਰਦੀਪ ਸਿੰਘ ਸਲੂਜਾ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸੈਂਟਰਲ ਖ਼ਾਲਸਾ ਯਤੀਮਖਾਨਾ ਅਤੇ ਦੀਵਾਨ ਸਕੂਲਾਂ ਦੇ ਵਿਦਿਆਰਥੀ ਸ਼ਾਮਲ ਹਨ। ਇਸ ਕੀਰਤਨ ਦਰਬਾਰ ਵਿੱਚ ਦੀਵਾਨ ਦੇ ਸੀਨੀਅਰ ਮੈਂਬਰ ਰਾਜਮਹਿੰਦਰ ਸਿੰਘ ਮਜੀਠਾ, ਪ੍ਰਿੰਸੀਪਲ ਜਗਦੀਸ਼ ਸਿੰਘ, ਬਲਦੇਵ ਸਿੰਘ ਚੌਹਾਨ, ਮਹਿੰਦਰ ਸਿੰਘ, ਜੀਤ ਸਿੰਘ ਸਮੇਤ ਹੋਰਨਾਂ ਪ੍ਰੁੱਜੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਸਦੇ ਨਾਲ ਹੀ ਚੀਫ਼ ਖ਼ਾਲਸਾ ਦੀਵਾਨ ਵਿੱਚ ਦੀਵਾਨ ਸਕੂਲਾਂ ਦੇ ਉੱਚ ਉਪਲੱਬਧੀਆਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਜਾਵੇਗੀ। ਇਸ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਨ ਫਾਸਟਵੇਅ ਕੇਬਲ ਵੱਲੋਂ ਚੈਨਲ ਨੰਬਰ 241 ਤੇ ਕੀਤਾ ਜਾਵੇਗਾ।

## 'ਕਿਸ਼ੋਰ ਸਿੱਖਿਆ' ਦੇ ਲਿਖਤੀ ਮੁਕਾਬਲੇ ਕਰਵਾਏ

**ਤਰਸਿੱਕਾ, ਤਰਸੇਮ ਸਿੰਘ ਸਾਧਪੁਰ)**

ਦਫ਼ਤਰ ਡਾਇਰੈਕਟਰ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਪੂਰੇ ਪੰਜਾਬ ਵਿੱਚ ਕਿਸ਼ੋਰਾਂ ਦੀ ਭਲਾਈ ਅਤੇ ਉਨ੍ਹਾਂ ਵਿੱਚ ਜਾਗਰੂਕਤਾ ਫੈਲਾਉਣ ਹਿੱਤ ਲਿਖਤੀ ਮੁਕਾਬਲੇ ਕਰਵਾਏ ਜਾ ਰਹੇ ਹਨ।ਇਸੇ ਲੜੀ ਤਹਿਤ ਅੰਮ੍ਰਿਤਸਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਕੰਵਲਜੀਤ ਸਿੰਘ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਖੰਨਾ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਅਤੇ ਬਲਾਕ ਪੱਧਰੀ ਮੁਕਾਬਲਿਆਂ ਦਾ ਸਫਲ ਪ੍ਰਬੰਧਨ ਕੀਤਾ ਜਾ ਰਿਹਾ।ਬਲਾਕ ਨੋਡਲ ਅਫ਼ਸਰ ਅਤੇ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਤਰਸਿੱਕਾ ਦੀਪਕ ਕੁਮਾਰ ਦੀ ਰਹਿਨੁਮਾਈ ਹੇਠ ਪੂਰੇ ਬਲਾਕ ਦੇ ਸਕੂਲਾਂ ਦੇ ਵਿਦਿਆਰਥੀਆਂ ਦੇ ਅਡੋਲਸੈਂਸ ਐਜੂਕੇਸ਼ਨ ਪ੍ਰੋਗਰਾਮ ਤਹਿਤ ਲਿਖਤੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਬਲਾਕ ਦੇ ਸਕੂਲਾਂ ਵੱਲੋਂ ਵੱਡੀ ਗਿਣਤੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਵਿਖੇ ਲਿਖਤੀ ਮੁਕਾਬਲੇ ਵਿੱਚ ਭਾਗ ਲਿਆ।ਇਸ ਮੌਕੇ ਸਕੂਲ ਦੇ ਸੀਨੀਅਰ ਲੈਕਚਰਾਰ ਮੈਡਮ ਗੁਰਪ੍ਰੀਤ ਕੌਰ ਵੱਲੋਂ ਆਏ ਹੋਏ ਅਧਿਆਪਕਾਂ, ਵਿਦਿਆਰਥੀਆਂ ਅਤੇ ਲੇਖਨ ਮੁਕਾਬਲੇ ਦੇ ਜੱਜਾਂ ਨੂੰ ਜੀ ਆਇਆਂ ਕਿਹਾ ਗਿਆ।ਜੱਜਾਂ ਦੀ ਭੂਮਿਕਾ ਸਭਿਆਚਾਰ ਦੇ ਥੰਮ੍ਹ ਜਰਮਨਜੀਤ ਸਿੰਘ ਤਾਹਰਪੁਰਾ, ਮੈਡਮ ਮਨਦੀਪ ਕੌਰ ਨੰਗਲੀ ਕਲਾਂ, ਨਰਿੰਦਰ ਸਿੰਘ ਰਾਏ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵੱਲੋਂ ਬਾਖੂਬੀ ਨਿਭਾਈ ਗਈ।ਪਹਿਲਾ ਸਥਾਨ ਨੌਵੀਂ ਕਲਾਸ ਤਰਸਿੱਕਾ ਸਕੂਲ ਦੀ ਵਿਦਿਆਰਥਣ ਬਲਬੀਰ ਕੌਰ, ਦੂਸਰਾ ਸਥਾਨ ਜੈਸਮੀਨ ਕੌਰ ਸਸਸਸ ਟਾਹਲੀ ਸਾਹਿਬ ਅਤੇ ਤੀਸਰਾ ਸਥਾਨ ਰਣਜੀਤ ਸਿੰਘ ਚੋਗਾਵਾਂ ਸਾਧਪੁਰ ਨੇ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੇ ਸੀਨੀਅਰ ਅਧਿਆਪਕ ਅਮਰਬੀਰ ਸਿੰਘ, ਮੈਡਮ ਕਿਰਨਾ ਰਾਣੀ, ਪ੍ਰਿਥੀਪਾਲ ਸਿੰਘ ਚੋਗਾਵਾਂ ਸਾਧਪੁਰ, ਰਣਜੀਤ ਸਿੰਘ ਅਤੇ ਸਰਬਸੁੱਖਪਾਲ ਸਿੰਘ ਰਾਏ ਆਦਿ ਹਾਜ਼ਰ ਸਨ।



## ਸਿਹਤ ਵਿਭਾਗ ਨਕਲੀ ਖਾਧ ਪਦਾਰਥਾਂ 'ਤੇ ਰੋਕ ਲਾਵੇ : ਰਣਜੀਤ ਸਿੰਘ ਭੋਮਾ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਫੂਡ ਸਪਲਾਈ ਤੇ ਸਿਹਤ ਵਿਭਾਗ ਵੱਲੋਂ ਕੋਈ ਚੈਕਿੰਗ ਨਹੀਂ ਕੀਤੀ ਜਾ ਰਹੀ, ਸ਼ਰੇਆਮ ਵੇਚਿਆ ਜਾ ਰਿਹਾ ਨਕਲੀ ਦੁੱਧ, ਦਹੀਂ, ਪਨੀਰ, ਦੇਸੀ, ਘਿਓ ਤੇ ਮਿਠਾਈਆਂ। ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਤੇ ਕਲਾਕਾਰ ਹਰਪਾਲ ਸਿੰਘ ਠੱਠੇ ਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਵੱਖ-ਵੱਖ ਵਿਭਾਗਾਂ ਵਿੱਚ ਪਬਲਿਕ ਦੀ ਹਰੇਕ ਸੁੱਖ ਸਹੂਲਤ ਲਈ ਅਫਸਰਸ਼ਾਹੀ ਨੂੰ ਸਖਤ ਆਦੇਸ਼ ਕੀਤੇ ਹੋਏ ਹਨ ਕਿ ਪੰਜਾਬ ਦੇ ਲੋਕਾਂ ਦੀ ਸਿਹਤ ਨਾਲ ਕੋਈ ਖਿਲਵਾੜ ਨਾ ਹੋ ਸਕੇ ਪਰ ਸਿਹਤ ਵਿਭਾਗ ਤੇ ਫੂਡ ਸਪਲਾਈ ਦੇ ਅਫਸਰਾਂ ਦੀ ਮਿਲੀਭੁਗਤ ਨਾਲ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਕਸਬਿਆਂ, ਪਿੰਡਾਂ ਵਿੱਚ ਲੋਕਾਂ ਨੂੰ ਸ਼ਰੇਆਮ ਜ਼ਹਿਰ ਪਰੋਸਿਆ ਜਾ ਰਿਹਾ। ਪਧ੍ਰਾਨ ਭੋਮਾ ਤੇ ਡਾ. ਨਾਗ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਿਆਂ ਕਿਹਾ ਕਿ ਪੂਰੇ ਪੰਜਾਬ ਵਿੱਚ ਵੇਚਿਆ ਜਾ ਰਿਹਾ ਜ਼ਹਿਰ (ਨਕਲੀ ਦੁੱਧ, ਦਹੀਂ, ਪਨੀਰ, ਦੇਸੀ ਘਿਉ, ਮਿਠਾਈਆਂ) ਦੀਆਂ ਦੁਕਾਨਾਂ ਤੇ ਚੈਕਿੰਗ ਕਰਕੇ ਦੋਸ਼ੀਆਂ ਨੂੰ ਵੱਡੀਆਂ ਸਜ਼ਾਵਾਂ ਦਿੱਤੀਆਂ ਜਾਣ ਤੇ ਪੰਜਾਬ ਦੇ ਲੋਕਾਂ ਨੂੰ ਸ਼ੁੱਧ ਪਦਾਰਥ ਨਾਲ ਬਣੀਆਂ ਵਸਤੂਆਂ ਨੂੰ ਵੇਚਿਆ ਜਾਵੇ ਤਾਂ ਜੋ ਪਬਲਿਕ ਨਾਮੁਰਾਦ ਲੱਗ ਰਹੀਆਂ ਬਿਮਾਰੀਆਂ ਤੋਂ ਬਚ ਸਕੇ। ਭ੍ਰਿਸ਼ਟ ਅਫਸਰਾਂ ਦੀਆਂ ਬਦਲੀਆਂ ਦੂਰ ਦੁਰਾਡੇ ਕੀਤੀਆਂ ਜਾਣ। ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਭੋਮਾ ਤੋਂ ਇਲਾਵਾ ਡਾ. ਸੁਖਦੀਪ ਸਿੰਘ ਨਾਗ ਨਵੇਂ ਤੇ ਨੰਬਰਦਾਰ ਸਵਿੰਦਰ ਸਿੰਘ ਵਡਾਲਾ ਹਾਜ਼ਰ ਸਨ।



## ਸੀਨੀਅਰ ਸੈਕੰਡਰੀ ਸਕੂਲ ਡੇਹਰੀਵਾਲ ਦੀ ਗਰਾਊਂਡ 'ਚ ਬੂਟੇ ਲਾਏ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਬਲਾਕ ਤਰਸਿੱਕਾ ਅਧੀਨ ਪੈਂਦੇ ਪਿੰਡ ਡੇਹਰੀਵਾਲ ਦੀ ਪੰਚਾਇਤ ਵੱਲੋਂ ਸਰਪੰਚ ਪਰਮਿੰਦਰ ਸਿੰਘ ਔਜਲਾ ਦੇ ਸਹਿਯੋਗ ਨਾਲ ਸੀਨੀਅਰ ਸੈਕੰਡਰੀ ਸਕੂਲ ਡੇਹਰੀਵਾਲ ਵਿਖੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਛਾਂਦਾਰ ਅਤੇ ਫਲਾਂ ਵਾਲ਼ੇ ਬੂਟੇ ਲਗਾਏ ਗਏ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਪਰਮਿੰਦਰ ਸਿੰਘ ਔਜਲਾ ਨੇ ਕਿਹਾ ਕਿ ਦਿਨੋਂ ਦਿਨ ਗੱਡੀਆਂ ਦੇ ਧੂੰਏਂ ਅਤੇ ਜ਼ਹਿਰੀਲੀਆਂ ਗੈਸਾਂ ਕਾਰਨ ਸਾਡਾ ਵਾਤਾਵਰਣ ਖ਼ਰਾਬ ਹੁੰਦਾ ਜਾ ਰਿਹਾ ਹੈ, ਇਸ ਲਈ ਸਾਨੂੰ ਵੱਧ ਤੋਂ ਵੱਧ ਆਪਣੇ ਆਪਣੇ ਪਿੰਡਾਂ ਵਿੱਚ ਬੂਟੇ ਲਗਾਉਣੇ ਚਾਹੀਦੇ ਹਨ।



## ਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣਾ ਸਾਡੀ ਮੁੱਖ ਤਰਜੀਹ : ਤਲਬੀਰ ਸਿੰਘ ਗਿੱਲ

**ਚਵਿੰਡਾ ਦੇਵੀ/ਜੈਂਤੀਪੁਰ (ਖੁਸ਼ਹਾਲ ਸੁੰਦਰ/ਸੁਖਬਿੰਦਰ ਸਿੰਘ)** ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨਾਲ ਹਲਕਾ ਮਜੀਠਾ ਦੇ ਯੂਥ-ਵਿੰਗ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਵਿਸ਼ੇਸ਼ ਮੁਲਾਕਾਤ ਕਰਕੇ ਹਲਕੇ ਦੇ ਨੌਜਵਾਨਾਂ ਦੀ ਭਲਾਈ, ਖੇਡਾਂ ਦੇ ਵਿਕਾਸ ਅਤੇ ਪਿੰਡਾਂ ਦੀ ਤਰੱਕੀ ਨਾਲ ਜੁੜੇ ਅਹਿਮ ਮੁੱਦਿਆਂ ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ, ਖਿਡਾਰੀਆਂ ਨੂੰ ਲੋੜੀਂਦਾ ਖੇਡ ਸਮਾਨ ਮੁਹੱਈਆ ਕਰਵਾਉਣ ਅਤੇ ਪਿੰਡ ਪੱਧਰ ਤੇ ਖੇਡਾਂ ਦਾ ਮਾਹੌਲ ਹੋਰ ਮਜ਼ਬੂਤ ਬਣਾਉਣ ਲਈ ਠੋਸ ਯੋਜਨਾਵਾਂ ਤੇ ਵੀ ਚਰਚਾ ਕੀਤੀ ਗਈ।ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਖੇਡਾਂ ਅਤੇ ਸਿੱਖਿਆ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਸਮਾਜਿਕ ਬੁਰਾਈ ਤੋਂ ਦੂਰ ਰੱਖਣ ਲਈ ਖੇਡਾਂ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਹਨ। ਉਨ੍ਹਾਂ ਦੱਸਿਆ ਕਿ ਹਲਕਾ ਮਜੀਠਾ ਵਿੱਚ ਪਹਿਲਾਂ ਹੀ ਚਾਰ ਆਧੁਨਿਕ ਜਿਮ ਸਥਾਪਿਤ ਕੀਤੇ ਜਾ ਚੁੱਕੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਖਿਡਾਰੀਆਂ ਨੂੰ ਲੋੜੀਂਦਾ ਖੇਡ ਸਮਾਨ, ਬਿਹਤਰ ਸਹੂਲਤਾਂ ਅਤੇ ਹਰ ਸੰਭਵ ਸਹਿਯੋਗ ਪ੍ਰਦਾਨ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਖੇਡਾਂ ਨਾਲ ਜੁੜ ਸਕਣ।ਗੁਰਪ੍ਰੀਤ ਸਿੰਘ ਨੇ ਕਿਹਾ ਕਿ ਯੂਥ ਵਿੰਗ ਦਾ ਮਕਸਦ ਹਲਕਾ ਮਜੀਠਾ ਦੇ ਹਰ ਪਿੰਡ ਦੇ ਨੌਜਵਾਨ ਨੂੰ ਖੇਡਾਂ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਪਿੰਡ-ਪਿੰਡ ਜਾ ਕੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ ਅਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਅੱਗੇ ਵਧਣ ਲਈ ਹਰ ਸੰਭਵ ਮਦਦ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿਹਤਮੰਦ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਖੇਡਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਮੁਲਾਕਾਤ ਦੌਰਾਨ ਹਲਕੇ ਦੇ ਵਿਕਾਸ ਕਾਰਜਾਂ, ਲੋਕਾਂ ਨਾਲ ਜੁੜੇ ਅਹਿਮ ਮੁੱਦਿਆਂ ਅਤੇ ਪਿੰਡਾਂ ਦੀਆਂ ਬੁਨਿਆਦੀ ਲੋੜਾਂ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਮੌਜੂਦ ਸਰਪੰਚਾਂ ਨੇ ਆਪਣੇ-ਆਪਣੇ ਪਿੰਡਾਂ ਦੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਨਾਲ ਸਬੰਧਤ ਮੰਗਾਂ ਤੋਂ ਤਲਬੀਰ ਸਿੰਘ ਗਿੱਲ ਨੂੰ ਜਾਣੂ ਕਰਵਾਇਆ, ਜਿਨ੍ਹਾਂ ਨੇ ਇਨ੍ਹਾਂ ਮਸਲਿਆਂ ਦੇ ਜਲਦੀ ਹੱਲ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਸਰਪੰਚ ਗੁਰਪਿੰਦਰ ਸਿੰਘ ਝੰਡੇ, ਸ਼ਲਿੰਦਰ ਸਿੰਘ, ਅਰਸ਼ ਅਬਦਾਲ, ਆਗੂ ਅਤੇ ਵਰਕਰ ਵੀ ਹਾਜ਼ਰ ਸਨ।



## 10 ਦੇ ਪ੍ਰਦਰਸ਼ਨ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ ਕਿਸਾਨ ਤੇ ਮਜ਼ਦੂਰ : ਐੱਸ ਕੇ ਐੱਮ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**

ਅੱਜ ਸੇਰੋਂ ਖੰਡ ਮਿੱਲ ਮੋਰਚੇ ਦੇ 78ਵੇਂ ਦਿਨ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਅਤੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਨਾਲ ਕੀਤਾ ਵਾਅਦਾ ਪੂਰਾ ਕਰਕੇ ਸੇਰੋਂ ਖੰਡ ਮਿੱਲ ਮੁੜ ਚਾਲੂ ਕਰਨ।ਇਸ ਮੌਕੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਹਰਜਿੰਦਰ ਸਿੰਘ ਟਾਂਡਾ, ਨਛੱਤਰ ਸਿੰਘ ਪੰਨੂ, ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਇੰਦਰਜੀਤ ਸਿੰਘ ਮਰਹਾਣਾ, ਰਾਜ ਗੋਬਿੰਦ ਸਿੰਘ, ਗੁਰਚਰਨ ਸਿੰਘ ਸਭਰਾ ਨੇ ਕਿਹਾ ਕਿ ਭਗਵੰਤ ਮਾਨ ਸਾਰੇ ਵਾਅਦੇ ਪੂਰੇ ਕਰਨ ਦਾ ਦਾਅਵਾ ਕਰਦੇ ਹਨ ਪਰ ਸੇਰੋਂ ਖੰਡ ਮਿੱਲ ਮੁੜ ਚਾਲੂ ਕਿਉਂ ਨਹੀਂ ਕਰਦੇ।ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ 10 ਅਗਸਤ ਨੂੰ ਦੇਸ਼ ਵਿਆਪੀ ਕਿਸਾਨ ਮਜ਼ਦੂਰ ਮੁਲਾਜ਼ਮ ਐਕਸ਼ਨ ਸਾਰੇ ਭਾਰਤ ਵਿੱਚ ਕੀਤੇ ਜਾਣ ਦਾ ਪ੍ਰੋਗਰਾਮ ਹੈ।ਤਰਨ ਤਾਰਨ ਜ਼ਿਲ੍ਹੇ ਵਿੱਚ ਡੀ ਸੀ ਦਫਤਰ ਅੱਗੇ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਵਿੱਚ ਮੰਗ ਕੀਤੀ ਜਾਵੇਗੀ ਕਾਰਪੋਰੇਟ ਮੁਕਤ ਭਾਰਤ ਬਣਾਇਆ ਜਾਵੇ। ਅੰਦੋਲਨ ਦਾ ਨਾਹਰਾ ਹੀ ਹੈ ਕਿ 'ਕਾਰਪੋਰੇਟ ਭਾਰਤ ਛੱਡੋ' ।ਉਨ੍ਹਾਂ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ।ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਨਹੀਂ ਦਿੱਤੀ ਨਾ ਹੀ ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਹਨ ਜਦੋਂਕਿ ਕਾਰਪੋਰੇਟ ਘਰਾਣਿਆਂ ਦੇ ਅਰਬਾਂ ਰੁਪਏ ਮੁਆਫ਼ ਕਰ ਦਿੱਤੇ ਹਨ।ਉਨ੍ਹਾਂ ਕਿਹਾ ਕਿ ਸਾਡੀ ਮੰਗ ਹੈ ਕਿ ਮਜ਼ਦੂਰ ਮੁਲਾਜ਼ਮ ਵਿਰੋਧੀ ਚਾਰ ਲੇਬਰ ਕੋਡ ਵਾਪਸ ਲਏ ਜਾਣ ਅਤੇ ਅਮਰੀਕਾ ਭਾਰਤ ਟ੍ਰੇਡ ਸੰਧੀ ਤੇ ਦਸਖਤ ਨਾ ਕੀਤੇ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਬੀਰ ਸਿੰਘ ਨਿੱਜਰਪੁਰਾ, ਰੇਸ਼ਮ ਸਿੰਘ ਫੈਲੋਕੇ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ, ਸੁਖਬਾਜ ਸਿੰਘ ਸਿੱਧੂ, ਸੁਖਦੇਵ ਸਿੰਘ ਤੁੜ, ਜੱਸਾ ਸਿੰਘ ਕੱਦਗਿੱਲ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਲਵਿੰਦਰ ਸਿੰਘ ਨਿਹੰਗ, ਗੁਰਮੇਜ ਸਿੰਘ ਗੋਰਖਾ, ਤਰਸੇਮ ਸਿੰਘ, ਕੇਹਰ ਸਿੰਘ, ਬੂਟਾ ਸਿੰਘ ਮੁਗ਼ਲ ਚੱਕ ਸਮੇਤ ਕਈ ਆਗੂ ਹਾਜ਼ਰ ਸਨ।

## ਚੰਡੀਗੜ੍ਹ ਰੈਲੀ ਲਈ ਜਥਾ ਰਵਾਨਾ



**ਛੇਹਰਟਾ, (ਮਨੋਜ ਕੁਮਾਰ)** : ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਰੈਲੀ ਲਈ ਗੌਰਮਿੰਟ ਸਕੂਲ ਟੀਚਰ ਯੂਨੀਅਨ ਦੇ ਪ੍ਰਧਾਨ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਜਨਰਲ ਸਕੱਤਰ ਜਸਵੰਤ ਰਾਏ ਦੀ ਅਗਵਾਈ ਹੇਠ ਅਧਿਆਪਕਾਂ ਦਾ ਜਥਾ ਚੰਡੀਗੜ੍ਹ ਲਈ ਰਵਾਨਾ ਹੋਇਆ। ਇਸ ਮੌਕੇ ਜਸਵੰਤ ਰਾਏ ਨੇ ਦੱਸਿਆ ਕਿ ਮੁਲਾਜ਼ਮਾਂ ਦਾ ਡੀ-ਏ ਦੱਬ ਕੇ ਬੈਠੀ ਪੰਜਾਬ ਸਰਕਾਰ ਖ਼ਿਲਾਫ਼ ਮੁਲਾਜ਼ਮਾਂ ਦਾ ਰੋਹ ਸ਼ਿਖਰ 'ਤੇ ਹੈ ਤੇ ਆਉਣ ਵਾਲੀਆਂ ਚੋਣਾਂ ਵਿਚ ਸਰਕਾਰ ਨੂੰ ਇਸ ਦਾ ਖਾਮਿਆਜ਼ਾ ਭੁਗਤਣਾ ਪਵੇਗਾ। ਚੰਡੀਗੜ੍ਹ ਦੀ ਦਾਣਾ ਮੰਡੀ ਵਿਚ ਹੋ ਰਹੀ ਰੈਲੀ ਦੌਰਾਨ ਅਧਿਆਪਕ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦਾ ਭਾਂਡਾ ਭੰਨਣਗੇ। ਇਸ ਮੌਕੇ ਹੋਰਨਾਂ ਤੋਂ ਸਟੇਟ ਸਕੱਤਰ ਜਿੰਦਰ ਪਾਇਲਟ ਤੇ ਸਰਪ੍ਰਸਤ ਹਰਦੇਵ ਭਕਨਾ, ਵਰਿੰਦਰ ਸ਼ਰਮਾ, ਸੁਖਪਾਲ ਸਿੰਘ, ਦਲੀਪ ਕੁਮਾਰ, ਹਰਮਨ ਉੱਪਲ, ਅਮਨ ਕ੍ਰਾਂਤੀ, ਕੁਨਾਲ ਭੱਲਾ, ਗੁਰਪ੍ਰੀਤ ਰਣੀਕੇ, ਬਲਵਿੰਦਰ ਸਿੰਘ, ਗੁਰਵਿੰਦਰ ਰੰਧਾਵਾ ਆਦਿ ਹਾਜ਼ਰ ਸਨ।

## ਹਰਸ਼ਦੀਪ ਕੌਰ ਨੇ ਨੈਸ਼ਨਲ ਐਥਲੈਟਿਕ ਮੀਟ 'ਚ ਸੋਨ ਤਮਗਾ ਜਿੱਤਿਆ

**ਧਾਰੀਵਾਲ, (ਮਨਦੀਪ ਵਿੱਕੀ)**-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਸੰਚਾਲਿਤ ਅਕਾਲ ਅਕੈਡਮੀ ਜੰਡ ਸਾਹਿਬ ਦੀ ਹੋਣਹਾਰ ਖਿਡਾਰਨ (ਜਮਾਤ ਗਿਆਰਵੀਂ ਦੀ ਵਿਦਿਆਰਥਣ) ਹਰਸ਼ਦੀਪ ਕੌਰ ਨੇ ਸੀ.ਬੀ.ਐੱਸ.ਈ. ਕਲੱਸਟਰ ਐਥਲੈਟਿਕ ਮੀਟ 100 ਮੀਟਰ ਰੇਸ ਵਿੱਚ ਸਾਨਦਾਰ ਪ੍ਰਦਰਸਨ ਕਰਦਿਆਂ ਸੋਨ ਤਗਮਾ (ਗੋਲਡ ਮੈਡਲ) ਅਤੇ 200 ਮੀਟਰ ਰੇਸ ਵਿੱਚੋਂ ਚਾਂਦੀ ਤਗਮਾ (ਸਿਲਵਰ ਮੈਡਲ) ਜਿੱਤ ਕੇ ਆਪਣੇ ਅਕੈਡਮੀ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਇਸ ਸ਼ਾਨਦਾਰ ਸਫਲਤਾ ਪ੍ਰਾਪਤ ਖਿਡਾਰਨ ਹਰਸ਼ਦੀਪ ਕੌਰ ਦੀ ਸੀ.ਬੀ.ਐੱਸ.ਈ. ਨੈਸ਼ਨਲ ਐਥਲੈਟਿਕ ਮੀਟ ਲਈ ਚੋਣ ਹੋਈ ਹੈ। ਇਸ ਮਾਣਮੱਤੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਅਕੈਡਮੀ ਦੀ ਪ੍ਰਿੰਸੀਪਲ ਨਿਰਮਲਜੀਤ ਕੌਰ ਨੇ ਖਿਡਾਰਨ ਹਰਸ਼ਦੀਪ ਕੌਰ, ਉਸ ਦੇ ਮਾਤਾ-ਪਿਤਾ ਅਤੇ ਕੋਚਿੰਗ ਸਟਾਫ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਹਰਸ਼ਦੀਪ ਦੀ ਇਹ ਸਫਲਤਾ ਅਕਾਲ ਪੁਰਖ ਦੀ ਅਪਾਰ ਕਿਰਪਾ, ਮਾਪਿਆਂ ਦੇ ਸਹਿਯੋਗ, ਉਸ ਦੀ ਸਖਤ ਮਿਹਨਤ, ਦ੍ਰਿੜ੍ਹ ਇਰਾਦੇ ਅਤੇ ਅਕੈਡਮੀ ਵੱਲੋਂ ਖੇਡਾਂ ਦੇ ਖੇਤਰ ਵਿੱਚ ਦਿੱਤੀ ਜਾ ਰਹੀ ਉੱਚ ਪੱਧਰੀ ਸਿਖਲਾਈ ਅਤੇ ਅਨੁਸ਼ਾਸ਼ਨ ਦਾ ਸੁੰਦਰ ਨਤੀਜਾ ਹੈ। ਪ੍ਰਿੰਸੀਪਲ ਨੇ ਵਿਸ਼ਵਾਸ਼ ਪ੍ਰਗਟਾਇਆ ਕਿ ਹਰਸ਼ਦੀਪ ਕੌਰ ਨੈਸਨਲ ਪੱਧਰ 'ਤੇ ਵੀ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਪ੍ਰਦਰਸਨ ਕਰੇਗੀ ਅਤੇ ਅਕੈਡਮੀ ਦਾ ਨਾਮ ਦੇਸ ਭਰ ਵਿੱਚ ਹੋਰ ਰੌਸਨ ਕਰੇਗੀ। ਅਕੈਡਮੀ ਦੇ ਪ੍ਰਬੰਧਕਾਂ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਹਰਸ਼ਦੀਪ ਕੌਰ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਸ ਨੂੰ ਨੈਸ਼ਨਲ ਐਥਲੈਟਿਕ ਮੀਟ ਲਈ ਦਿਲੋਂ ਸ਼ੁੱਭਕਾਮਨਾਵਾਂ ਦਿੱਤੀਆਂ।




## ਸੁਤੰਤਰਤਾ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਲਈ ਭੰਗੜਾ ਗਰੁੱਪਾਂ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਧਾਰੀਵਾਲ, (ਮਨਦੀਪ ਵਿੱਕੀ)**

ਸੁਤੰਤਰਤਾ ਦਿਵਸ ਮੌਕੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਭਾਗ ਲੈਣ ਸਬੰਧੀ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਭੰਗੜਾ ਗਰੁੱਪਾਂ ਦੀਆਂ ਤਿਆਰੀਆਂ ਇੱਥੇ ਸ੍ਰੀ ਗੁਰੂ ਅਰਜਨ ਦੇਵ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਸਾਹਿਬ ਧਾਰੀਵਾਲ ਵਿੱਚ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ। ਬੁਰਜ ਸਾਹਿਬ ਸਕੂਲ ਧਾਰੀਵਾਲ ਦੇ ਪ੍ਰਿੰਸੀਪਲ ਅਨੂਪ ਸਿੰਘ, ਮੁੱਖ ਅਧਿਆਪਕ ਨਰਿੰਦਰ ਮਹਿਤਾ, ਬੀ. ਪੀ. ਈ. ਓ. ਭਾਰਤ ਰਤਨ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਭੰਗੜਾ ਕੋਚ ਮਨਿੰਦਰ ਸਿੰਘ ਢਿੱਲੋਂ, ਵਿਸ਼ਾਲ ਨਈਅਰ, ਪ੍ਰਭਜੋਤ ਸਿੰਘ ਬੇਦੀ ਵੱਲੋਂ ਵਿਸ਼ਵ ਪ੍ਰਸਿੱਧ ਭੰਗੜਾ ਕੋਚ ਮਾਸਟਰ ਹਰਭਜਨ ਸਿੰਘ ਖੋਖਰ ਫੌਜੀਆਂ ਤੇ ਮਾਸਟਰ ਮੋਹਨ ਲਾਲ ਦੇ ਆਸ਼ੀਰਵਾਦ ਨਾਲ ਭੰਗੜਾ ਟੀਮਾਂ ਨੂੰ ਤਿਆਰੀ ਕਰਵਾਈ ਜਾ ਰਹੀ ਹੈ। ਇਸ ਦੌਰਾਨ ਤਿਆਰੀਆਂ ਕਰ ਰਹੀਆਂ ਭੰਗੜਾ ਗਰੁੱਪਾ ਵਿੱਚ ਡੀਏਵੀ ਸਕੂਲ ਧਾਰੀਵਾਲ, ਸ੍ਰੀ ਗੁਰੂ ਅਰਜਨ ਦੇਵ ਸੀਨੀਅਰ ਸੈਕੰਡਰੀ ਸਕੂਲ ਬੁਰਜ ਸਾਹਿਬ ਧਾਰੀਵਾਲ, ਸਰਕਾਰੀ ਹਾਈ ਸਕੂਲ ਮੋਨੀ ਮੰਦਿਰ ਧਾਰੀਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲੇਰ ਕਲਾਂ, ਜੀ. ਟੀ. ਬੀ. ਇੰਟਰਨੈਸ਼ਨਲ ਸਕੂਲ ਕਲਿਆਣਪੁਰ, ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਪੁਰ ਨੰਗਲ, ਲਿਟਲ ਫਲਾਵਰ ਕਾਨਵੈਂਟ ਸਕੂਲ ਧਾਰੀਵਾਲ, ਸਰਕਾਰੀ ਕਾਲਜ ਗੁਰਦਾਸਪੁਰ, ਸੁਖਜਿੰਦਰ ਪਬਲਿਕ ਸਕੂਲ ਬੱਬਰੀ ਦੇ ਬੱਚੇ ਸ਼ਾਮਲ ਹਨ। ਉਨ੍ਹਾਂ ਦੱਸਿਆ ਰੋਜ਼ਾਨਾ ਬੜੇ ਉਤਸ਼ਾਹ ਨਾਲ ਪਹੁੰਚੇ ਰਹੇ ਬੱਚਿਆਂ ਨੂੰ ਭੰਗੜਾ ਕੋਚਾਂ ਦੁਆਰਾ ਪੰਜਾਬੀਆਂ ਦੀ ਸ਼ਾਨ ਭੰਗੜਾ ਦੀਆਂ ਵੱਖ ਵੱਖ ਗਤੀਵਿਧੀਆਂ ਪ੍ਰਭਾਵਸ਼ਾਲੀ ਢੰਗ ਨਾਲ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਵੱਖ ਵੱਖ ਸਕੂਲਾਂ ਤੋਂ ਪਹੁੰਚੇ ਅਧਿਆਪਕਾਂ ਵਿੱਚ ਲੈਕਚਰਾਰ ਦਲਜਿੰਦਰ ਸਿੰਘ, ਪਰਮਿੰਦਰ ਕੁਮਾਰ, ਗੁਰਨਾਮ ਸਿੰਘ, ਗੁਰਪ੍ਰੀਤ ਬਾਜਵਾ, ਵਰਿੰਦਰ ਕੁਮਾਰ ਮੁਨੀਸ਼ ਸ਼ਰਮਾ, ਸਮਸੇਰ ਸਿੰਘ, ਸੀਐਚਟੀ ਲਵਦੀਪ ਸਿੰਘ, ਗੁਰਪ੍ਰੀਤ ਸਿੱਧੂ ਮਨੋਹਰਪੁਰ, ਗਗਨਦੀਪ, ਮੰਗਾ ਢੋਲੀ, ਮੇਸ਼ੀ ਉਸਤਾਦ ਵੱਲੋਂ ਬੱਚਿਆਂ ਨੂੰ ਭੰਗੜੇ ਦੀਆਂ ਤਿਆਰੀਆਂ ਕਰਵਾਉਣ ਵਿੱਚ ਸਹਿਯੋਗ ਦਿੱਤਾ ਜਾ ਰਿਹਾ ਹੈ।



## ਵਾਰਡ ਨੰਬਰ ਅੱਠ 'ਚ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਮਾਰਕੀਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਿਕ ਮਹਿਤਾ ਵੱਲੋਂ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੁਆਰਾ ਸ਼ੁਰੂ ਕੀਤੀ ਗਈ ਮੇਰੀ ਰਸੋਈ ਯੋਜਨਾ ਤਹਿਤ ਵਾਰਡ ਨੰਬਰ 8 ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹੈ ਕਿ ਹਰ ਘਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ ਅਤੇ ਹਰ ਪਰਿਵਾਰ ਨੂੰ ਬਣਦਾ ਹੱਕ ਮਿਲੇ।ਉਨ੍ਹਾਂ ਕਿਹਾ ਕਿ ਲੋਕ ਸੇਵਾ ਅਤੇ ਸਮਾਜ ਭਲਾਈ ਲਈ ਅਜਿਹੇ ਉਪਰਾਲੇ ਅੱਗੇ ਵੀ ਨਿਰੰਤਰ ਜਾਰੀ ਰਹਿਣਗੇ।ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਉਨ੍ਹਾਂ ਵਲੋਂ ਖੁਦ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ ਅਤੇ ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਿਮਾਰੀ ਦਾ ਇਲਾਜ ਕਰਵਾਉਣ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ ਅਤੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ।



## ਆਨੰਦ ਕਾਲਜ ਆਫ ਨਰਸਿੰਗ ਦੇ ਵਿਦਿਆਰਥੀਆਂ ਨੇ ਵਿਸ਼ਵ ਬ੍ਰੈਸਟ ਫੀਡਿੰਗ ਵੀਕ ਮਨਾਇਆ



**ਮਜੀਠਾ (ਸੋਇਮ ਆਨੰਦ)**

ਆਨੰਦ ਕਾਲਜ ਆਫ ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਵਿਸ਼ਵ ਬਰੈਸਟ ਫੀਡਿੰਗ ਵੀਕ ਦੇ ਮੌਕੇ 'ਤੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਦੌਰਾਨ ਬੀ. ਐੱਸ. ਸੀ. ਨਰਸਿੰਗ ਦੇ ਵਿਦਿਆਰਥੀਆਂ ਨੇ ਰੋਲ ਪਲੇਅ ਰਾਹੀਂ ਗਰਭਵਤੀ ਅਤੇ ਬ੍ਰੈਸਟ ਫੀਡ ਕਰਵਾਉਣ ਵਾਲੀਆਂ ਮਾਵਾਂ ਨੂੰ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਵਿਦਿਆਰਥੀਆਂ ਨੇ ਰੋਲ ਪਲੇਅ ਰਾਹੀਂ ਦੱਸਿਆ ਕਿ ਜਨਮ ਤੋਂ ਤੁਰੰਤ ਬਾਅਦ ਬੱਚੇ ਨੂੰ ਮਾਂ ਦਾ ਪਹਿਲਾ ਗਾੜ੍ਹਾ ਦੁੱਧ (ਕੋਲੋਸਟ੍ਰਮ) ਜ਼ਰੂਰ ਪਿਲਾਉਣਾ ਚਾਹੀਦਾ ਹੈ ਅਤੇ ਪਹਿਲੇ ਛੇ ਮਹੀਨਿਆਂ ਤੱਕ ਬੱਚੇ ਨੂੰ ਕੇਵਲ ਮਾਂ ਦਾ ਦੁੱਧ ਹੀ ਦੇਣਾ ਚਾਹੀਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਸਹੀ ਤਰੀਕੇ ਨਾਲ ਦੁੱਧ ਪਿਲਾਉਣ ਦੀ ਵਿਧੀ, ਮਾਂ ਅਤੇ ਬੱਚੇ ਲਈ ਇਸ ਦੇ ਸਿਹਤ ਲਾਭ ਅਤੇ ਬ੍ਰੈਸਟਫੀਡਿੰਗ ਨਾਲ ਸੰਬੰਧਿਤ ਗਲਤ ਧਾਰਨਾਵਾਂ ਬਾਰੇ ਵੀ ਜਾਣਕਾਰੀ ਦਿੱਤੀ।ਇਸ ਮੌਕੇ ਗਰਭਵਤੀ ਮਹਿਲਾਵਾਂ ਨੂੰ ਸਿਹਤਮੰਦ ਖੁਰਾਕ ਦੀ ਮਹੱਤਤਾ ਬਾਰੇ ਜਾਗਰੂਕ ਕਰਦਿਆਂ ਉਨ੍ਹਾਂ ਨੂੰ ਫਲ ਵੀ ਵੰਡੇ ਗਏ। ਵਿਦਿਆਰਥੀਆਂ ਨੇ ਗਰਭ ਅਵਸਥਾ ਦੌਰਾਨ ਸੰਤੁਲਿਤ ਅਤੇ ਪੌਸ਼ਟਿਕ ਖੁਰਾਕ ਲੈਣ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ।ਇਸ ਮੌਕੇ ਆਨੰਦ ਗਰੁੱਪ ਆਫ ਕਾਲਜਿਜ਼ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਈਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰ. ਰਚਨਾ ਕੁਮਾਰੀ, ਵਾਈਸ ਪ੍ਰਿੰ. ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਸਮਾਜ ਵਿੱਚ ਮਾਂ ਅਤੇ ਬੱਚੇ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।

# ਤਰਕਸ਼ੀਲ ਸੁਸਾਇਟੀ ਵੱਲੋਂ ਪਾਸ਼ ਦੀ ਯਾਦਗਾਰ ਤੋੜਨ ਦਾ ਸਖ਼ਤ ਵਿਰੋਧ

**ਜਲੰਧਰ (ਗਿਆਨ ਸੈਦਪੁਰੀ)-** ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਨੇ ਇਨਕਲਾਬੀ ਕਵੀ ਪਾਸ਼ ਅਤੇ ਉਸਦੇ ਸਾਥੀ ਹੰਸ ਰਾਜ ਦੀ ਯਾਦ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿਖੇ ਉਸਾਰੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦੇ ਦਰਵਾਜੇ ਅਤੇ ਤਾਲੇ ਤੋੜਨ ਦਾ ਸਖ਼ਤ ਸ਼ਬਦਾਂ ਵਿੱਚ ਵਿਰੋਧ ਕਰਦਿਆਂ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਤੋਂ ਦੋਸ਼ੀਆਂ ਦੇ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਇਸ ਸੰਬੰਧੀ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਸੁਖਵਿੰਦਰ ਬਾਗਪੁਰ, ਸੁਰਜੀਤ ਟਿੱਬਾ, ਜਸਵਿੰਦਰ ਫਗਵਾੜਾ,ਸੁਮੀਤ ਅੰਮ੍ਰਿਤਸਰ ਅਤੇ ਜੋਗਿੰਦਰ ਕੁੱਲੇਵਾਲ ਨੇ ਪ੍ਰੈੱਸ ਬਿਆਨ ਰਾਹੀਂ ਦੋਸ਼ ਲਾਇਆ ਕਿ ਸਰਪੰਚ ਪਰਦੀਪ ਸਿੰਘ ਅਤੇ ਉਸਦੇ ਹਮਾਇਤੀਆਂ ਵੱਲੋਂ ਕੰਪਲੈਕਸ ਦੇ ਜਿੰਦਰੇ ਤੋੜ ਕੇ ਅਤੇ ਪੰਘੂੜੇ ਲਗਾ ਕੇ ਇਸ ਇਤਿਹਾਸਕ ਸ਼ਹੀਦੀ ਯਾਦਗਾਰ ਦੀ ਬੇਹੁਰਮਤੀ ਕਰਨ ਦੇ ਨਾਲ ਨਾਲ ਇਸ ਉਤੇ ਕਥਿਤ ਤੌਰ ਤੇ ਕਬਜ਼ਾ ਕਰਨ ਦੀ ਵੀ ਕੋਸ਼ਿਸ਼ ਕੀਤੀ ਗਈ ਹੈ ਜਿਸਨੂੰ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਅਤੇ ਸਮੂਹ ਲੋਕ ਪੱਖੀ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਲੰਧਰ ਜੋਨ ਦੇ ਆਗੂਆਂ ਸੁਖਦੇਵ ਫਗਵਾੜਾ ਅਤੇ ਵਿਜੇ ਰਾਹੀ ਨੇ ਕਿਹਾ ਕਿ ਸਮੂਹ ਲੋਕ ਪੱਖੀ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਇਸ ਗੰਭੀਰ ਮਸਲੇ ਉਤੇ ਪੰਜਾਬ ਪੱਧਰੀ ਸੰਘਰਸ਼ ਵਿਉਂਤਣ ਲਈ 9 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੱਦੀ ਗਈ ਵਿਸ਼ੇਸ਼ ਮੀਟਿੰਗ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਆਗੂ ਸ਼ਾਮਿਲ ਹੋਣਗੇ ਅਤੇ ਉਲੀਕੇ ਜਾਣ ਵਾਲੇ ਭਵਿੱਖੀ ਜਨਤਕ ਸੰਘਰਸ਼ ਵਿੱਚ ਪੰਜਾਬ ਦੇ ਵੱਡੀ ਗਿਣਤੀ ਤਰਕਸ਼ੀਲ ਕਾਰਕੁਨਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।

# ਗੈਰ-ਕਾਨੂੰਨੀ ਸ਼ਰਾਬ ਦੀ ਬਰਾਮਦਗੀ ਮਾਮਲੇ 'ਚ ਭਾਜਪਾ ਆਗੂਆਂ ਨੇ ਐਕਸਾਈਜ਼ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

**ਜਲੰਧਰ (ਸ਼ੈਲੀ ਐਲਬਰਟ, ਲਖਵਿੰਦਰ ਸਿੰਘ ਆਧੀ)-** ਬੀਤੇ ਵੀਰਵਾਰ ਜਲੰਧਰ ਵਿੱਚ ਆਬਕਾਰੀ ਵਿਭਾਗ ਵੱਲੋਂ ਲਗਭਗ 700 ਪੇਟੀਆਂ ਗੈਰ-ਕਾਨੂੰਨੀ ਸ਼ਰਾਬ ਬਰਾਮਦ ਕੀਤੇ ਜਾਣ ਦੇ ਗੰਭੀਰ ਮਾਮਲੇ ਨੂੰ ਲੈ ਕੇ ਭਾਜਪਾ ਜਲੰਧਰ ਦੇ ਇੱਕ ਵਫ਼ਦ ਨੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਦੀ ਅਗਵਾਈ ਹੇਠ ਡਿਸਟ੍ਰਿਕਟ ਟੈਕਸੇਸ਼ਨ ਕਮਿਸ਼ਨਰ ਰਣਜੀਤ ਸਿੰਘ ਨਾਲ ਜੀ ਐੱਸ ਟੀ ਭਵਨ ਵਿੱਚ ਮੁਲਾਕਾਤ ਕੀਤੀ। ਇਸ ਮੌਕੇ ਸਾਬਕਾ ਵਿਧਾਇਕ ਤੇ ਪੰਜਾਬ ਐੱਸ ਸੀ ਮੋਰਚਾ ਪ੍ਰਧਾਨ ਸ਼ੀਤਲ ਅੰਗੁਰਾਲ, ਪੂਰਵ ਮੁੱਖ ਸੰਸਦੀ ਸਕੱਤਰ ਕੇ.ਡੀ. ਭੰਡਾਰੀ, ਪੰਜਾਬ ਭਾਜਪਾ ਸਕੱਤਰ ਅਮਰਜੀਤ ਸਿੰਘ ਅਮਰੀ, ਸਾਬਕਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ, ਮਹਾਂਮੰਤਰੀ ਰਾਜੇਸ਼ ਕਪੂਰ ਸਮੇਤ ਹੋਰ ਆਗੂ ਵੀ ਹਾਜ਼ਰ ਸਨ। ਇਸ ਮੌਕੇ ਭਾਜਪਾ ਜਲੰਧਰ ਦੇ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਇਹ ਬਰਾਮਦਗੀ ਸਿਰਫ਼ ਇੱਕ ਗੋਦਾਮ ਦੀ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਿਰਫ਼ ਜਲੰਧਰ ਹੀ ਨਹੀਂ ਸਗੋਂ ਪੂਰੇ ਪੰਜਾਬ ਵਿੱਚ ਗੈਰ-ਕਾਨੂੰਨੀ ਸ਼ਰਾਬ ਦਾ ਇੱਕ ਸੁਚੱਜਾ ਨੈੱਟਵਰਕ ਸਰਗਰਮ ਹੈ।



ਭਾਜਪਾ ਆਗੂਆਂ ਨੇ ਸਰਕਾਰ ਤੋਂ ਪੁੱਛਿਆ ਕਿ ਇਹ ਗੈਰ-ਕਾਨੂੰਨੀ ਸ਼ਰਾਬ ਕਿਸ ਦੀ ਹੈ, ਇਸ ਨੂੰ ਕੌਣ ਲੈ ਕੇ ਆਇਆ, ਕਿਸ ਦੀ ਸਰਪ੍ਰਸਤੀ ਹੇਠ ਇਸ ਦਾ ਭੰਡਾਰਣ ਕੀਤਾ ਗਿਆ ਅਤੇ ਇਸ ਨੂੰ ਕਿੱਥੇ ਅਤੇ ਕਿਸ ਨੂੰ ਵੇਚਿਆ ਜਾਣਾ ਸੀ? ਉਨ੍ਹਾਂ ਮੰਗ ਕੀਤੀ ਕਿ ਇਸ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਕੇ ਮੁੱਖ ਸਰਗਣਿਆਂ ਅਤੇ ਉਨ੍ਹਾਂ ਦੇ ਸਰਪ੍ਰਸਤਾਂ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾਵੇ।

# ਮਨਜੀਤ ਸਿੰਘ ਨੇ ਆਪਣੇ ਪਰਵਾਰ 'ਚੋਂ ਹੀ ਕਮਿਊਨਿਸਟ ਵਿਚਾਰ ਗ੍ਰਹਿਣ ਕੀਤੇ

ਮਨਜੀਤ ਸਿੰਘ ਬਾਸਰਕੇ ਪੰਜਾਬ ਰਾਜ ਬਿਜਲੀ ਬੋਰਡ ਹੁਣ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਸਰਕਾਰੀ ਅਦਾਰੇ 'ਚੋਂ ਬਤੌਰ ਜੇ ਈ ਸਰਵਿਸ ਪੂਰੀ ਕਰਕੇ ਸੇਵਾ-ਮੁਕਤ ਹੋ ਚੁੱਕਾ ਹੈ। ਮਨਜੀਤ ਸਿੰਘ ਇਸ ਵੇਲੇ ਪੰਜਾਬ ਸਟੇਟ ਇਲੈਕਟ੍ਰਿਸਿਟੀ ਬੋਰਡ (ਪੀ ਐਸ ਈ ਬੀ) ਦੀ ਮੁਲਾਜ਼ਮਾਂ ਦੀ ਜਥੇਬੰਦੀ ਏਟਕ ਦਾ ਪੰਜਾਬ ਦਾ ਪ੍ਰਧਾਨ ਹੈ।

ਮਨਜੀਤ ਸਿੰਘ ਦਾ ਪਿੰਡ ਬਾਸਰਕੇ ਭੈਣੀ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਛੇਹਰਟਾ ਦੇ ਨਜ਼ਦੀਕ ਹੈ। ਉਨ੍ਹਾ ਦੇ ਪਿਤਾ ਦਾ ਨਾਂਅ ਸਰਦਾਰ ਮੱਖਣ ਸਿੰਘ ਅਤੇ ਮਾਤਾ ਦਾ ਨਾਂਅ ਦਰਸ਼ਨ ਕੌਰ ਸੀ। ਇਨ੍ਹਾਂ ਦੀ ਪਤਨੀ ਦਾ ਨਾਂਅ ਸ਼ਰਨਜੀਤ ਕੌਰ ਹੈ। ਸ਼ਰਨਜੀਤ ਦੇ ਪਿਤਾ ਦਾ ਨਾਂਅ ਸਰਦਾਰ ਕੁੰਨਣ ਸਿੰਘ ਨਵਾਂ ਪਿੰਡ ਹੈ। ਮਨਜੀਤ ਸਿੰਘ ਦੀ ਵੱਡੀ ਧੀ ਦਾ ਨਾਂਅ ਸੁਖਦੀਪ ਕੌਰ ਅਤੇ ਉਸ ਦੇ ਪਤੀ ਦਾ ਨਾਂਅ ਰਮਨਦੀਪ ਸਿੰਘ ਤੇ ਛੋਟੀ ਧੀ ਦਾ ਨਾਂਅ ਹਰਦੀਪ ਕੌਰ ਅਤੇ ਪੁੱਤਰ ਦਾ ਨਾਂਅ ਗੁਰਬੇਜ ਸਿੰਘ ਹੈ। ਹਰਦੀਪ ਕੌਰ ਤੇ ਗੁਰਬੇਜ ਸਿੰਘ ਕੈਨੇਡਾ ਰਹਿੰਦੇ ਹਨ।

ਮਨਜੀਤ ਸਿੰਘ ਨੇ ਸਕੂਲ ਦੀ ਵਿਦਿਆ ਲੈਣ ਤੋਂ ਬਾਅਦ ਆਈ ਟੀ ਆਈ ਅੰਮ੍ਰਿਤਸਰ 'ਚੋਂ ਇਲੈਕਟ੍ਰੀਸ਼ਨ ਦਾ ਦੋ ਸਾਲ ਦਾ ਕੋਰਸ ਕੀਤਾ। ਮਨਜੀਤ ਸਿੰਘ ਨੇ ਖਾਸਾ ਸਬ-ਡਵੀਜ਼ਨ ਤੋਂ ਲਾਈਨਮੈਨ ਦੀ ਦੋ ਸਾਲਾ ਅਪਰੈਂਟਿਸਸ਼ਿਪ ਪਾਸ ਕੀਤੀ। ਮਨਜੀਤ ਸਿੰਘ ਨੇ ਪੰਜਾਬ ਰਾਜ ਬਿਜਲੀ ਬੋਰਡ ਵਿੱਚ 13-05-1992 ਨੂੰ ਸਰਾਂ ਅਮਾਨਤ ਖਾਂ ਵਿਖੇ ਲਾਈਨਮੈਨ ਦੀ ਡਿਊਟੀ ਜੁਆਇਨ ਕੀਤੀ।

ਮਨਜੀਤ ਸਿੰਘ ਦਾ ਪਿੰਡ ਬਾਸਰਕੇ ਕਮਿਊਨਿਸਟਾਂ ਦਾ ਗੜ੍ਹ ਸੀ। ਇਸ ਛੋਟੇ ਜਿਹੇ ਪਿੰਡ ਵਿੱਚ 25 ਦੇ ਕਰੀਬ ਭਾਰਤੀ ਕਮਿਊਨਿਸਟ ਪਾਰਟੀ ਦੇ ਮੈਂਬਰ ਸਨ। ਮਨਜੀਤ ਸਿੰਘ ਦਾ ਬਾਪ ਮੱਖਣ ਸਿੰਘ ਕਮਿਊਨਿਸਟ ਪਾਰਟੀ ਵੱਲੋਂ 15 ਸਾਲ ਪਿੰਡ ਦਾ ਪੰਚਾਇਤ ਮੈਂਬਰ ਰਿਹਾ। ਇਨ੍ਹਾਂ ਦੀ ਮਾਤਾ ਦਰਸ਼ਨ ਕੌਰ ਵੀ ਪੰਜਾਬ ਇਸਤਰੀ ਸਭਾ ਦੀ ਸਰਗਰਮ ਮੈਂਬਰ ਸੀ। ਹਕੀਕਤ ਵਿੱਚ ਛੇਹਰਟਾ ਦੇ ਇਰਦ-ਗਿਰਦ ਦੇ ਸਾਰੇ ਪਿੰਡਾਂ ਵਿੱਚ ਕਮਿਊਨਿਸਟਾਂ ਦਾ ਦਬਦਬਾ ਸੀ। ਇਹ ਦਬਦਬਾ ਕਾਮਰੇਡ ਸੱਤਪਾਲ ਡਾਂਗ ਤੇ ਭੈਣ ਜੀ ਵਿਮਲਾ ਡਾਂਗ ਕਰਕੇ ਸੀ।

ਮਨਜੀਤ ਸਿੰਘ ਆਪਣੇ ਪ੍ਰਵਾਰ ਦੀਆਂ ਲੀਹਾਂ 'ਤੇ ਚਲਦਾ ਹੋਇਆ ਆਈ ਟੀ ਆਈ ਅਪਰੈਂਟਿਸਸ਼ਿਪ ਯੂਨੀਅਨ ਵਿੱਚ ਸਰਗਰਮ ਹੋ ਗਿਆ। ਉਸ ਵੇਲੇ ਆਈ ਟੀ ਆਈ ਅਪਰੈਂਟਿਸ ਯੂਨੀਅਨ ਪੰਜਾਬ ਦਾ ਕਨਵੀਨਰ ਪੂਰਨ ਸਿੰਘ ਮਾੜੀਮੇਘਾ ਸੀ। ਯੂਨੀਅਨ ਜਥੇਬੰਦ ਕਰਨ ਦੀ ਸ਼ੁਰੂਆਤ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਤੋਂ ਕਾਮਰੇਡ ਨਰਿੰਦਰ ਕੁਮਾਰ ਬੱਲ ਤੇ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕੀਤੀ ਸੀ। ਜਾਣਕਾਰੀ ਲਈ ਬਿਜਲੀ ਬੋਰਡ ਜਲੰਧਰ ਸਰਕਲ ਦੇ ਅਪਰੈਂਟਿਸਾਂ ਦੀ ਪਹਿਲੀ ਮੀਟਿੰਗ ਵਿੱਚ ਅਸੀਂ ਦੋਵੇਂ ਹੀ ਰਹਿ ਗਏ। ਸਾਨੂੰ ਦੋਹਾਂ ਨੂੰ ਬਾਬਾ ਭਗਤ ਸਿੰਘ ਬਿਲਗਾ ਜੀ ਨੇ ਸੱਦ ਕੇ ਪੁੱਛਿਆ ਕਿ ਤੁਸੀਂ ਕਿਸ ਤਰ੍ਹਾਂ ਬੈਠੇ ਜੇ, ਅਸੀਂ ਆਪਣੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਘਬਰਾਉਣ ਦੀ ਲੋੜ ਨਹੀਂ, ਵਾਰ-ਵਾਰ ਮੀਟਿੰਗ ਸੱਦੋ, ਕਾਮਯਾਬੀ ਲਾਜ਼ਮੀ ਮਿਲੇਗੀ, ਉਨ੍ਹਾਂ ਦੀ ਗੱਲ ਸੱਚੀ ਹੋਈ।

ਬਿਜਲੀ ਬੋਰਡ ਵਿੱਚ ਆਉਂਦੇ ਸਾਰ ਹੀ ਮਨਜੀਤ ਸਿੰਘ ਮੁਲਾਜ਼ਮਾਂ ਦੀ ਜਥੇਬੰਦੀ ਏਟਕ ਨਾਲ ਜੁੜ ਗਿਆ। ਮਨਜੀਤ ਸਿੰਘ ਸਰਾਂ ਅਮਾਨਤ ਖਾਂ ਤੋਂ ਬਦਲ ਕੇ ਸਬ-ਡਵੀਜ਼ਨ ਖਾਸੇ ਆ ਗਿਆ। ਇਥੇ ਆ ਕੇ ਮਨਜੀਤ ਦਾ ਇਨ੍ਹਾਂ ਸਤਰਾਂ ਦੇ ਲੇਖਕ ਨਾਲ ਮੇਲ ਹੋਇਆ। ਸਵੇਰੇ-ਸਵੇਰ ਜਦੋਂ ਦਫ਼ਤਰ ਜਾਂ ਚਾਹ ਵਾਲੀ ਦੁਕਾਨ 'ਤੇ ਇਕੱਠੇ ਹੋਣਾ ਤਾਂ ਕਮਿਊਨਿਸਟ ਵਿਚਾਰਾਂ ਦਾ ਆਦਾਨ-ਪ੍ਰਦਾਨ ਸ਼ੁਰੂ ਹੋ ਜਾਣਾ। ਉਸ ਵੇਲੇ ਖਾਸਾ ਸਬ ਡਵੀਜ਼ਨ ਦਾ ਪ੍ਰਧਾਨ ਗੁਰਨਾਮ ਸਿੰਘ ਖੁਰਮਨੀਆਂ ਸੀ।ਲੇਖਕ ਨੇ ਮਨਜੀਤ ਸਿੰਘ ਨੂੰ ਰਾਜ, ਟੱਬਰ ਤੇ ਨਿੱਜੀ ਜਾਇਦਾਦ ਦਾ ਮੁੱਢ ਕਿਤਾਬ ਦਿੱਤੀ। ਮਨਜੀਤ ਸਿੰਘ ਨੇ ਇਹ ਕਿਤਾਬ ਪੜ੍ਹ ਕੇ ਅੱਗੇ ਗਿਆਨ ਵੰਡਣਾ ਸ਼ੁਰੂ ਕਰ ਦਿੱਤਾ।



ਮਨਜੀਤ ਸਿੰਘ ਖਾਸਾ ਸਬ-ਡਵੀਜ਼ਨ ਦਾ ਪ੍ਰਧਾਨ ਚੁਣਿਆ ਗਿਆ। ਇਸੇ ਤਰ੍ਹਾਂ ਵੈੱਸਟ ਡਵੀਜ਼ਨ ਛੇਹਰਟਾ ਦਾ ਸੀਨੀਅਰ ਮੀਤ ਪ੍ਰਧਾਨ ਅਤੇ ਸਰਕਲ ਅੰਮ੍ਰਿਤਸਰ ਦਾ ਮੀਤ ਪ੍ਰਧਾਨ ਬਣਿਆ। ਮਨਜੀਤ ਸਿੰਘ ਸਰਕਲ ਦਾ ਕੈਸ਼ੀਅਰ, ਸਰਕਲ ਦਾ ਸਕੱਤਰ, ਬਾਰਡਰ ਜ਼ੋਨ ਦਾ ਕੋ-ਕਨਵੀਨਰ ਅਤੇ ਪੰਜਾਬ ਦਾ ਮੀਤ ਪ੍ਰਧਾਨ ਵੀ ਰਿਹਾ।

ਮਨਜੀਤ ਸਿੰਘ ਨੂੰ ਯੂਨੀਅਨ ਦੀਆਂ ਸਰਗਰਮੀਆਂ ਕਰਕੇ ਅਫ਼ਸਰਸ਼ਾਹੀ ਨੇ ਸੰਨ 2000 ਵਿੱਚ ਸਸਪੈਂਡ ਕੀਤਾ ਅਤੇ 2013 ਵਿੱਚ 10 ਦਿਨ ਡਿਊਟੀ ਤੋਂ ਫਾਰਗ ਵੀ ਰਿਹਾ।

ਮਨਜੀਤ ਸਿੰਘ ਨੂੰ ਕਮਿਊਨਿਸਟ ਲਹਿਰ ਵਿੱਚ ਕੰਮ ਕਰਨ ਦਾ ਬਹੁਤ ਸ਼ੌਕ ਹੈ। ਪਿਰਥੀਪਾਲ ਸਿੰਘ ਮਾੜੀਮੇਘਾ ਨਾਲ ਮਨਜੀਤ ਸਿੰਘ ਨੇ ਸਰਬ ਭਾਰਤ ਨੌਜਵਾਨ ਸਭਾ ਵਿੱਚ ਵੀ ਸਰਗਰਮੀ ਨਾਲ ਹਿੱਸਾ ਲਿਆ। ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਉਣ ਦੀ ਸ਼ੁਰੂਆਤ 28 ਸਤੰਬਰ 1997 ਤੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਤੋਂ ਹੋਈ ਸੀ। ਮਨਜੀਤ ਸਿੰਘ ਇਸ ਪਲੇਠੇ ਸਮਾਗਮ ਵਿੱਚ ਸ਼ਾਮਲ ਹੋਇਆ। ਮਨਜੀਤ ਇਕੱਲਾ ਨਹੀਂ, ਨੌਜਵਾਨਾਂ ਦੇ ਜਥੇ ਲੈ ਕੇ ਆਉਂਦਾ ਸੀ।

ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਕਰਤਾਰ ਸਿੰਘ ਸਰਾਭੇ ਦੇ ਦਿਹਾੜੇ 'ਤੇ ਪੰਜਾਬ ਪੱਧਰ ਦਾ ਵੱਡਾ ਸਮਾਗਮ ਗੋਲ ਬਾਗ ਅੰਮ੍ਰਿਤਸਰ ਵਿਖੇ ਕੀਤਾ ਗਿਆ। ਸਮਾਗਮ ਨੂੰ ਕਾਮਯਾਬ ਕਰਨ ਲਈ ਫੰਡ ਮੁਹਿੰਮ ਆਰੰਭੀ, ਜਿਸ ਵਿੱਚ ਮਨਜੀਤ ਸਿੰਘ ਨੇ ਸਰਗਰਮੀ ਨਾਲ ਹਿੱਸਾ ਲਿਆ। ਫੰਡ ਮੁਹਿੰਮ ਇਹ ਸੀ ਕਿ 7 ਦਿਨ ਕੁੜੀਆਂ-ਮੁੰਡਿਆਂ ਨੇ ਗਰੁੱਪ ਬਣਾ ਕੇ ਅੰਮ੍ਰਿਤਸਰ ਦੇ ਬਾਜ਼ਾਰਾਂ 'ਚੋਂ ਫੰਡ ਇਕੱਠਾ ਕੀਤਾ। ਇੱਕ ਗਰੁੱਪ ਦਾ ਇੰਚਾਰਜ ਮਨਜੀਤ ਸਿੰਘ ਸੀ। ਸੀਨੀਅਰ ਕਾਮਰੇਡ ਜਗਰੂਪ ਸੀ ਪੀ ਆਈ ਦੇ ਦਫ਼ਤਰ ਅੰਮ੍ਰਿਤਸਰ ਵਿਖੇ ਸਵੇਰੇ 9 ਤੋਂ ਦੁਪਹਿਰ 12 ਵਜੇ ਤੱਕ ਪਾਰਟੀ ਕਲਾਸ ਲਾਉਂਦਾ ਤੇ ਦੁਪਹਿਰ ਦਾ ਖਾਣਾ ਖਾਣ ਤੋਂ ਬਾਅਦ ਫੰਡ ਇਕੱਠਾ ਕੀਤਾ ਜਾਂਦਾ ਸੀ। ਕਰਤਾਰ ਸਿੰਘ ਸਰਾਭੇ ਦਾ ਦਿਹਾੜਾ ਪੰਜਾਬ ਭਰ ਦੇ ਜ਼ਿਲ੍ਹਿਆਂ ਵਿੱਚ ਵਾਰੀ ਵਾਰੀ ਮਨਾਇਆ ਜਾਂਦਾ ਸੀ ਤੇ ਮੁੰਡੇ-ਕੁੜੀਆਂ ਦੁਕਾਨਾਂ ਤੋਂ ਫੰਡ ਇਕੱਠਾ ਕਰਦੇ ਸਨ। ਮਨਜੀਤ ਸਿੰਘ ਨੇ ਵੀ ਕਰੀਬ ਹਰੇਕ ਫੰਡ ਮੁਹਿੰਮ ਵਿੱਚ ਹਿੱਸਾ ਲਿਆ।

ਮਨਜੀਤ ਸਿੰਘ ਪਿਰਥੀਪਾਲ ਸਿੰਘ ਨਾਲ ਹਿੰਦੁਸਤਾਨ ਦੇ ਵੱਖ-ਵੱਖ ਸੂਬਿਆਂ ਵਿੱਚ ਵੀ ਸਰਬ ਭਾਰਤ ਨੌਜਵਾਨ ਸਭਾ ਦੀਆਂ ਮੀਟਿੰਗਾਂ 'ਤੇ ਚਲੇ ਜਾਂਦਾ ਸੀ। ਇੱਕ ਵਾਰ ਅਸੀਂ ਮਨੀਪੁਰ ਵੀ ਗਏ ਸਾਂ। ਅਸੀਂ ਗੁਹਾਟੀ ਤੋਂ ਹਵਾਈ ਜਹਾਜ਼ ਰਾਹੀਂ ਮਨੀਪੁਰ ਦੀ ਰਾਜਧਾਨੀ ਇੰਫਾਲ ਪਹੁੰਚੇ। ਮਨਜੀਤ ਦਾ ਜਹਾਜ਼ ਦਾ ਪਹਿਲਾ ਸਫ਼ਰ ਸੀ ਤੇ ਉਹ ਬਹੁਤ ਡਰਿਆ। ਇਸ ਤੋਂ ਬਾਅਦ ਤਾਂ ਮਨਜੀਤ ਸਿੰਘ ਮਾਸਕੋ ਵਿਖੇ ਨੌਜਵਾਨਾਂ ਦੇ ਕੌਮਾਂਤਰੀ ਮੇਲੇ 'ਤੇ ਵੀ ਜਾ ਆਇਆ ਸੀ।

ਮਨਜੀਤ ਸਿੰਘ ਨੇ ਪੰਜ ਦਿਨ ਦਾ ਪਹਿਲਾ ਪਾਰਟੀ ਸਕੂਲ ਨਵੰਬਰ 2001 ਵਿੱਚ ਲਾਇਆ ਸੀ। ਉਸ ਤੋਂ ਬਾਅਦ ਉਸ ਨੇ ਪਾਰਟੀ ਅਤੇ ਬਿਜਲੀ ਬੋਰਡ ਦੀ ਜਥੇਬੰਦੀ ਦੇ ਕਈ ਸਕੂਲ ਲਾਏ। ਡਲਹੌਜ਼ੀ ਤੋਂ ਅੱਗੇ ਖੁਜਿਆਰ ਮੰਦਰ ਹੈ, ਉਸ ਮੰਦਰ ਵਿੱਚ ਮਨਜੀਤ ਸਿੰਘ ਨੇ ਜਗਰੂਪ ਦੀਆਂ ਕਈ ਕਲਾਸਾਂ ਲਈਆਂ।

ਮਨਜੀਤ ਸਿੰਘ ਨੇ ਗਦਰੀ ਬਾਬਿਆਂ ਦੇ ਮੇਲੇ ਜਲੰਧਰ ਦੀ ਬਤੌਰ ਵਲੰਟੀਅਰ ਦੀ ਸੇਵਾ ਪਿਰਥੀਪਾਲ ਸਿੰਘ ਮਾੜੀਮੇਘਾ ਦੀ ਅਗਵਾਈ ਹੇਠ ਬਹੁਤ ਵਾਰ ਨਿਭਾਈ। ਮਨਜੀਤ ਸਿੰਘ ਨੇ ਸਾਰੀ ਸਾਰੀ ਰਾਤ ਲੰਗਰ ਵਰਤਾਉਣ ਦੀ ਸੇਵਾ ਕਰਨੀ। ਮੇਲੇ ਦੇ ਆਖਰੀ ਦਿਨ ਵੱਡੇ ਇਕੱਠ ਦੀ ਵਾਲੰਟੀਅਰ ਦੀ ਜ਼ਿੰਮੇਵਾਰੀ ਵੀ ਸਾਰੀ ਰਾਤ ਜਾਗ ਕੇ ਨਿਭਾਉਣੀ। ਮਨਜੀਤ ਸਿੰਘ ਦੀ ਗਦਰੀ ਤੇ ਇਨਕਲਾਬੀ ਦੇਸ਼ ਭਗਤਾਂ ਬਾਰੇ ਲਗਨ ਨੂੰ ਵੇਖਦਿਆਂ ਹੋਇਆਂ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਨੇ ਉਨ੍ਹਾਂ ਨੂੰ ਕਮੇਟੀ ਮੈਂਬਰ ਲੈ ਲਿਆ।

ਮਨਜੀਤ ਸਿੰਘ ਦੀ ਨਾਲ ਦੀ ਭਾਵ ਪਤਨੀ ਸ਼ਰਨਜੀਤ ਕੌਰ ਪੰਜਾਬ ਇਸਤਰੀ ਸਭਾ ਵਿੱਚ ਸਰਗਰਮ ਅਤੇ ਸੀ ਪੀ ਆਈ ਅੰਮ੍ਰਿਤਸਰ ਜ਼ਿਲ੍ਹੇ ਦਿਹਾਤੀ ਦੀ ਜ਼ਿਲ੍ਹਾ ਕੌਂਸਲ ਮੈਂਬਰ ਹੈ। ਮਨਜੀਤ ਸਿੰਘ ਵੀ ਅੰਮ੍ਰਿਤਸਰ ਦਿਹਾਤੀ ਦਾ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਹੈ।

**ਪਿਰਥੀਪਾਲ ਸਿੰਘ ਮਾੜੀਮੇਘਾ**
**# ਸੰਪਰਕ : 9876078731**

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਸਮੈਸਟਰ ਪ੍ਰੀਖਿਆਵਾਂ 'ਚ ਮੈਰਿਟ ਲਿਸਟ 'ਚ ਸਥਾਨ ਹਾਸਲ

**ਜਲੰਧਰ (ਨ ਜ਼ ਸ)-** ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੇ ਮੈਨੇਜਮੈਂਟ ਵਿਭਾਗ ਦੇ ਐਮ ਬੀ ਏ ਪੰਜ ਸਾਲਾ ਇੰਟੀਗ੍ਰੇਟਿਡ ਪ੍ਰੋਗਰਾਮ (ਐੱਫ ਵਾਈ ਆਈ ਪੀ) ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਦਸੰਬਰ 2025 ਤੇ ਮਈ 2026 ਵਿੱਚ ਕਰਵਾਈਆਂ ਗਈਆਂ ਸਮੈਸਟਰ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਮਹੱਤਵਪੂਰਨ ਸਥਾਨ ਹਾਸਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸੰਬੰਧੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਨੇ ਦੱਸਿਆ ਕਿ ਦਸੰਬਰ 2025 ਵਿੱਚ ਹੋਈਆਂ ਯੂਨੀਵਰਸਿਟੀ ਪ੍ਰੀਖਿਆਵਾਂ ਦੌਰਾਨ ਐਮ ਬੀ ਏ ਐੱਫ ਵਾਈ ਆਈ ਪੀ ਪਹਿਲੇ ਸਮੈਸਟਰ ਦੀ ਵਿਦਿਆਰਥਣ ਵਾਨੀ ਨੇ 8.92 ਐੱਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਦੂਜਾ ਸਥਾਨ ਹਾਸਲ ਕੀਤਾ, ਜਦਕਿ ਸ਼ਿਵਾਨੀ ਨੇ 8.83 ਐੱਸ ਜੀ ਪੀ ਏ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਇਸ ਸ਼ਾਨਦਾਰ ਪ੍ਰਾਪਤੀ ਨਾਲ ਕਾਲਜ ਨੇ ਯੂਨੀਵਰਸਿਟੀ ਦੀਆਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਵਿੱਚੋਂ ਦੋ ਆਪਣੇ ਨਾਂਅ ਕਰਕੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।ਉਨ੍ਹਾਂ ਦੱਸਿਆ ਕਿ ਮਈ 2026 ਦੀਆਂ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਵੀ ਵਿਦਿਆਰਥੀਆਂ ਨੇ ਆਪਣੀ ਉੱਤਮ ਕਾਰਗੁਜ਼ਾਰੀ ਨੂੰ ਜਾਰੀ ਰੱਖਿਆ। ਦੂਜੇ ਸਮੈਸਟਰ ਵਿੱਚ ਵਾਨੀ ਨੇ 8.70 ਐੱਸ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਚੌਥਾ ਸਥਾਨ ਅਤੇ ਸ਼ਿਵਾਨੀ ਨੇ 8.22 ਐੱਸ ਜੀ ਪੀ ਏ ਨਾਲ ਦਸਵਾਂ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਲਗਾਤਾਰ ਦੋ ਸਮੈਸਟਰਾਂ ਵਿੱਚ ਇਹ ਸ਼ਾਨਦਾਰ ਸਫਲਤਾ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੇ ਸਮਰਪਿਤ ਮਾਰਗਦਰਸ਼ਨ ਦਾ ਨਤੀਜਾ ਹੈ। ਪ੍ਰੋ. (ਡਾ.) ਨਵਜੋਤ ਨੇ ਸਫਲ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਉਨ੍ਹਾਂ ਦੀ ਲਗਨ, ਅਨੁਸ਼ਾਸਨ ਅਤੇ ਅਕਾਦਮਿਕ ਉੱਤਮਤਾ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ। ਉਨ੍ਹਾਂ ਪ੍ਰਬੰਧਨ ਵਿਭਾਗ ਦੇ ਸਮੂਹ ਅਧਿਆਪਕਾਂ ਦੀ ਭੂਮਿਕਾ ਦੀ ਵੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਕਾਲਜ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਦੇਣ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਦੇ ਵਿਦਿਆਰਥੀ ਭਵਿੱਖ ਵਿੱਚ ਵੀ ਅਕਾਦਮਿਕ ਅਤੇ ਪੇਸ਼ੇਵਰ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਤ ਕਰਦੇ ਹੋਏ ਸੰਸਥਾ ਦੀ ਸ਼ਾਨ ਨੂੰ ਹੋਰ ਉਚਾਈਆਂ ਤੱਕ ਲੈ ਕੇ ਜਾਣਗੇ।



# ਫੂਡ ਸੇਫਟੀ ਟੀਮ ਵੱਲੋਂ ਫਗਵਾੜਾ ਵਿਖੇ ਚੈਕਿੰਗ ਅਭਿਆਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਦੀ ਨਿਗਰਾਨੀ ਹੇਠ, ਫੂਡ ਸੇਫਟੀ ਵਿੰਗ ਕਪੂਰਥਲਾ ਵੱਲੋਂ ਫਗਵਾੜਾ ਵਿਖੇ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ।ਇਸ ਦੌਰਾਨ ਟੀਮ ਨੇ ਫਗਵਾੜੇ ਤੋਂ ਛੋਲੇ-ਭਟੂਰਿਆਂ ਦਾ ਸੈਂਪਲ ਅਤੇ ਪਿੰਡ ਸਿਕਰੀ ਦੇ ਨੇੜਲੇ ਖੇਤਰਾਂ ਵਿੱਚ ਲੱਗਣ ਵਾਲੇ ਫੂਡ ਸਟਾਲਾਂ ਤੋਂ ਖਾਣ-ਪੀਣ ਵਾਲੀਆਂ ਵਸਤੂਆਂ ਦੇ ਸੈਂਪਲ ਇਕੱਤਰ ਕੀਤੇ। ਇਸ ਤੋਂ ਇਲਾਵਾ, ਪਿੰਡ ਸਿਕਰੀ ਦੇ ਸਰਕਾਰੀ ਸਕੂਲ ਵਿਖੇ ਇੱਕ ਜਾਗਰੂਕਤਾ ਅਭਿਆਨ ਵੀ ਚਲਾਇਆ ਗਿਆ। ਇਸ ਦੌਰਾਨ ਸਕੂਲੀ ਬੱਚਿਆਂ ਨੂੰ ਫਾਸਟ ਫੂਡ ਦੀ ਵਰਤੋਂ ਘੱਟ ਤੋਂ ਘੱਟ ਕਰਨ ਅਤੇ ਐਨਰਜੀ ਡਰਿੰਕਸ ਦੀ ਵਰਤੋਂ ਬਿਲਕੁੱਲ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਟੀਮ ਨੇ ਦੱਸਿਆ ਕਿ ਸਕੂਲਾਂ ਦੇ 50 ਮੀਟਰ ਅਤੇ ਪਿੰਡਾਂ ਦੇ ਆਲੇ-ਦੁਆਲੇ 100 ਮੀਟਰ ਦੇ ਘੇਰੇ ਵਿੱਚ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਬੈਨ ਹੈ। ਇਸ ਚੈਕਿੰਗ ਅਤੇ ਜਾਗਰੂਕਤਾ ਅਭਿਆਨ ਦੀ ਅਗਵਾਈ ਡਾ. ਹਰਜੋਤ ਪਾਲ ਸਿੰਘ (ਸਹਾਇਕ ਕਮਿਸ਼ਨਰ, ਫੂਡ) ਵੱਲੋਂ ਕੀਤੀ ਗਈ, ਜਦਕਿ ਫੂਡ ਸੇਫਟੀ ਅਫ਼ਸਰ ਸ਼੍ਰੀਮਤੀ ਮਹਿਕ ਸੈਨੀ ਵੀ ਟੀਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।

# ਕੈਨੇਡਾ 'ਚ ਪ੍ਰਭਾਵਿਤ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਯਤਨ ਕਰੇਗੀ ਸਰਕਾਰ : ਡਾ. ਰਵਜੋਤ ਸਿੰਘ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਐੱਨ ਆਰ ਆਈ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕੈਨੇਡਾ ਵਿੱਚ ਵਰਕ ਪਰਮਿਟ ਸੰਬੰਧੀ ਦਰਪੇਸ਼ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਪੰਜਾਬੀ ਵਿਦਿਆਰਥੀਆਂ ਦੇ [illegible]

ਰਵਜੋਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਮਾਮਲੇ ਸੰਬੰਧੀ ਕੇਂਦਰੀ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਪੱਤਰ ਲਿਖ ਕੇ ਤੁਰੰਤ ਮੁਲਾਕਾਤ ਲਈ ਸਮਾਂ ਮੰਗਿਆ ਹੈ। ਉਨ੍ਹਾਂ ਪੱਤਰ ਰਾਹੀਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਹ ਮਾਮਲਾ ਕੈਨੇਡਾ ਸਰਕਾਰ ਕੋਲ ਕੂਟਨੀਤਕ ਪੱਧਰ 'ਤੇ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇ, ਤਾਂ ਜੋ ਪ੍ਰਭਾਵਿਤ ਵਿਦਿਆਰਥੀਆਂ ਨੂੰ ਜਲਦੀ ਰਾਹਤ ਮਿਲ ਸਕੇ। ਉਨ੍ਹਾਂ ਨੂੰ ਦਾਖਲੇ ਸਮੇਂ ਇਹ ਭਰੋਸਾ ਦਿੱਤਾ ਗਿਆ ਸੀ ਕਿ ਦੋ ਸਾਲਾ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਵਰਕ ਪਰਮਿਟ ਲਈ ਯੋਗ ਹੋਣਗੇ। ਪਰ ਹੁਣ ਵੱਡੀ ਗਿਣਤੀ ਵਿੱਚ ਵਰਕ ਪਰਮਿਟ ਰੱਦ ਹੋਣ ਕਾਰਨ ਉਹ ਗੰਭੀਰ ਮਾਨਸਿਕ, ਆਰਥਿਕ ਅਤੇ ਕਾਨੂੰਨੀ ਸੰਕਟ ਦਾ ਸਾਹਮਣਾ ਕਰ ਰਹੇ ਹਨ।

## ਪ੍ਰਤਾਪ ਪਾਰਸ ਗੁਰਦਾਸਪੁਰੀ 'ਗੱਲਾਂ ਤੇ ਗੀਤ' 'ਚ ਅੱਜ ਹੋਣਗੇ ਸਰੋਤਿਆਂ ਦੇ ਰੂਬਰੂ



**ਚੰਡੀਗੜ੍ਹ (ਸੁਰਜੀਤ ਸੁਮਨ)** ਉੱਘੇ ਕਵੀ, ਕਹਾਣੀਕਾਰ ਤੇ ਗੀਤਕਾਰ ਪ੍ਰਤਾਪ ਪਾਰਸ ਗੁਰਦਾਸਪੁਰੀ, ਦੂਰਦਰਸ਼ਨ ਕੇਂਦਰ ਜਲੰਧਰ ਦੇ ਪ੍ਰੋਗਰਾਮ 'ਗੱਲਾਂ ਤੇ ਗੀਤ' ਵਿੱਚ 08 ਅਗਸਤ, 2026 ਨੂੰ ਸਰੋਤਿਆਂ ਦੇ ਰੂਬਰੂ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਉਹ ਲੰਮੇ ਅਰਸੇ ਤੋਂ ਕਹਾਣੀ, ਕਵਿਤਾ ਤੇ ਗੀਤ ਲਿਖ ਰਹੇ ਹਨ।ਗੁਰਦਾਸਪੁਰ ਦੇ ਪਿੰਡ ਨੰਗਲ ਲਮੀਨ ਵਿਖੇ ਜਨਮੇ ਪ੍ਰਤਾਪ ਪਾਰਸ ਗੁਰਦਾਸਪੁਰੀ ਅੱਜ ਕੱਲ੍ਹ ਪੰਜਾਬ ਪੁਲਿਸ ਮੋਹਾਲੀ ਵਿਖੇ ਬਤੌਰ ਸਬ ਇੰਸਪੈਕਟਰ ਸੇਵਾਵਾਂ ਨਿਭਾ ਰਹੇ ਹਨ।

## ਮੁਫਤ ਤੀਰਥ ਯਾਤਰਾ ਦਾਰਾਪੁਰ ਤੋਂ ਰਵਾਨਾ



**ਅੱਡਾ ਸਰਾਂ (ਜਸਵੀਰ ਕਾਜਲ)** ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਮੁਫਤ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ। ਇਸ ਸੰਬਧੀ ਪਿੰਡ ਦਾਰਾਪੁਰ (ਧਰਮਕੋਟ) ਤੋਂ ਸਰਪੰਚ ਜਸਵਿੰਦਰ ਸਿੰਘ ਅਤੇ ਨਰਿੰਦਰ ਸਿੰਘ ਧੁਰੀਆਂ ਬਲਾਕ ਪ੍ਰਧਾਨ ਦੀ ਅਗਵਾਈ ਵਿੱਚ ਮੁਫ਼ਤ ਤੀਰਥ ਯਾਤਰਾ ਲਈ ਬੱਸ ਰਵਾਨਾ ਹੋਈ।

# ਕਥਿਤ ਦੇਹ ਵਪਾਰ ਦੀ ਸੂਚਨਾ ਮਿਲਣ 'ਤੇ ਪੁਲਸ ਦਾ ਛਾਪਾ

**ਇੱਕ ਮਹਿਲਾ ਤੇ ਵਿਅਕਤੀ ਪੁੱਛਗਿੱਛ ਲਈ ਕਾਬੂ, ਜਾਂਚ ਜਾਰੀ**

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)-** ਸੁਲਤਾਨਪੁਰ ਲੋਧੀ ਦੇ ਇੱਕ ਰਿਹਾਇਸ਼ੀ ਇਲਾਕੇ ਵਿੱਚ ਕਥਿਤ ਦੇਹ ਵਪਾਰ ਸਬੰਧੀ ਮਿਲੀ ਸੂਚਨਾ ਦੇ ਆਧਾਰ 'ਤੇ ਪੁਲਸ ਵੱਲੋਂ ਛਾਪੇਮਾਰੀ ਕੀਤੀ ਗਈ। ਕਾਰਵਾਈ ਦੌਰਾਨ ਇੱਕ ਮਹਿਲਾ ਅਤੇ ਇੱਕ ਪੁਰਸ਼ ਨੂੰ ਪੁੱਛਗਿੱਛ ਲਈ ਕਾਬੂ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਅਧਿਕਾਰੀ ਬਲਦੇਵ ਸਿੰਘ ਨੇ ਦੱਸਿਆ ਕਿ ਪ੍ਰਾਪਤ ਸੂਚਨਾ ਦੇ ਆਧਾਰ 'ਤੇ ਟੀਮ ਵੱਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਕੀਤੀ ਗਈ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਤਫ਼ਤੀਸ਼ ਦੌਰਾਨ ਕਥਿਤ ਦੇਹ ਵਪਾਰ ਸੰਬੰਧੀ ਕੋਈ ਪੁਖਤਾ ਸਬੂਤ ਸਾਹਮਣੇ ਨਹੀਂ ਆਇਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਮਾਮਲੇ ਦੇ ਸਾਰੇ ਪੱਖਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਮੁਕੰਮਲ ਹੋਣ ਤੋਂ ਬਾਅਦ ਹੀ ਕੋਈ ਅਧਿਕਾਰਿਕ ਨਤੀਜਾ ਕੱਢਿਆ ਜਾਵੇਗਾ। ਇਸ ਦੌਰਾਨ ਮੁਹੱਲਾ ਨਿਵਾਸੀਆਂ ਸ਼ਮਸ਼ੇਰ ਸਿੰਘ, ਬਿੱਟੂ ਅਤੇ ਹੋਰ ਸਥਾਨਕ ਲੋਕਾਂ ਨੇ ਦਾਅਵਾ ਕੀਤਾ ਕਿ ਉਕਤ ਥਾਂ 'ਤੇ ਪਿਛਲੇ ਕਰੀਬ ਤਿੰਨ ਸਾਲਾਂ ਤੋਂ ਸ਼ੱਕੀ ਗਤੀਵਿਧੀਆਂ ਚੱਲ ਰਹੀਆਂ ਸਨ। ਹਾਲਾਂਕਿ, ਇਨ੍ਹਾਂ ਦਾਵਿਆਂ ਦੀ ਅਜੇ ਤੱਕ ਕੋਈ ਅਧਿਕਾਰਿਕ ਪੁਸ਼ਟੀ ਨਹੀਂ ਹੋਈ ਹੈ ਅਤੇ ਪੁਲਸ ਵੱਲੋਂ ਇਨ੍ਹਾਂ ਬਾਰੇ ਵੀ ਤੱਥ ਇਕੱਠੇ ਕੀਤੇ ਜਾ ਰਹੇ ਹਨ।

ਦੂਜੇ ਪਾਸੇ, ਪੁੱਛਗਿੱਛ ਲਈ ਕਾਬੂ ਕੀਤੀ ਗਈ ਮਹਿਲਾ ਨੇ ਆਪਣੇ ਉੱਤੇ ਲੱਗੇ ਸਾਰੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਹ ਉੱਥੇ ਆਪਣੇ ਨਿੱਜੀ ਕੰਮ ਸਬੰਧੀ ਆਈ ਸੀ ਅਤੇ ਉਸ ਦਾ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਨਾਲ ਕੋਈ ਸੰਬੰਧ ਨਹੀਂ ਹੈ।ਪੁਲਿਸ ਦਾ ਕਹਿਣਾ ਹੈ ਕਿ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਦੇ ਆਧਾਰ 'ਤੇ ਹੀ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਫਿਲਹਾਲ ਮਾਮਲਾ ਜਾਂਚ ਅਧੀਨ ਹੈ ਅਤੇ ਕਿਸੇ ਵੀ ਵਿਅਕਤੀ ਵਿਰੁੱਧ ਕੋਈ ਦੋਸ਼ ਸਾਬਤ ਨਹੀਂ ਹੋਇਆ ਹੈ।

# ਖੋ-ਖੋ ਟੀਮਾਂ ਨੇ ਟੂਰਨਾਮੈਂਟ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਲੋਹੀਆਂ ਖ਼ਾਸ, (ਯੋਗੇਸ਼ਵਰ)-** ਸੰਤ ਬਾਬਾ ਨਾਹਰ ਸਿੰਘ ਤੇ ਸੰਤ ਬਾਬਾ ਕਪੂਰ ਸਿੰਘ ਦੇ ਆਸ਼ੀਰਵਾਦ ਸਦਕਾ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ ਦੀ ਲੜਕੀਆਂ ਦੀਆਂ ਖੋ-ਖੋ ਟੀਮਾਂ ਨੇ ਡੀ ਪੀ ਈ ਸਪੋਰਟਸ ਅਧਿਆਪਕ ਹਰਪ੍ਰੀਤ ਕੌਰ ਦੀ ਕੋਚਿੰਗ ਹੇਠ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਟੂਰਨਾਮੈਂਟ ਨੂੰ ਸੰਤ ਅਵਤਾਰ ਸਿੰਘ ਯਾਦਗਾਰੀ ਸਕੂਲ ਸੀਚੇਵਾਲ ਵਿਖੇ ਸਫਲਤਾਪੂਰਵਕ ਆਯੋਜਿਤ ਕੀਤੇ ਗਏ ਜ਼ੋਨ ਨੰਬਰ 16 ਦੇ 70ਵੇਂ ਜ਼ੋਨ ਪੱਧਰੀ ਖੇਡ ਟੂਰਨਾਮੈਂਟ ਦੌਰਾਨ ਕਰਵਾਇਆ ਗਿਆ ਸੀ। ਬਾਬੇ ਕੇ ਸਕੂਲ ਦੀ ਅੰਡਰ-17 ਲੜਕੀਆਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਅੰਡਰ-14 ਲੜਕੀਆਂ ਦੀ ਟੀਮ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਇਹ ਟੂਰਨਾਮੈਂਟ ਜ਼ੋਨਲ ਸਕੱਤਰ ਪਰਮਿੰਦਰ ਸਿੰਘ ਮੁੱਟੀ, ਡਾ. ਭੁਪਿੰਦਰ ਸਿੰਘ, ਗੁਰਬੀਰ ਸਿੰਘ ਢਿੱਲ, ਸ਼ਵੇਤਾ, ਸਾਜਨ, ਮਨਜੀਤ ਸਿੰਘ ਅਤੇ ਡੀ ਪੀ ਈ ਹਰਪ੍ਰੀਤ ਕੌਰ ਦੀ ਕੁਸ਼ਲ ਦੇਖ-ਰੇਖ ਹੇਠ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ। ਜੇਤੂ ਟੀਮਾਂ ਨੂੰ ਸਮਾਪਤੀ ਸਮਾਰੋਹ ਦੌਰਾਨ ਸਨਮਾਨਤ ਕੀਤਾ ਗਿਆ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪ੍ਰਬੰਧਕ ਕਮੇਟੀ, ਐਮ ਡੀ ਸੱਦਾਮ ਖਾਨ, ਪ੍ਰਿੰਸੀਪਲ ਨੀਤੀਮਾ ਪੁਰੀ ਅਤੇ ਸਮੂਹ ਸਟਾਫ ਮੈਂਬਰਾਂ ਨੇ ਖਿਡਾਰੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਉਨ੍ਹਾਂ ਦੀ ਲਗਾਤਾਰ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਕਪੂਰਥਲਾ (ਹਨੀ)-** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿਚ ਸਿੱਖਾਂ ਦੇ ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸਕੂਲ 'ਚ ਸਪੈਸ਼ਲ ਅਸੈਂਬਲੀ ਕਰਵਾਈ ਗਈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦਾ ਆਗਾਜ਼ ਕੀਰਤਨ ਨਾਲ ਹੋਇਆ, ਜਿਸ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦੇ ਸ਼ਬਦ ਗਾਇਨ ਕੀਤੇ ਗਏ। ਸੱਤਵੀਂ ਜਮਾਤ ਦੀ ਵਿਦਿਆਰਥਣ ਗੁਰਕੀਰਤ ਕੌਰ ਨੇ ਆਪਣੀ ਸਪੀਚ ਰਾਹੀਂ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਜੀਵਨ ਬਾਰੇ ਰੂਬਰੂ ਕਰਵਾਇਆ। ਅੱਠਵੀਂ ਦੀ ਵਿਦਿਆਰਥਣ ਹਰਨੂਰ ਅਤੇ ਨੌਵੀਂ ਦੀਆਂ ਵਿਦਿਆਰਥਣਾਂ ਗੁਰਲੀਨ ਅਤੇ ਸੁਖਮਨ ਨੇ ਆਪਣੀਆਂ ਕਵਿਤਾਵਾਂ ਰਾਹੀਂ ਗੁਰੂ ਜੀ ਦੇ ਗੁਣ-ਗਾਣ ਕੀਤੇ। ਬੀਬੀ ਗੁਰਪ੍ਰੀਤ ਕੌਰ, ਡਾਇਰੈਕਟਰ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਨਿਮਰਤਾ ਕੌਰ ਨੇ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦੇ ਪ੍ਰਕਾਸ਼ ਪੁਰਬ ਦੀ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਨੂੰ ਗੁਰੂ ਜੀ ਦੁਆਰਾ ਦਰਸਾਏ ਹੋਏ ਤਿਆਗ ਅਤੇ ਪਿਆਰ ਦੇ ਰਸਤੇ ਤੇ ਚੱਲ ਕੇ ਸਰਬ ਕਲਿਆਨ ਦੇ ਕੰਮ ਕਰਦੇ ਰਹਿਣਾ ਚਾਹੀਦਾ ਹੈ।





## ਚਰਨਜੀਤ ਸਿੰਘ ਵੱਲੋਂ ਅਹੁਦਾ ਸੰਭਾਲਣ 'ਤੇ ਸੁਖਮਨੀ ਸਹਿਬ ਦਾ ਜਾਪ ਕਰਵਾਇਆ

**ਆਦਮਪੁਰ, (ਪਰਮਜੀਤ ਸਿੰਘ)-** ਚਰਨਜੀਤ ਸਿੰਘ ਸ਼ੇਰੀ ਵੱਲੋਂ ਨਗਰ ਕੌਂਸਲ ਆਦਮਪੁਰ ਦਾ ਪ੍ਰਧਾਨਗੀ ਦਾ ਰਸਮੀ ਤੌਰ 'ਤੇ ਅਹੁਦਾ ਸੰਭਾਲਣ ਤੋਂ ਪਹਿਲਾਂ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਨਗਰ ਕੌਂਸਲ ਦੇ ਦਫਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ।ਇਸ ਸਮਾਗਮ ਵਿੱਚ ਸਮੂਹ ਸ਼ਹਿਰ ਨਿਵਾਸੀਆਂ, ਕੌਂਸਲਰਾਂ ਅਤੇ ਵੱਡੀ ਗਿਣਤੀ ਵਿਚ ਪਾਰਟੀ ਦੇ ਆਗੂਆਂ ਸ਼ਾਮਲ ਹੋਏ।ਇਸ ਸਮਾਗਮ ਵਿੱਚ ਹਲਕਾ ਇੰਚਾਰਜ ਪਵਨ ਟੀਨੂੰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪਵਨ ਟੀਨੂੰ ਅਤੇ ਪ੍ਰਧਾਨ ਚਰਨਜੀਤ ਸ਼ੇਰੀ ਨੇ ਸ਼ਹਿਰ ਵਾਸੀਆਂ ਵੱਲੋਂ ਮਿਲੇ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ। ਟੀਨੂੰ ਕਿਹਾ ਕਿ ਸ਼ਹਿਰ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਵਿਕਾਸ ਕਾਰਜ ਕਰਵਾਏ ਜਾਣਗੇ ਅਤੇ ਸਹਿਰ ਦੀਆਂ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਨਵੇਂ ਚੁਣੇ ਪ੍ਰਧਾਨ ਚਰਨਜੀਤ ਸ਼ੇਰੀ ਨੇ ਕਿਹਾ, ਮੈਂ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਾ ਹਾਂ ਅਤੇ ਸਹਿਰ ਵਾਸੀਆਂ ਦਾ ਤਹਿ ਦਿਲੋ ਧੰਨਵਾਦੀ ਹਾਂ।



# ਜਨਤਕ ਜਥੇਬੰਦੀਆਂ ਵੱਲੋਂ 10 ਦੇ 'ਜੇਲ੍ਹ ਭਰੋ ਅੰਦੋਲਨ' ਦੀਆਂ ਤਿਆਰੀਆਂ ਜ਼ੋਰਾਂ 'ਤੇ

**ਬਲਾਚੌਰ, (ਜਸਵਿੰਦਰ ਬੈਂਸ)** ਦੇਸ਼ ਦੀਆਂ ਜਨਤਕ ਜਥੇਬੰਦੀਆਂ ਦੇ ਕੌਮੀ ਸੱਦੇ 'ਤੇ 10 ਅਗਸਤ ਨੂੰ ਕੀਤੇ ਜਾ ਰਹੇ 'ਜੇਲ੍ਹ ਭਰੋ ਅੰਦੋਲਨ' ਸਬੰਧੀ ਜ਼ਿਲ੍ਹਾ ਪੱਧਰੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸਬੰਧੀ ਬਾਬਾ ਵਤਨ ਸਿੰਘ ਟੱਪਰੀਆਂ ਭਵਨ ਵਿਖੇ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਸਾਥੀ ਬੀਰੂ ਰਾਮ ਸਾਬਕਾ ਸਰਪੰਚ ਦੀ ਅਗਵਾਈ ਹੇਠ ਮੀਟਿੰਗ ਹੋਈ, ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਤੋਂ ਅੰਦੋਲਨ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਮੌਜੂਦਾ ਕਿਰਤ ਕਾਨੂੰਨਾਂ ਨੂੰ ਖ਼ਤਮ ਕਰਕੇ ਲਿਆਂਦੇ ਗਏ ਚਾਰ ਲੇਬਰ ਕੋਡ ਮਜ਼ਦੂਰ ਵਰਗ ਨੂੰ ਮਨਜ਼ੂਰ ਨਹੀਂ ਹਨ। ਉਨ੍ਹਾਂ ਕਿਹਾ ਕਿ ਬੀਜ ਬਿੱਲ ਅਤੇ ਬਿਜਲੀ ਬਿੱਲ-2025 ਕਿਸਾਨਾਂ ਅਤੇ ਆਮ ਲੋਕਾਂ ਦੇ ਹਿੱਤਾਂ ਦੇ ਵਿਰੁੱਧ ਹਨ। ਇਸ ਤੋਂ ਇਲਾਵਾ ਵੀ.ਬੀ.ਜੀ. ਰਾਮ ਸਕੀਮ ਨੂੰ ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਨੂੰ ਬਹਾਲ ਕੀਤਾ ਜਾਵੇ ਅਤੇ ਮਜ਼ਦੂਰਾਂ ਨੂੰ ਘੱਟੋ-ਘੱਟ ਉਜਰਤਾਂ ਯਕੀਨੀ ਬਣਾਈਆਂ ਜਾਣ। ਪ੍ਰੇਮ ਰੱਕੜ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਵਿੱਚ ਅਸਾਮੀਆਂ ਘਟਾਉਣ ਦੀ ਨੀਤੀ ਬੰਦ ਕੀਤੀ ਜਾਵੇ, ਠੇਕੇਦਾਰੀ ਅਤੇ ਆਊਟਸੋਰਸਿੰਗ ਪ੍ਰਣਾਲੀ ਖ਼ਤਮ ਕਰਕੇ ਰੈਗੂਲਰ ਭਰਤੀ ਕੀਤੀ ਜਾਵੇ। ਇਸ ਉਪਰੰਤ ਰੋਸ ਮਾਰਚ ਕਰਦਿਆਂ ਡਿਪਟੀ ਕਮਿਸ਼ਨਰ ਦਫ਼ਤਰ ਤੱਕ ਪਹੁੰਚ ਕੇ ਗ੍ਰਿਫ਼ਤਾਰੀਆਂ ਲਈ ਆਪਣੇ ਆਪ ਨੂੰ ਪੇਸ਼ ਕਰਨਗੇ। ਇਸ ਮੌਕੇ ਮੀਟਿੰਗ ਵਿੱਚ ਮਹਾਂ ਸਿੰਘ ਰੌੜੀ, ਭੁਪਿੰਦਰ ਸਿੰਘ ਕੌਲਗੜ੍ਹ, ਅੱਛਰ ਸਿੰਘ ਟੋਰੋਵਾਲ, ਸੋਮ ਨਾਥ, ਜੀਤ ਸਿੰਘ, ਸੂਬੇਦਾਰ ਗੁਰਦਿਆਲ ਸਿੰਘ ਅਤੇ ਗੁਰਚਰਨ ਜੈਨਪੁਰ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।



# ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਦੇ ਬਿੱਲ ਮੁਆਫ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ, ਲਖਵਿੰਦਰ ਸਿੰਘ ਆਧੀ)** ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੀਆਂ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰਨਾ ਸ਼ਲਾਘਾਯੋਗ ਉਪਰਾਲਾ ਹੈ।ਸਰਕਟ ਹਾਊਸ ਵਿਖੇ ਪੱਤਰਕਾਰ ਵਾਰਤਾ ਦੌਰਾਨ ਸੰਬੋਧਨ ਕਰਦਿਆਂ ਉਪ ਚੇਅਰਮੈਨ ਕੀਮਤੀ ਭਗਤ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ 366 ਗਊਸ਼ਾਲਾਵਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ 152 ਹੋਰ ਗਊਸ਼ਾਲਾਵਾਂ ਨੂੰ ਇਸ ਦਾਇਰੇ ਵਿੱਚ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਸਰਕਾਰ ਤੋਂ ਮੁਫ਼ਤ ਬਿਜਲੀ ਪ੍ਰਾਪਤ ਕਰਨ ਵਾਲੀਆਂ ਗਊਸ਼ਾਲਾਵਾਂ ਦੀ ਗਿਣਤੀ 518 ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਗਊ ਸੇਵਾ ਕਮਿਸ਼ਨ ਵੱਲੋਂ ਬੇਸਹਾਰਾ ਪਸ਼ੂਧਨ ਨੂੰ ਗਊਸ਼ਾਲਾਵਾਂ ਵਿੱਚ ਪਹੁੰਚਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਬਿਜਲੀ ਬਿੱਲ ਦਾ ਬੋਝ ਹਟਣ ਨਾਲ ਗਊਸ਼ਾਲਾਵਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗਾ। ਉਪ ਚੇਅਰਮੈਨ ਨੇ ਦੱਸਿਆ ਕਿ ਬਿਮਾਰ ਅਤੇ ਜ਼ਖਮੀ ਪਸ਼ੂਆਂ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸਾਰੀਆਂ ਗਊਸ਼ਾਲਾਵਾਂ ਨੂੰ 3 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ 500 ਕਾਓ ਲਿਫ਼ਟਰ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 11 ਜ਼ਿਲ੍ਹਿਆਂ ਦੀਆਂ ਗਊਸ਼ਲਾਵਾਂ ਵਿੱਚ ਇਨ੍ਹਾਂ ਦੀ ਵੰਡ ਕੀਤੀ ਜਾ ਚੁੱਕੀ ਹੈ ਅਤੇ ਜ਼ਿਲ੍ਹੇ ਦੀਆਂ 20 ਗਊਸ਼ਾਲਾਵਾਂ ਵਿਚ ਕਾਓ ਲਿਫ਼ਟਰ ਮੁਹੱਈਆ ਕਰਵਾਏ ਜਾ ਚੁੱਕੇ ਹਨ।ਇਸ ਮੌਕੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਰਾਮ ਮੂਰਤੀ ਮੱਟੂ, ਸਹਾਇਕ ਡਾਇਰੈਕਟਰ ਡਾ. ਬਲਵੀਰ ਸਿੰਘ, ਡਾ. ਕੁਲਵਿੰਦਰ ਸਿੰਘ, ਵੱਖ-ਵੱਖ ਗਊਸ਼ਲਾਵਾਂ ਦੇ ਨੁਮਾਇੰਦਿਆਂ ਤੋਂ ਇਲਾਵਾ ਸੁਦੇਸ਼ ਭਗਤ, ਰਾਕੇਸ਼ ਭਗਤ, ਵਿੱਕੀ ਆਦਿ ਵੀ ਮੌਜੂਦ ਸਨ।



# ਅਮਨ ਤੇ ਭਾਈਚਾਰਕ ਸਾਂਝ 'ਤੇ ਵਿਸ਼ੇਸ਼ ਅਸੈਂਬਲੀ



**ਗੁਰਾਇਆ (ਬਿੰਦਰ ਸੁੰਮਨ)** ਐਸ ਟੀ ਐਸ ਸਕੂਲ ਰਾਗ ਗੋਮਾਲ ਵਿਖੇ ਅਮਨ, ਭਾਈਚਾਰਕ ਸਾਂਝ, ਏਕਤਾ, ਹਮਦਰਦੀ ਅਤੇ ਆਪਸੀ ਸਤਿਕਾਰ ਦੇ ਮੁੱਲਾਂ ਨੂੰ ਉਤਸ਼ਾਹਿਤ ਕਰਨ ਲਈ, ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਗ੍ਰੇਡ ਇੰਚਾਰਜ, ਅਜੇ ਸਿਆਲ ਦੀ ਅਗਵਾਈ ਹੇਠ ਇੱਕ ਅਰਥਪੂਰਨ ਅਤੇ ਪ੍ਰੇਰਨਾਦਾਇਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ। ਅਸੈਂਬਲੀ ਦਾ ਉਦੇਸ਼ ਵਿਦਿਆਰਥੀਆਂ ਨੂੰ ਸ਼ਾਂਤੀਪੂਰਨ ਸਹਿ-ਹੋਂਦ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਇੱਕ ਦੂਜੇ ਪ੍ਰਤੀ ਦਇਆ, ਸਮਝਦਾਰੀ, ਸਹਿਣਸ਼ੀਲਤਾ ਅਤੇ ਸਤਿਕਾਰ ਅਪਣਾਉਣ ਲਈ ਉਤਸ਼ਾਹਿਤ ਕਰਨਾ ਸੀ। ਪ੍ਰੋਗਰਾਮ ਨੇ ਇਹ ਸ਼ਕਤੀਸ਼ਾਲੀ ਸੁਨੇਹਾ ਦਿੱਤਾ ਕਿ ਅਮਨ-ਸ਼ਾਂਤੀ ਹਰ ਵਿਅਕਤੀ ਤੋਂ ਸ਼ੁਰੂ ਹੁੰਦੀ ਹੈ ਅਤੇ ਸਾਡੇ ਸ਼ਬਦਾਂ, ਕਰਮਾਂ ਅਤੇ ਚੋਣਾਂ ਰਾਹੀਂ ਭਾਈਚਾਰਕ ਸਾਂਝ ਕਾਇਮ ਕੀਤੀ ਜਾ ਸਕਦੀ ਹੈ। ਗੁਰਵੀਰ ਸਿੰਘ ਸੰਧੂ ਨੇ 'ਅੱਜ ਦਾ ਵਿਚਾਰ' ਪੇਸ਼ ਕੀਤਾ। ਇਸ ਤੋਂ ਬਾਅਦ ਪਰਮਪ੍ਰੀਤ ਦੁਆਰਾ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ ਗਿਆ। ਅਸੈਂਬਲੀ ਦਾ ਮੁੱਖ ਆਕਰਸ਼ਣ ਅਮਨ ਅਤੇ ਨੈਤਿਕ ਮੁੱਲਾਂ 'ਤੇ ਆਧਾਰਿਤ ਇੱਕ ਅਰਥਪੂਰਨ ਨਾਟਕ ਸੀ।

ਇਸ ਪੇਸ਼ਕਾਰੀ ਨੇ ਇੱਕ ਮਹੱਤਵਪੂਰਨ ਸੁਨੇਹਾ ਦਿੱਤਾ ਕਿ ਦਇਆ ਅਤੇ ਸਮਝਦਾਰੀ ਦੇ ਛੋਟੇ-ਛੋਟੇ ਕਦਮ ਵੀ ਇੱਕ ਸ਼ਾਂਤੀਪੂਰਨ ਅਤੇ ਸੁਹਾਵੇਂ ਸੰਸਾਰ ਦੇ ਨਿਰਮਾਣ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਨ। ਸਭਾ ਦਾ ਸਮਾਪਨ ਸਤਿਕਾਰਯੋਗ ਪ੍ਰਿੰਸੀਪਲ ਸ਼੍ਰੀਮਤੀ ਪ੍ਰਭਜੋਤ ਕੌਰ ਗਿੱਲ ਦੇ ਪ੍ਰਸ਼ੰਸਾ ਭਰੇ ਸ਼ਬਦਾਂ ਨਾਲ ਹੋਇਆ, ਜਿਨ੍ਹਾਂ ਨੇ ਇੱਕ ਅਰਥਪੂਰਨ ਅਤੇ ਵਿਚਾਰਸ਼ੀਲ ਪ੍ਰੋਗਰਾਮ ਪੇਸ਼ ਕਰਨ ਲਈ ਵਿਦਿਆਰਥੀਆਂ ਅਤੇ ਸ਼੍ਰੀ ਅਜੇ ਸਿਆਲ ਦੀ ਭਰਪੂਰ ਸ਼ਲਾਘਾ ਕੀਤੀ।

## ਦਰਬਾਰ ਬਾਪੂ ਗੰਗਾ ਦਾਸ ਵਿਖੇ ਹੰਸ ਰਾਜ ਹੰਸ ਹੋਏ ਨਤਮਸਤਕ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਸਾਬਕਾ ਸੰਸਦ ਮੈਂਬਰ ਪ੍ਰਸਿੱਧ ਸੂਫ਼ੀ ਗਾਇਕ ਅਤੇ ਦਰਬਾਰ ਬਾਪੂ ਲਾਲ ਬਾਦਸ਼ਾਹ ਨਕੋਦਰ ਦੇ ਸਾਬਕਾ ਮੁੱਖ ਸੇਵਾਦਾਰ ਹੰਸ ਰਾਜ ਹੰਸ ਨੇ ਦਰਬਾਰ ਬਾਪੂ ਗੰਗਾ ਦਾਸ, ਮਾਹਿਲਪੁਰ ਵਿਖੇ ਨਤਮਸਤਕ ਹੋ ਕੇ ਸੰਤਾ ਮਹਾਂਪੁਰਸ਼ਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਦਰਬਾਰ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਬੈਂਸ (ਮੰਗਾ ਜੀ) ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਦੌਰਾਨ ਦੋਵਾਂ ਵਿਚਕਾਰ ਧਾਰਮਿਕ, ਸਮਾਜਿਕ ਅਤੇ ਆਧਿਆਤਮਿਕ ਵਿਸ਼ਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਹੋਇਆ।ਉਨ੍ਹਾਂ ਕਿਹਾ ਕਿ ਸੰਤਾ ਮਹਾਂਪੁਰਸ਼ਾਂ ਦੀਆਂ ਸਿੱਖਿਆਵਾਂ ਸਮਾਜ ਵਿੱਚ ਅਮਨ-ਸ਼ਾਂਤੀ, ਭਾਈਚਾਰਕ ਸਾਂਝ, ਮਨੁੱਖਤਾ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ। ਇਸ ਮੌਕੇ ਡੇਰਾ ਬਾਪੂ ਗੰਗਾ ਦਾਸ ਜੀ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਬੈਂਸ ਨੇ ਕਿਹਾ ਕਿ ਕਿ ਇਹ ਅਸਥਾਨ ਦੇਸ਼-ਵਿਦੇਸ਼ ਦੀਆਂ ਸੰਗਤਾਂ ਲਈ ਆਸਥਾ ਦਾ ਪ੍ਰਤੀਕ ਹੈ।





ਮੋਹਾਲੀ ਵਿਖੇ ਸੂਬਾ ਪੱਧਰੀ ਰੋਸ ਮਹਾਂਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਸਰਕਲ ਨਵਾਂਸ਼ਹਿਰ ਦੇ ਪ੍ਰਧਾਨ ਹਸ਼ਮਤ ਅਲੀ ਦੀ ਅਗਵਾਈ ਹੇਠ ਪੈਨਸ਼ਨਰਾਂ ਦਾ ਜੱਥਾ ਰਵਾਨਾ ਹੋਇਆ।
(ਫੋਟੋ ਅਤੇ ਵੇਰਵਾ : ਅਵਤਾਰ ਕਲੇਰ, ਬੰਗਾ)

# ਮਹਾਂ-ਰੈਲੀ ਲਈ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਵੱਡਾ ਜੱਥਾ ਰਵਾਨਾ



**ਮਾਹਿਲਪੁਰ (ਸ਼ਫ਼ਰੀ)-** ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਪ੍ਰਤੀ ਅਪਣਾਈ ਟਾਲਮਟੋਲ ਦੀ ਨੀਤੀ ਤੋਂ ਅਕ ਕੇ ਮੁਲਾਜਮ-ਪੈਨਸ਼ਨਰ ਸਾਂਝਾ ਫਰੰਟ ਵਲੋਂ ਚੰਡੀਗੜ੍ਹ ਵਿਖੇ ਮਹਾਂਰੈਲੀ ਦਾ ਐਲਾਨ ਕੀਤਾ ਗਿਆ।

ਇਸ ਤਹਿਤ ਮਾਹਿਲਪੁਰ ਤੋਂ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਬੈਨਰ ਹੇਠ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ, ਚਰਨਜੀਤ ਕੁਮਾਰ ਬਾੜੀਆਂ ਕਲਾਂ, ਟਹਿਲ ਸਿੰਘ, ਪਰਮਜੀਤ ਕਾਤਿਬ ਅਤੇ ਅਮਰਜੀਤ ਨੰਗਲ ਖਿਲਾੜੀਆਂ ਦੀ ਅਗਵਾਈ ਵਿੱਚ ਮੁਲਾਜਮਾਂ ਅਤੇ ਪੈਨਸ਼ਨਰਾਂ ਦਾ ਇੱਕ ਵੱਡਾ ਜੱਥਾ ਚੰਡੀਗੜ੍ਹ ਮਹਾਂਰੈਲੀ ਲਈ ਰਵਾਨਾ ਹੋਇਆ। ਇਸ ਮੌਕੇ.ਕਮਲਜੀਤ ਕੌਰ ਖੜੌਦੀ, ਸੁਰਿੰਦਰ ਕੌਰ, ਬਲਵਿੰਦਰ ਕੌਰ, ਕਮਲਜੀਤ, ਮਨਜਿੰਦਰ ਸਿੰਘ ਲੱਕੀ, ਜਸਵਿੰਦਰ ਭਾਮ, ਸਤਨਾਮ ਸਿੰਘ, ਗੁਰਨਾਮ ਚੰਦ, ਟੇਕ ਚੰਦ, ਰਕੇਸ਼ ਕੁਮਾਰ, ਰਵਿੰਦਰ ਕੁਮਾਰ, ਪ੍ਰਿੰਸੀਪਲ ਇੰਦਰਜੀਤ ਸਿੰਘ ਬੈਂਸ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਉਂਕਾਰ ਸਿੰਘ, ਸੰਤੋਖ ਸਿੰਘ, ਮਨਜਿੰਦਰ ਕੁਮਾਰ, ਅਸ਼ੋਕ ਕੁਮਾਰ, ਸਰਬਜੀਤ ਸਿੰਘ, ਪ੍ਰਸ਼ੋਤਮ ਲਾਲ, ਤਰਸੇਮ ਲਾਲ, ਲਹਿੰਬਰ ਸਿੰਘ, ਬਾਬੂ ਓਮ ਦੱਤ, ਲਸ਼ਕਰ ਸਿੰਘ, ਰਾਮਜੀ ਖੇੜਾ, ਅਜੀਤ ਸਿੰਘ, ਅਵਤਾਰ ਸਿੰਘ, ਬਖਤਾਵਰ ਸਿੰਘ, ਕਰਨੈਲ ਸਿੰਘ, ਧਰਮ ਚੰਦ, ਰਜਿੰਦਰ ਸਿੰਘ, ਰਾਮ ਪਾਲ ਹਰਵਿੰਦਰ ਸਿੰਘ, ਵਰਿੰਦਰ ਸ਼ਰਮਾ, ਮਨਜੀਤ ਸਿੰਘ, ਵਨਿੰਦਰ ਸਿੰਘ, ਗੁਰਪਾਲ ਸਿੰਘ, ਨਵਜੋਤ ਸਿੰਘ, ਗਿਆਨ ਚੰਦ, ਨਰਿੰਦਰ ਮਹਿਤਾ, ਵਰਿੰਦਰ ਕੁਮਾਰ ਵੱਡੀ ਗਿਣਤੀ ਵਿਚ ਪੈਨਸ਼ਨਰ ਮੁਲਾਜਮ ਹਾਜਰ ਸਨ।

# ਪਿੰਡਾਂ 'ਚ ਵਿਕਾਸ ਕੰਮਾਂ ਲਈ ਗ੍ਰਾਂਟਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ : ਲੋਹਟੀਆ

**ਗੁਰਾਇਆ (ਬਿੰਦਰ ਸੁੰਮਨ)** ਪੰਜਾਬ ਸਰਕਾਰ ਨੇ ਜੋ ਵੋਟਾਂ ਸਮੇਂ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ, ਇੰਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਨ ਸਭਾ ਹਲਕਾ ਫਿਲੌਰ ਦੇ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਬਲਾਕ ਰੁੜਕਾ ਕਲਾਂ ਦੇ ਅਧੀਨ ਪੈਂਦੇ ਪਿੰਡ ਢੰਡਾ ਵਿਖੇ ਅੱਠ ਲੱਖ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕੰਮਾਂ ਦੇ ਉਦਘਾਟਨ ਮੌਕੇ ਕੀਤਾ। ਇਸ ਮੌਕੇ ਹਰਜੋਤ ਕੌਰ ਲੋਹਟੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕੇ ਦੇ ਵਿਕਾਸ ਲਈ ਸਾਂਝੇ ਤੌਰ 'ਤੇ ਸਹਿਯੋਗ ਕਰਨ ਅਤੇ ਕਿਸੇ ਵੀ ਸਮੱਸਿਆ ਬਾਰੇ ਬੇਝਿਜਕ ਜਾਣਕਾਰੀ ਦੇਣ। ਉਨ੍ਹਾਂ ਗਰਾਮ ਪੰਚਾਇਤ ਢੰਡਾ ਨੂੰ ਵਿਸ਼ਵਾਸ ਦਿਵਾਇਆ ਕਿ ਪਿੰਡ ਦੇ ਰਹਿੰਦੇ ਵਿਕਾਸ ਕੰਮਾਂ ਲਈ ਗ੍ਰਾਂਟ ਦੀ ਕੋਈ ਕਮੀ ਨਹੀ ਆਉਣ ਦਿੱਤੀ ਜਾਵੇਗੀ। ਇਸ ਮੌਕੇ ਸਰਪੰਚ ਬਲਵਿੰਦਰ ਕੌਰ ਨੇ ਹਰਜੋਤ ਕੌਰ ਲੋਹਟੀਆ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਕੁਲਬੀਰ ਸਿੰਘ ਬਲਾਕ ਪ੍ਰਧਾਨ, ਸਰਪੰਚ ਹਰਕਮਲ ਸਿੰਘ, ਲਖਵੀਰ ਸਿੰਘ, ਪ੍ਰਿਤਪਾਲ ਸਿੰਘ, ਸਰਪੰਚ ਬਲਵਿੰਦਰ ਕੌਰ, ਪੰਚ ਬਲਵਿੰਦਰ ਕੌਰ, ਪੰਚ ਦਲਜੀਤ ਸਿੰਘ, ਪੰਚ ਬਿੰਦਰ ਲਾਲ, ਗੁਰਦਿਆਲ ਸਿੰਘ, ਅਵਤਾਰ ਸਿੰਘ, ਸੋਢੀ ਸਿੰਘ ਰੂਪਲ, ਦਵਿੰਦਰ ਸਿੰਘ, ਬਲਜੀਤ ਸਿੰਘ, ਪਰਮਿੰਦਰ ਭੋਗਲ, ਦੇਸ ਰਾਜ ਸੁੰਮਨ, ਹੈਡ ਟੀਚਰ ਸੰਦੀਪ ਕੁਮਾਰ, ਮੈਡਮ ਸੁਨੀਤਾ, ਮੈਡਮ ਜਸਵਿੰਦਰ ਕੌਰ, ਸੁਰਿੰਦਰ ਸਿੰਘ ਸੈਂਹਬੀ, ਸਰਬਜੀਤ ਸਿੰਘ ਢੇਸੀ, ਸੰਤੋਖ ਸਿੰਘ, ਸਦਾ ਰਾਮ, ਗੁਰਵਿੰਦਰ ਸਿੰਘ, ਦਲਵੀਰ ਸਿੰਘ, ਗੁਰਨੇਕ ਸਿੰਘ, ਕਮਲਜੀਤ ਕੌਰ, ਸੀਮਾ ਸੁੰਮਨ, ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।



# ਆਰ ਬੀ ਯੂ ਦੇ ਐੱਨ ਐੱਸ ਐੱਸ ਵਿੰਗ ਨੇ 'ਮਿਲਨ ਭੋਜ' ਕਰਵਾਇਆ



**ਜਲੰਧਰ (ਸ਼ੈਲੀ ਐਲਬਰਟ)-** ਸਮਾਜਿਕ ਸਮਰਸਤਾ, ਮਿਹਨਤ ਦੇ ਸਤਿਕਾਰ ਦੀ ਭਾਵਨਾ ਨੂੰ ਪ੍ਰਗਟ ਕਰਦਿਆਂ ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਦੇ ਐਜੂਕੇਸ਼ਨਲ ਸੋਸ਼ਲ ਰਿਸਪਾਂਸਿਬਿਲਟੀ ਵਿੰਗ ਅਤੇ ਨੈਸ਼ਨਲ ਸਰਵਿਸ ਸਕੀਮ ਯੂਨਿਟ ਵੱਲੋਂ ਯੂਨੀਵਰਸਿਟੀ ਦੇ 100 ਤੋਂ ਵੱਧ ਚੌਥੀ ਸ਼੍ਰੇਣੀ ਦੇ ਕਰਮਚਾਰੀਆਂ ਦੇ ਸਨਮਾਨ ਵਿੱਚ ਵਿਸ਼ੇਸ਼ ਮਿਲਨ ਭੋਜ ਦਾ ਆਯੋਜਨ ਕੀਤਾ ਗਿਆ।

ਇਸ ਗੌਰਵਮਈ ਸਮਾਗਮ ਵਿੱਚ ਮਾਣਯੋਗ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਸਫਾਈ ਕਰਮਚਾਰੀਆਂ, ਪਲੰਬਰਾਂ, ਮਾਲੀਆਂ, ਚਪੜਾਸੀਆਂ, ਇਲੈਕਟ੍ਰੀਸ਼ੀਅਨਾਂ ਅਤੇ ਸੁਰੱਖਿਆ ਕਰਮਚਾਰੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀ ਨਿਸ਼ਠਾ, ਸਮਰਪਣ ਅਤੇ ਅਮੂਲ ਯੋਗਦਾਨ ਦੀ ਭਰਪੂਰ ਸਰਾਹਨਾ ਕੀਤੀ। ਸਮਾਗਮ ਦੌਰਾਨ ਯੂਨੀਵਰਸਿਟੀ ਪ੍ਰਸ਼ਾਸਨ, ਅਧਿਆਪਕ, ਵਿਦਿਆਰਥੀ ਤੇ ਸਹਾਇਕ ਕਰਮਚਾਰੀਆਂ ਨੇ ਇਕੱਠੇ ਬੈਠ ਕੇ ਭੋਜਨ ਛਕਿਆ, ਜਿਸ ਨਾਲ ਸਮਾਨਤਾ, ਆਪਸੀ ਸਤਿਕਾਰ, ਭਾਈਚਾਰੇ ਅਤੇ ਸਮਾਜਿਕ ਏਕਤਾ ਦਾ ਪ੍ਰੇਰਨਾਦਾਇਕ ਸੰਦੇਸ਼ ਦਿੱਤਾ ਗਿਆ। ਇਹ ਸਾਲਾਨਾ ਸਮਾਗਮ ਅਵਿਨਾਸ਼ ਰਾਏ ਖੰਨਾ, ਵਾਈਸ ਚਾਂਸਲਰ ਡਾ. ਚੰਦਰਮੋਹਨ ਅਤੇ ਐੱਨ ਐੱਸ ਐੱਸ ਪ੍ਰੋਗਰਾਮ ਕੋਆਰਡੀਨੇਟਰ ਡਾ. ਪੱਲਵੀ ਪੰਡਿਤ ਦੀ ਅਗਵਾਈ ਹੇਠ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਕੁਲਦੀਪ ਸਿੰਘ ਰਾਣਾ ਅਤੇ ਹੋਸਟਲ ਵਾਰਡਨਾਂ ਦੇ ਸਹਿਯੋਗ ਨਾਲ ਸਫਲਤਾਪੂਰਵਕ ਕਰਵਾਇਆ ਗਿਆ।

## ਜਨਮ ਦਿਨ ਮੁਬਾਰਕ



ਜਸਮੀਤ ਕੌਰ
ਕੋਟ ਸਦੀਕ, ਜਲੰਧਰ

## ਵਰ੍ਹੇਗੰਢ ਮੁਬਾਰਕ



ਰਮਨਦੀਪ ਸਿੰਘ ਅਤੇ ਗੁਰਪ੍ਰੀਤ ਕੌਰ ਨੇ ਆਪਣੇ ਵਿਆਹ ਦੀ 5ਵੀਂ ਵਰ੍ਹੇਗੰਢ ਮਨਾਈ।